6-NOV-PAGE-1.qxd 11/5/2025 8:38 PM Page 1


ਵੀਰਵਾਰ, 6 ਨਵੰਬਰ, 2025

21 ਕੱਤਕ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 156

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • THURSDAY, 6 NOVEMBER, 2025

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12


# ਹਰਿਆਣਾ 'ਚ 8 ਪਿੱਛੇ 1 ਫਰਜ਼ੀ ਵੋਟਰ ਭੁਗਤਿਆ : ਰਾਹੁਲ

**ਨਵੀਂ ਦਿੱਲੀ** : ਸੀਨੀਅਰ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਬੁੱਧਵਾਰ ਦੋਸ਼ ਲਗਾਇਆ ਕਿ ਭਾਜਪਾ ਨੇ 2024 ਦੀਆਂ ਹਰਿਆਣਾ ਵਿਧਾਨ ਸਭਾ ਚੋਣਾਂ 25 ਲੱਖ ਜਾਲ੍ਹੀ ਵੋਟਰਾਂ ਦੀ ਮਦਦ ਨਾਲ ਜਿੱਤੀਆਂ ਸਨ। ਰਾਜ ਦੇ ਹਰ ਅੱਠ ਵੋਟਰਾਂ ਵਿੱਚੋਂ ਇੱਕ ਜਾਲ੍ਹੀ ਸੀ। ਚੋਣ ਕਮਿਸ਼ਨ 'ਤੇ ਫਰਜ਼ੀ ਤੇ ਜਾਲ੍ਹੀ ਵੋਟਰਾਂ ਦੇ ਆਧਾਰ 'ਤੇ ਭਾਜਪਾ ਨੂੰ ਜਿੱਤਣ ਵਿੱਚ ਮਦਦ ਕਰਨ ਦਾ ਦੋਸ਼ ਲਗਾਉਂਦੇ ਹੋਏ ਰਾਹੁਲ ਨੇ ਕੁਝ ਵੋਟਰਾਂ ਦੀਆਂ ਤਸਵੀਰਾਂ ਅਤੇ ਰਿਕਾਰਡ ਪੇਸ਼ ਕੀਤੇ, ਜਿਨ੍ਹਾਂ ਬਾਰੇ ਉਨ੍ਹਾ ਦਾਅਵਾ ਕੀਤਾ ਕਿ ਉਹ ਜਾਲ੍ਹੀ ਸਨ।

ਰਾਹੁਲ ਨੇ ਨਕਲੀ ਵੋਟਰਾਂ ਬਾਰੇ ਬਹੁਤ ਸਾਰੀਆਂ ਮਿਸਾਲਾਂ ਦਿੱਤੀਆਂ, ਜਿਨ੍ਹਾਂ ਵਿੱਚੋਂ ਇੱਕ ਬ੍ਰਾਜ਼ੀਲੀਅਨ ਮਾਡਲ ਬਾਰੇ ਸੀ, ਜਿਸ ਨੇ ਰਾਈ ਦੇ ਇੱਕ ਪੋਲਿੰਗ ਬੂਥ 'ਤੇ ਕਥਿਤ ਤੌਰ ਉੱਤੇ 22 ਵਾਰ ਵੋਟ ਪਾਈ ਸੀ। ਰਾਹੁਲ ਨੇ ਉਕਤ ਮਾਡਲ ਲਈ ਇੱਕ ਸਕੈਨ ਸਰੋਤ ਦੀ ਵਰਤੋਂ ਕੀਤੀ ਅਤੇ ਇਹ ਉਸ ਨੂੰ ਇਸ ਮਾਡਲ ਦੇ ਅਧਿਕਾਰਤ ਪੰਨੇ 'ਤੇ ਲੈ ਗਿਆ।

ਰਾਹੁਲ ਨੇ ਇੱਕ ਹੋਰ ਮਿਸਾਲ ਦਿੱਤੀ, ਜੋ ਕਥਿਤ ਤੌਰ 'ਤੇ ਹਰਿਆਣਾ ਦੀਆਂ ਵੋਟਰ ਸੂਚੀਆਂ ਵਿੱਚ 223 ਵਾਰ ਦਿਖਾਈ ਦਿੰਦੀ ਹੈ। ਕਾਂਗਰਸ ਨੇਤਾ ਨੇ ਯੂ ਪੀ ਦੇ ਭਾਜਪਾ ਆਗੂਆਂ ਦੇ ਰਿਕਾਰਡ ਵੀ ਪੇਸ਼ ਕੀਤੇ, ਜਿਨ੍ਹਾਂ ਹਰਿਆਣਾ ਵਿੱਚ ਵੋਟ ਪਾਈ। ਰਾਹੁਲ ਨੇ ਕਿਹਾ, 'ਚੋਣ ਕਮਿਸ਼ਨ ਸੂਚੀਆਂ ਤੋਂ ਡੁਪਲੀਕੇਟ ਵੋਟਰਾਂ ਨੂੰ ਕਿਉਂ ਨਹੀਂ ਹਟਾਉਂਦਾ, ਕਿਉਂਕਿ ਉਹ ਭਾਜਪਾ ਨੂੰ ਜਿੱਤਣ ਵਿੱਚ ਮਦਦ ਕਰਦੇ ਹਨ।' ਉਨ੍ਹਾ ਦੋਸ਼ ਲਗਾਇਆ ਕਿ ਭਾਜਪਾ ਦੀ ਜਿੱਤ ਨੂੰ ਸੁਚਾਰੂ ਬਣਾਉਣ ਲਈ ਇੱਕ ਕੇਂਦਰੀਕ੍ਰਿਤ ਕਾਰਵਾਈ ਚੱਲ ਰਹੀ ਸੀ। ਰਾਹੁਲ ਨੇ ਕਿਹਾ ਕਿ ਹਰਿਆਣਾ ਦੇ ਸਾਰੇ ਐਗਜ਼ਿਟ ਪੋਲਾਂ ਨੇ ਕਾਂਗਰਸ ਦੀ ਜਿੱਤ ਦੀ ਭਵਿੱਖਬਾਣੀ ਕੀਤੀ ਸੀ, ਪਰ ਭਾਜਪਾ ਜਿੱਤ ਗਈ। ਉਨ੍ਹਾ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ 6 ਅਕਤੂਬਰ, 2024 ਦਾ ਇੱਕ ਕਥਿਤ ਵੀਡੀਓ ਦਿਖਾਇਆ, ਜਿੱਥੇ ਉਨ੍ਹਾ ਨੂੰ ਇਹ ਕਹਿੰਦੇ ਸੁਣਿਆ ਜਾ ਸਕਦਾ ਹੈ, 'ਭਾਜਪਾ ਰਾਜ ਵਿੱਚ ਇੱਕਪਾਸੜ ਸਰਕਾਰ ਬਣਾ ਰਹੀ ਹੈ ਅਤੇ ਸਾਡੇ ਕੋਲ ਸਾਰੇ ਪ੍ਰਬੰਧ ਹਨ। ਚਿੰਤਾ ਨਾ ਕਰੋ।' ਰਾਹੁਲ ਨੇ ਪੁੱਛਿਆ ਕਿ ਸੈਣੀ ਕਿਹੜੇ ਪ੍ਰਬੰਧਾਂ ਦਾ ਜ਼ਿਕਰ ਕਰ ਰਹੇ ਸਨ ਅਤੇ ਉਨ੍ਹਾ ਦੇ ਚਿਹਰੇ 'ਤੇ 'ਧੁੰਦਲੀ ਮੁਸਕਰਾਹਟ' ਕਿਉਂ ਸੀ। ਉਨ੍ਹਾ ਕਿਹਾ ਕਿ ਹਰਿਆਣਾ ਵਿੱਚ ਦੋ ਕਰੋੜ ਵੋਟਰ ਸਨ ਅਤੇ 28 ਲੱਖ ਨਕਲੀ ਵੋਟਰਾਂ ਨੇ ਭਾਜਪਾ ਨੂੰ ਪਿਛਲੀ ਵਿਧਾਨ ਸਭਾ ਚੋਣ ਜਿੱਤਣ ਵਿੱਚ ਮਦਦ ਕੀਤੀ। ਰਾਹੁਲ ਨੇ ਚੋਣ ਕਮਿਸ਼ਨ 'ਤੇ ਵਿਧਾਨ ਸਭਾ ਦੀਆਂ ਚੋਣ ਸੂਚੀਆਂ 'ਚੋਂ 3.5 ਲੱਖ ਕਾਂਗਰਸੀ ਵੋਟਰਾਂ ਦੇ ਨਾਂਅ ਹਟਾਉਣ ਦਾ ਦੋਸ਼ ਵੀ ਲਗਾਇਆ। ਉਨ੍ਹਾ ਕਿਹਾ ਕਿ ਇਨ੍ਹਾਂ ਵਿੱਚੋਂ ਬਹੁਤ ਸਾਰੇ ਵੋਟਰਾਂ ਨੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਵੋਟ ਪਾਈ ਸੀ, ਪਰ ਉਨ੍ਹਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਵੋਟ ਪਾਉਣ ਦੀ ਇਜਾਜ਼ਤ ਨਹੀਂ ਦਿੱਤੀ ਗਈ।

ਰਾਹੁਲ ਨੇ ਕਿਹਾ, 'ਹਰਿਆਣਾ ਵਿੱਚ ਕੋਈ ਚੋਣ ਨਹੀਂ ਹੋਈ। ਚੋਰੀ ਹੋਈ ਸੀ। ਇਸ ਸੱਜਣ (ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ) ਨੇ ਭਾਜਪਾ ਨਾਲ ਮਿਲੀਭੁਗਤ ਕਰਕੇ ਇਹ ਯਕੀਨੀ ਬਣਾਇਆ ਕਿ ਕਾਂਗਰਸ ਹਰਿਆਣਾ ਨਾ ਜਿੱਤੇ। ਹਰ ਸਬੂਤ ਚੋਣ ਕਮਿਸ਼ਨ ਦੇ ਰਿਕਾਰਡਾਂ ਤੋਂ ਹੈ। ਅਸੀਂ ਜਾਂਚ ਕੀਤੀ ਹੈ ਅਤੇ ਤੁਹਾਨੂੰ ਦਿਖਾਇਆ ਹੈ ਕਿ ਭਾਰਤੀ ਚੋਣਾਂ ਦੀ ਅਸਲੀਅਤ ਕੀ ਹੈ।' ਉਨ੍ਹਾ ਕਿਹਾ ਕਿ ਇਹ ਪ੍ਰਣਾਲੀ ਹੁਣ ਉਦਯੋਗਿਕ ਹੋ ਗਈ ਹੈ ਅਤੇ ਦੂਜੇ ਰਾਜਾਂ ਵਿੱਚ ਵਰਤੀ ਜਾ ਸਕਦੀ ਹੈ। ਰਾਹੁਲ ਨੇ ਕਿਹਾ, 'ਅਸੀਂ ਤੁਹਾਨੂੰ ਦਿਖਾਵਾਂਗੇ ਕਿ ਬਿਹਾਰ ਵਿੱਚ ਵੀ ਅਜਿਹਾ ਹੀ ਹੋਵੇਗਾ। ਅਸੀਂ ਇਸ ਵਿੱਚ ਕੁਝ ਨਹੀਂ ਕਰ ਸਕਦੇ, ਕਿਉਂਕਿ ਵੋਟਰ ਸੂਚੀਆਂ ਆਖਰੀ ਸਮੇਂ 'ਤੇ ਆਉਂਦੀਆਂ ਹਨ। ਇਹ ਸੰਵਿਧਾਨ ਅਤੇ ਲੋਕਤੰਤਰ ਨੂੰ ਮਾਰਨ ਦਾ ਇੱਕ ਯੋਜਨਾਬੱਧ ਤਰੀਕਾ ਹੈ।'

ਕਾਂਗਰਸ ਆਗੂ ਰਾਹੁਲ ਗਾਂਧੀ ਨੇ ਕਿਹਾ ਕਿ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਅਤੇ ਹਰਿਆਣਾ ਦੇ ਮੁੱਖ ਮੰਤਰੀ ਕਾਨੂੰਨੀ ਰੂਪ ਵਿਚ ਸਰਕਾਰ 'ਚ ਨਹੀਂ ਹਨ। ਉਨ੍ਹਾਂ ਜ਼ੈੱਨ ਜ਼ੀ (1997 ਤੋਂ 2012 ਦਰਮਿਆਨ ਜਨਮੇ ਨੌਜਵਾਨਾਂ) ਨੂੰ ਅਪੀਲ ਕੀਤੀ ਕਿ ਉਹ ਜਮਹੂਰੀਅਤ ਦੀ ਬਹਾਲੀ ਸੰਬੰਧੀ ਆਪਣੀ ਇੱਛਾ ਨੂੰ ਸ਼ਾਂਤੀਪੂਰਨ ਤਰੀਕੇ ਨਾਲ ਰੱਖਣ।

ਹਰਿਆਣਾ ਵਿੱਚ ਭਾਜਪਾ ਨੂੰ ਫਾਇਦਾ ਪਹੁੰਚਾਉਣ ਲਈ ਕਥਿਤ ਜਾਲ੍ਹੀ ਵੋਟਿੰਗ ਦੇ ਸਬੂਤਾਂ ਬਾਰੇ ਕਾਂਗਰਸ ਦੀ ਅਗਲੇਰੀ ਰਣਨੀਤੀ ਬਾਰੇ ਸਵਾਲ ਦੇ ਜਵਾਬ ਵਿਚ ਰਾਹੁਲ ਨੇ ਕਿਹਾ, 'ਅਸੀਂ ਭਾਰਤ ਦੇ ਲੋਕਾਂ ਨੂੰ ਦੱਸ ਰਹੇ ਹਾਂ ਕਿ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਜਾਇਜ਼ ਤੌਰ 'ਤੇ ਸਰਕਾਰ ਵਿੱਚ ਨਹੀਂ ਹਨ। ਸਰਕਾਰ ਚੋਰੀ ਹੋ ਗਈ ਹੈ। ਭਾਰਤ ਦੇ ਜ਼ੈੱਨ ਜ਼ੀ ਅਤੇ ਨੌਜਵਾਨਾਂ ਕੋਲ ਜਮਹੂਰੀ ਭਾਰਤ ਲਈ ਆਪਣੀ ਇੱਛਾ ਪ੍ਰਗਟ ਕਰਕੇ ਅਤੇ ਲੋਕਤੰਤਰ ਦੀ ਵਿਆਪਕ ਚੋਰੀ ਅਤੇ ਕਤਲ ਦਾ ਵਿਰੋਧ ਕਰਕੇ ਸ਼ਾਂਤੀਪੂਰਵਕ ਲੋਕਤੰਤਰ ਨੂੰ ਬਹਾਲ ਕਰਨ ਦੀ ਸ਼ਕਤੀ ਹੈ।' ਰਾਹੁਲ ਨੇ ਕਿਹਾ ਕਿ ਹਰਿਆਣਾ ਦੇ ਇਤਿਹਾਸ ਵਿੱਚ ਪਹਿਲੀ ਵਾਰ ਪੋਸਟਲ ਬੈਲੇਟ ਦੇ ਰੁਝਾਨ ਅਸਲ ਵੋਟ ਪੱਤਰਾਂ ਤੋਂ ਵੱਖਰੀ ਦਿਸ਼ਾ ਵਿੱਚ ਗਏ। ਰਾਹੁਲ ਨੇ ਹਰਿਆਣਾ ਵਿੱਚ ਵੋਟ ਚੋਰੀ ਦਾ ਦੋਸ਼ ਲਗਾਉਂਦਿਆਂ ਕਿਹਾ, 'ਅਸੀਂ 73 ਪੋਸਟਲ ਬੈਲੇਟ ਜਿੱਤੇ ਅਤੇ ਭਾਜਪਾ ਨੇ 17 ਜਿੱਤੀਆਂ। ਹਰਿਆਣਾ ਵਿੱਚ ਪਹਿਲੀ ਵਾਰ ਪੋਸਟਲ ਬੈਲੇਟ ਤੇ ਮੁੱਖ ਬੈਲੇਟ ਦੇ ਰੁਝਾਨ ਇੱਕ-ਦੂਜੇ ਨਾਲੋਂ ਵੱਖਰੇ ਸਨ। ਅਸੀਂ ਅੱਠ ਹਲਕਿਆਂ ਵਿੱਚ 22000 ਵੋਟਾਂ ਨਾਲ ਹਾਰ ਗਏ। ਫਰਜ਼ੀ ਵੋਟਰਾਂ ਦੀ ਵਰਤੋਂ ਕਰਕੇ ਕਾਂਗਰਸ ਦੀ ਜਿੱਤ ਨੂੰ ਹਾਰ ਵਿੱਚ ਬਦਲਣ ਦੀ ਯੋਜਨਾ ਬਣਾਈ ਗਈ। ਹਰਿਆਣਾ ਵਿੱਚ 25 ਲੱਖ ਵੋਟਾਂ ਜਾਲੀ ਸਨ।'




## ਕਦੇ ਸੀਮਾ ਤੇ ਕਦੇ ਸਵੀਟੀ

ਰਾਹੁਲ ਨੇ ਪ੍ਰੈੱਸ ਕਾਨਫਰੰਸ ਵਿੱਚ ਬ੍ਰਾਜ਼ੀਲ ਦੀ ਇੱਕ ਮਾਡਲ ਦੀ ਤਸਵੀਰ ਦਿਖਾਉਂਦੇ ਹੋਏ ਕਿਹਾ ਕਿ ਉਸ ਦੀ ਫੋਟੋ ਦੀ ਵਰਤੋਂ ਹਰਿਆਣਾ ਵਿੱਚ ਵੱਖ-ਵੱਖ ਨਾਵਾਂ ਨਾਲ ਵੋਟਰ ਕਾਰਡ ਬਣਾਉਣ ਲਈ ਕੀਤੀ ਗਈ ਸੀ। ਰਾਹੁਲ ਅਨੁਸਾਰ, ਇਸ ਮਾਡਲ ਨੇ ਕਦੇ ਸੀਮਾ ਤਾਂ ਕਦੇ ਸਵੀਟੀ ਬਣ ਕੇ ਕਥਿਤ ਤੌਰ 'ਤੇ 22 ਵਾਰ ਵੋਟ ਪਾਈ। ਇਸੇ ਤਰ੍ਹਾਂ ਇੱਕ ਹੋਰ ਔਰਤ ਦੀ ਇੱਕੋ ਫੋਟੋ ਦੀ ਵਰਤੋਂ ਦੋ ਬੂਥਾਂ 'ਤੇ 223 ਵਾਰ ਕੀਤੀ ਗਈ। ਉਨ੍ਹਾ ਕਿਹਾ, 'ਹਰ ਵੋਟਰ ਸੂਚੀ ਵਿੱਚ ਇਸ ਫੋਟੋ ਦੇ ਨਾਲ ਵੱਖ-ਵੱਖ ਨਾਂਅ ਅਤੇ ਉਮਰ ਦਰਜ ਕੀਤੀ ਗਈ ਹੈ। ਇਹ ਸਭ ਚੋਣ ਕਮਿਸ਼ਨ ਦੀ ਮਿਲੀਭੁਗਤ ਨਾਲ ਹੋਇਆ ਹੈ।'

## ਚੋਣ ਕਮਿਸ਼ਨ ਦਾ ਘੜਿਆ-ਘੜਾਇਆ ਜਵਾਬ

ਰਾਹੁਲ ਗਾਂਧੀ ਵੱਲੋਂ ਹਰਿਆਣਾ ਅਸੈਂਬਲੀ ਚੋਣਾਂ ਵਿੱਚ ਭਾਜਪਾ ਦੀ ਮਦਦ ਕਰਨ ਦੇ ਲਾਏ ਦੋਸ਼ਾਂ ਬਾਰੇ ਚੋਣ ਕਮਿਸ਼ਨ ਨੇ ਆਪਣੀ ਸਫਾਈ ਦਿੰਦਿਆਂ ਸਵਾਲ ਕੀਤਾ ਕਿ ਕਾਂਗਰਸ ਦੇ ਪੋਲਿੰਗ ਏਜੰਟਾਂ ਨੇ ਵੋਟਰ ਸੂਚੀਆਂ ਵਿਚ ਕਥਿਤ ਡੁਪਲੀਕੇਟ ਵੋਟਰਾਂ ਬਾਰੇ ਇਤਰਾਜ਼ ਕਿਉਂ ਨਹੀਂ ਦਰਜ ਕੀਤਾ। ਅਧਿਕਾਰੀਆਂ ਨੇ ਕਿਹਾ, 'ਹਰਿਆਣਾ ਦੀਆਂ 90 ਵਿਧਾਨ ਸਭਾ ਸੀਟਾਂ ਵਿਰੁੱਧ ਇਸ ਸਮੇਂ ਹਾਈ ਕੋਰਟ ਵਿੱਚ ਸਿਰਫ 22 ਚੋਣ ਪਟੀਸ਼ਨਾਂ ਪੈਂਡਿੰਗ ਹਨ।' ਚੋਣ ਕਮਿਸ਼ਨ ਦੇ ਅਧਿਕਾਰੀਆਂ ਨੇ ਪੁੱਛਿਆ, 'ਕਾਂਗਰਸ ਦੇ ਪੋਲਿੰਗ ਏਜੰਟ ਪੋਲਿੰਗ ਸਟੇਸ਼ਨਾਂ 'ਤੇ ਕੀ ਕਰ ਰਹੇ ਸਨ? ਕਾਨੂੰਨ ਅਧੀਨ ਸਥਾਪਤ ਪ੍ਰਕਿਰਿਆ ਇਹ ਹੈ ਕਿ ਜੇ ਵੋਟਰ ਪਹਿਲਾਂ ਹੀ ਵੋਟ ਪਾ ਚੁੱਕਾ ਹੈ ਜਾਂ ਜੇ ਪੋਲਿੰਗ ਏਜੰਟ ਨੂੰ ਵੋਟਰ ਦੀ ਪਛਾਣ 'ਤੇ ਸ਼ੱਕ ਹੈ ਤਾਂ ਉਨ੍ਹਾਂ ਨੂੰ ਇਤਰਾਜ਼ ਕਰਨਾ ਚਾਹੀਦਾ ਹੈ।' ਉਨ੍ਹਾ ਇਹ ਵੀ ਪੁੱਛਿਆ ਕਿ ਕੀ ਰਾਹੁਲ ਗਾਂਧੀ ਹੁਣ ਜਾਲ੍ਹੀ ਵੋਟਰਾਂ ਨੂੰ ਬਾਹਰ ਕੱਢਣ ਅਤੇ ਯੋਗ ਵੋਟਰਾਂ ਨੂੰ ਸ਼ਾਮਲ ਕਰਨ ਲਈ ਦੇਸ਼ਵਿਆਪੀ ਐੱਸ ਆਈ ਆਰ ਦਾ ਸਮਰਥਨ ਕਰ ਰਹੇ ਹਨ। ਅਧਿਕਾਰੀਆਂ ਨੇ ਸਵਾਲ ਕੀਤਾ, 'ਕੀ ਰਾਹੁਲ ਗਾਂਧੀ ਐੱਸ ਆਈ ਆਰ ਦਾ ਸਮਰਥਨ ਕਰ ਰਹੇ ਹਨ, ਜੋ ਨਾਗਰਿਕਤਾ ਦੀ ਪੁਸ਼ਟੀ ਦੇ ਨਾਲ-ਨਾਲ ਡੁਪਲੀਕੇਟ, ਮ੍ਰਿਤਕ ਅਤੇ ਸ਼ਿਫਟ ਹੋਏ ਵੋਟਰਾਂ ਨੂੰ ਹਟਾਉਂਦੀ ਹੈ ਜਾਂ ਉਹ ਇਸ ਦਾ ਵਿਰੋਧ ਕਰ ਰਹੇ ਹਨ?' ਕਮਿਸ਼ਨ ਨੇ ਕਿਹਾ, 'ਕਈ ਨਾਵਾਂ ਤੋਂ ਬਚਣ ਲਈ ਸੁਧਾਈ ਦੌਰਾਨ ਕਾਂਗਰਸ ਦੇ ਬੀ ਐੱਲ ਏ ਵੱਲੋਂ ਕੋਈ ਅਪੀਲ ਕਿਉਂ ਨਹੀਂ ਦਾਇਰ ਕੀਤੀ ਗਈ? ਕੋਈ ਕਹਿ ਰਿਹਾ ਹੈ ਕਿ ਇਹ ਕਥਿਤ ਡੁਪਲੀਕੇਟ ਵੋਟਰ ਕਾਂਗਰਸ ਲਈ ਵੋਟ ਪਾ ਗਏ। ਰਾਹੁਲ ਗਾਂਧੀ ਨੂੰ ਕਿਵੇਂ ਪਤਾ ਹੈ ਕਿ ਉਨ੍ਹਾਂ ਭਾਜਪਾ ਨੂੰ ਵੋਟ ਦਿੱਤੀ? ਬੈਲੇਟ ਗੁਪਤ ਹੁੰਦੇ ਹਨ।' ਘਰ ਨੰਬਰ ਜ਼ੀਰੋ ਹੋਣ ਦੇ ਇਲਜ਼ਾਮਾਂ ਦੇ • ਬਾਕੀ ਸਫ਼ਾ 2 'ਤੇ

# ਟਰੰਪ ਨੂੰ ਟੱਕਰਨ ਵਾਲਾ ਜੰਮ ਪਿਆ

### ਗੁਜਰਾਤੀ ਪਿਓ ਤੇ ਓਡੀਸ਼ੀ ਮਾਂ ਦਾ 34 ਸਾਲਾ ਬੇਟਾ ਜ਼ੋਹਰਾਨ ਮਮਦਾਨੀ ਨਿਊ ਯਾਰਕ ਦਾ ਮੇਅਰ ਚੁਣਿਆ ਗਿਆ



ਜ਼ੋਹਰਾਨ ਮਮਦਾਨੀ ਪਤਨੀ ਰਮਾ ਦੁਵਾਜੀ ਤੇ ਮਾਂ ਮੀਰਾ ਨਾਇਰ ਨਾਲ।

**ਨਿਊ ਯਾਰਕ** : ਜ਼ੋਹਰਾਨ ਮਮਦਾਨੀ ਨੇ ਨਿਊ ਯਾਰਕ ਸਿਟੀ ਦੇ ਪਹਿਲੇ ਮੁਸਲਮ ਮੇਅਰ ਅਤੇ ਇੱਕ ਸਦੀ ਵਿੱਚ ਮੇਅਰਲ ਚੋਣ ਜਿੱਤਣ ਵਾਲੇ ਸਭ ਤੋਂ ਛੋਟੀ ਉਮਰ ਦੇ ਵਿਅਕਤੀ ਬਣ ਕੇ ਇਤਿਹਾਸ ਰਚ ਦਿੱਤਾ ਹੈ। ਡੈਮੋਕ੍ਰੇਟਿਕ ਸੋਸ਼ਲਿਸਟ ਮਮਦਾਨੀ ਨੇ ਆਪਣੇ ਪ੍ਰਗਤੀਸ਼ੀਲ ਏਜੰਡੇ ਦੀ ਤਾਕਤ 'ਤੇ ਸਾਬਕਾ ਗਵਰਨਰ ਐਂਡਰਿਊ ਕੁਓਮੋ ਅਤੇ ਰਿਪਬਲਿਕਨ ਕਰਟਿਸ ਸਲੀਵਾ ਨੂੰ ਹਰਾਇਆ, ਜੋ ਨਿਊ ਯਾਰਕ ਦੀ ਰਾਜਨੀਤੀ ਵਿੱਚ ਇੱਕ ਵੱਡੇ ਬਦਲਾਅ ਦਾ ਸੰਕੇਤ ਹੈ। ਮਮਦਾਨੀ ਨੂੰ 50.4 ਫੀਸਦੀ, ਆਜ਼ਾਦ ਕੁਓਮੋ ਨੂੰ 41.6 ਫੀਸਦੀ ਤੇ ਕਰਟਿਸ ਸਲੀਵਾ ਨੂੰ 7.1 ਫੀਸਦੀ ਵੋਟਾਂ ਮਿਲੀਆਂ। ਇਸ ਮੌਕੇ ਭਾਵੁਕ ਹੁੰਦਿਆਂ ਮਮਦਾਨੀ ਨੇ ਜਵਾਹਰ ਲਾਲ ਨਹਿਰੂ ਦੇ ਇਤਿਹਾਸਕ ਸ਼ਬਦਾਂ ਨੂੰ ਦੁਹਰਾਇਆ ਅਤੇ ਕਿਹਾ, 'ਇਤਿਹਾਸ ਵਿੱਚ ਇੱਕ ਪਲ ਅਜਿਹਾ ਆਉਂਦਾ ਹੈ, ਪਰ ਬਹੁਤ ਘੱਟ, ਜਦੋਂ ਅਸੀਂ ਪੁਰਾਣੇ ਤੋਂ ਨਵੇਂ ਵਿੱਚ ਕਦਮ ਰੱਖਦੇ ਹਾਂ, ਜਦੋਂ ਇੱਕ ਯੁੱਗ ਖਤਮ ਹੁੰਦਾ ਹੈ ਅਤੇ ਜਦੋਂ ਲੰਮੇ ਸਮੇਂ ਤੋਂ ਦੱਬੀ ਹੋਈ ਕੌਮ ਦੀ ਆਤਮਾ ਨੂੰ ਬੋਲ ਮਿਲਦੇ ਹਨ। ਅੱਜ ਰਾਤ, ਅਸੀਂ ਪੁਰਾਣੇ ਤੋਂ ਨਵੇਂ ਵਿੱਚ ਕਦਮ ਰੱਖਿਆ ਹੈ।' ਜਿੱਤ ਦੀ ਪਾਰਟੀ ਵਿੱਚ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਮਮਦਾਨੀ ਨੇ ਕਿਹਾ ਕਿ ਉਨ੍ਹਾ ਇੱਕ ਸਿਆਸੀ ਵੰਸ਼ ਨੂੰ ਉਖਾੜ ਦਿੱਤਾ ਹੈ ਅਤੇ ਉਹ ਹੁਣ ਅਜਿਹੀ ਰਾਜਨੀਤੀ ਦਾ ਪੰਨਾ ਪਲਟ ਰਹੇ ਹਨ, ਜੋ ਕੁਝ ਕੁ ਲੋਕਾਂ ਦੇ ਹਿੱਤ ਵਿੱਚ ਸੀ।

ਉਧਰ, ਰਾਸ਼ਟਰਪਤੀ ਡੋਨਾਲਡ ਟਰੰਪ ਨੇ ਰਿਪਬਲਿਕਨ ਹਾਰ ਦਾ ਕਾਰਨ ਖੁਦ ਦਾ ਵੋਟਰ ਨਾ ਹੋਣਾ ਅਤੇ ਸ਼ਟਡਾਊਨ ਦੇ ਮੁੱਦਿਆਂ ਨੂੰ ਦੱਸਿਆ । ਭਾਸ਼ਣ ਦੌਰਾਨ ਮਮਦਾਨੀ ਨੇ ਕਿਹਾ, 'ਦੋਸਤੋ, ਅਸੀਂ ਇੱਕ ਰਾਜਨੀਤਕ ਰਾਜਵੰਸ਼ ਨੂੰ ਉਖਾੜ ਦਿੱਤਾ ਹੈ। ਮੈਂ ਐਂਡਰਿਊ ਕੁਓਮੋ ਨੂੰ ਨਿੱਜੀ ਜ਼ਿੰਦਗੀ ਵਿੱਚ ਸ਼ੁਭਕਾਮਨਾਵਾਂ ਦਿੰਦਾ ਹਾਂ, ਪਰ ਅੱਜ ਰਾਤ ਆਖਰੀ ਵਾਰ ਹੋਵੇ, ਜਦੋਂ ਮੈਂ ਉਸ ਦਾ ਨਾਂਅ ਲਵਾਂ, ਕਿਉਂਕਿ ਅਸੀਂ ਇੱਕ ਅਜਿਹੀ ਰਾਜਨੀਤੀ ਦਾ ਪੰਨਾ ਪਲਟ ਰਹੇ ਹਾਂ ਜੋ ਬਹੁਤਿਆਂ ਨੂੰ ਛੱਡ ਦਿੰਦੀ ਹੈ ਅਤੇ ਸਿਰਫ ਕੁਝ ਕੁ ਲੋਕਾਂ ਦੀ ਸੁਣਦੀ ਹੈ। ਨਿਊ ਯਾਰਕ, ਅੱਜ ਰਾਤ ਤੁਸੀਂ ਇਹ ਕਰ ਦਿਖਾਇਆ ਹੈ।' ਚੋਣ ਪ੍ਰਚਾਰ ਦੌਰਾਨ ਮਮਦਾਨੀ ਨੇ ਖੱਬੇ-ਪੱਖੀ ਨੀਤੀਆਂ ਦੀ ਤਜਵੀਜ਼ ਰੱਖੀ ਸੀ, ਜਿਸ ਵਿੱਚ ਲਗਭਗ 10 ਲੱਖ ਅਪਾਰਟਮੈਂਟਾਂ ਦੇ ਕਿਰਾਏ ਫਰੀਜ਼ ਕਰਨਾ ਅਤੇ ਸ਼ਹਿਰ ਦੀਆਂ ਬੱਸਾਂ ਨੂੰ ਮੁਫਤ ਕਰਨਾ ਸ਼ਾਮਲ ਹੈ। ਉਨ੍ਹਾ ਅਮੀਰਾਂ ਤੇ ਵੱਡੀਆਂ ਕੰਪਨੀਆਂ 'ਤੇ ਨਵੇਂ ਟੈਕਸ ਲਾ ਕੇ 9 ਅਰਬ ਡਾਲਰ ਜੁਟਾਉਣ ਦੀ ਗੱਲ ਵੀ ਕਹੀ ਸੀ।

ਗੁਜਰਾਤੀ ਪਿਤਾ ਪ੍ਰੋਫੈਸਰ ਮਹਿਮੂਦ ਮਮਦਾਨੀ ਤੇ ਓਡੀਸ਼ੀ ਮਾਂ ਫਿਲਮਸਾਜ਼ ਮੀਰਾ ਨਾਇਰ ਦੇ 34 ਸਾਲਾ ਬੇਟੇ ਮਮਦਾਨੀ ਨੇ ਅਮਰੀਕਾ ਦੇ ਸਭ ਤੋਂ ਵੱਡੇ ਸ਼ਹਿਰ 'ਚ ਸਾਬਕਾ ਗਵਰਨਰ ਐਂਡਰਿਊ ਕੁਓਮੋ (67) ਨੂੰ ਹਰਾਇਆ। ਪ੍ਰਾਇਮਰੀ ਚੋਣ ਵਿੱਚ ਮਮਦਾਨੀ ਹੱਥੋਂ ਨਾਮਜ਼ਦਗੀ ਗੁਆਉਣ ਤੋਂ ਬਾਅਦ ਕੁਓਮੋ ਨੇ ਆਜ਼ਾਦ ਉਮੀਦਵਾਰ ਵਜੋਂ ਮੈਦਾਨ ਵਿਚ ਨਿਤਰਨ ਦਾ ਫੈਸਲਾ ਕੀਤਾ ਸੀ। ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀ ਅਧਿਕਾਰਤ ਤੌਰ 'ਤੇ ਕੁਓਮੋ ਦੀ ਖੁੱਲ੍ਹ ਕੇ ਹਮਾਇਤ ਕੀਤੀ ਸੀ। ਟਰੰਪ ਨੇ ਲੰਘੇ ਦਿਨੀਂ ਇਥੋਂ ਤੱਕ ਕਿਹਾ ਸੀ ਕਿ ਜੇ ਡੈਮੋਕਰੇਟਿਕ ਉਮੀਦਵਾਰ ਮਮਦਾਨੀ ਮੇਅਰ ਦੀ ਚੋਣ ਜਿੱਤਦਾ ਹੈ ਤਾਂ ਇਹ ਨਿਊ ਯਾਰਕ ਲਈ 'ਮੁਕੰਮਲ ਆਰਥਕ ਤੇ ਸਮਾਜੀ ਤਬਾਹੀ ਹੋਵੇਗਾ' ਤੇ ਸ਼ਹਿਰ ਦੀ 'ਹੋਂਦ' ਲਈ ਖਤਰਾ ਖੜ੍ਹਾ ਹੋ ਜਾਵੇਗਾ। ਮਮਦਾਨੀ ਹੀ ਨਹੀਂ ਜਿੱਤਿਆ, ਵਰਜੀਨੀਆ ਵਿੱਚ ਡੈਮੋਕਰੇਟ ਅਬੀਗੈਲ ਸਪੈਨਬਰਗਰ ਨੇ ਗਵਰਨਰ ਦੀ ਚੋਣ ਆਸਾਨੀ ਨਾਲ ਜਿੱਤ ਲਈ। ਉਹ ਵਰਜੀਨੀਆ ਦੀ ਪਹਿਲੀ ਮਹਿਲਾ ਗਵਰਨਰ ਹੋਵੇਗੀ। ਨਿਊ ਜਰਸੀ ਵਿੱਚ ਡੈਮੋਕਰੇਟ ਮਿਕੀ ਸ਼ੈਰਿਲ ਨੇ ਗਵਰਨਰ ਦੀ ਚੋਣ ਜਿੱਤੀ।

ਭਾਰਤ ਵਿੱਚ ਜਨਮੀ ਅਮਰੀਕੀ ਸਿਆਸਤਦਾਨ ਗਜ਼ਾਲਾ ਹਾਸ਼ਮੀ (61) ਵਰਜੀਨੀਆ ਦੀ ਲੈਫਟੀਨੈਂਟ ਗਵਰਨਰ ਚੁਣੀ ਗਈ ਹੈ। ਹਾਸ਼ਮੀ ਰਾਜ ਦੇ ਉੱਚ ਸਿਆਸੀ ਅਹੁਦੇ ਲਈ ਚੁਣੇ ਜਾਣ ਵਾਲੀ ਪਹਿਲੀ ਮੁਸਲਮ ਅਤੇ ਦੱਖਣੀ ਏਸ਼ੀਆਈ ਅਮਰੀਕੀ ਬਣ ਗਈ ਹੈ। ਹਾਸ਼ਮੀ ਨੇ ਰਿਪਬਲਿਕਨ ਉਮੀਦਵਾਰ ਜੌਨ ਰੀਡ ਨੂੰ ਹਰਾਇਆ।

ਡੈਮੋਕਰੇਟਿਕ ਪਾਰਟੀ ਦੇ 43 ਸਾਲਾ ਆਫਤਾਬ ਕਰਮ ਸਿੰਘ ਪੁਰੇਵਾਲ ਉਪ ਰਾਸ਼ਟਰਪਤੀ ਜੇ ਡੀ ਵਾਂਸ ਦੇ ਸੌਤੇਲੇ ਭਰਾ ਕੋਰੀ ਬਾਊਮੈਨ ਨੂੰ ਹਰਾ ਕੇ ਸਿਨਸਿਨਾਟੀ ਦੇ ਲਗਾਤਾਰ ਦੂਜੀ ਵਾਰ ਮੇਅਰ ਚੁਣੇ ਗਏ। ਪਿਛਲੀ ਵਾਰ ਉਹ 2021 ਵਿੱਚ ਜਿੱਤੇ ਸਨ।



## ਕੇਂਦਰ ਕਰਤਾਰਪੁਰ ਲਾਂਘਾ ਖੋਲ੍ਹੇ : ਮਾਨ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**- ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਮੁੱਖ ਮੰਤਰੀ ਮਾਨ, ਜੋ ਆਪਣੀ ਪਤਨੀ ਗੁਰਪ੍ਰੀਤ ਕੌਰ ਦੇ ਨਾਲ ਸਨ, ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਰਤਾਰਪੁਰ ਲਾਂਘਾ ਮੁੜ ਖੁੱਲ੍ਹਣ ਬਾਰੇ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਕੇਂਦਰ ਨੂੰ ਇਸ ਨੂੰ ਦੁਬਾਰਾ ਖੋਲ੍ਹਣਾ ਚਾਹੀਦਾ ਹੈ।



ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਤਿਰੁਅਨੰਤਮਪੁਰਮ ਵਿੱਚ ਕੇਰਲਾ ਦੇ ਮੁੱਖ ਮੰਤਰੀ ਪਿਨਾਰਾਈ ਵਿਜਯਨ ਨਾਲ ਮੁਲਾਕਾਤ ਕੀਤੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਰਾਜ ਪੱਧਰੀ ਸਮਾਗਮਾਂ ਵਿੱਚ ਸ਼ਾਮਲ ਹੋਣ ਲਈ ਰਸਮੀ ਸੱਦਾ ਦਿੱਤਾ।

## ਮਾਨ ਵੱਲੋਂ ਸ਼ਾਹਪੁਰ ਕੰਢੀ ਡੈਮ ਪ੍ਰਾਜੈਕਟ ਲੋਕਾਂ ਨੂੰ ਸਮਰਪਤ



**ਪਠਾਨਕੋਟ (ਦਵਿੰਦਰ ਸਿੰਘ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ 3394.49 ਕਰੋੜ ਦੀ ਲਾਗਤ ਵਾਲੇ ਸ਼ਾਹਪੁਰ ਕੰਢੀ ਪ੍ਰਾਜੈਕਟ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ, ਜਿਸ ਨਾਲ ਸੂਬੇ ਵਿੱਚ ਬਿਜਲੀ ਤੇ ਸਿੰਚਾਈ ਸਹੂਲਤਾਂ ਵਿੱਚ ਵੱਡਾ ਵਾਧਾ ਹੋਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਇਹ ਡੈਮ ਕਿਸਾਨਾਂ, ਸਨਅਤਕਾਰਾਂ, ਕਾਰੋਬਾਰੀਆਂ ਤੇ ਆਮ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ।ਉਹਨਾ ਕਿਹਾ ਕਿ ਸ਼ਾਹਪੁਰ ਕੰਢੀ ਡੈਮ ਪ੍ਰਾਜੈਕਟ ਦੀ ਕੀਮਤ 3394.49 ਕਰੋੜ ਰੁਪਏ ਹੈ। ਇਸ ਵਿੱਚੋਂ 2694.02 ਕਰੋੜ ਰੁਪਏ (ਲਗਭਗ 80 ਫੀਸਦੀ) ਪੰਜਾਬ ਵੱਲੋਂ ਖਰਚੇ ਜਾ ਰਹੇ ਹਨ, ਜਦਕਿ ਬਾਕੀ 700.45 ਕਰੋੜ ਰੁਪਏ (20 ਫੀਸਦੀ) ਦੀ ਸਹਾਇਤਾ ਭਾਰਤ ਸਰਕਾਰ ਵੱਲੋਂ ਦਿੱਤੀ ਜਾ ਰਹੀ ਹੈ। ਸ਼ਾਹਪੁਰ ਕੰਢੀ ਪ੍ਰਾਜੈਕਟ ਲਈ 3171.72 ਏਕੜ ਜ਼ਮੀਨ ਐਕਵਾਇਰ ਕੀਤੀ, ਜਿਸ ਵਿੱਚ 1643.77 ਏਕੜ ਜ਼ਮੀਨ ਪੰਜਾਬ ਦੀ, ਜਦਕਿ 1527.95 ਏਕੜ ਜ਼ਮੀਨ ਜੰਮੂ-ਕਸ਼ਮੀਰ ਦੀ ਹੈ। ਨਵੇਂ ਡੈਮ ਨਾਲ ਸਿੰਚਾਈ ਸਹੂਲਤਾਂ ਦਾ ਜ਼ਿਕਰ ਕਰਦਿਆਂ ਇਸ ਪ੍ਰਾਜੈਕਟ ਨਾਲ ਪੰਜਾਬ ਵਿੱਚ 5000 ਹੈਕਟੇਅਰ (12500 ਏਕੜ) ਵਿੱਚ ਸਿੰਚਾਈ ਸਹੂਲਤ ਹੋਵੇਗੀ, • ਬਾਕੀ ਸਫ਼ਾ 2 'ਤੇ

## ਬੂਟਾ ਸਿੰਘ ਨੂੰ ਲੈ ਕੇ ਰਾਜਾ ਵੜਿੰਗ ਖਿਲਾਫ ਕੇਸ ਦਰਜ

**ਕਪੂਰਥਲਾ** : ਸਾਈਬਰ ਅਪਰਾਧ ਪੁਲਸ ਥਾਣੇ ਵਿਚ ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਖਿਲਾਫ ਸਾਬਕਾ ਕੇਂਦਰੀ ਮੰਤਰੀ ਮਰਹੂਮ ਬੂਟਾ ਸਿੰਘ ਬਾਰੇ ਕੀਤੀਆਂ ਕਥਿਤ ਅਪਮਾਨਜਨਕ ਤੇ ਇਤਰਾਜ਼ਯੋਗ ਟਿੱਪਣੀਆਂ ਲਈ ਕੇਸ ਦਰਜ ਕੀਤਾ ਗਿਆ ਹੈ। ਸ਼ਿਕਾਇਤ ਮਰਹੂਮ ਆਗੂ ਦੇ ਪੁੱਤਰ ਸਰਬਜੋਤ ਸਿੰਘ ਸਿੱਧੂ ਵੱਲੋਂ ਦਾਇਰ ਕੀਤੀ ਗਈ ਹੈ। ਸ਼ਿਕਾਇਤ ਵਿਚ ਦੋਸ਼ ਲਗਾਇਆ ਸੀ ਕਿ ਤਰਨ ਤਾਰਨ ਜ਼ਿਮਨੀ ਚੋਣ ਦੇ ਪ੍ਰਚਾਰ ਦੌਰਾਨ ਇੱਕ ਜਨਤਕ ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਜਾ ਵੜਿੰਗ ਨੇ ਮੇਰੇ ਮਰਹੂਮ ਪਿਤਾ ਦੀ ਜਾਤ ਅਤੇ ਸਰੀਰਕ ਦਿੱਖ ਦਾ ਹਵਾਲਾ ਦਿੰਦੇ ਹੋਏ ਬੂਟਾ ਸਿੰਘ ਬਾਰੇ ਇਤਰਾਜ਼ਯੋਗ ਭਾਸ਼ਾ ਦੀ ਵਰਤੋਂ ਕੀਤੀ ਸੀ। ਕਾਂਗਰਸੀ ਆਗੂ ਨੇ ਕਥਿਤ ਤੌਰ 'ਤੇ ਟਿੱਪਣੀ ਕੀਤੀ ਸੀ ਕਿ ਬੂਟਾ ਸਿੰਘ ਨੂੰ ਕੇਂਦਰੀ ਗ੍ਰਹਿ ਮੰਤਰੀ ਬਣਾਇਆ ਗਿਆ ਸੀ 'ਸਿਰਫ ਇਸ ਲਈ, ਕਿਉਂਕਿ ਉਹ ਇੱਕ ਕਾਲਾ ਮਜ਼ਹਬੀ ਸਿੱਖ ਸੀ, ਜੋ ਮੱਝਾਂ ਨੂੰ ਚਾਰਾ ਆਦਿ ਪਾਉਂਦਾ ਸੀ।' ਸਿੱਧੂ ਨੇ ਦਲੀਲ ਦਿੱਤੀ ਕਿ ਇਹ ਬਿਆਨ ਸਮਾਜਕ ਤੌਰ 'ਤੇ ਅਪਮਾਨਜਨਕ ਸੀ ਅਤੇ ਇਸ ਦਾ ਮੰਤਵ ਨਾ ਸਿਰਫ ਉਨ੍ਹਾ ਦੇ ਪਿਤਾ ਦੀ ਵਿਰਾਸਤ ਨੂੰ, ਬਲਕਿ ਪੂਰੇ ਮਜ਼ਹਬੀ ਸਿੱਖ ਭਾਈਚਾਰੇ ਨੂੰ ਅਪਮਾਨਤ ਕਰਨਾ ਸੀ।

## ਅੱਜ-ਨਾਮਾ

ਰਾਹੁਲ ਗਾਂਧੀ ਨੇ ਫੇਰ ਆ ਦੋਸ਼ ਲਾਇਆ,
ਚਿੱਠਾ ਚੋਣਾਂ ਦਾ ਲਿਆ ਉਸ ਖੋਲ੍ਹ ਮੀਆਂ।
ਕਿਹੜੀ ਜਗ੍ਹਾ 'ਤੇ ਹੋਈ ਕਿੰਜ ਬੇਈਮਾਨੀ,
ਦਿੱਤਾ ਸਭ ਫੋਲਣਾ ਖੋਲ੍ਹ ਕੇ ਫੋਲ ਮੀਆਂ।
ਦੋਸ਼ ਠੁਕਰਾਂਵਦਾ ਚੋਣ ਕਮਿਸ਼ਨ ਬੇਸ਼ੱਕ,
ਨਿਕਲਿਆ ਢੋਲ ਦੇ ਅੰਦਰੋਂ ਪੋਲ ਮੀਆਂ।
ਸਿੱਧੀ ਗੱਲ ਨਹੀਂ ਚੋਣ ਕਮਿਸ਼ਨ ਕਰਦਾ,
ਕਰਦਾ ਮੁੱਦੇ ਦੀ ਬਾਤ ਉਹ ਗੋਲ ਮੀਆਂ।
ਪਾਸਾ ਵੱਟਿਆਂ ਖਹਿੜਾ ਨਾ ਛੁੱਟ ਸਕਦਾ,
ਰਹਿਣਾ ਕਦੇ ਨਾ ਰਾਜ਼ ਆ ਰਾਜ਼ ਮੀਆਂ।
ਜੋ ਵੀ ਚੋਣਾਂ ਦੇ ਅਮਲ ਨੂੰ ਲਾਊ ਠਿੱਬੀ,
ਲੱਗਾ ਬਖਸ਼ਣ ਨਾ ਕਦੀ ਸਮਾਜ ਮੀਆਂ।

-ਤੀਸ ਮਾਰ ਖਾਂ

## ਪੀ ਯੂ ਮਾਮਲੇ 'ਚ ਕੇਂਦਰ ਝੁਕਿਆ, ਨੋਟੀਫਿਕੇਸ਼ਨ 'ਤੇ ਅਮਲ ਰੋਕਿਆ

**ਚੰਡੀਗੜ੍ਹ** : ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ (ਪੀ ਯੂ) ਦੀ ਸੈਨੇਟ ਅਤੇ ਸਿੰਡੀਕੇਟ ਦੇ ਪੁਨਰਗਠਨ ਨੂੰ ਲੈ ਕੇ ਤਿੱਖੇ ਵਿਰੋਧ ਅੱਗੇ ਝੁਕਦਿਆਂ ਤੁਰੰਤ ਪੁਨਰਗਠਨ ਲਾਗੂ ਕਰਨ 'ਤੇ ਰੋਕ ਲਗਾ ਦਿੱਤੀ ਹੈ। ਇਸ ਸੰਬੰਧ ਵਿੱਚ ਕੇਂਦਰ ਸਰਕਾਰ ਨੇ ਇੱਕ ਸੋਧਿਆ ਹੋਇਆ ਹੁਕਮ ਜਾਰੀ ਕੀਤਾ ਹੈ।

ਹੁਕਮ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਪੰਜਾਬ ਯੂਨੀਵਰਸਿਟੀ ਐਕਟ 1947 ਦੇ ਤਹਿਤ ਤਬਦੀਲੀਆਂ ਸਿਰਫ ਕੇਂਦਰ ਸਰਕਾਰ ਵੱਲੋਂ ਬਾਅਦ ਵਿੱਚ ਮਿੱਥੀ ਗਈ ਤਰੀਕ ਤੋਂ ਹੀ ਲਾਗੂ ਹੋਣਗੀਆਂ। ਇਸ ਦਾ ਸਿੱਧਾ ਮਤਲਬ ਹੈ ਕਿ ਤਬਦੀਲੀਆਂ ਲਾਗੂ ਕਰਨ ਲਈ ਇੱਕ ਨਵਾਂ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਕੇਂਦਰ ਦੇ ਫੈਸਲੇ, ਜਿਸ ਤਹਿਤ ਸੈਨੇਟ ਤੇ ਸਿੰਡੀਕੇਟ ਭੰਗ ਕਰ ਦਿੱਤੀਆਂ ਗਈਆਂ ਸਨ, ਦੇ ਵਿਦਿਆਰਥੀਆਂ, ਖੱਬੀਆਂ ਤੇ ਦੂਜੀਆਂ ਵਿਰੋਧੀ ਪਾਰਟੀਆਂ ਅਤੇ ਕਿਸਾਨ ਯੂਨੀਅਨਾਂ ਸਮੇਤ ਵੱਖ-ਵੱਖ ਸਮੂਹਾਂ ਵੱਲੋਂ ਕੀਤੇ ਜਾ ਰਹੇ ਤਿੱਖੇ ਵਿਰੋਧ ਦੇ ਮੱਦੇਨਜ਼ਰ ਹਾਕਮਾਂ ਨੂੰ ਝੁਕਣਾ ਪਿਆ ਹੈ।

ਇਸ ਤੋਂ ਪਹਿਲਾ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੀ ਕਿ ਪੰਜਾਬ ਸਰਕਾਰ ਪੰਜਾਬ ਯੂਨੀਵਰਸਿਟੀ (ਪੀ ਯੂ) ਦੀਆਂ ਪ੍ਰਬੰਧਕੀ ਸੰਸਥਾਵਾਂ—ਸੈਨੇਟ ਅਤੇ ਸਿੰਡੀਕੇਟ ਦੇ ਪੁਨਰਗਠਨ ਸੰਬੰਧੀ ਕੇਂਦਰ ਦੇ ਹਾਲ ਹੀ ਦੇ ਫੈਸਲੇ ਵਿਰੁੱਧ ਪੰਜਾਬ ਤੇ ਹਰਿਆਣਾ ਹਾਈ ਕੋਰਟ ਜਾਵੇਗੀ।

ਮੁੱਖ ਮੰਤਰੀ ਮਾਨ ਨੇ 'ਐੱਕਸ' 'ਤੇ ਇੱਕ ਪੋਸਟ ਵਿੱਚ ਕਿਹਾ, 'ਪੰਜਾਬ ਸਰਕਾਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਗੈਰ-ਸੰਵਿਧਾਨਕ ਢੰਗ ਨਾਲ ਭੰਗ ਕਰਨ ਦੇ ਨੋਟੀਫਿਕੇਸ਼ਨ ਵਿਰੁੱਧ ਹਾਈ ਕੋਰਟ ਤੱਕ ਪਹੁੰਚ ਕਰੇਗੀ।' ਉਨ੍ਹਾ ਕਿਹਾ, 'ਅਸੀਂ ਦੇਸ਼ ਦੇ ਉੱਘੇ ਅਤੇ ਮਾਹਰ ਵਕੀਲਾਂ ਦਾ ਇੱਕ ਪੈਨਲ ਬਣਾਵਾਂਗੇ ਅਤੇ ਤਾਨਾਸ਼ਾਹੀ ਦੇ ਇਸ ਕੰਮ ਵਿਰੁੱਧ ਲੜਾਂਗੇ।'




# ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਡੀ ਸੀ ਨੂੰ ਦਿੱਤਾ ਮੰਗ ਪੱਤਰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਕਿਸਾਨਾਂ ਮਜ਼ਦੂਰਾਂ ਨੇ ਇਕੱਠੇ ਹੋ ਕੇ ਜ਼ਿਲ੍ਹਾ ਬਠਿੰਡਾ ਵਿਖੇ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਬੀ ਕੇ ਯੂ ਉਗਰਾਹਾਂ ਦੇ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ ,ਕੁਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਬੀ ਕੇ ਯੂ ਡਕੌਂਦਾ (ਧਨੇਰ) ਦੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਧਾਲੀਵਾਲ,ਬੀ ਕੇ ਯੂ ਡਕੌਂਦਾ (ਬੁਰਜ ਗਿੱਲ) ਦੇ ਬਲਾਕ ਪ੍ਰਧਾਨ ਬੂਟਾ ਸਿੰਘ ਤੁੰਗਵਾਲੀ,ਭੀਕੇਯੂ ਮਾਲਵਾ ਹੀਰ ਕੇ ਦੇ ਸੂਬਾ ਕਮੇਟੀ ਮੈਂਬਰ ਜਗਜੀਤ ਸਿੰਘ ਕੋਟਸ਼ਮੀਰ ਬੀਕੇਯੂ ਮਾਨਸਾ ਦੇ ਰੇਸ਼ਮ ਸਿੰਘ ਜੀਦਾ ਅਤੇ ਬੀਕੇਯੂ ਲੱਖੋਵਾਲ ਦੇ ਦਾਰਾ ਸਿੰਘ ਮਾਈਸਰਖਾਨਾ ਨੇ ਬਿਜਲੀ ਸੋਧ ਬਿਲ 2025 ਨੂੰ ਸੂਬਿਆਂ ਦੇ ਅਧਿਕਾਰਾਂ 'ਤੇ ਡਾਕਾ ਅਤੇ ਬਿਜਲੀ ਖੇਤਰ ਦੇ ਵੱਡ ਦੇ ਖੇਤਰ ਵਿੱਚ ਨਿੱਜੀਕਰਨ ਲਾਗੂ ਕਰਨ ਦੀ ਸਾਜ਼ਿਸ਼ ਦੱਸਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਅੱਠ ਨਵੰਬਰ ਤੋਂ ਪਹਿਲਾਂ ਪਹਿਲਾਂ ਇਸ ਬਿੱਲ ਦੇ ਖ਼ਿਲਾਫ ਮਤਾ ਪਾ ਕੇ ਕੇਂਦਰ ਸਰਕਾਰ ਨੂੰ ਭੇਜਿਆ ਜਾਵੇ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਭੰਗ ਕਰਕੇ ਪੰਜਾਬ ਕੋਲੋਂ ਅਧਿਕਾਰ ਖੋਹਣ ਦੀ ਕਾਰਵਾਈ ਨੂੰ ਸਿੱਧਾ ਧੱਕਾ ਗਰਦਾਨਦਿਆਂ ਮੰਗ ਕੀਤੀ ਕਿ ਇਸ ਦਾ ਪਹਿਲਾ ਸਟੇਟਸ ਬਹਾਲ ਕਰਦਿਆਂ ਅਸਲੀ ਅਰਥਾਂ ਵਿੱਚ ਜਮਹੂਰੀ ਸਿਸਟਮ ਸਥਾਪਿਤ ਕੀਤਾ ਜਾਵੇ।



# 'ਹਿੰਦ ਦੀ ਚਾਦਰ' ਵਿਸ਼ਾਲ ਲਾਈਟ ਐਂਡ ਸਾਊਂਡ ਸ਼ੋਅ ਦੀ ਸ਼ਾਨਦਾਰ ਪੇਸ਼ਕਾਰੀ

**ਪਟਿਆਲਾ** :- ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਦੇ 350ਵੇਂ ਵਰ੍ਹੇ ਨੂੰ ਸਮਰਪਿਤ ਪੰਜਾਬ ਸਰਕਾਰ ਵਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਗੁਰੂ ਸਾਹਿਬ ਦੇ ਜੀਵਨ, ਲਾਸਾਨੀ ਸ਼ਹਾਦਤ ਅਤੇ ਸਿੱਖਿਆਵਾਂ 'ਤੇ ਆਧਾਰਿਤ ਵਿਸ਼ਾਲ ਲਾਈਟ ਐਂਡ ਸਾਊਂਡ ਸ਼ੋਅ 'ਹਿੰਦ ਦੀ ਚਾਦਰ' ਨੇ ਪੋਲੋ ਗਰਾਊਂਡ ਵਿਖੇ ਪੁੱਜੀ ਵੱਡੀ ਗਿਣਤੀ ਸੰਗਤ ਨੂੰ ਭਾਵੁਕ ਕਰ ਦਿੱਤਾ।'ਹਿੰਦ ਦੀ ਚਾਦਰ' ਸ਼ੋਅ ਵਿੱਚ 350 ਸਾਲ ਪਹਿਲਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ 'ਤਿਲਕ ਜੰਞੂ ਰਾਖਾ ਪ੍ਰਭ ਤਾ ਕਾ, ਕੀਨੋ ਬਡੋ ਕਲੂ ਮਹਿ ਸਾਕਾ' ਤਹਿਤ ਆਪਣੇ ਪਿਆਰੇ ਗੁਰਸਿੱਖਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਸਮੇਤ ਦਿੱਲੀ ਦੇ ਚਾਂਦਨੀ ਚੌਕ ਵਿਖੇ ਦਿੱਤੀ ਗਈ ਲਾਸਾਨੀ ਸ਼ਹਾਦਤ ਨਾਲ ਬੁਲੰਦ ਕੀਤੀ ਗਈ ਹੱਕ, ਸੱਚ, ਨਿਆਂ, ਪਰਉਪਕਾਰ ਤੇ ਮਨੁੱਖੀ ਅਧਿਕਾਰਾਂ ਦੀ ਆਵਾਜ਼ ਨੂੰ ਵਿਲੱਖਣ ਢੰਗ ਨਾਲ ਪੇਸ਼ ਕੀਤਾ ਗਿਆ। ਢਾਡੀ ਸੁਖਦੇਵ ਸਿੰਘ ਬੂਹ ਦੇ ਜਥੇ ਨੇ ਵਾਰਾਂ ਦਾ ਗਾਇਨ ਕੀਤਾ। ਸੰਗਤ ਵਿਚ ਸ਼ਾਮਲ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350 ਸਾਲਾ ਸ਼ਤਾਬਦੀ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇੱਕ ਨਿਮਾਣੇ ਸੇਵਕ ਵਜੋਂ ਵੱਡੇ ਪੱਧਰ 'ਤੇ ਮਨਾ ਰਹੀ ਹੈ। ਉਨ੍ਹਾਂ ਕਿਹਾ ਕਿ 23 ਨਵੰਬਰ ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਮਾਗਮ ਕਰਵਾਏ ਜਾ ਰਹੇ ਹਨ ਜਦੋਂ ਕਿ ਪਟਿਆਲਾ ਜ਼ਿਲ੍ਹੇ ਭਰ ਅੰਦਰ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ 36 ਅਸਥਾਨਾਂ ਵਿਖੇ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਨੀਨਾ ਮਿੱਤਲ, ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ, ਪ੍ਰੋਫੈਸਰ ਪਰਮਵੀਰ ਸਿੰਘ, ਡਾ ਜਸਵੀਰ ਕੌਰ, ਚੇਅਰਮੈਨ ਰਣਜੋਧ ਸਿੰਘ ਹਡਾਣਾ, ਮੇਅਰ ਕੁੰਦਨ ਗੋਗੀਆ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਆਪ ਸ਼ਹਿਰੀ ਪ੍ਰਧਾਨ ਤੇ ਚੇਅਰਮੈਨ ਤੇਜਿੰਦਰ ਮਹਿਤਾ, ਦਿਹਾਤੀ ਪ੍ਰਧਾਨ ਤੇ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ, ਜੱਸੀ ਸੋਹੀਆਂ ਵਾਲਾ, ਬਲਵਿੰਦਰ ਸਿੰਘ ਝਾੜਵਾਂ, ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਸਮੂਹ ਕੌਂਸਲਰ ਸਾਹਿਬਾਨ, ਆਪ ਦੇ ਸਮੂਹ ਬਲਾਕ ਪ੍ਰਧਾਨ ਤੇ ਵਲੰਟੀਅਰ, ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਐਸ ਐਸ ਪੀ ਵਰੁਣ ਸ਼ਰਮਾ, ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ, ਐਸ.ਪੀ. ਵੈਭਵ ਚੌਧਰੀ, ਏ ਡੀ ਸੀ ਦਮਨਜੀਤ ਸਿੰਘ ਮਾਨ, ਨਵਰੀਤ ਕੌਰ ਸੇਖੋਂ ਤੇ ਸਿਮਰਪ੍ਰੀਤ ਕੌਰ, ਐਸ.ਡੀ.ਐਮਜ ਡਾ. ਇਸਮਤ ਵਿਜੇ ਸਿੰਘ, ਰਿਚਾ ਗੋਇਲ ਤੇ ਹਰਜੋਤ ਕੌਰ ਮਾਵੀ ਸਮੇਤ ਸ਼ਹਿਰ ਤੇ ਜਿਲ੍ਹੇ ਦੇ ਵੱਖ-ਵੱਖ ਇਲਾਕਿਆਂ ਤੋਂ ਪੁੱਜੀ ਵੱਡੀ ਗਿਣਤੀ ਵਿੱਚ ਸੰਗਤ ਤੇ ਹੋਰ ਵਸਨੀਕਾਂ ਨੇ ਸ਼ਿਰਕਤ ਕੀਤੀ।



## ਵਿਧਾਇਕ ਨੇ ਕੀਤਾ ਨਗਰ ਕੀਰਤਨ ਦਾ ਸਵਾਗਤ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਦੇ ਹੇਠ ਪੰਜ ਪਿਆਰਿਆਂ ਦੀ ਅਗਵਾਈ ਦੇ ਵਿੱਚ ਨਗਰ ਕੀਰਤਨ ਸਜਾਇਆ ਗਿਆ, ਜੋ ਸਰਹਿੰਦ ਸ਼ਹਿਰ, ਸਰਹਿੰਦ ਮੰਡੀ ਤੇ ਸਰਹਿੰਦ ਦੇ ਬਾਜ਼ਾਰਾਂ ਦੇ ਵਿੱਚੋਂ ਹੁੰਦਾ ਹੋਇਆ ਦੁਬਾਰਾ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸਮਾਪਤ ਹੋਇਆ। ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਐਮਐਲਏ ਦਫਤਰ ਦੇ ਸਾਹਮਣੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ।ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਭੇਟ ਕੀਤਾ ਗਿਆ, ਪੰਜ ਪਿਆਰਿਆਂ ਨੂੰ ਸਿਰੋਪਾਓ ਦਿੱਤੇ ਗਏ। ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ।ਗੁਰੂ ਨਾਨਕ ਦੇਵ ਜੀ ਸਿੱਖਾਂ ਦੇ ਪਹਿਲੇ ਗੁਰੂ ਹੋਏ ਹਨ, ਜਿਨ੍ਹਾਂ ਨੇ ਸਮਾਜ ਨੂੰ ਸਿੱਧੇ ਰਸਤੇ ਪਾਉਣ ਦੇ ਲਈ ਚਾਰ ਉਦਾਸੀਆਂ ਕੀਤੀਆਂ।



## ਜਵਾਹਰ ਨਵੋਦਿਆ ਵਿਦਿਆਲਿਆ ਦੀਆਂ ਪ੍ਰਤਿਭਾਸ਼ਾਲੀ ਵਿਦਿਆਰਥਣਾਂ ਨੂੰ ਮਿਲੇ ਸਾਈਕਲ

**ਲੁਧਿਆਣਾ (ਰਾਜ ਸਿਗਲਾ)** ਜਵਾਹਰ ਨਵੋਦਿਆ ਵਿਦਿਆਲਿਆ, ਧਨਾਂਸੂ ਦੀਆਂ ਵਿਦਿਆਰਥਣਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ, ਜਦੋਂ ਉਨ੍ਹਾਂ ਨੂੰ ਆਪਣੇ ਸਾਈਕਲ ਮਿਲੇ। ਜਵਾਹਰ ਨਵੋਦਿਆ ਵਿਦਿਆਲਿਆ ਦੇ ਵਾਈਸ ਪ੍ਰਿੰਸੀਪਲ ਸੰਨੂ ਸ਼ਰਮਾ ਨੇ ਦੱਸਿਆ ਕਿ ਐਚ.ਐਮ.ਸੀ. ਹਾਈਵੇ ਕੰਪਨੀ, ਜੋ ਹੀਰੋ ਸਾਈਕਲ ਕੰਪਨੀ ਦੀ ਇੱਕ ਸ਼ਾਖਾ ਹੈ, ਨੇ ਸਕੂਲ ਦੀਆਂ ਪ੍ਰਤਿਭਾਸ਼ਾਲੀ ਵਿਦਿਆਰਥਣਾਂ ਨੂੰ ਉਤਸ਼ਾਹਤ ਕਰਦਿਆਂ ਸਾਈਕਲ ਵੰਡੇ। ਕੰਪਨੀ ਦੇ ਡੀ.ਜੀ.ਐਮ. ਗੁਰਮਨਦੀਪ, ਮੈਨੇਜਰ ਮੀਨਾਕਸ਼ੀ, ਐਚ.ਆਰ. ਹੈਡ ਹੇਮੰਤ ਕੁਮਾਰ, ਐਚ.ਆਰ. ਐਗਜ਼ੀਕਿਊਟਿਵ ਮਨੀਸ਼ਾ ਮੌਰਿਆ ਤੇ ਐਚ.ਆਰ. ਅਸਿਸਟੈਂਟ ਮੈਨੇਜਰ ਮਨੋਜ ਮਹਿਤਾ ਵੀ ਮੌਜੂਦ ਰਹੇ। ਵਾਈਸ ਪ੍ਰਿੰਸੀਪਲ ਸੰਨੂ ਸ਼ਰਮਾ ਦੇ ਨਾਲ ਸਕੂਲ ਦੀਆਂ ਵਿਦਿਆਰਥਣਾਂ ਨੂੰ ਐਚ ਐਮ ਸੀ ਹਾਈਵੇ ਕੰਪਨੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਾਈਕਲ ਉਨ੍ਹਾਂ ਨੂੰ ਜਿੱਥੇ ਤੰਦਰੁਸਤੀ ਪ੍ਰਦਾਨ ਕਰਨਗੇ, ਉੱਥੇ ਆਵਾਜਾਈ ਨੂੰ ਵੀ ਸੁਖਾਵੀਂ ਬਣਾਉਣ ਵਿੱਚ ਲਾਹੇਵੰਦ ਸਿੱਧ ਹੋਣਗੇ।



## ਗੁਰਪੁਰਬ ਨੂੰ ਸਮਰਪਿਤ ਆਖੰਡ ਪਾਠ ਸਾਹਿਬ ਦੇ ਭੋਗ ਪਾਏ

**ਬਠਿੰਡਾ (ਰਾਜੀਵ ਗੋਇਲ)**- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਜ਼ਿਲ੍ਹੇ ਦੇ ਕਸਬਾ ਭਗਤਾ ਭਾਈਕਾ ਵਿਖੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਤੇ ਦਸਵੀਂ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਵੀ ਕੀਤਾ ਗਿਆ।ਗੁਰਦੁਆਰਾ ਸਾਹਿਬ ਦੇ ਗ੍ਰੰਥੀ ਮਨਪ੍ਰੀਤ ਸਿੰਘ ਵੱਲੋਂ ਆਈਆਂ ਹੋਈਆਂ ਸੰਗਤਾਂ ਨੂੰ ਜੀ ਆਇਆਂ ਕਹਿੰਦੇ ਹੋਏ ਗੁਰਪੁਰਬ ਦੀ ਵਧਾਈ ਦਿੱਤੀ ਗਈ।



## ਸਮਾਜ ਸੇਵੀ ਸ਼ਿਵਲੀ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ ਅੱਜ



**ਸਮਰਾਲਾ (ਸੁਰਜੀਤ ਸਿੰਘ)**- ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੁਸਾਇਟੀ ਵੱਲੋਂ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਦੇ ਜਨਮ ਦਿਨ ਦੀ ਖ਼ੁਸ਼ੀ 'ਚ ਖ਼ੂਨਦਾਨ ਕੈਂਪ 6 ਨਵੰਬਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਸਿਵਲ ਹਸਪਤਾਲ ਮਾਛੀਵਾੜਾ ਦੇ ਬਾਹਰ ਪਬਲਿਕ ਲੈਬੋਰੇਟਰੀ ਵਿਖੇ ਲਗਾਇਆ ਜਾ ਰਿਹਾ ਹੈ। ਸੰਸਥਾ ਦੇ ਜਨ: ਸਕੱਤਰ ਜਗਦੀਸ਼ ਕੁਮਾਰ ਜੱਸੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੈਂਪ ਵਿੱਚ ਕਰਨ ਹਸਪਤਾਲ ਸਮਰਾਲਾ ਦੀ ਬਲੱਡ ਬੈਂਕ ਟੀਮ ਆਏ ਖ਼ੂਨਦਾਨੀਆਂ ਦਾ ਖ਼ੂਨ ਇਕੱਤਰ ਕਰੇਗੀ।

## ਬੀ ਐਚ ਪ੍ਰਾਪਰਟੀ ਦੇ ਮਾਲਕ ਦੇ ਘਰ 'ਤੇ ਸੀ ਬੀ ਆਈ ਵੱਲੋਂ ਛਾਪੇਮਾਰੀ



**ਪਟਿਆਲਾ (ਰਾਜਿੰਦਰ ਥਿੰਦ)** ਭਾਰਤ ਦੇਸ਼ ਦੀ ਕੇਂਦਰੀ ਜਾਂਚ ਏਜੰਸੀ ਸੈਂਟਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਸੀ.ਬੀ.ਆਈ.) ਵੱਲੋਂ ਪਟਿਆਲਾ ਵਿਖੇ ਬੀ.ਐਚ. ਪ੍ਰਾਪਰਟੀ ਦੇ ਮਾਲਕ ਦੇ ਘਰ ਮੰਗਲਵਾਰ ਨੂੰ ਸਵੇਰ ਵੇਲੇ ਛਾਪੇਮਾਰੀ ਕੀਤੀ ਗਈ ਹੈ। ਸੀ.ਬੀ.ਆਈ. ਦੀ ਇਹ ਛਾਪੇਮਾਰੀ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਦੇ ਮਾਮਲੇ 'ਚ ਕੀਤੀ ਗਈ ਹੈ।ਇਹ ਛਾਪੇਮਾਰੀ ਫਿਲਹਾਲ ਜਾਰੀ ਹੈ।ਸੀ.ਬੀ.ਆਈ. ਦੀ ਟੀਮ ਵੱਲੋਂ ਪ੍ਰਾਪਰਟੀ ਮਾਲਕ ਦੇ ਘਰ ਵਿਖੇ ਛਾਣਬੀਣ ਕੀਤੀ ਜਾ ਰਹੀ ਹੈ ਤੇ ਇਥੋਂ ਉਨ੍ਹਾਂ ਮੁਅੱਤਲ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਨਾਲ ਜੁੜੇ ਮਾਮਲੇ 'ਚ ਕੁੱਝ ਦਸਤਾਵੇਜ਼ ਹੱਥ ਲੱਗਣ ਦੀ ਉਮੀਦ ਹੈ, ਜਦਕਿ ਖ਼ਬਰ ਲਿਖੇ ਜਾਣ ਤੱਕ ਛਾਪੇਮਾਰੀ ਸਬੰਧੀ ਸੀ.ਬੀ.ਆਈ. ਵੱਲੋਂ ਫ਼ਿਲਹਾਲ ਕੋਈ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ।

# ਪਹਿਲੇ ਪੜਾਅ ਤਹਿਤ 42 ਪਿੰਡਾਂ ਦੇ 4171 ਹੜ੍ਹ ਪ੍ਰਭਾਵਤ ਲਾਭਪਾਤਰੀਆਂ ਨੂੰ 10 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਪ੍ਰਦਾਨ : ਰਣਯੋਧ ਹਡਾਣਾ

**ਪਟਿਆਲਾ (ਰਾਜਿੰਦਰ ਥਿੰਦ)** ਜ਼ਿਲ੍ਹੇ ਦੇ ਹੜ੍ਹ ਪ੍ਰਭਾਵਤ 42 ਪਿੰਡਾਂ ਦੇ 4171 ਲਾਭਪਾਤਰੀਆਂ ਨੂੰ 10 ਕਰੋੜ ਰੁਪਏ ਤੋਂ ਵੱਧ ਦੀ ਮੁਆਵਜ਼ਾ ਰਾਸ਼ੀ ਉਨ੍ਹਾਂ ਦੇ ਬੈਂਕ ਖਾਤਿਆਂ 'ਚ ਪਾਈ ਜਾ ਚੁੱਕੀ ਹੈ।ਇਹ ਪ੍ਰਗਟਾਵਾ ਕਰਦਿਆਂ ਪੀਆਰਟੀਸੀ ਦੇ ਚੇਅਰਮੈਨ ਅਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਕੁਲ 34.76 ਕਰੋੜ ਰੁਪਏ ਦੀ ਰਾਸ਼ੀ ਹੜ੍ਹ ਪ੍ਰਭਾਵਤਾਂ ਨੂੰ ਪੜਾਅਵਾਰ ਵੰਡੀ ਜਾਣੀ ਹੈ ਅਤੇ ਪਹਿਲੇ ਪੜਾਅ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਦੇ ਹੁਕਮਾਂ ਮੁਤਾਬਕ ਪਾਰਦਰਸ਼ੀ ਢੰਗ ਨਾਲ ਮੁਆਵਜ਼ਾ ਰਾਸ਼ੀ ਲਾਭਪਾਤਰੀਆਂ ਨੂੰ ਪ੍ਰਦਾਨ ਕੀਤੀ ਜਾ ਚੁੱਕੀ ਹੈ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਪਹਿਲੀ ਕਿਸ਼ਤ ਦਿਵਾਲੀ ਦੇ ਤਿਉਹਾਰ ਤੋਂ ਪਹਿਲਾਂ ਪਹਿਲਾਂ ਕਿਸਾਨਾਂ ਨੂੰ ਦਿੱਤੀ ਜਾ ਚੁੱਕੀ ਹੈ! ਉਨ੍ਹਾਂ ਦੱਸਿਆ ਕਿ ਪਟਿਆਲਾ ਜ਼ਿਲ੍ਹੇ 'ਚ ਹੀ ਪੰਜਾਬ ਅੰਦਰ ਆਏ ਇਨ੍ਹਾਂ ਤਾਜ਼ਾ ਹੜ੍ਹਾਂ ਕਾਰਨ 101 ਪਿੰਡ 'ਚ 19000 ਏਕੜ ਦੇ ਕਰੀਬ ਰਕਬੇ 'ਚ ਫ਼ਸਲਾਂ ਦਾ ਨੁਕਸਾਨ ਹੋਇਆ ਸੀ।ਉਨ੍ਹਾਂ ਦੱਸਿਆ ਕਿ ਪਟਿਆਲਾ ਸਬ ਡਵੀਜ਼ਨ 'ਚ 8, ਸਮਾਣਾ ਸਬ ਡਵੀਜ਼ਨ 'ਚ 6, ਰਾਜਪੁਰਾ ਸਬ ਡਵੀਜ਼ਨ 'ਚ 38, ਦੂਧਨ ਸਾਧਾਂ ਸਬ ਡਵੀਜ਼ਨ 'ਚ 29 ਤੇ ਪਾਤੜਾਂ ਸਬ ਡਵੀਜ਼ਨ 'ਚ 20 ਪਿੰਡਾਂ ਵਿਖੇ ਕਿਸਾਨਾਂ ਦੀਆਂ ਜ਼ਮੀਨਾਂ ਦਾ ਨੁਕਸਾਨ ਸਾਹਮਣੇ ਆਇਆ ਸੀ, ਇਸ ਲਈ ਪੰਜਾਬ ਸਰਕਾਰ ਵੱਲੋਂ 34.76 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਪ੍ਰਵਾਨ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮੁਆਵਜ਼ਾ ਦੇਣ ਦੀ ਸਾਰੀ ਪ੍ਰਕ੍ਰਿਆ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਨਲਾਈਨ ਪੋਰਟਲ 'ਤੇ ਵਿਸ਼ੇਸ਼ ਗਿਰਦਾਵਰੀ ਕਰਾਈ ਗਈ ਹੈ ਤੇ ਮੁਆਵਜ਼ਾ ਰਾਸ਼ੀ ਸਿੱਧੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਦੂਜੇ ਪੜਾਅ ਲਈ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਹਨ ਤੇ ਬਾਕੀ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਵੀ ਬਕਾਇਆ ਰਾਸ਼ੀ ਪਾ ਦਿੱਤੀ ਜਾਵੇਗੀ।



# ਕੈਂਬਰਿਜ ਕਾਨਵੈਂਟ ਸਕੂਲ 'ਚ 'ਕਿਸ ਮੇ ਕਿਤਨਾ ਹੈ ਦਮ 2025' ਦੇ ਆਡੀਸ਼ਨ ਦਾ ਆਯੋਜਨ

**ਕੋਟ ਈਸੇ ਖਾਂ (ਅਰੋੜਾ)** ਕੈਂਬਰਿਜ ਕਾਨਵੈਂਟ ਸਕੂਲ ਵਿੱਚ 'ਟੈਲੈਂਟ ਦਾ ਮਹਾਂ ਸੰਗਰਾਮ-ਕਿਸ ਮੇ ਕਿਤਨਾ ਹੈ ਦਮ 2025' ਦੇ ਆਡੀਸ਼ਨ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਪ੍ਰੋਗਰਾਮ ਵਿੱਚ ਕੁੱਲ 580 ਤੋਂ ਵੱਧ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਟੈਲੈਂਟ ਰਿਆਲਟੀ ਸ਼ੋਅ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਛੁਪੇ ਹੋਏ ਹੁਨਰ ਨੂੰ ਸਾਹਮਣੇ ਲਿਆਉਣਾ ਸੀ।ਬੱਚਿਆਂ ਨੇ ਡਾਂਸ, ਸਿੰਗਿੰਗ, ਐਕਟਿੰਗ, ਡਰਾਮਾ, ਡ੍ਰਾਇੰਗ, ਪੇਂਟਿੰਗ, ਗਿੱਧਾ, ਭੰਗੜਾ, ਕਵਿਤਾ, ਗੀਤ ਗਾਇਨ, ਕਵੀਸ਼ਰੀ, ਜੀ.ਕੇ. ਕੁਇਜ਼ ਆਦਿ ਕੈਟੇਗਰੀਜ਼ ਵਿੱਚ ਆਪਣੀ ਲਾਜਵਾਬ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੇ ਜੋਸ਼ ਤੇ ਪ੍ਰਦਰਸ਼ਨ ਦੀ ਖੁੱਲ੍ਹ ਕੇ ਪ੍ਰਸੰਸਾ ਕੀਤੀ।ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਇਹੋ ਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੀ ਅੰਦਰਲੀ ਪ੍ਰਤਿਭਾ ਨੂੰ ਸਾਹਮਣੇ ਲਿਆਉਣ ਦਾ ਮੌਕਾ ਦਿੰਦੇ ਹਨ।ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨਾਲ ਬੱਚਿਆਂ ਵਿੱਚ ਆਤਮ ਵਿਸ਼ਵਾਸ, ਮਿਹਨਤ ਤੇ ਸਮਰਪਣ ਦੀ ਭਾਵਨਾ ਪੈਦਾ ਹੁੰਦੀ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਬੱਚਿਆਂ ਵਿੱਚ ਆਤਮ ਵਿਸ਼ਵਾਸ ਵਧਾਉਂਦੇ ਹਨ ਤੇ ਉਨ੍ਹਾਂ ਨੂੰ ਆਪਣੇ ਟੈਲੈਂਟ ਨੂੰ ਨਿਖਾਰਨ ਦਾ ਮੌਕਾ ਦਿੰਦੇ ਹਨ।ਸਕੂਲ ਮੈਨੇਜਮੈਂਟ ਵਲੋਂ ਵੀ ਇਸ ਪ੍ਰੋਗਰਾਮ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ ਗਈ।ਸਕੂਲ ਮੈਨੇਜਮੈਂਟ ਨੇ ਕਿਹਾ ਕਿ ਕੈਂਬਰਿਜ ਕਾਨਵੈਂਟ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਲਈ ਪ੍ਰਤੀਬੱਧ ਹੈ।ਅਸੀਂ ਵਿਦਿਆਰਥੀਆਂ ਨੂੰ ਸਿਰਫ ਅਕਾਦਮਿਕ ਹੀ ਨਹੀਂ, ਸਗੋਂ ਕਲਾ ਤੇ ਸਭਿਆਚਾਰ ਦੇ ਖੇਤਰ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਾਂ। ਚੁਣੇ ਗਏ ਵਿਦਿਆਰਥੀ ਹੁਣ ਅਗਲੇ ਰਾਊਂਡ ਵਿੱਚ ਆਪਣਾ ਟੈਲੈਂਟ ਦਿਖਾਉਣਗੇ।



# ਵਿਧਾਇਕ ਕੋਹਲੀ ਤੇ ਮੇਅਰ ਗੋਗੀਆ ਵੱਲੋਂ ਨਵੇਂ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸ਼ਹਿਰ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦੇਣ ਲਈ ਪਟਿਆਲਾ ਦੇ ਵਿਧਾਇਕ ਸ. ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਸ. ਕੁੰਦਨ ਗੋਗੀਆ ਵੱਲੋਂ ਵਾਰਡ ਨੰਬਰ 49 ਵਿੱਚ 70 ਲੱਖ ਰੁਪਏ ਦੀ ਲਾਗਤ ਨਾਲ ਸੜਕ ਅਤੇ ਸੀਵਰੇਜ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਹੇਠ ਸ਼ਹਿਰਾਂ ਵਿੱਚ ਢਾਂਚਾਗਤ ਸੁਧਾਰ ਲਈ ਵਚਨਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ। ਸ. ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਵਾਰਡ ਨੰਬਰ 49 ਵਿੱਚ ਕਾਫ਼ੀ ਸਮੇਂ ਤੋਂ ਸੜਕਾਂ ਅਤੇ ਸੀਵਰੇਜ ਦੀ ਹਾਲਤ ਖਰਾਬ ਸੀ, ਜਿਸ ਕਾਰਨ ਸਥਾਨਕ ਨਿਵਾਸੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਲੋਕਾਂ ਦੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਹੁਣ ਇੱਥੇ ਪੂਰੀ ਤਰ੍ਹਾਂ ਨਵੀਆਂ ਸੜਕਾਂ ਤੇ ਅਧੁਨਿਕ ਸੀਵਰੇਜ ਪ੍ਰਣਾਲੀ ਤਿਆਰ ਕੀਤੀ ਜਾਵੇਗੀ। ਮੇਅਰ ਸ. ਕੁੰਦਨ ਗੋਗੀਆ ਨੇ ਕਿਹਾ ਕਿ ਪਟਿਆਲਾ ਨਗਰ ਨਿਗਮ ਸ਼ਹਿਰ ਦੇ ਹਰੇਕ ਹਿੱਸੇ ਵਿੱਚ ਸਫਾਈ, ਪਾਣੀ, ਰੋਸ਼ਨੀ ਅਤੇ ਸੜਕਾਂ ਵਰਗੀਆਂ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਗੰਭੀਰਤਾ ਨਾਲ ਕੰਮ ਕਰ ਰਿਹਾ ਹੈ।

# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਨਗਰ ਕੀਰਤਨ ਸਜਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਸਾਹਿਬ ਤੋਂ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਇਹ ਨਗਰ ਕੀਰਤਨ ਰਵਾਨਾ ਹੋਇਆ। ਇਸ ਮੌਕੇ ਜਥੇਦਾਰ ਸਰਵਣ ਸਿੰਘ ਰਸਾਲਦਾਰ, ਸੀਨੀਅਰ ਅਕਾਲੀ ਆਗੂ ਹਰਜਤਿੰਦਰ ਸਿੰਘ ਬਾਜਵਾ, ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ ਨੇ ਸ਼ਮੂਲੀਅਤ ਕੀਤੀ ਅਤੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਪੰਜ ਪਿਆਰਿਆਂ ਨੂੰ ਸਿਰੋਪੇ ਭੇਂਟ ਕੀਤੇ। ਨਗਰ ਕੀਰਤਨ ਦੇ ਸਵਾਗਤ ਲਈ ਦੁਕਾਨਦਾਰਾਂ ਵਲੋਂ ਥਾਂ-ਥਾਂ ਸਜਾਵਟੀ ਗੇਟ ਲਗਾਏ ਗਏ ਅਤੇ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਵਰਤਾਏ ਗਏ। ਨਗਰ ਕੀਰਤਨ 'ਚ ਮਾਤਾ ਹਰਦੇਈ ਸਤਿਸੰਗ ਇਸਤਰੀ ਸਭਾ ਵਲੋਂ ਕੀਰਤਨ ਵੀ ਕੀਤਾ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਗਨੀ ਖਾਂ ਨਬੀ ਖਾਂ ਸਾਹਿਬ ਵਿਖੇ ਦਰਸ਼ਨ ਦੇਣ ਉਪਰੰਤ ਸ਼ਹਿਰ ਦੀ ਪ੍ਰਕਿਰਮਾ ਕਰਦਾ ਹੋਇਆ ਗੁਰੂ ਘਰ ਵਿਖੇ ਆ ਕੇ ਸਮਾਪਤ ਹੋਇਆ। ਇਸ ਮੌਕੇ ਸਰਕਲ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਬਲਜਿੰਦਰ ਸਿੰਘ ਤੂਰ, ਜਸਵੀਰ ਸਿੰਘ ਢਿੱਲੋਂ, ਬਾਬਾ ਮੋਹਣ ਸਿੰਘ, ਮੋਹਣ ਸਿੰਘ ਲੱਖੋਵਾਲ, ਗੁਰਨਾਮ ਸਿੰਘ ਖਾਲਸਾ, ਚਰਨਜੀਤ ਸਿੰਘ ਲੱਖੋਵਾਲ, ਕੇਵਲ ਸਿੰਘ ਕੱਦੋਂ, ਹਰਜਿੰਦਰ ਸਿੰਘ ਗਿੱਲ, ਬਲਜੀਤ ਸਿੰਘ ਬੁਰਜ, ਜਸਵੀਰ ਸਿੰਘ ਗਿੱਲ, ਸ਼ੇਰਾ ਖੁਰਾਣਾ, ਸਿਮਰਨਜੀਤ ਗੋਗੀਆ, ਰਮੇਸ਼ ਸਿੰਘ ਉਟਾਲਾਂ, ਜੋਗਿੰਦਰ ਸਿੰਘ ਪੱਪੀ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਕਥਾਵਾਚਕ ਇਕਨਾਮ ਸਿੰਘ, ਖਜਾਨਚੀ ਜਸਪਿੰਦਰ ਸਿੰਘ, ਸੁਖਦੇਵ ਸਿੰਘ ਅਕਾਊਂਟੈਂਟ ਆਦਿ ਵੀ ਮੌਜੂਦ ਸਨ।

### ਦੁਕਾਨਦਾਰਾਂ ਨੇ ਲਾਇਆ ਸੰਗਤਾਂ ਲਈ ਲੰਗਰ



ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਸਜਾਏ ਨਗਰ ਕੀਰਤਨ ਵਿਚ ਸ਼ਾਮਲ ਸੰਗਤ ਲਈ ਖਾਲਸਾ ਚੌਂਕ ਦੇ ਦੁਕਾਨਦਾਰਾਂ ਵਲੋਂ ਲੰਗਰ ਲਗਾਇਆ ਗਿਆ। ਇਸ ਮੌਕੇ ਗ੍ਰੰਥੀ ਸਿੰਘ ਵਲੋਂ ਅਰਦਾਸ ਕਰਨ ਉਪਰੰਤ ਚਾਹ ਦਾ ਲੰਗਰ ਵਰਤਾਇਆ ਗਿਆ। ਲੰਗਰ ਦੀ ਸੇਵਾ ਕਰਨ ਵਾਲਿਆਂ 'ਚ ਜਸਦੇਵ ਸਿੰਘ ਖਹਿਰਾ, ਵਜ਼ੀਰ ਚੰਦ, ਅਮਰਪਾਲ ਸਿੰਘ ਖਹਿਰਾ, ਜਗੀਰ ਸਿੰਘ, ਅਮਰਿੰਦਰ ਸਿੰਘ, ਬਲਦੇਵ ਸਿੰਘ, ਬਿੱਕਰ ਸਿੰਘ ਆਦਿ ਵੀ ਮੌਜੂਦ ਸਨ।

## ਪਟੇਲ ਕਾਲਜ ਵਿੱਚ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ

**ਰਾਜਪੁਰਾ (ਰਮੇਸ਼ ਕਟਾਰੀਆ)**- ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਦੀ ਸਮੁੱਚੀ ਮੈਨੇਜਮੈਂਟ, ਸਟਾਫ ਅਤੇ ਵਿਦਿਆਰਥੀਆਂ ਦੇ ਸਾਂਝੇ ਉੱਦਮ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਮੇਂ ਭਾਈ ਵਿਸ਼ਵਦੀਪ ਸਿੰਘ ਪਟਿਆਲਾ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਤੇ ਭਾਈ ਲਖਵੀਰ ਸਿੰਘ ਫਰੀਦਕੋਟ ਵਾਲਿਆਂ ਨੇ ਕਥਾ ਰਾਹੀਂ ਸੰਗਤ ਨੂੰ ਨਾਮ ਸਿਮਰਨ ਦੀਆਂ ਵਿਧੀਆਂ ਦੱਸ ਕੇ ਅਭਿਆਸ ਕਰਵਾਇਆ।ਸਮਾਗਮ ਵਿੱਚ ਸਮੁੱਚੀ ਮੈਨੇਜਮੈਂਟ ਨੇ ਹਾਜ਼ਰੀ ਭਰਦਿਆਂ ਆਈ ਸੰਗਤ ਨੂੰ ਇਹੋ ਜਿਹੇ ਸਮਾਗਮਾਂ ਵਿੱਚ ਸ਼ਿਰਕਤ ਕਰਨ ਲਈ ਪ੍ਰੇਰਿਤ ਕੀਤਾ।



## ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗੁਰਪੁਰਬ

**ਭੀਖੀ (ਗੁਰਿੰਦਰ ਸਿੰਘ ਔਲਖ)**- ਸਰਵਹਿੱਤਕਾਰੀ ਵਿੱਦਿਆ ਮੰਦਰ ਸੀ ਬੀ ਐਸ ਈ ਭੀਖੀ ਵਿਖੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਦਿਹਾੜਾ ਗੁਰਪੁਰਬ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਾਰੇ ਵਿਦਿਆਰਥੀਆਂ ਨੇ ਬੜੇ ਚਾਅ ਤੇ ਉਤਸ਼ਾਹ ਨਾਲ ਵਾਹਿਗੁਰੂ ਦਾ ਸਿਮਰਨ ਕੀਤਾ । ਵਿਦਿਆਰਥੀਆਂ ਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਨਾਲ ਸੰਬੰਧਤ ਸ਼ਬਦ ਸਤਿਗੁਰ ਨਾਨਕ ਪ੍ਰਗਟਿਆ ਗਾਇਨ ਕੀਤੇ ਗਏ। ਇਸ ਮੌਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਸਿੱਖਿਆਵਾਂ ਨਾਲ ਸੰਬੰਧਿਤ ਬੱਚਿਆਂ ਦੇ ਪ੍ਰਸ਼ਨਮੰਚ, ਨਿਬੰਧ - ਲੇਖਣ ਆਦਿ ਮੁਕਾਬਲੇ ਕਰਵਾਏ ਗਏ। ਸ਼ਿਸ਼ੂ ਵਾਟਿਕਾ ਦੇ ਬੱਚੇ ਗੁਰਦੁਆਰਾ ਪਾਤਸ਼ਾਹੀ ਨੌਵੀਂ ਭੀਖੀ ਵਿਖੇ ਨਤਮਸਤਕ ਵੀ ਹੋਏ ਅਤੇ ਆਦਰ ਸਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ । ਸਕੂਲ ਦੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਬੱਚਿਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਦੱਸਿਆ ਕਿ ਕਿਸ ਤਰ੍ਹਾਂ ਗੁਰੂ ਜੀ ਨੇ ਕਲਯੁਗ 'ਚ ਅਵਤਾਰ ਧਾਰ ਕੇ ਭੁੱਲੇ ਭਟਕੇ ਲੋਕਾਂ ਨੂੰ ਹੱਕ - ਸੱਚ ਦੇ ਰਾਹ ਪਾਇਆ।



## 'ਭਾਰਤ ਨੂੰ ਜਾਣੋ' ਮੁਕਾਬਲਾ ਕਰਾਇਆ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** ਭਾਰਤ ਵਿਕਾਸ ਪ੍ਰੀਸ਼ਦ ਦੁਆਰਾ ਆਯੋਜਤ 'ਭਾਰਤ ਨੂੰ ਜਾਣੋ' ਮੁਕਾਬਲਾ ਜੇ ਕੇ ਐੱਸ ਪਬਲਿਕ ਸਕੂਲ ਵਿਖੇ ਬਹੁਤ ਉਤਸ਼ਾਹ ਤੇ ਜੋਸ਼ ਨਾਲ ਆਯੋਜਤ ਕੀਤਾ ਗਿਆ, ਜਿੱਥੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਹਿੱਸਾ ਲਿਆ।ਇਹ ਮੁਕਾਬਲਾ ਦੋ ਸ਼੍ਰੇਣੀਆਂ ਵਿੱਚ ਆਯੋਜਤ ਕੀਤਾ ਗਿਆ ਸੀ ਜੂਨੀਅਰ ਅਤੇ ਸੀਨੀਅਰ।ਜੂਨੀਅਰ ਸ਼੍ਰੇਣੀ ਵਿੱਚ ਅੱਠਵੀਂ ਜਮਾਤ ਦੇ ਪ੍ਰੀਤ ਸੋਢੀ ਨੇ ਪਹਿਲਾ ਸਥਾਨ, ਜਦਕਿ ਸੱਤਵੀਂ ਜਮਾਤ ਦੀ ਪੰਖੁੜੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਸ਼੍ਰੇਣੀ ਵਿੱਚ ਨੌਵੀਂ ਜਮਾਤ ਦੀ ਏਕਮਦੀਪ ਕੌਰ ਨੇ ਪਹਿਲਾ ਸਥਾਨ ਅਤੇ ਦਸਵੀਂ ਜਮਾਤ ਦੇ ਸ਼ਿਵਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਹ ਮੁਕਾਬਲਾ ਸ਼ਮਾ ਅਰੋੜਾ, ਕੁਲਵਿੰਦਰ ਕੌਰ, ਗਗਨਦੀਪ ਕੌਰ ਤੇ ਮੋਨਿਕਾ ਰਾਣੀ ਦੁਆਰਾ ਸਫਲਤਾਪੂਰਵਕ ਸੰਚਾਲਿਤ ਕੀਤਾ ਗਿਆ।ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਮੀਨੂੰ ਮੋਂਗਾ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਦੇਸ਼ ਭਗਤੀ, ਗਿਆਨ ਅਤੇ ਜਾਗਰੂਕਤਾ ਦੀ ਭਾਵਨਾ ਨੂੰ ਮਜਬੂਤ ਕਰਦੇ ਹਨ।ਉਨ੍ਹਾਂ ਭਵਿੱਖ ਵਿੱਚ ਵੀ ਅਜਿਹੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਕਰਾਉਣ ਦੀ ਤਾਕੀਦ ਕੀਤੀ।

# ਡਾ. ਕੰਵਲਦੀਪ ਸਿੰਘ ਬਰਾੜ ਦੀ ਯਾਦ 'ਚ ਓਪਨ ਲਾਇਬ੍ਰੇਰੀ ਦਾ ਉਦਘਾਟਨ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**- ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਫ਼ਰੀਦਕੋਟ ਵਿਖੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਦੀ ਯੋਗ ਰਹਿਨੁਮਾਈ ਹੇਠ ਓਲਡ ਸਟੂਡੈਂਟਸ ਐਸੋਸੀਏਸ਼ਨ ਵੱਲੋਂ ਡਾ. ਕੰਵਲਦੀਪ ਸਿੰਘ ਬਰਾੜ ਦੀ ਨਿੱਘੀ ਯਾਦ ਵਿੱਚ ਉਹਨਾਂ ਦੀ ਹਮਸਫ਼ਰ ਸ਼੍ਰੀਮਤੀ ਕਿਰਨਦੀਪ ਕੌਰ ਨੇ ਲਾਇਨਜ਼ ਕਲੱਬ ਫ਼ਰੀਦਕੋਟ (ਵਿਸ਼ਾਲ) ਦੇ ਸਹਿਯੋਗ ਨਾਲ ਇੱਕ ਓਪਨ ਲਾਇਬ੍ਰੇਰੀ ਦਾ ਉਦਘਾਟਨ ਕੀਤਾ । ਇਸ ਓਪਨ ਲਾਇਬ੍ਰੇਰੀ ਲਈ ਲਾਇਨਜ਼ ਕਲੱਬ ਫ਼ਰੀਦਕੋਟ (ਵਿਸ਼ਾਲ) ਵੱਲੋਂ ਇੱਕ ਅਲਮਾਰੀ ਭੇਟ ਕੀਤੀ । ਕਾਲਜ ਵੱਲੋਂ ਓ.ਐੱਸ.ਏ. ਦੇ ਕਮੇਟੀ ਅਹੁਦੇਦਾਰਾਂ ਡਾ. ਰੁਪਿੰਦਰਜੀਤ ਕੌਰ ਅਤੇ ਪ੍ਰੋ.ਬੀਰਇੰਦਰਜੀਤ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦੌਰਾਨ ਡਾ. ਕੰਵਲਦੀਪ ਸਿੰਘ ਦੀ ਨਿੱਘੀ ਯਾਦ ਨੂੰ ਸਮਰਪਿਤ ਡਾ. ਸੰਦੀਪ ਸਿੰਘ ਘੰਡ ਦੀ ਲਿਖੀ ਹੋਈ ਪੁਸਤਕ 'ਜ਼ਿੰਦਗੀ ਦਾ ਆਨੰਦ ਕਿਵੇਂ ਮਾਣੀਏ ?' ਲੋਕ ਅਰਪਣ ਕੀਤੀ ਗਈ। ਓ.ਐੱਸ.ਏ. ਦੇ ਪ੍ਰਧਾਨ ਪ੍ਰਿੰਸੀਪਲ ਡਾ.ਪਰਮਿੰਦਰ ਸਿੰਘ ਨੇ ਸਭ ਨੂੰ ਜੀ ਆਇਆਂ ਕਿਹਾ। ਲਾਇਨਜ਼ ਕਲੱਬ ਫ਼ਰੀਦਕੋਟ (ਵਿਸ਼ਾਲ) ਦੇ ਪ੍ਰਧਾਨ ਅਮਰਦੀਪ ਸਿੰਘ, ਪ੍ਰਿੰਸੀਪਲ ਡਾ. ਸੁਖਚੈਨ ਸਿੰਘ ਬਰਾੜ ਤੇ ਪ੍ਰੋ. ਕਰਮਜੀਤ ਸਿੰਘ ਨੇ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਅੰਤ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਸਭ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਲਾਇਨ ਗੁਰਵਿੰਦਰ ਸਿੰਘ ਧਿੰਗੜਾ ਨੇ ਬਾਖੂਬੀ ਨਿਭਾਈ। ਇਸ ਮੌਕੇ ਡਾ. ਨਿਰਮਲ ਕੌਸ਼ਿਕ, ਪ੍ਰਿੰ. ਸੁਰੇਸ਼ ਅਰੋੜਾ, ਰਾਧਾ ਕ੍ਰਿਸ਼ਨ, ਡਾ.ਜੁਗਰਾਜ ਸਿੰਘ, ਬਲਦੇਵ ਤੇਰੀਆ, ਵਿਨੋਦ ਮਿੱਤਰ, ਹਰਿੰਦਰ ਦੂਆ, ਸਵਰਨਜੀਤ ਸਿੰਘ ਗਿੱਲ, ਵਿਸ਼ਵਜੀਤ ਸਿੰਘ ਡੇਜੀ, ਸੰਤੋਖ ਸਿੰਘ, ਡਾ. ਕੁਲਦੀਪ ਕੌਰ ਤੋਂ ਇਲਾਵਾ ਕਾਲਜ ਦੇ ਸਟਾਫ਼ ਵਿੱਚੋਂ ਮੰਜੂ ਕਪੂਰ, ਪ੍ਰੋ. ਰਣਜੀਤ ਸਿੰਘ, ਡਾ. ਰੁਪਿੰਦਰਜੀਤ ਕੌਰ, ਪ੍ਰੋ.ਬੀਰਇੰਦਰਜੀਤ ਸਿੰਘ, ਪ੍ਰੋ. ਜਸਬੀਰ ਕੌਰ, ਪ੍ਰੋ. ਸੁਖਪਾਲ ਕੌਰ, ਪ੍ਰੋ. ਫ਼ੈਨੀ ਚਾਵਲਾ, ਪ੍ਰੋ. ਸੁਖਵਿੰਦਰ ਕੌਰ, ਪ੍ਰੋ. ਕਰਮਜੀਤ ਸਿੰਘ, ਪ੍ਰੋ. ਮਨਵਿੰਦਰ ਕੌਰ, ਪ੍ਰੋ. ਰਿਮੀ ਅਤੇ ਵਿਦਿਆਰਥੀ ਹਾਜ਼ਰ ਸਨ।



# ਐਸ ਬੀ ਐਸ ਸਿੰਘ ਕਾਲਜ ਕਾਲਾਂਵਾਲੀ ਦੇ ਵਿਦਿਆਰਥੀਆਂ ਨੂੰ ਵੰਡੀਆਂ ਟੀ ਐੱਲ ਐੱਮ ਕਿੱਟਾਂ



**ਸਿਰਸਾ (ਸੁਰਿੰਦਰ ਪਾਲ ਸਿੰਘ)**- ਸ਼ਹੀਦ ਭਗਤ ਸਿੰਘ ਆਈ.ਟੀ.ਓ.ਟੀ. (ਸੀ.ਆਈ.ਟੀ. ਐਸ.) ਕਾਲਾਂਵਾਲੀ ਵਿਖੇ ਵਿਦਿਆਰਥੀਆਂ ਲਈ ਟੀਚਿੰਗ ਲਰਨਿੰਗ ਮਟੀਰੀਅਲ (ਟੀ.ਐਲ.ਐਮ.) ਕਿੱਟ ਵੰਡ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਬੈਚ 25 ਅਤੇ 26 ਦੇ ਸਾਰੇ ਵਿਦਿਆਰਥੀਆਂ ਨੇ ਸੰਸਥਾ ਤੋਂ ਪ੍ਰੈਕਟੀਕਲ, ਲੈਸਨ ਫਾਈਲਾਂ, ਡੈਮੋ ਫਾਈਲਾਂ ਅਤੇ ਕਾਲਜ ਵਰਦੀਆਂ ਮੁਫ਼ਤ ਪ੍ਰਾਪਤ ਕੀਤੀਆਂ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸੰਸਥਾ ਦੇ ਡਾਇਰੈਕਟਰ ਅਸ਼ੋਕ ਕੁਮਾਰ ਸਿੰਗਲਾ ਨੇ ਕਿਹਾ ਕਿ ਇਹ ਕਿੱਟਾਂ ਵਿਦਿਆਰਥੀਆਂ ਨੂੰ ਆਪਣੇ ਵਿਸ਼ੇ ਦੇ ਵਿਹਾਰਕ ਗਿਆਨ ਦੀ ਡੂੰਘੀ ਸਮਝ ਪ੍ਰਾਪਤ ਕਰਨ ਵਿੱਚ ਮਦਦ ਕਰਨਗੀਆਂ। ਉਨ੍ਹਾਂ ਕਿਹਾ ਕਿ ਅਧਿਆਪਨ ਸਮੱਗਰੀ ਦੀ ਸਹੀ ਵਰਤੋਂ ਹੀ ਸਿਖਿਆਰਥੀਆਂ ਨੂੰ ਇੱਕ ਕੁਸ਼ਲ ਟਰੇਨਰ ਬਣਾਉਂਦੀ ਹੈ। ਕਾਲਜ ਦੇ ਪ੍ਰਿੰਸੀਪਲ ਇੰਜੀਨੀਅਰ ਰਵਿੰਦਰ ਕੁਮਾਰ ਨੇ ਕਾਲਜ, ਵਿਦਿਆਰਥੀਆਂ ਅਤੇ ਡਾਇਰੈਕਟਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਪਹਿਲ ਵਿਦਿਆਰਥੀਆਂ ਦੇ ਸਿੱਖਣ ਦੇ ਅਨੁਭਵ ਨੂੰ ਹੋਰ ਵਧਾਏਗੀ। ਇਸ ਮੌਕੇ ਸੁਪਰਡੈਂਟ ਨਵਦੀਪ ਸਿੰਘ, ਇੰਸਟਰਕਟਰ ਰਾਕੇਸ਼, ਚੰਦਰਸ਼ੇਖਰ, ਸੁਨੀਲ ਬੈਨੀਵਾਲ, ਨਰਸੀ, ਰੇਣੂ, ਸੰਗੀਤਾ, ਨੇਹਾ, ਆਰਤੀ ਸ਼ਰਮਾ, ਮੀਨਾ, ਸਰਬਜੀਤ ਕੌਰ, ਪੁਸ਼ਪਾ ਅਤੇ ਅੰਕਿਤਾ ਸਮੇਤ ਸਾਰੇ ਸਟਾਫ਼ ਮੈਂਬਰ ਮੌਜੂਦ ਸਨ।

## ਸਰਵਹਿਤਕਾਰੀ ਵਿੱਦਿਆ ਮੰਦਰ 'ਚ ਮਨਾਇਆ ਗੁਰਪੁਰਬ

**ਜਗਰਾਉਂ (ਅਮਿਤ ਖੰਨਾ)**- ਸ਼੍ਰੀ ਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਸਕੂਲ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਦੀ ਖ਼ੁਸ਼ੀ ਵਿੱਚ ਜਪੁਜੀ ਸਾਹਿਬ ਦਾ ਪਾਠ ਕੀਤਾ ਗਿਆ ।ਉਪਰੰਤ ਪਾਠ ਦੀ ਅਰਦਾਸ ਕੀਤੀ ਗਈ ਅਤੇ ਫਿਰ ਬੱਚਿਆਂ ਨੂੰ ਦੱਸਿਆ ਗਿਆ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਸਿੱਖਾਂ ਦੇ ਪਹਿਲੇ ਗੁਰੂ ਹਨ। ਆਪ ਜੀ ਨੇ ਸਿੱਖ ਧਰਮ ਦੀ ਨੀਂਹ ਰੱਖੀ ਆਪ ਜੀ ਦਾ ਜਨਮ ਕੱਤਕ ਦੀ ਪੁੰਨਿਆਂ ਨੂੰ ਮਨਾਇਆ ਜਾਂਦਾ ਹੈ। ਆਪ ਬਚਪਨ ਤੋਂ ਹੀ ਪ੍ਰਭੂ ਭਗਤੀ ਵਿੱਚ ਲੀਨ ਰਹਿੰਦੇ ਸਨ ।ਆਪ ਨੇ ਸੰਸਾਰ ਨੂੰ ਕਿਰਤ ਕਰਨ, ਵੰਡ ਛਕਣ ਦਾ ਉਪਦੇਸ਼ ਦਿੱਤਾ ।ਸਕੂਲ ਦੇ ਪ੍ਰਿੰਸੀਪਲ ਸ੍ਰੀ ਮਤੀ ਨੀਲੂ ਨਰੂਲਾ ਨੇ ਬੱਚਿਆਂ ਅਤੇ ਸਾਰੇ ਸਟਾਫ ਨੂੰ ਗੁਰਪੁਰਬ ਦੀ ਵਧਾਈ ਦਿੱਤੀ ਤੇ ਇਸ ਤਿਉਹਾਰ ਨੂੰ ਪਵਿੱਤਰਤਾ ਨਾਲ ਮਨਾਉਣ ਲਈ ਪ੍ਰੇਰਿਤ ਕੀਤਾ ।ਅੰਤ ਵਿੱਚ ਬੱਚਿਆਂ ਨੂੰ ਕੜਾਹ ਪ੍ਰਸ਼ਾਦ ਵੰਡ ਕੇ ਪਾਠ ਸੰਪੂਰਨ ਕੀਤਾ ਗਿਆ।



## ...ਸਫ਼ਾ 1 ਦੇ ਬਾਕੀ

### ਮਾਨ ਵੱਲੋਂ ਸ਼ਾਹਪੁਰ ਕੰਢੀ...

ਜਿਸ ਨਾਲ ਮਾਝੇ ਇਲਾਕੇ ਦੇ ਪਠਾਨਕੋਟ, ਗੁਰਦਾਸਪੁਰ ਅਤੇ ਅੰਮ੍ਰਿਤਸਰ ਸਮੇਤ ਹੋਰ ਜ਼ਿਲ੍ਹਿਆਂ ਦੇ ਖੇਤਾਂ ਵਿੱਚ ਪਾਣੀ ਪਹੁੰਚੇਗਾ। ਇਸ ਪ੍ਰਾਜੈਕਟ ਨਾਲ ਅਪਰ ਬਾਰੀ ਦੁਆਬ ਨਹਿਰ ਅਧੀਨ ਇਕ ਲੱਖ 18 ਹਜ਼ਾਰ ਹੈਕਟੇਅਰ ਰਕਬੇ ਲਈ ਹੁਣ ਨਿਰੰਤਰ ਸਿੰਚਾਈ ਸਹੂਲਤਾਂ ਮਿਲਣਗੀਆਂ।

ਉਨ੍ਹਾ ਦੱਸਿਆ ਕਿ ਸ਼ਾਹਪੁਰ ਕੰਢੀ ਡੈਮ ਦੇ ਉਪਰਲੇ ਪਾਸੇ ਇੱਕ ਝੀਲ ਬਣਾਈ ਗਈ ਹੈ, ਜਿਸ ਨੂੰ ਆਉਣ ਵਾਲੇ ਸਾਲਾਂ ਵਿੱਚ ਪੰਜਾਬ ਦੇ ਸਭ ਤੋਂ ਵੱਡੇ ਸੈਲਾਨੀ ਕੇਂਦਰ ਵਜੋਂ ਵਿਕਸਤ ਕੀਤਾ ਜਾਵੇਗਾ। ਇਸ ਡੈਮ ਨਾਲ ਪੰਜਾਬ, ਉਤਰੀ ਭਾਰਤ ਵਿੱਚ ਵਾਟਰ ਸਪੋਰਟਸ ਨੂੰ ਵੱਡਾ ਹੁਲਾਰਾ ਦੇਵੇਗਾ। ਸ਼ਾਹਪੁਰ ਕੰਢੀ ਡੈਮ, ਰਣਜੀਤ ਸਾਗਰ ਡੈਮ ਅਤੇ ਚਮਰੋੜ ਨੂੰ ਵਿਸ਼ਵ ਪੱਧਰੀ ਟੂਰਿਜ਼ਮ ਹੱਬ ਵਜੋਂ ਵਿਕਸਤ ਕੀਤਾ ਜਾਵੇਗਾ। ਮਾਨ ਨੇ ਕਿਹਾ ਕਿ ਕੁਝ ਕੰਪਨੀਆਂ ਇਨ੍ਹਾਂ ਡੈਮਾਂ ਵਿੱਚ ਟੂਰਿਜ਼ਮ ਪ੍ਰਾਜੈਕਟ ਲਾਉਣ ਲਈ ਤਿਆਰ ਹਨ, ਜਿਨ੍ਹਾਂ ਨਾਲ ਗੱਲਬਾਤ ਦਾ ਦੌਰ ਜਾਰੀ ਹੈ। ਵੱਡੀਆਂ ਕੰਪਨੀਆਂ ਇਸ ਇਲਾਕੇ ਦੀ ਖ਼ੂਬਸੂਰਤੀ ਤੋਂ ਬਹੁਤ ਆਕਰਸ਼ਿਤ ਹਨ, ਜਿਸ ਕਰਕੇ ਇੱਥੇ ਸੈਰ-ਸਪਾਟੇ ਨੂੰ ਉਤਸ਼ਾਹਤ ਕਰਨ ਦੀਆਂ ਬਹੁਤ ਵੱਡੀਆਂ ਸੰਭਾਵਨਾਵਾਂ ਹਨ। ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ, ਬਰਿੰਦਰ ਕੁਮਾਰ ਗੋਇਲ ਅਤੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਤੇ ਹੋਰ ਹਾਜ਼ਰ ਸਨ।

### ਚੋਣ ਕਮਿਸ਼ਨ...

ਜਵਾਬ ਵਿੱਚ ਕਮਿਸ਼ਨ ਨੇ ਕਿਹਾ, 'ਘਰ ਨੰਬਰ ਜ਼ੀਰੋ ਉਨ੍ਹਾਂ ਘਰਾਂ ਲਈ ਵੀ ਹੈ, ਜਿਨ੍ਹਾਂ ਨੂੰ ਪੰਚਾਇਤਾਂ ਅਤੇ ਨਗਰ ਪਾਲਿਕਾਵਾਂ ਨੇ ਘਰ ਨੰਬਰ ਨਹੀਂ ਦਿੱਤੇ ਹਨ। ਰਾਹੁਲ ਗਾਂਧੀ ਵੱਲੋਂ ਦਿਖਾਈ ਗਈ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਵੀਡੀਓ ਕਲਿੱਪ ਅਧੂਰੀ ਹੈ।' ਚੋਣ ਕਮਿਸ਼ਨ ਦੇ ਸੂਤਰਾਂ ਨੇ ਰਾਹੁਲ ਦੇ ਉਸ ਸੰਕੇਤ 'ਤੇ ਵੀ ਪ੍ਰਤੀਕਿਰਿਆ ਦਿੱਤੀ ਕਿ ਹੁਣ ਬਿਹਾਰ ਵਿੱਚ ਵੀ ਇਸੇ ਤਰ੍ਹਾਂ ਦੀ ਵੋਟ ਚੋਰੀ ਹੋ ਸਕਦੀ ਹੈ ਅਤੇ ਪੁੱਛਿਆ, 'ਬਿਹਾਰ ਵਿੱਚ ਐੱਸ ਆਈ ਆਰ ਦੌਰਾਨ 1 ਅਗਸਤ ਤੋਂ 15 ਅਕਤੂਬਰ ਤੱਕ ਕਾਂਗਰਸ ਵੱਲੋਂ ਕੋਈ ਅਪੀਲ ਕਿਉਂ ਨਹੀਂ ਦਾਇਰ ਕੀਤੀ ਗਈ ?

# ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



**ਬਾਘਾਪੁਰਾਣਾ (ਮਨੀ ਸਿੰਗਲਾ)**- ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿੱਚ ਪ੍ਰਿੰਸੀਪਲ ਜੀਨਮ ਮੈਡਮ ਅਤੇ ਮਨੋਜ ਕੁਮਾਰ ਦੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸ਼ੁਭ ਮੌਕੇ 'ਸ੍ਰੀ ਸੁਖਮਨੀ ਸਾਹਿਬ ਜੀ' ਦਾ ਪਾਠ ਕੀਤਾ ਗਿਆ ਜਿਸ ਵਿੱਚ ਸਕੂਲ ਦੇ ਅਧਿਆਪਕਾਂ, ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਪੂਰੇ ਸਕੂਲ ਦਾ ਮਾਹੌਲ ਗੁਰਬਾਣੀ ਦੇ ਮਿੱਠੇ ਸੁਰਾਂ ਨਾਲ ਗੂੰਜ ਉਠਿਆ, ਜਿਸ ਨਾਲ ਆਤਮਿਕ ਸ਼ਾਂਤੀ ਅਤੇ ਭਗਤੀ ਦਾ ਅਨੋਖਾ ਮਾਹੌਲ ਬਣ ਗਿਆ।ਸਮਾਗਮ ਦੀ ਸ਼ੁਰੂਆਤ ਗੁਰਬਾਣੀ ਪਾਠ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਪਦੇਸ਼ਾਂ ਅਤੇ ਉਨ੍ਹਾਂ ਦੇ ਤਿੰਨ ਮੂਲ ਸਿਧਾਂਤਾਂ — ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ — ਉੱਤੇ ਸੁੰਦਰ ਭਾਸ਼ਣ ਦਿੱਤੇ। ਕੁਝ ਵਿਦਿਆਰਥੀਆਂ ਨੇ ਗੁਰੂ ਜੀ ਦੀਆਂ ਸਿੱਖਿਆਵਾਂ 'ਤੇ ਆਧਾਰਿਤ ਕਵੀਸ਼ਰੀ ਤੇ ਸ਼ਬਦ ਗਾਇਨ ਪੇਸ਼ ਕਰਕੇ ਸਭ ਨੂੰ ਪ੍ਰੇਰਿਤ ਕੀਤਾ।ਪ੍ਰਿੰਸੀਪਲ ਜੀਨਮ ਮੈਡਮ ਨੇ ਆਪਣੇ ਪ੍ਰੇਰਕ ਵਿਚਾਰਾਂ ਵਿੱਚ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਸਾਨੂੰ ਸੱਚਾਈ, ਨਿਮਰਤਾ, ਸੇਵਾ ਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਸੀ। ਇਸ ਮੌਕੇ ਮਨੋਜ ਕੁਮਾਰ ਨੇ ਵੀ ਬੱਚਿਆਂ ਨੂੰ ਗੁਰੂ ਜੀ ਦੇ ਜੀਵਨ ਤੋਂ ਸਿੱਖਣ ਅਤੇ ਚੰਗੇ ਸੰਸਕਾਰਾਂ ਨੂੰ ਅਪਣਾਉਣ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਸਾਨੂੰ ਮਨੁੱਖਤਾ, ਸਮਾਨਤਾ ਤੇ ਸੇਵਾ ਦਾ ਰਾਹ ਦਿਖਾਉਂਦੀਆਂ ਹਨ।ਸਮਾਗਮ ਦੇ ਅੰਤ ਵਿੱਚ ਸਭ ਨੂੰ ਦੇਗ ਅਤੇ ਲੱਡੂਆਂ ਦਾ ਪ੍ਰਸਾਦ ਵੰਡਿਆ ਗਿਆ।

# ਮਾਤਾ ਮੁਖਤਿਆਰ ਕੌਰ ਨੂੰ ਸੀਨੀਅਰ ਅਕਾਲੀ ਆਗੂ ਭੂੰਦੜ ਸਮੇਤ ਹੋਰ ਆਗੂਆਂ ਵੱਲੋਂ ਸ਼ਰਧਾਂਜਲੀ

**ਮਾਨਸਾ (ਆਤਮਾ ਸਿੰਘ ਪਮਾਰ)**

ਬੀਤੇ ਦਿਨੀਂ ਦਰੀਆਪੁਰ ਦੇ ਸਾਬਕਾ ਸਰਪੰਚ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਮੀਤ ਪ੍ਰਧਾਨ ਮੇਜ਼ਰ ਸਿੰਘ ਗਿੱਲ ਦੇ ਮਾਤਾ ਜੀ ਮੁਖਤਿਆਰ ਕੌਰ ਸਾਬਕਾ ਸਰਪੰਚ ਦੀ ਅੰਤਿਮ ਅਰਦਾਸ ਮੌਕੇ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਸ. ਬਲਵਿੰਦਰ ਸਿੰਘ ਭੂੰਦੜ ਨੇ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ ਮਾਤਾ ਜੀ ਸੱਚਮੁੱਚ ਹੀ ਬਹੁਤ ਨੇਕ ਇਨਸਾਨ ਸਨ। ਜਿਨ੍ਹਾਂ ਨੇ ਆਪਣੇ ਬੱਚਿਆਂ ਨੂੰ ਉੱਚਪਾਏ ਦੀ ਤਾਲੀਮ ਦਿਵਾਈ ਅਤੇ ਬਤੌਰ ਸਰਪੰਚ ਨਗਰ ਦੀ ਸੇਵਾ ਕਰਦਿਆਂ ਅਨੇਕਾਂ, ਵਿਕਾਸ ਦੇ ਕੰਮ ਵੀ ਕਰਵਾਏ। ਉਨ੍ਹਾਂ ਇਹ ਵੀ ਕਿਹਾ ਕਿ ਮਾਤਾ ਦੀ ਯੋਗ ਅਗਵਾਈ ਸਦਕਾ ਗਿੱਲ ਪਰਿਵਾਰ ਅੱਜ ਇੱਕ ਚੰਗੇ ਮੁਕਾਮ 'ਤੇ ਪਹੁੰਚਿਆ ਹੋਇਆ ਹੈ। ਸ਼ਰਧਾਂਜਲੀ ਦੇਣ, ਅਤੇ ਹਾਜ਼ਰ ਹੋਣ ਵਾਲਿਆਂ 'ਚ ਗੁਰਮੇਲ ਸਿੰਘ ਫਫੜੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵ ਨਿਯੁਕਤ ਮੁੱਖ ਬੁਲਾਰੇ ਗੁਰਪ੍ਰੀਤ ਸਿੰਘ ਝੱਬਰ, ਸੁਖਦੇਵ ਸਿੰਘ ਦਿਆਲਪੁਰਾ, ਮਿੱਠੂ ਸਿੰਘ ਕਾਹਨੇਕੇ, ਬੱਲਮ ਸਿੰਘ ਕਲੀਪੁਰ, ਕਰਮਜੀਤ ਕੌਰ ਸਮਾਉ, ਗੁਰਦੀਪ ਸਿੰਘ ਟੋਡਰਪੁਰ, ਭੋਲਾ ਸਿੰਘ ਕਾਹਨਗੜ੍ਹ, ਹਰਮੇਲ ਸਿੰਘ ਕਲੀਪੁਰ, ਅਮਰਜੀਤ ਸਿੰਘ ਕੁਲਾਣਾ, ਸਿਕੰਦਰ ਸਿੰਘ ਘਰਾਂਗਣਾ, ਸੇਠੀ ਸਿੰਘ ਸਰਾਂ, ਸ਼ਾਮ ਲਾਲ ਧਲੇਵਾਂ, ਗਿਆਨ ਸਿੰਘ ਧਰਮਪੁਰਾ, ਕੁਲਵੰਤ ਸਿੰਘ ਮੈਨੇਜਰ, ਐਡਵੋਕੇਟ ਸਿਮਰਜੀਤ ਸਿੰਘ ਮਾਨਸ਼ਾਹੀਆ, ਜਗਰੂਪ ਸਿੰਘ ਭਾਰਤੀ, ਬਹਾਦਰ ਸਿੰਘ ਸਿੱਧੂ, ਸ਼ਮਸ਼ੇਰ ਸਿੰਘ ਸਰਾਓ, ਚਰਨਜੀਤ ਸਿੰਘ ਝੱਲਬੂਟੀ, ਰਾਜਦੀਪ ਸਿੰਘ ਬਰੇਟਾ, ਮਹਿੰਦਰ ਸਿੰਘ ਸੈਦੇਵਾਲਾ, ਗਿਆਨ ਸਿੰਘ ਗਿੱਲ, ਭੁਪਿੰਦਰ ਸਿੰਘ ਨੰਬਰਦਾਰ, ਹਰਦੇਵ ਸਿੰਘ ਬਾਦਲ, ਜਸਪਾਲ ਸਿੰਘ ਦਾਤੇਵਾਸ, ਧਨੰਤਰ ਸਿੰਘ ਸਿੱਧੂ, ਬਿੱਕਰ ਸਿੰਘ ਸਿੱਧੂ, ਹਾਕਮ ਸਿੰਘ ਜੱਸਲ, ਮੇਜਰ ਸਿੰਘ ਫੌਜੀ, ਗੁਰਮੇਲ ਸਿੰਘ ਅੱਕਾਂਵਾਲੀ ਆਦਿ ਸ਼ਾਮਿਲ ਸਨ। ਮੰਚ ਸੰਚਾਲਨ ਦੀ ਭੂਮਿਕਾ ਬਲਦੇਵ ਸਿੰਘ ਸਿਰਸੀਵਾਲਾ ਵੱਲੋਂ ਬਾਖੂਬੀ ਨਿਭਾਈ ਗਈ।



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## 16 ਦੀ ਧੂਰੀ ਰੈਲੀ 'ਚ ਤਰਨ ਤਾਰਨ ਜ਼ਿਲ੍ਹੇ 'ਚੋਂ ਵੱਡਾ ਕਾਫਲਾ ਰਵਾਨਾ ਹੋਵੇਗਾ : ਸਤਪਾਲ ਸ਼ਰਮਾ



**ਪੱਟੀ (ਬਲਦੇਵ ਸਿੰਘ ਸੰਧੂ)**

16 ਨਵੰਬਰ ਦੀ ਧੂਰੀ ਰੈਲੀ 'ਚ ਜ਼ਿਲ੍ਹਾ ਤਰਨਤਾਰਨ 'ਚੋਂ ਬਲਦੇਵ ਸਿੰਘ ਕੌਲਾ ਦੀ ਅਗਵਾਈ ਹੇਠ ਵੱਡਾ ਕਾਫ਼ਲਾ ਰਵਾਨਾ ਹੋਵੇਗਾ।ਪੈਨਸ਼ਨਰ ਐਂਡ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਰਜਿਸਟਰ ਨੰਬਰ ਟੀਟੀ 152 ਤਰਨ ਤਾਰਨ ਦੀ ਵਿਸ਼ਾਲ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਕੌਲਾ ਦੀ ਪ੍ਰਧਾਨਗੀ ਹੇਠ ਹੋਈ। ਪ੍ਰੈੱਸ ਨੋਟ ਜਾਰੀ ਕਰਦੇ ਹੋਏ ਜਨਰਲ ਸਕੱਤਰ ਸਤਪਾਲ ਸ਼ਰਮਾ ਨੇ ਕਿਹਾ ਕਿ ਪੰਜਾਬ ਦੀ ਨਿਕੰਮੀ ਅਤੇ ਪੈਨਸ਼ਨਰ ਅਤੇ ਮੁਲਾਜ਼ਮ ਵਿਰੋਧੀ ਸਰਕਾਰ ਨੂੰ ਸਬਕ ਸਿਖਾਉਣ ਲਈ 16 ਨਵੰਬਰ ਨੂੰ ਧੂਰੀ ਵੱਡੀ ਪੱਧਰ 'ਤੇ ਪੈਨਸ਼ਨਰ ਸ਼ਾਮਿਲ ਹੋਣਗੇ। ਪੰਜ ਗੱਡੀਆਂ ਧੂਰੀ ਨੂੰ ਜਾਣਗੀਆਂ। ਮੀਟਿੰਗ ਵਿੱਚ ਬਹੁਤ ਸਾਰੇ ਪੈਨਸ਼ਨਰ ਹਾਜ਼ਰ ਸਨ ਜਿਨ੍ਹਾਂ ਵਿੱਚ ਗੁਰਮੀਤ ਸਿੰਘ ਮਾਨ, ਕੁਲਦੀਪ ਸਿੰਘ ਪੱਟੀ, ਦੀਪ ਸਿੰਘ, ਸੁਖਵਿੰਦਰ ਸਿੰਘ, ਚਾਨਣ ਸਿੰਘ ਪੱਟੀ, ਗੰਗਾ ਸਿੰਘ, ਓਮ ਪ੍ਰਕਾਸ਼, ਬੀਰ ਮਸੀਹ, ਜਸਵੰਤ ਸਿੰਘ ਪਟਵਾਰੀ, ਦਰਸ਼ਨ ਸਿੰਘ ਲੈਕਚਰਾਰ, ਬਲਵਿੰਦਰ ਸਿੰਘ ਸਰਹਾਲੀ, ਸੁਖਦੇਵ ਸਿੰਘ ਮਰਹਾਣਾ, ਮਨਜੀਤ ਸਿੰਘ ਸੋਭਰਾ, ਜਸਵਿੰਦਰ ਸਿੰਘ ਸੋਭਰਾ, ਬਲਦੇਵ ਸਿੰਘ ਕੰਡਿਆਲਾ, ਗੁਰਪ੍ਰੀਤ ਸਿੰਘ, ਦਲੇਰ ਸਿੰਘ ਪਟਵਾਰੀ, ਸੁਰਿੰਦਰ ਸਿੰਘ, ਹਰਜਿੰਦਰ ਸਿੰਘ ਜੰਡ, ਕਸ਼ਮੀਰ ਸਿੰਘ ਭੁਰਜ, ਗੁਰਬਚਨ ਸਿੰਘ, ਰਜਿੰਦਰ ਸਿੰਘ ਕੱਕਾ, ਅਮਰਜੀਤ ਸਿੰਘ, ਪ੍ਰੀਤਮ ਸਿੰਘ, ਨਰਿੰਦਰ ਕੌਰ, ਬਚਿੱਤਰ ਸਿੰਘ, ਸਰਬਜੀਤ ਸਿੰਘ ਪੱਟੀ, ਬੁੱਧ ਸਿੰਘ, ਸੁੱਧਾ ਸਿੰਘ, ਕਮਲਜੀਤ ਸਿੰਘ, ਗੁਰਪ੍ਰੀਤ ਸਿੰਘ, ਨਿਰੰਕਾਰ ਕੌਰ, ਬਲਬੀਰ ਸਿੰਘ, ਸਕੱਤਰ ਸਿੰਘ, ਗੁਰਵਿੰਦਰ ਸਿੰਘ, ਰਾਜ ਸਿੰਘ ਅਤੇ ਹਰਬੰਸ ਸਿੰਘ ਹਾਜ਼ਰ ਹੋਏ।

## ਮੰਗਾਂ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਨੇ ਮੋਟਰਸਾਈਕਲ ਮਾਰਚ ਕੱਢਿਆ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**

ਸੰਯੁਕਤ ਕਿਸਾਨ ਮੋਰਚਾ ਨਾਲ ਸੰਬੰਧਿਤ ਕਿਸਾਨ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਨੂੰ ਕਿਸਾਨੀ ਮੰਗਾਂ ਨੂੰ ਲੈ ਕੇ ਮੰਗ ਪੱਤਰ ਦਿੱਤਾ ਗਿਆ ਜਿਸ ਵਿੱਚ ਬਿਜਲੀ ਬਿੱਲ 2025 ਵਾਪਸ ਲੈਣ ਅਤੇ ਕਿਸਾਨਾਂ ਨੂੰ ਡੀਏਪੀ ਖਾਦ ਮੁਹੱਈਆ ਕਰਵਾਉਣਾ,ਪਰਾਲੀ ਸਬੰਧੀ ਲੋੜੀਂਦੀ ਮਸ਼ੀਨਰੀ ਮੁਹੱਈਆ ਕਰਵਾਉਣੀ, ਕਿਸਾਨਾਂ ਨੂੰ ਤੰਗ ਕਰਨਾ ਬੰਦ ਕਰਨਾ, ਹੜ੍ਹ ਪ੍ਰਭਾਵਿਤ ਲੋਕਾਂ ਦੀਆਂ ਮੁਸ਼ਕਲਾਂ ਤੁਰੰਤ ਹੱਲ ਕਰਨਾ ਆਦਿ ਮੰਗਾਂ ਨੂੰ ਲੈ ਕੇ ਕਿਸਾਨ ਮੋਰਚੇ ਨੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ।ਇਸ ਤੋਂ ਬਾਅਦ ਕਿਸਾਨਾਂ ਵੱਲੋਂ ਤਰਨ ਤਾਰਨ ਵਿਧਾਨ ਸਭਾ ਹਲਕੇ ਵਿੱਚ ਸਰਕਾਰ ਵੱਲੋਂ ਸ਼ੂਗਰ ਮਿੱਲ ਸ਼ੇਰੋਂ ਨੂੰ ਵੇਚਣ ਦੇ ਵਿਰੁੱਧ ਮੋਟਰਸਾਈਕਲ ਮਾਰਚ ਕੀਤਾ ਗਿਆ। ਇਸਦੀ ਅਗਵਾਈ ਵਾਈ ਦਲਜੀਤ ਸਿੰਘ ਦਿਆਲਪੁਰ, ਭੁਪਿੰਦਰ ਸਿੰਘ ਪੰਡੋਰੀ ਤਖਤ ਮਲ, ਤਰਸੇਮ ਸਿੰਘ ਲੁਹਾਰ, ਦਯਾ ਸਿੰਘ ਦੀਨਪੁਰ, ਜੱਸਾ ਸਿੰਘ, ਨਛੱਤਰ ਸਿੰਘ ਮੁਗਲ ਚੱਕ, ਮਹਾਂਵੀਰ ਸਿੰਘ ਪੱਟੀ, ਕਾਰਜ ਸਿੰਘ ਕੈਰੋਂ, ਹਰਜਿੰਦਰ ਸਿੰਘ ਟਾਂਡਾ, ਮਨਜੀਤ ਸਿੰਘ ਨਿੱਜਰ, ਮੇਹਰ ਸਿੰਘ ਸਭੀਰਾ ਆਦਿ ਆਗੂਆਂ ਦੀ ਪ੍ਰਧਾਨਗੀ 'ਚ ਕੱਢਿਆ ਗਿਆ।ਇਸ ਮਾਰਚ ਵਿੱਚ ਸਰਕਾਰ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮ ਵਿਰੋਧੀ ਨੀਤੀਆਂ ਕਾਰਨ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਇਹ ਮਾਰਚ ਕਾਜ਼ੀਕੋਟ, ਨੂਰਦੀ, ਕੋਟਧਰਮ, ਠਰੂ, ਪੰਡੋਰੀਆਂ ਅਤੇ ਦੇਊਰਜੀ ਆਦਿ ਪਿੰਡਾਂ ਵਿੱਚ ਨਾਅਰੇਬਾਜ਼ੀ ਕਰਦਿਆਂ ਲੋਕਾਂ ਨੂੰ ਸਰਕਾਰੀ ਜਾਇਦਾਦਾਂ ਬਚਾਉਣ ਦਾ ਹੋਕਾ ਦਿੰਦਿਆਂ ਮੁਕੰਮਲ ਹੋਇਆ।ਨੇਤਾਵਾਂ ਨੇ ਦੱਸਿਆ ਕਿ ਇਹ ਮਾਰਚ ਮਿਥੇ ਪ੍ਰੋਗਰਾਮ ਅਨੁਸਾਰ ਅਗਲੇ ਦਿਨ ਵੀ ਜਾਰੀ ਰਹੇਗਾ।



## ਚੰਨੀ ਅਤੇ ਕਾਂਗਰਸ ਦੇ ਹੋਰ ਦਲਿਤ ਨੇਤਾ ਰਾਜਾ ਵੜਿੰਗ ਦੇ ਬਿਆਨ 'ਤੇ ਚੁੱਪ ਕਿਉਂ : ਹਰਦੀਪ ਗਿੱਲ

**ਜੰਡਿਆਲਾ ਗੁਰੂ, (ਹਰਿੰਦਰ ਪਾਲ ਸਿੰਘ)**

ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਨੇ ਮਜ਼ਬੀ ਸਿੱਖ ਤੇ ਵਾਲਮੀਕਿ ਭਾਈਚਾਰੇ ਨੂੰ ਬੇਇੱਜ਼ਤ ਕਰਨ ਦੇ ਮਕਸਦ ਨਾਲ ਸਵਰਗਵਾਸੀ ਸ. ਬੂਟਾ ਸਿੰਘ ਦੀ ਜਾਤੀ ਅਤੇ ਰੰਗ ਨੂੰ ਲੈ ਕੇ ਇਤਰਾਜ਼ਯੋਗ ਟਿੱਪਣੀਆਂ ਕੀਤੀਆਂ ਹਨ ਜਿਸ ਨੂੰ ਦਲਿਤ ਭਾਈਚਾਰਾ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ।ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿੱਲ ਨੇ ਕੀਤਾ।ਭਾਰਤੀ ਜਨਤਾ ਪਾਰਟੀ ਵੱਲੋਂ ਜੰਡਿਆਲਾ ਗੁਰੂ ਵਿਖੇ ਅਮਰਿੰਦਰ ਰਾਜਾ ਵੜਿੰਗ ਵੱਲੋਂ ਸਵਰਗੀ ਬੂਟਾ ਸਿੰਘ ਦੀ ਜਾਤੀ ਨੂੰ ਲੈ ਕੇ ਕੀਤੀ ਟਿੱਪਣੀ ਦੇ ਰੋਸ ਵਜੋਂ ਰਾਜਾ ਵੜਿੰਗ ਦਾ ਪੁਤਲਾ ਸਾੜਿਆ ਤੇ ਨਾਅਰੇਬਾਜ਼ੀ ਕੀਤੀ।ਉਨ੍ਹਾਂ ਕਿਹਾ ਕਿ ਕਾਂਗਰਸ ਵਿੱਚ ਬੈਠੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਣੇ ਕਾਂਗਰਸ ਦੇ ਹੋਰ ਆਗੂ ਤੇ ਮਜ਼ਬੀ ਸਿੱਖ ਭਾਈਚਾਰੇ ਦੇ ਲੀਡਰ ਮੂੰਹ ਵਿੱਚ ਘੁੰਗਣੀਆਂ ਪਾ ਕੇ ਆਪਣੇ ਭਾਈਚਾਰੇ ਦੀ ਇੱਜ਼ਤ ਤਾਰ ਤਾਰ ਹੁੰਦੀ ਦੇਖ ਰਹੇ ਹਨ।ਜੇਕਰ ਇਨ੍ਹਾਂ ਵਿੱਚ ਅਣਖ ਤੇ ਗੈਰਤ ਹੁੰਦੀ ਤਾਂ ਉਹ ਰਾਜਾ ਵੜਿੰਗ ਦੀ ਟਿੱਪਣੀ ਦਾ ਵਿਰੋਧ ਕਰਦੇ। ਉਨ੍ਹਾਂ ਸਮੁੱਚੇ ਦਲਿਤ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਰਾਜਾ ਵੜਿੰਗ ਸਮੇਤ ਸਮੁੱਚੀ ਕਾਂਗਰਸ ਦਾ ਬਾਈਕਾਟ ਕਰੇ। ਮਹਿਲਾਵਾਂ ਨੇ ਰਾਜਾ ਵੜਿੰਗ ਦਾ ਪੁਤਲਾ ਫੂਕ ਕੇ ਪਿੱਟ ਸਿਆਪਾ ਵੀ ਕੀਤਾ।ਇਸ ਮੌਕੇ ਸੁਖਵਿੰਦਰ ਕੌਰ ਵਡਾਲੀ ਸਰਕਲ ਪ੍ਰਧਾਨ, ਬਲਜਿੰਦਰ ਸਿੰਘ ਭੰਗਵਾਂ, ਬਲਦੇਵ ਸਿੰਘ, ਬਿੱਟੂ ਮੱਲਣਭਾਨਪੁਰਾ, ਰਮਨ ਕੁਮਾਰ, ਭਗਵੰਤ ਸਿੰਘ ਹੀਰਾ, ਜੈਮਲ ਸਿੰਘ ਨੰਗਲ ਗੁਰੂ, ਇੰਦਰ ਸਿੰਘ ਫੌਜੀ, ਬਲਜਿੰਦਰ ਸਿੰਘ ਰਸੂਲਪੁਰ, ਜਸਬੀਰ ਸਿੰਘ ਖਾਲਸਾ, ਸੁਖਵਿੰਦਰ ਸਿੰਘ ਤੁੰਗ, ਅਮਰਜੀਤ ਕੌਰ, ਸੁਰਜੀਤ ਸਿੰਘ, ਰਾਏਪੁਰ, ਨਿਸ਼ਾਨ ਸਿੰਘ, ਮਨਦੀਪ ਕੌਰ, ਬਲਜੀਤ ਕੌਰ, ਨਰਿੰਦਰ ਕੌਰ, ਮਨੋਹਰ ਸਿੰਘ, ਗੇਜਾ ਸਿੰਘ, ਹਰਪਾਲ ਸਿੰਘ, ਸੁਰਜੀਤ ਸਿੰਘ, ਬੱਬਾ ਰਾਏਪੁਰ, ਪ੍ਰਭ ਟਾਂਗਰਾ, ਗੁਰਮੀਤ ਕੌਰ, ਬਲਜੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।



## ਰਿਆੜਕੀ ਕਾਲਜ ਤੁਗਲਵਾਲਾ ਵਿਖੇ ਗਿਆਨੀ ਮੇਵਾ ਸਿੰਘ ਗੁਰਮਤਿ ਕੈਂਪ ਸਫਲਤਾਪੂਰਵਕ ਸੰਪੰਨ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਗੁਰਬਾਣੀ ਵਿਆਕਰਨ ਦੇ ਮਹਾਨ ਵਿਦਵਾਨ, ਗੁਰਮਤਿ ਪ੍ਰਚਾਰਕ, ਮੈਂਬਰ ਧਰਮ ਪ੍ਰਚਾਰ ਕਮੇਟੀ ਗਿਆਨੀ ਮੇਵਾ ਸਿੰਘ ਦੁਆਰਾ 1991 ਤੋਂ ਗੁਰਮਤਿ ਕੈਂਪਾਂ ਦੀ ਆਰੰਭੀ ਲੜੀ ਜੋ ਉਨ੍ਹਾਂ ਦੇ ਅਕਾਲ ਵਿੱਚ ਵਲੀਨ ਹੋਣ ਤੋਂ ਉਪਰੰਤ ਸੰਸਥਾ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਜਾਰੀ ਹੈ। ਇਸ ਵਾਰ ਦਾ ਗਿਆਨੀ ਮੇਵਾ ਸਿੰਘ ਯਾਦਗਾਰੀ ਗੁਰਮਤਿ ਕੈਂਪ ਵਿਦਿਆਰਥੀਆਂ ਦੁਆਰਾ ਖੰਡੇ ਬਾਟੇ ਦੀ ਪਾਹੁਲ ਛਕ ਕੇ ਅਮਿੱਟ ਛਾਪ ਛੱਡ ਗਿਆ। ਇਸ ਮੌਕੇ 71 ਵਿਦਿਆਰਥੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਛੇ ਦਿਨ ਚੱਲੇ ਸਮਾਗਮਾਂ ਵਿੱਚ ਪੰਜਾਬ ਭਰ ਤੋਂ ਵਿਦਵਾਨਾਂ ਨੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੇ ਦਿਲੋਂ ਮਨੋਂ, ਇਕਾਗਰਤਾ ਤੇ ਸ਼ਿੱਦਤ ਨਾਲ ਸ਼ਾਮਿਲ ਹੋ ਕੇ ਗੁਰਮਤਿ ਕੈਂਪ ਨੂੰ ਕਾਮਯਾਬ ਕੀਤਾ। ਇਸ ਮੌਕੇ ਪ੍ਰਿੰ. ਸਵਰਨ ਸਿੰਘ ਵਿਰਕ ਨੇ ਕਿਹਾ ਕਿ ਵਿਦਿਆਰਥੀਆਂ ਦੇ ਉੱਚੇ-ਸੁੱਚੇ ਕਿਰਦਾਰ, ਕੈਲੀਬਰ ਤੇ ਕਰੈਕਟਰ ਦੀ ਘਾੜਤ ਲਈ ਸੰਸਾਰੀ ਵਿਦਿਆ ਦੇ ਨਾਲ ਨਾਲ ਅਧਿਆਤਮਿਕ ਵਿੱਦਿਆ ਵੀ ਜ਼ਰੂਰੀ ਹੈ। ਕੈਂਪ ਦੇ ਆਖਰੀ ਦਿਨ 71 ਵਿਦਿਆਰਥਣਾਂ ਨੇ ਪੰਜ ਪਿਆਰੇ ਤਖਤ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਰਾਹੀਂ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੀਆਂ ਬਣੀਆਂ। ਕੈਂਪ ਦੌਰਾਨ ਸੰਸਥਾ ਵਿੱਚ ਵਿਦਿਆਰਥੀਆਂ ਨੇ ਚਿੱਤਰ ਪ੍ਰਦਰਸ਼ਨੀ, ਪੁਸਤਕ ਪ੍ਰਦਰਸ਼ਨੀ ਦਾ ਭਰਪੂਰ ਆਨੰਦ ਮਾਣਿਆ। ਵਿਦਿਆਰਥੀਆਂ ਦੁਆਰਾ ਹੱਥੀਂ ਤਿਆਰ ਕੀਤੇ ਕਾਰਡ, ਮੈਗਜ਼ੀਨ ਤੇ ਵਾਲ ਮੈਗਜ਼ੀਨ ਨੇ ਸੰਸਥਾ ਦੇ ਹਰ ਕੋਨੇ ਨੂੰ ਜੀਵੰਤ ਗੁਰਮਤਿ ਰੰਗ ਨਾਲ ਭਰ ਦਿੱਤਾ ਕਿਉਂਕਿ ਸੰਸਥਾ ਦਾ ਹਰੇਕ ਬੋਰਡ, ਥੰਮ ਤੇ ਕੰਧਾਂ ਇਹਨਾਂ ਰਾਹੀਂ ਇਤਿਹਾਸ ਦੀਆਂ ਮੂੰਹ ਬੋਲਦੀਆਂ ਤਸਵੀਰਾਂ ਪੇਸ਼ ਕਰ ਰਹੀਆਂ ਸਨ। ਕੈਂਪ ਦੀ ਸਮਾਪਤੀ ਤੋਂ ਬਾਅਦ ਕੈਂਪ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਣ ਵਾਲੇ ਵਿਦਿਆਰਥੀ, ਕਿਰਤੀ, ਕਲਾਤਮਕ ਉਨਤੀ ਵਾਲੇ, ਸਾਹਿਤਕ ਯੋਗਦਾਨ ਵਾਲੇ, ਸਫਲ ਸਿਰਜਨਾਵਾਂ ਵਾਲੇ ਤੇ ਹੋਰ ਅਨੇਕਾਂ ਖੇਤਰਾਂ ਵਿੱਚ ਉਪਲੱਬਧੀਆਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।

## 137 ਕਰੋੜ ਦੀ ਲਾਗਤ ਨਾਲ ਸੜਕਾਂ ਦਾ ਹੋਵੇਗਾ ਨਵੀਨੀਕਰਨ : ਹਰਜੋਤ ਬੈਂਸ

**ਨੰਗਲ (ਸੁਰਜੀਤ ਸਿੰਘ)**-ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ ਨੇ ਕਿਹਾ ਹੈ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਸੁਚਾਰੂ ਆਵਾਜਾਈ ਲਈ 137 ਕਰੋੜ ਰੁਪਏ ਦੀ ਲਾਗਤ ਨਾਲ 100 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਅਤੇ 18 ਫੁੱਟ ਚੋੜਾ ਕਰਨ ਦਾ ਕੰਮ ਜਲਦੀ ਮੁਕੰਮਲ ਹੋਵੇਗਾ। 100 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਪੁਲ ਆਮ ਲੋਕਾਂ ਨੂੰ ਸੁਚਾਰੂ ਆਵਾਜਾਈ ਦੇ ਨਾਲ ਨਾਲ ਪਿੰਡਾਂ ਦੇ ਸੰਪਰਕ ਦੀ ਸਹੂਲਤ ਸੁਖਾਲੀ ਕਰਨਗੇ।ਇਹ ਪ੍ਰਗਟਾਵਾ ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਜਿੰਦਵੜੀ ਵਿਖੇ ਧਾਰਮਿਕ ਸਮਾਗਮ ਮੌਕੇ ਜੁੜੀ ਸੰਗਤ ਨੂੰ ਸੰਬੋਧਨ ਕਰਦੇ ਹੋਏ ਕੀਤਾ। ਬੈਂਸ ਦੇ ਪਰਿਵਾਰ ਵੱਲੋਂ ਗੁਰਦੁਆਰਾ ਸ਼ਹੀਦਾਂ ਸਿੰਘਾਂ ਸਾਹਿਬ, ਪਿੰਡ ਜਿੰਦਵੜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦਾ ਪਵਿੱਤਰ ਸਮਾਗਮ ਆਯੋਜਿਤ ਕੀਤਾ ਗਿਆ ਸੀ। ਜਿੱਥੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ 3 ਨਵੰਬਰ ਨੂੰ ਕਰਵਾਈ ਗਈ ਅਤੇ 5 ਨਵੰਬਰ ਨੂੰ ਭੋਗ ਪਾਏ ਗਏ। ਇਸ ਮੌਕੇ ਆਯੋਜਿਤ ਕੀਰਤਨ ਦਰਬਾਰ ਵਿੱਚ ਬੈਂਸ ਸਮੇਤ ਵੱਡੀ ਗਿਣਤੀ ਵਿਚ ਇਲਾਕਾ ਵਾਸੀਆ ਨੇ ਹਾਜਰੀ ਲਗਵਾਈ।ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਇਸ ਉਪਰੰਤ ਸੰਗਤਾਂ ਨੂੰ ਸੰਬੋਧਨ ਕਰਦੇ ਕਿਹਾ ਕਿ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਰੋਹ ਸ੍ਰੀ ਅਨੰਦਪੁਰ ਸਾਹਿਬ ਵਿੱਚ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਕਰਵਾਏ ਜਾ ਰਹੇ ਹਨ। ਇਹ ਉਹ ਪਵਿੱਤਰ ਧਰਤੀ ਹੈ ਜਿਹੜੀ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਵਸਾਈ ਸੀ। ਉਨ੍ਹਾਂ ਦੱਸਿਆ ਕਿ ਹਰ ਜ਼ਿਲ੍ਹੇ ਵਿੱਚ ਰੌਸ਼ਨੀ ਤੇ ਆਵਾਜ਼ ਦੇ ਸ਼ੋਅ ਕਰਵਾਏ ਜਾ ਰਹੇ ਹਨ, ਸਾਡੇ ਹਲਕੇ ਵਿੱਚ ਚਰਨ ਗੰਗਾ ਸਟੇਡੀਅਮ ਵਿੱਚ 20 ਨਵੰਬਰ ਨੂੰ ਸ਼ਾਮ 6 ਵਜੇ ਇਹ ਸ਼ੋਅ ਦਿਖਾਇਆ ਜਾਵੇਗਾ, ਜਿਸ ਵਿਚ ਸੰਗਤਾਂ ਹੁੰਮ ਹੁਮਾ ਕੇ ਪਹੁੰਚਣ।ਇਸ ਸਮਾਗਮ ਦੌਰਾਨ ਜਿੰਦਵੜੀ, ਸੈਣੀਮਜਾਰਾ, ਖਾਨਪੁਰ ਅਤੇ ਜਿੰਦਵੜੀ ਅੱਪਰ ਦੀ ਸੰਗਤ ਦੇ ਸਹਿਯੋਗ ਨਾਲ ਸੇਵਾ ਭਾਵ ਨਾਲ ਲੰਗਰ ਲਗਾਇਆ ਗਿਆ।

## ਰਾਜਾ ਵੜਿੰਗ ਨੇ ਐੱਸਸੀ/ਬੀਸੀ ਭਾਈਚਾਰੇ ਦਾ ਘੋਰ ਅਪਮਾਨ ਕੀਤਾ : ਜੇ ਪੀ ਸਿੰਘ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਧਾਰੀਵਾਲ ਇੰਜੀਨੀਅਰ ਜੇ. ਪੀ. ਸਿੰਘ ਨੇ ਕਿਹਾ ਕਿ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਵੱਲੋਂ ਕਾਂਗਰਸ ਪਾਰਟੀ ਦੇ ਆਗੂ ਤੇ ਦੇਸ਼ ਦੇ ਗ੍ਰਹਿ ਮੰਤਰੀ ਰਹਿ ਚੁੱਕੇ ਮਰਹੂਮ ਸਰਦਾਰ ਬੂਟਾ ਸਿੰਘ ਬਾਰੇ ਬਹੁਤ ਹੀ ਮਾੜੀ ਟਿੱਪਣੀ ਕਰਨਾ ਅਤਿ ਨਿੰਦਣਯੋਗ ਹੈ, ਜਿਸ ਵਿੱਚ ਸਰਦਾਰ ਬੂਟਾ ਸਿੰਘ ਨੂੰ ਪੱਠੇ ਪਾਉਣ ਵਾਲਾ, ਕਾਲੇ ਰੰਗ ਦਾ ਮਜ਼ਬੀ ਸਿੱਖ ਕਹਿ ਕੇ ਸੰਬੋਧਨ ਕਰਦੇ ਹੋਏ ਰਾਜਾ ਵੜਿੰਗ ਨੇ ਕਿਹਾ ਕਿ ਅਸੀਂ ਉਸ ਨੂੰ ਦੇਸ਼ ਦਾ ਗ੍ਰਹਿ ਮੰਤਰੀ ਬਣਾਇਆ। ਇੰਜੀ. ਜੇ. ਪੀ. ਸਿੰਘ ਨੇ ਕਿਹਾ ਕਿ ਰਾਜਾ ਵੜਿੰਗ ਦੇ ਇਸ ਬਿਆਨ ਨਾਲ ਕਾਂਗਰਸ ਪਾਰਟੀ ਦਾ ਐੱਸਸੀ/ਬੀਸੀ ਭਾਈਚਾਰੇ ਪ੍ਰਤੀ ਚਿਹਰਾ ਬੇਨਕਾਬ ਹੋਇਆ, ਜਿਸ ਦਾ ਭਾਰੀ ਰੋਸ ਪੂਰੇ ਐੱਸਸੀ/ਬੀਸੀ ਭਾਈਚਾਰੇ ਵਿੱਚ ਪਾਇਆ ਜਾ ਰਿਹਾ। ਉਨ੍ਹਾਂ ਨੇ ਦੇਸ਼ ਦੇ ਪ੍ਰਧਾਨ ਮੰਤਰੀ ਤੋਂ ਰਾਜਾ ਵੜਿੰਗ ਦੀ ਐੱਮਪੀ ਮੈਂਬਰਸ਼ਿਪ ਰੱਦ ਕਰਨ ਦੀ ਬੇਨਤੀ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਨੇ ਸਾਰਿਆਂ ਨੂੰ ਬਰਾਬਰ ਦੇ ਅਧਿਕਾਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਜਿਹੀ ਘਟੀਆ ਸੋਚ ਵਾਲੇ ਜੋ ਸਮਾਜ ਵਿੱਚ ਭੇਦ ਭਾਵ ਰੱਖਦੇ ਹਨ, ਉਨ੍ਹਾਂ ਨੂੰ ਕਿਸੇ ਉੱਚ ਅਹੁਦਿਆਂ 'ਤੇ ਰਹਿਣ ਦਾ ਕੋਈ ਅਧਿਕਾਰ ਨਹੀਂ ਹੈ।



## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਸਭਾ-ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਨਗਰ ਕੀਰਤਨ ਸਜਾਇਆ ਗਿਆ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੁਨਹਿਰੀ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕਰਦਿਆਂ ਸ਼ਰਧਾ ਦਾ ਪ੍ਰਗਟਾਵਾ ਕੀਤਾ ਅਤੇ ਸਕੂਲੀ ਬੱਚਿਆਂ, ਬੈਂਡ ਪਾਰਟੀਆਂ, ਸ਼ਬਦ ਚੌਂਕੀ ਜਥੇ ਤੇ ਗਤਕਾ ਪਾਰਟੀਆਂ ਨੇ ਪੂਰੇ ਉਤਸ਼ਾਹ ਨਾਲ ਨਗਰ ਕੀਰਤਨ ਵਿਚ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦੇ ਰਸਤੇ ਵਿਚ ਸੰਗਤਾਂ ਵੱਲੋਂ ਜਲ ਪਾਣੀ ਅਤੇ ਲੰਗਰਾਂ ਰਾਹੀਂ ਸੇਵਾ ਕੀਤੀ ਗਈ।

## ਮਾਤਾ ਸਲਾਣੀ ਦੀਆਂ ਪ੍ਰਭਾਤ ਫੇਰੀਆਂ ਸ਼ਰਧਾ ਨਾਲ ਸਮਾਪਤ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਜੈ ਮਾਤਾ ਸਲਾਣੀ ਜੀ ਦੀਆਂ ਸਲਾਨਾ ਸ਼ਾਮ ਦੀਆਂ ਪ੍ਰਭਾਤ ਫੇਰੀਆਂ ਅਤੇ (ਤੁਲਿਆ-ਬੇੜਿਆ) ਦੀ ਰਸਮ ਬਹੁਤ ਹੀ ਧਰਧਾ ਭਾਵਨਾਵਾਂ ਨਾਲ ਸਮਾਪਤ ਹੋਈ। ਪਿੰਡ ਸੁੰਨੜ ਕਲਾਂ ਦੇ ਮਾਤਾ ਸਲਾਣੀ ਜੀ ਦੀਆਂ 31 ਨਵੰਬਰ ਤੋਂ 5 ਨਵੰਬਰ ਤੜਕੇ 4 ਵਜੇ ਤੱਕ, ਸ਼ਾਮ ਦੀਆਂ ਪ੍ਰਭਾਤ ਫੇਰੀਆਂ, ਜੈ ਮਾਤਾ ਸਲਾਣੀ ਧਰਮਸ਼ਾਲਾ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਪਵਿੱਤਰ ਸਿੰਘ ਗੁਲਾਬਕੇ ਦੀ ਪ੍ਰਧਾਨਗੀ ਹੇਠ ਲਗਾਤਾਰ ਸ਼ਾਮ ਦੀਆਂ ਪ੍ਰਭਾਤ ਫੇਰੀਆਂ ਲੜਕੀਆਂ ਵਲੋਂ 31ਅਕਤੂਬਰ ਤੋ ਅਰੰਭ ਕੀਤੀਆਂ ਗਈਆਂ ਜਿਸ ਦੋਰਾਨ ਲੜਕੀਆਂ ਵਲੋਂ ਦੀਵੇ ਜਗਾ ਕੇ ਪਿੰਡ ਦੀ ਪ੍ਰਕਰਮਾ ਕਰਦੀਆਂ ਹੋਈਆਂ ਮਾਤਾ ਦੀਆਂ ਭੇਟਾਂ ਗਾਉਂਦੀਆਂ ਹੋਈਆਂ, ਜੈਕਾਰੇ ਲਾਉਂਦੀਆ ਹੋਈਆਂ ਹਰ ਰੋਜ਼ ਮੰਦਿਰ ਤੇ ਦੀਪਮਾਲਾ ਕਰਦੀਆਂ। 4 ਨਵੰਬਰ ਦੀ ਸ਼ਾਮ ਦੀ ਪ੍ਰਭਾਤ ਫੇਰੀ ਦੋਰਾਨ ਚੇਅਰਮੈਨ ਪਵਿੱਤਰ ਸਿੰਘ ਗੁਲਾਬਕੇ, ਪ੍ਰਧਾਨ ਰਾਜੀਵ ਜੋਸ਼ੀ, ਖਜਾਨਚੀ ਕੁਲਵਿੰਦਰ ਸਿੰਘ ਜਵਾਹਰਕੇ, ਅਮਰਜੀਤ ਸਿੰਘ ਮੰਗਾ ਲੰਬੜਦਾਰ, ਜਨ-ਸਕੱਤਰ ਤੇ ਸੀਨੀਅਰ ਪੱਤਰਕਾਰ ਅਵਤਾਰ ਚੰਦ, ਲਖਵੀਰ ਸਿੰਘ ਬੱਬੂ ਲੰਬੜਦਾਰ, ਤਾਰਨੀ, ਮੌਂਟੀ ਅਤੇ ਬਾਲ ਕ੍ਰਿਸ਼ਨ ਬਾਲੀ ਵਲੋ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਦੀਵੇ ਜਗਾਉਣ ਵਾਲੀਆਂ ਲੜਕੀਆਂ ਨੂੰ ਸਨਮਾਨਤ ਕੀਤਾ ਗਿਆ। ਉਪਰੰਤ ਲੜਕੀਆਂ ਵਲੋਂ 5 ਨਵੰਬਰ ਰਾਤ ਨੂੰ 12-30 ਵਜੇ ਇੱਕ ਸੋ ਇੱਕ ਦੀਵੇ ਜਗਾ ਕੇ ਅਤੇ ( ਤੁਲੇ-ਛੋਟੇ) ਬੇੜੇ ਬਣਾ ਕੇ ਮੰਦਿਰ ਦੇ ਨਜ਼ਦੀਕ ਬਣੇ ਸਰੋਵਰ ਵਿੱਚ ਤਾਰੇ ਗਏ । ਮਾਤਾ ਸਲਾਣੀ ਜੀ ਦੇ ਮੰਦਿਰ ਤੇ ਅਤੇ ਸਰੋਵਰ ਤੇ ਖ਼ੁਆਜਾ ਪੀਰ ਦੇ ਅੱਗੇ ਪਿੰਡ ਵਾਸੀਆਂ ਦੀ,ਐਨ ਆਰ ਆਈਜ਼ ਵੀਰਾ ਭੈਣਾਂ ਭਰਾਵਾਂ ਦੀ ਆਈਆਂ ਸੰਗਤਾਂ ਦੀ ਸੁੱਖ ਸ਼ਾਂਤੀ ਲਈ ਅਰਦਾਸ ਕੀਤੀ ਗਈ। ਇਸ ਮੋਕੇ ਬਿੱਟੂ ਖੋਸਲਾ ਪ੍ਰੀਵਾਰ ਵਲੋਂ ਅਤੇ ਮੌਂਟੀ ਤੇ ਤਾਰਨੀ ਜਵਾਹਰਕੇ ਪ੍ਰੀਵਾਰ ਵਲੋਂ ਰਾਤ ਅਤੇ ਤੜਕੇ ਚਾਹ, ਕੌਫ਼ੀ, ਬਿਸਕੂਟ ਆਦਿ ਦੇ ਲੰਗਰ ਵਰਤਾਏ ਗਏ।

## ਅਕਾਲੀ ਦਲ ਨੇ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਖਿਲਾਫ ਦਿੱਤੀ ਲਿਖਤੀ ਸ਼ਿਕਾਇਤ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਸਾਬਕਾ ਕੇਂਦਰੀ ਗ੍ਰਹਿ ਮੰਤਰੀ ਬੂਟਾ ਸਿੰਘ ਖਿਲਾਫ ਜਾਤੀ ਸੂਚਕ ਟਿੱਪਣੀਆਂ ਕਰਨ ਅਤੇ ਐੱਸ ਸੀ ਭਾਈਚਾਰੇ ਖਿਲਾਫ ਅਪਮਾਨਜਨਕ ਭਾਸ਼ਾ ਵਰਤਣ 'ਤੇ ਉਨ੍ਹਾਂ ਖਿਲਾਫ ਲਿਖਤੀ ਸ਼ਿਕਾਇਤ ਦਿੱਤੀ ਅਤੇ ਉਨ੍ਹਾਂ ਖਿਲਾਫ ਐੱਸਸੀ/ਐੱਸਟੀ ਐਕਟ ਤਹਿਤ ਬਣਦੀ ਕਾਰਵਾਈ ਦੀ ਮੰਗ ਕੀਤੀ।ਐੱਸਐੱਸਪੀ ਤਰਨ ਤਾਰਨ ਨੂੰ ਦਿੱਤੀ ਲਿਖਤੀ ਸ਼ਿਕਾਇਤ ਵਿਚ ਸਾਬਕਾ ਮੰਤਰੀ ਤੇ ਐੱਸ ਸੀ ਵਿੰਗ ਦੇ ਪ੍ਰਧਾਨ ਗੁਲਜ਼ਾਰ ਸਿੰਘ ਰਣੀਕੇ, ਸਾਬਕਾ ਵਿਧਾਇਕ ਬਲਜੀਤ ਸਿੰਘ ਜਲਾਲਉਸਮਾ ਅਤੇ ਰਾਜਵਿੰਦਰ ਸਿੰਘ ਧਰਮਕੋਟ ਨੇ ਕਿਹਾ ਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਤਰਨ ਤਾਰਨ ਵਿਚ ਚੋਣ ਮੀਟਿੰਗ ਨੂੰ ਸੰਬੋਧਨ ਕੀਤਾ ਜਿਸ ਦੌਰਾਨ ਉਨ੍ਹਾਂ ਸਾਬਕਾ ਕੇਂਦਰੀ ਗ੍ਰਹਿ ਮੰਤਰੀ ਬੂਟਾ ਸਿੰਘ ਦੇ ਖਿਲਾਫ ਜਾਤੀ ਸੂਚਕ ਟਿੱਪਣੀਆਂ ਕੀਤੀਆਂ ਤੇ ਐੱਸਸੀ ਭਾਈਚਾਰੇ ਖਿਲਾਫ ਅਪਮਾਨਜਨਕ ਟਿੱਪਣੀਆਂ ਕੀਤੀਆਂ।ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਨੇ ਐੱਸਸੀ ਭਾਈਚਾਰੇ ਨੂੰ ਨੀਵਾਂ ਵਿਖਾਉਣ ਲਈ ਅਜਿਹਾ ਕੀਤਾ ਹੈ ਜਿਸਦੇ ਮੈਂਬਰ ਬੂਟਾ ਸਿੰਘ ਨੇ ਸਖ਼ਤ ਮਿਹਨਤ ਕਰ ਕੇ ਕੌਮੀ ਪੱਧਰ ਤੱਕ ਭਾਈਚਾਰੇ ਦੀ ਨੁਮਾਇੰਦਗੀ ਕੀਤੀ।ਉਨ੍ਹਾਂ ਕਿਹਾ ਕਿ ਇਨ੍ਹਾਂ ਟਿੱਪਣੀਆਂ ਨਾਲ ਐੱਸਸੀ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਡੂੰਘੀ ਸੱਟ ਵੱਜੀ ਹੈ ਅਤੇ ਇਸ ਲਈ ਵੜਿੰਗ ਖਿਲਾਫ ਐਸ ਸੀ, ਐਸ ਟੀ ਐਕਟ 1989 ਦੀ ਧਾਰਾ 3 ਅਤੇ 10-11 ਤਹਿਤ ਕੇਸ ਦਰਜ ਹੋਣਾ ਚਾਹੀਦਾ ਹੈ।ਪਾਰਟੀ ਦੇ ਐੱਸਸੀ ਵਿੰਗ ਨੇ ਰਾਜਾ ਵੜਿੰਗ ਖਿਲਾਫ ਧਰਨਾ ਵੀ ਦਿੱਤਾ ਅਤੇ ਕਿਹਾ ਕਿ ਉਹ ਅਤੇ ਕਾਂਗਰਸ ਪਾਰਟੀ ਵੱਲੋਂ ਐੱਸਸੀ ਭਾਈਚਾਰੇ ਦੀ ਬਦਨਾਮੀ ਕਰਨ ਦੀ ਸਜ਼ਾ ਜ਼ਰੂਰ ਦੁਆਵੇਗੀ।ਪਾਰਟੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਬਿਆਨ ਨਾਲ ਰਾਜਾ ਵੜਿੰਗ ਦੀ ਬਿਮਾਰ ਮਾਨਸਿਕਤਾ ਦਾ ਪਤਾ ਲੱਗ ਗਿਆ ਹੈ ਤੇ ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਤਰਨ ਤਾਰਨ ਜ਼ਿਮਨੀ ਚੋਣ ਵਿਚ ਪਾਰਟੀ ਨੂੰ ਕਰਾਰਾ ਸਬਕ ਸਿਖਾਇਆ ਜਾਵੇ।ਇਸ ਮੌਕੇ ਸੀਨੀਅਰ ਲੀਡਰ ਰਾਜਨਬੀਰ ਸਿੰਘ ਘੁੰਮਣ, ਬਖਸ਼ਿਸ਼ ਸਿੰਘ ਦਿਆਲ, ਪ੍ਰਗਟ ਸਿੰਘ, ਠੇਕੇਦਾਰ ਭਜਨ ਸਿੰਘ, ਕੁਲਵਿੰਦਰ ਸਿੰਘ ਗੋਰਖਾ, ਹਰਦੇਵ ਸਿੰਘ ਨਾਗੋਕੇ, ਗੁਰਮੀਤ ਸਿੰਘ ਉਪਲ, ਕਰਮ ਸਿੰਘ ਭੱਟੀ, ਸੁਖਦੇਵ ਸਿੰਘ ਅਤੇ ਤਰਲੋਕ ਸਿੰਘ ਸਰਪੰਚ ਵੀ ਹਾਜਰ ਸਨ।

## ਜੇ ਆਰ ਐੱਸ ਡੀ ਏ ਵੀ ਪਬਲਿਕ ਸਕੂਲ ਵਿਖੇ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਜੇ. ਆਰ. ਐੱਸ. ਡੀਏਵੀ ਪਬਲਿਕ ਸਕੂਲ ਵਿੱਚ ਹਰ ਸਾਲ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਜਾਂਦਾ ਹੈ।ਇਸ ਸਬੰਧ ਵਿੱਚ ਬੱਚਿਆਂ ਦੇ ਵੱਖ- ਵੱਖ ਮੁਕਾਬਲੇ ਕਰਵਾਏ ਜਿਨ੍ਹਾਂ ਵਿਚੋਂ ਕਵਿਤਾ, ਭਾਸ਼ਣ, ਜਨਮ ਸਾਖੀ ਅਤੇ ਦਸਤਾਰ ਸਜਾਉਣ ਦੇ ਮੁਕਾਬਲੇ ਪ੍ਰਮੁੱਖ ਸਨ।ਦਸਤਾਰ ਸਜਾਉਣ ਦੇ ਮੁਕਾਬਲੇ ਵੀ ਕਰਵਾਏ। ਅੱਠਵੀਂ ਦਾ ਵਿਦਿਆਰਥੀ ਪਰਮਵੀਰ ਸਿੰਘ ਪਹਿਲੇ ਸਥਾਨ, ਰਾਜਵੀਰ ਸਿੰਘ ਦੂਜੇ ਸਥਾਨ ਤੇ ਰਹੇ ਅਤੇ ਰੋਸ਼ਨਦੀਪ ਸਿੰਘ ਅਤੇ ਅਰਮਾਨਦੀਪ ਸਿੰਘ ਤੀਸਰੇ ਸਥਾਨ 'ਤੇ ਰਹੇ। ਜਨਮ ਸਾਖੀਆਂ, ਕਵਿਤਾ ਮੁਕਾਬਲੇ ਅਤੇ ਭਾਸ਼ਣ ਮੁਕਾਬਲੇ ਦੇ ਜੱਜ ਸਨ ਮੈਡਮ ਰੰਜੂ ਸਚਦੇਵਾ ਅਤੇ ਮੈਡਮ ਰਜਨੀ।ਜਨਮ ਸਾਖੀ ਮੁਕਾਬਲਿਆਂ ਵਿੱਚੋਂ ਜਮਾਤ ਪੰਜਵੀਂ ਦੀ ਵਿਦਿਆਰਥਣ ਜੈਸਮੀਨ ਕੌਰ ਪਹਿਲੇ, ਪ੍ਰਦੀਪ ਕੌਰ ਜਮਾਤ ਪੰਜਵੀਂ ਦੂਸਰੇ ਅਤੇ ਆਂਚਲ ਪ੍ਰੀਤ ਕੌਰ ਜਮਾਤ ਚੌਥੀ ਦੀ ਵਿਦਿਆਰਥਣ ਕ੍ਰਮਵਾਰ ਤੀਸਰੇ ਸਥਾਨ ਤੇ ਰਹੀ। ਭਾਸ਼ਣ ਮੁਕਾਬਲਿਆਂ ਵਿੱਚੋਂ ਜਮਾਤ ਤੀਸਰੀ ਦੀ ਵਿਦਿਆਰਥਣ ਹਰਮਨਪ੍ਰੀਤ ਕੌਰ ਪਹਿਲੇ ਸਥਾਨ ਤੇ ਰਹੀ।ਕਵਿਤਾ ਮੁਕਾਬਲਿਆਂ ਵਿੱਚੋਂ ਜਮਾਤ ਚੌਥੀ ਦੀ ਵਿਦਿਆਰਥਣ ਸੁਖਮਨਪ੍ਰੀਤ ਕੌਰ ਪਹਿਲੇ ਸਥਾਨ, ਜਮਾਤ ਚੌਥੀ ਤੇ ਵਿਦਿਆਰਥਣ ਜਸਪ੍ਰੀਤ ਕੌਰ ਦੂਜੇ ਸਥਾਨ ਤੇ ਅਤੇ ਜਸਪ੍ਰੀਤ ਕੌਰ ਜਮਾਤ ਤੀਸਰੀ ਦੀ ਵਿਦਿਆਰਥਣ ਤੀਸਰੇ ਸਥਾਨ ਤੇ ਰਹੀ।ਜਮਾਤ ਪੰਜਵੀਂ, ਛੇਵੀਂ ਅਤੇ ਸੱਤਵੀਂ ਦੇ ਕਵਿਤਾ ਮੁਕਾਬਲਿਆਂ ਵਿੱਚੋਂ ਜਮਾਤ ਪੰਜਵੀਂ ਦੀ ਵਿਦਿਆਰਥਣ ਧਰੁਵੀ ਪਹਿਲੇ ਸਥਾਨ ਤੇ ਹਰਸੀਰਤ ਕੌਰ ਜਮਾਤ ਪੰਜਵੀਂ ਦੀ ਵਿਦਿਆਰਥਣ ਦੂਸਰੇ ਸਥਾਨ ਤੇ ਅਤੇ ਸੰਦੀਪ ਕੌਰ ਜਮਾਤ ਪੰਜਵੀਂ ਦੀ ਵਿਦਿਆਰਥਣ ਅਤੇ ਚਾਹਤਦੀਪ ਕੌਰ ਜਮਾਤ ਸੱਤਵੀਂ ਦੀ ਵਿਦਿਆਰਥਣ ਤੀਸਰੇ ਸਥਾਨ 'ਤੇ ਰਹੀਆਂ।ਪ੍ਰੀ ਨਰਸਰੀ ਤੋਂ ਦੂਸਰੀ ਤੱਕ ਦੇ ਵਿਦਿਆਰਥੀਆਂ ਨੇ ਮੂਲ ਮੰਤਰ, ਦਸ ਗੁਰੂਆਂ ਦੇ ਨਾਮ, ਚਾਰ ਸਾਹਿਬਜ਼ਾਦਿਆਂ ਦੇ ਨਾਮ ਤੇ ਕਵਿਤਾ ਤੇ ਮੁਕਾਬਲੇ ਵਿੱਚ ਹਿੱਸਾ ਲਿਆ।ਪ੍ਰਿੰਸੀਪਲ ਅਸ਼ਵਨੀ ਕੁਮਾਰ ਦੁਆਰਾ ਬੱਚਿਆਂ ਨੂੰ ਮੈਡਲ ਪ੍ਰਦਾਨ ਕੀਤੇ ਗਏ ਅਤੇ ਬੱਚਿਆਂ ਨੂੰ ਵੱਧ ਤੋਂ ਵੱਧ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।



## ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ 'ਚ ਪ੍ਰਕਾਸ਼ ਪੁਰਬ ਮਨਾਇਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀਟੀਬੀਆਈ) ਸਕੂਲ ਕਲਿਆਣਪੁਰ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬਹੁਤ ਹੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧੀ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਸਕੂਲ ਵਿੱਚ ਵਿਦਿਆਰਥੀਆਂ ਦੁਆਰਾ ਸ਼੍ਰੀ ਜਪਜੀ ਸਾਹਿਬ ਜੀ ਦੇ ਪਾਠ ਦੇ ਜਾਪ ਕੀਤੇ ਗਏ। ਉਪਰੰਤ ਸਕੂਲ ਦੇ ਵਿਦਿਆਰਥੀ ਜਥੇ ਵੱਲੋਂ ਕੀਰਤਨ ਦੇ ਬਾਅਦ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਚੌਥੀ ਕਲਾਸ ਦੇ ਵਿਦਿਆਰਥੀਆਂ ਨੇ ਗੁਰੂ ਜੀ ਦੇ ਜੀਵਨ ਨਾਲ ਸੰਬੰਧਿਤ ਕਵਿਤਾਵਾਂ ਪੇਸ਼ ਕੀਤੀਆਂ। ਅਧਿਆਪਕਾ ਮਨਪ੍ਰੀਤ ਕੌਰ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਜੀਵਨੀ, ਉਦੇਸ਼ਾਂ ਤੇ ਸਿਧਾਂਤਾਂ ਬਾਰੇ ਵਿਦਿਆਰਥੀਆਂ ਨੂੰ ਵਿਸਥਾਰਪੂਰਵਕ ਚਾਨਣਾ ਪਾਇਆ। ਸਕੂਲ ਦੇ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਐਜੂਕੇਸ਼ਨਲ ਡਾਇਰੈਕਟਰ ਡਾ.ਕ੍ਰਿਤਇੰਦਰ ਕੌਰ ਨੇ ਕਿਹਾ ਸਾਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ 'ਤੇ ਚੱਲਦਿਆਂ ਜੀਵਨ ਗੁਜਾਰਨਾ ਚਾਹੀਦਾ ਹੈ। ਇਸ ਪ੍ਰੋਗਰਾਮ ਦੀ ਤਿਆਰੀ ਅਧਿਆਪਕਾ ਕੁਲਵਿੰਦਰ ਕੌਰ ਨੇ ਕਰਵਾਈ। ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸਨ।

## ਬਸਪਾ ਅੰਬੇਡਕਰ ਵੱਲੋਂ ਅਕਾਲੀ ਉਮੀਦਵਾਰ ਪ੍ਰਿੰ. ਰੰਧਾਵਾ ਨੂੰ ਹਮਾਇਤ ਦੇਣ ਦਾ ਐਲਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਤਰਨ ਤਾਰਨ ਜ਼ਿਮਨੀ ਚੋਣ ਵਿਚ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੀ ਚੋਣ ਮੁਹਿੰਮ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦੋਂ ਬਸਪਾ ਅੰਬੇਡਕਰ ਨੇ ਉਨ੍ਹਾਂ ਦੀ ਬਿਨਾਂ ਸ਼ਰਤ ਹਮਾਇਤ ਦਾ ਐਲਾਨ ਕਰ ਦਿੱਤਾ।ਇਹ ਐਲਾਨ ਪਾਰਟੀ ਪ੍ਰਧਾਨ ਮਨੋਜ ਨਾਹਰ ਨੇ ਪਾਰਟੀ ਦੇ ਸਾਰੇ ਸੀਨੀਅਰ ਅਹੁਦੇਦਾਰਾਂ ਅਤੇ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਤੇ ਕੋਰ ਕਮੇਟੀ ਮੈਂਬਰ ਡਾ. ਦਲਜੀਤ ਸਿੰਘ ਚੀਮਾ ਤੇ ਹੋਰ ਅਕਾਲੀ ਲੀਡਰਸ਼ਿਪ ਦੀ ਹਾਜ਼ਰੀ ਵਿਚ ਕਪੂਰਥਲਾ ਵਿਚ ਮਰਹੂਮ ਸ੍ਰੀ ਦੇਵੀ ਦਾਸ ਨਾਹਰ ਦੀ ਰਿਹਾਇਸ਼ 'ਤੇ ਇਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ।ਡਾ. ਦਲਜੀਤ ਸਿੰਘ ਚੀਮਾ, ਸੀਨੀਅਰ ਆਗੂ ਐੱਚ ਐੱਸ ਵਾਲੀਆ ਤੇ ਹੋਰ ਲੀਡਰਸ਼ਿਪ ਕਪੂਰਥਲਾ ਵਿਚ ਮਨੋਜ ਨਾਹਰ ਦੀ ਰਿਹਾਇਸ਼ ਵਿਖੇ ਪਹੁੰਚੀ ਸੀ।ਬਿਨਾਂ ਸ਼ਰਤ ਹਮਾਇਤ ਦੇਣ 'ਤੇ ਮਨੋਜ ਨਾਹਰ ਦਾ ਧੰਨਵਾਦ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਇਸ ਐਲਾਨ ਨਾਲ ਅਕਾਲੀ ਦਲ ਦੇ ਉਮੀਦਵਾਰ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ ਜਿਸਨੂੰ ਕਿ ਪਹਿਲਾਂ ਹੀ ਸਮਾਜ ਦੇ ਸਾਰੇ ਵਰਗਾਂ ਤੋਂ ਹਮਾਇਤ ਮਿਲ ਰਹੀ ਹੈ।

## ਸਰੋਵਰ ਹੋਟਲਜ਼ ਨੇ ਹਨੂੰਮਾਨਗੜ੍ਹ 'ਚ 'ਸਰੋਵਰ ਪੋਰਟੀਕੋ' ਨਾਂਅ ਦਾ ਨਵਾਂ ਹੋਟਲ ਖੋਲ੍ਹਿਆ

**ਲੁਧਿਆਣਾ** : ਸਰੋਵਰ ਹੋਟਲਜ਼ ਨੇ ਰਾਜਸਥਾਨ ਦੇ ਹਨੂੰਮਾਨਗੜ੍ਹ ਵਿੱਚ ਨਵੇਂ ਸਰੋਵਰ ਪੋਰਟੀਕੋ ਦੀ ਸ਼ਾਨਦਾਰ ਸ਼ੁਰੂਆਤ ਕੀਤੀ ਹੈ।ਇਹ ਰਾਜਸਥਾਨ ਵਿੱਚ ਸਰੋਵਰ ਦਾ 13ਵਾਂ ਹੋਟਲ ਹੈ।ਹੋਟਲ ਵਿੱਚ 51 ਸ਼ਾਨਦਾਰ ਸਜਾਏ ਹੋਏ ਕਮਰੇ ਹਨ ਜੋ ਡੀਲਕਸ, ਸੁਪੀਰੀਅਰ ਅਤੇ ਸੂਟ ਸ਼੍ਰੇਣੀਆਂ ਵਿੱਚ ਉਪਲਬਧ ਹਨ।ਮਹਿਮਾਨ ਹੋਟਲ 'ਚ ਸਾਰਾ ਦਿਨ ਚੱਲਣ ਵਾਲੇ ਡਾਇਨਿੰਗ ਰੈਸਟੋਰੈਂਟ ਫਲੇਵਰਜ਼ ਵਿੱਚ ਕਈ ਤਰ੍ਹਾਂ ਦੇ ਸੁਆਦੀ ਪਕਵਾਨਾਂ ਦਾ ਆਨੰਦ ਲੈ ਸਕਦੇ ਹਨ, ਜੋ ਕਿ ਭੋਜਨ ਦੀ ਇੱਕ ਵਿਸ਼ਾਲ ਕਿਸਮ ਦੀ ਪੇਸ਼ਕਸ਼ ਕਰਦਾ ਹੈ।ਇੰਨਾ ਹੀ ਨਹੀਂ, ਹੋਟਲ ਦੇ 14,000 ਵਰਗ ਫੁੱਟ ਦੇ ਵੱਡੇ ਲਾਅਨ ਵਿੱਚ ਲਗਭਗ 400 ਮਹਿਮਾਨ ਰਹਿ ਸਕਦੇ ਹਨ ।ਅਜੇ ਕੇ. ਬਕਾਇਆ ਚੇਅਰਮੈਨ ਸਰੋਵਰ ਹੋਟਲਜ਼ ਅਤੇ ਡਾਇਰੈਕਟਰ ਲੂਵਰ ਹੋਟਲਜ਼ ਇੰਡੀਆ ਨੇ ਕਿਹਾ ਕਿ ਅਸੀਂ ਸਰੋਵਰ ਪੋਰਟੀਕੋ ਹਨੂੰਮਾਨਗੜ੍ਹ ਦੇ ਉਦਘਾਟਨ ਨਾਲ ਰਾਜਸਥਾਨ ਵਿੱਚ ਆਪਣੀ ਮੌਜੂਦਗੀ ਨੂੰ ਵਧਾਉਣ ਲਈ ਉਤਸ਼ਾਹਿਤ ਹਾਂ।ਸਰੋਵਰ ਹੋਟਲ ਹਮੇਸ਼ਾ ਉਨ੍ਹਾਂ ਸ਼ਹਿਰਾਂ ਦੀ ਪਛਾਣ ਕਰਦੇ ਰਹੇ ਹਨ ਜਿਨ੍ਹਾਂ ਵਿੱਚ ਵਿਕਾਸ ਦੀ ਚੰਗੀ ਸੰਭਾਵਨਾ ਹੈ।

## ਸੈਂਟ ਕਬੀਰ ਸਕੂਲ ਸੁਲਤਾਨਪੁਰ 'ਚ ਮਨਾਇਆ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਸਿੱਖ ਧਰਮ ਦੇ ਮੋਢੀ, ਸ਼ਾਂਤੀ ਦੇ ਮਸੀਹਾ ਤੇ ਮਹਾਨ ਉਪਦੇਸ਼ਕ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬਹੁਤ ਹੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਐੱਸ.ਬੀ. ਨਾਯਰ ਜੀ ਦੀ ਸਰਪ੍ਰਸਤੀ ਹੇਠ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ 7ਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਮਧੁਰ ਸ਼ਬਦ ਗਾਇਨ ਕਰਦਿਆਂ ਕੀਤੀ ਗਈ। ਉਪਰੰਤ ਜਸਨਦੀਪ ਕੌਰ (11 ਵੀਂ) ਅਤੇ ਅਵੰਤਿਕਾ (9ਵੀਂ) ਨੇ ਸ੍ਰੀ ਗੁਰੂ ਨਾਨਕ ਜੀ ਦੇ ਜੀਵਨ ਦੀਆਂ ਸਿੱਖਿਆਵਾਂ ਆਪਣੇ ਵਿਚਾਰਾਂ ਰਾਹੀਂ ਸਾਰਿਆਂ ਸਨਮੁੱਖ ਰੱਖੀਆਂ। ਇਸ ਦੇ ਨਾਲ ਹੀ ਐੱਲ.ਕੇ ਜੀ. ਦੇ ਵਿਦਿਆਰਥੀਆਂ ਨੇ ਮੂਲ ਮੰਤਰ ਦਾ ਜਾਪ ਕਰਦਿਆਂ ਸਾਰਿਆਂ ਨੂੰ ਨਾਮ ਜੱਪਣ ਦੀ ਪ੍ਰੇਰਣਾ ਦਿੱਤੀ। ਪ੍ਰੋਗਰਾਮ ਦੇ ਅਗਲੇ ਪੜਾਅ ਵਿੱਚ ਸਕੂਲੀ ਵਿਦਿਆਰਥੀ ਪ੍ਰਭਾਤ ਫੇਰੀ ਲਈ ਪੰਜ ਪਿਆਰੇ ਦੇ ਰੂਪ ਵਿੱਚ ਸੱਜੇ ਤੇ ਸਕੂਲ ਦੇ ਚਾਰਾਂ ਬਲਾਕਾਂ ਦੇ ਦੁਆਲੇ ਘੁੰਮਦੇ ਹੋਇਆ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਦਾ ਗਾਇਨ ਕੀਤਾ ਗਿਆ। ਜਿਸ ਵਿੱਚ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਗੁਰੂ ਨਾਨਕ ਦੇਵ ਜੀ ਦੇ ਜੀਵਨ ਕਾਲ ਨਾਲ ਸੰਬੰਧਤ ਮਧੁਰ ਧਾਰਨਾਵਾਂ ਤੇ ਗਾਉਂਦਿਆ ਹੋਇਆਂ ਪ੍ਰਭਾਤ ਫੇਰੀ ਨੂੰ ਸਫ਼ਲ ਬਣਾਇਆ। ਸਕੂਲੀ ਵਿਦਿਆਰਥੀਆਂ ਤੇ ਪੰਜਾਬੀ ਵਿਭਾਗ ਦੀ ਅਧਿਆਪਕ ਮੈਡਮ ਜਸਵੀਰ ਕੌਰ, ਰਵਿੰਦਰ ਕੌਰ ਤੇ ਦੀਦਾਰ ਸਿੰਘ ਦੁਆਰਾ ਆਨੰਦ ਸਾਹਿਬ ਦਾ ਪਾਠ ਕੀਤਾ, ਉਪਰੰਤ ਅਰਦਾਸ ਕਰਕੇ ਪ੍ਰਸ਼ਾਦ ਵੰਡ ਕੇ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ। ਸਕੂਲ ਹਾਊਸ ਬੋਰਡਾਂ ਉਪਰ ਗੁਰਬਾਣੀ ਦੀਆਂ ਪੰਕਤੀਆਂ ਅਤੇ ਗੁਰੂ ਜੀ ਦੇ ਜੀਵਨ ਨਾਲ ਸੰਬੰਧਤ ਸਾਖੀਆਂ ਸੁੰਦਰ ਲਿਖਤ ਵਿੱਚ ਲਿਖੀਆਂ ਗਈਆਂ। ਪ੍ਰੋਗਰਾਮ ਦੇ ਅੰਤਮ ਪੜਾਅ ਦੌਰਾਨ ਸਕੂਲ ਪ੍ਰਿੰਸੀਪਲ ਤੇ ਮੈਨਜਮੈਂਟ ਮੈਂਬਰ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਸਮੁੱਚੇ ਸਕੂਲ ਨੂੰ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਨਾਲ ਹੀ ਸਾਰੇ ਵਿਦਿਆਰਥੀਆਂ ਨੂੰ ਆਪਣੇ-ਆਪਣੇ ਧਰਮ ਵਿੱਚ ਪਰਿਪੱਕ ਰਹਿ ਕੇ ਸੁਚੱਜਾ ਤੇ ਰਹਿਤਮਈ ਜੀਵਨ ਬਤੀਤ ਕਰਨ ਦਾ ਸੰਦੇਸ਼ ਦਿੱਤਾ।



## ਰਾਜਾ ਵੜਿੰਗ ਦਾ ਸ. ਬੂਟਾ ਸਿੰਘ ਪ੍ਰਤੀ ਦਿੱਤਾ ਬਆਨ ਘਟੀਆ ਸੋਚ ਦਾ ਪ੍ਰਗਟਾਵਾ : ਕਸਤੂਰੀ ਲਾਲ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਦੇਸ਼ ਦੇ ਗ੍ਰਹਿ ਮੰਤਰੀ ਰਹੇ ਸਰਦਾਰ ਬੂਟਾ ਸਿੰਘ ਵਿਰੁੱਧ ਜਾਤੀ ਅਤੇ ਨਸਲੀ ਟਿੱਪਣੀ ਕਰਕੇ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨੇ ਦਲਿਤਾਂ ਪ੍ਰਤੀ ਆਪਣੀ ਘਟੀਆ ਸੋਚ ਦਾ ਪ੍ਰਗਟਾਵਾ ਕੀਤਾ ਹੈ।ਬਹੁਜਨ ਸਮਾਜ ਪਾਰਟੀ ਹਲਕਾ ਕਾਦੀਆਂ ਦੇ ਪ੍ਰਧਾਨ ਇੰਜ. ਕਸਤੂਰੀ ਲਾਲ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਵੱਖ-ਵੱਖ ਲੀਡਰਾਂ ਵੱਲੋਂ ਦਲਿਤ ਨੇਤਾਵਾਂ ਖ਼ਿਲਾਫ਼ ਬਾਰ ਬਾਰ ਅਪਮਾਨ ਯੋਗ ਬਿਆਨਬਾਜ਼ੀ ਕਰਨਾ ਮੰਦਭਾਗਾ ਹੈ।ਇਹ ਅਪਮਾਨ ਸਿਰਫ਼ ਨੇਤਾਵਾਂ ਦਾ ਨਹੀਂ ਸਗੋਂ ਸਮੁੱਚੇ ਦਲਿਤ ਸਮਾਜ ਦਾ ਅਪਮਾਨ ਹੈ।ਇਸ ਤੋਂ ਪਹਿਲਾਂ ਵੀ ਕਈ ਵਾਰ ਇਨ੍ਹਾਂ ਵੱਲੋਂ ਕਿਸੇ ਨੂੰ ਪੈਰ ਦੀ ਜੁੱਤੀ ਕਿਸੇ ਨੂੰ ਦੇਸੀ ਟੱਟੂ ਵਰਗੇ ਘਟੀਆ ਸ਼ਬਦ ਵਰਤ ਕੇ ਸਿੱਧ ਕਰ ਦਿੱਤਾ ਹੈ ਕਿ ਕਾਂਗਰਸ ਦਲਿਤਾਂ, ਪੱਛੜਿਆਂ ਦੀ ਹਿਤੈਸ਼ੀ ਨਹੀਂ ਹੈ ਅਤੇ ਜਾਤੀ ਜ਼ਹਿਰ ਉਨ੍ਹਾਂ ਦੇ ਮਨ ਵਿੱਚ ਭਰਿਆ ਪਿਐ ਹੈ।ਹੁਣ ਰਾਜਾ ਵੜਿੰਗ ਵੱਲੋਂ ਸਰਦਾਰ ਬੂਟਾ ਸਿੰਘ ਪ੍ਰਤੀ ਬੋਲੇ ਬਿਆਨ ਅਤੇ ਪਾਰਟੀ ਦੇ ਬਾਕੀ ਨੇਤਾਵਾਂ ਦੀ ਚੁੱਪੀ ਕਾਰਨ ਦਲਿਤਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ।ਇੰਜ. ਕਸਤੂਰੀ ਲਾਲ ਨੇ ਕਿਹਾ ਕਿ ਰਾਜਾ ਵੜਿੰਗ ਨੂੰ ਦਲਿਤ ਸਮਾਜ ਤੋਂ ਤੁਰੰਤ ਮੁਆਫ਼ੀ ਮੰਗ ਲੈਣੀ ਚਾਹੀਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਜੋ ਵੀ ਜਾਤੀ, ਨਸਲੀ ਟਿੱਪਣੀ ਕਰਦਾ ਹੈ ਤਾਂ ਸ਼ਾਸਨ ਪ੍ਰਸ਼ਾਸਨ ਵੱਲੋਂ ਸੰਵਿਧਾਨ ਮੁਤਾਬਕ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਅੱਗੇ ਤੋਂ ਕੋਈ ਅਜਿਹਾ ਕਰਨ ਦੀ ਹਿੰਮਤ ਨਾ ਕਰੇ।



## ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਕੂਲ 'ਚ ਧਾਰਮਿਕ ਸਮਾਗਮ ਕਰਵਾਇਆ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**

ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸੀਨੀਅਰ ਸੰਕੈਂਡਰੀ ਸਕੂਲ, ਝਬਾਲ ਵਿਖੇ, ਸ੍ਰੀ ਗੁਰ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ ਵਲੋਂ ਜਪੁ ਜੀ ਸਾਹਿਬ, ਚੌਪਈ ਸਾਹਿਬ, ਆਨੰਦ ਸਾਹਿਬ ਦੇ ਜਾਪ ਕੀਤੇ ਗਏ। ਇਸ ਉਪਰੰਤ ਵਿਦਿਆਰਥੀਆਂ ਵਲੋਂ ਸ਼ਬਦ ਕੀਰਤਨ, ਕਵਿਤਾਵਾਂ, ਕਵੀਸ਼ਰੀ ਅਤੇ ਲੈਕਚਰ ਪੇਸ਼ ਕੀਤੇ ਗਏ। ਇਸ ਸਮੇਂ ਐਮ. ਡੀ. ਸ: ਪਰਮਜੀਤ ਸਿੰਘ ਸੋਹਲ ਨੇ ਸਰਲ ਅਤੇ ਸੁੰਦਰ ਤਰੀਕੇ ਨਾਲ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੋ ਜਾਣੂ ਕਰਵਾਇਆ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਵਲੋਂ ਦੱਸੇ ਹੋਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਵਿਦਿਆਰਥੀਆਂ ਵਿਚ ਮਠਿਆਈ ਦੇ ਰੂਪ ਵਿੱਚ ਪ੍ਰਸ਼ਾਦ ਵਰਤਾਇਆ ਗਿਆ।ਇਸ ਸਮੇਂ ਪ੍ਰਿੰਸੀਪਲ ਮੈਡਮ ਵੰਰਿਦਰ ਕੌਰ, ਮੈਨੇਜਿੰਗ ਕਮੇਟੀ ਸਕੱਤਰ ਹਰਜਿੰਦਰਪਾਲ ਸਿੰਘ, ਮੈਨੇਜਰ ਸਿਮਰਤਪਾਲ ਸਿੰਘ, ਕਲਰਕ ਬਲਵਿੰਦਰ ਸਿੰਘ, ਵਿਜੈ ਕੁਮਾਰ, ਹਰੀਸ਼ ਕੁਮਾਰ, ਮਨਦੀਪ ਕੌਰ, ਗੁਰਿੰਦਰ ਕੌਰ, ਮਨਬੀਰ ਕੌਰ, ਕਰਮਜੀਤ ਕੌਰ, ਨਵਦੀਪ ਕੌਰ, ਰਾਜਬੀਰ ਕੌਰ, ਸੁਖਵਿੰਦਰ ਕੌਰ, ਗੁਰਜੀਤ ਕੌਰ, ਕਮਲੇਸ਼ ਰਾਣੀ, ਜਤਿੰਦਰਪਾਲ ਕੌਰ, ਕੁਲਵੰਤ ਕੌਰ ਆਦਿ ਸ਼ਾਮਲ ਸਨ।



## ਭਮਾਰਸੀ ਜੇਰ ਵਿਖੇ ਬਣੇਗਾ ਸ਼ਾਨਦਾਰ ਖੇਡ ਮੈਦਾਨ : ਵਿਧਾਇਕ ਰਾਏ

**ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**

ਹਲਕਾ ਫਤਿਹਗੜ੍ਹ ਸਾਹਿਬ ਦੇ ਪਿੰਡ ਭਮਾਰਸੀ ਜੇਰ ਵਿਖੇ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਖੇਡ ਮੈਦਾਨ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ ਗਿਆ।ਇਸ ਖੇਡ ਮੈਦਾਨ ਦੇ ਬਣਨ ਨਾਲ ਇਲਾਕੇ ਨੂੰ ਬਹੁਤ ਫਾਇਦਾ ਮਿਲੇਗਾ।ਖੇਡ ਮੈਦਾਨ ਦਾ ਕੰਮ ਸ਼ੁਰੂ ਕਰਾਉਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਲਖਵੀਰ ਸਿੰਘ ਰਾਏ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਸਦਕਾ ਪਿੰਡਾਂ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸੇ ਲੜੀ ਦੇ ਤਹਿਤ ਭਮਾਰਸੀ ਜੇਰ ਦੇ ਖੇਡ ਮੈਦਾਨ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ।ਕਰੀਬ 45 ਲੱਖ ਰੁਪਏ ਦੀ ਲਾਗਤ ਦੇ ਨਾਲ ਉਕਤ ਕਾਰਜ ਕਰਵਾਇਆ ਜਾ ਰਿਹਾ ਹੈ।ਇਸ ਦੇ ਨਾਲ ਜਿੱਥੇ ਖੇਡ ਮੈਦਾਨ ਦੇ ਵਿੱਚ ਟਰੈਕ ਬਣੇਗਾ, ਚਾਰ-ਦਿਵਾਰੀ ਹੋਵੇਗੀ, ਉੱਥੇ ਹੀ ਲਾਈਟਾਂ ਲਗਾ ਕੇ ਇਸ ਦਾ ਸੁੰਦਰੀਕਰਨ ਵੀ ਕੀਤਾ ਜਾਵੇਗਾ।ਨੌਜਵਾਨ ਪੀੜ੍ਹੀ ਨੂੰ ਅਪੀਲ ਹੈ ਕਿ ਉਹ ਖੇਡ ਮੈਦਾਨਾਂ ਵੱਲ ਆਉਣ।ਪੰਜਾਬ ਸਰਕਾਰ ਦੀ ਖੇਡਾਂ ਵਤਨ ਪੰਜਾਬ ਦੀਆਂ ਮੁਹਿੰਮ ਦੇ ਤਹਿਤ ਇਨ੍ਹਾਂ ਖੇਡ ਮੈਦਾਨਾਂ ਦੀ ਉਸਾਰੀ ਕਰਵਾਈ ਜਾ ਰਹੀ ਹੈ ਤਾਂ ਜੋ ਪੰਜਾਬ ਦੀ ਕੁਰਾਹੇ ਪਈ ਜਵਾਨੀ ਨੂੰ ਖੇਡ ਮੈਦਾਨਾਂ ਵੱਲ ਲਿਆਂਦਾ ਜਾ ਸਕੇ। ਇਸ ਮੌਕੇ ਗ੍ਰਾਮ ਪੰਚਾਇਤ ਵੱਲੋਂ ਵਿਧਾਇਕ ਲਖਵੀਰ ਸਿੰਘ ਰਾਏ ਨੂੰ ਸਿਰੋਪਾਓ ਦੇ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਨਰਿੰਦਰ ਸਿੰਘ, ਵਰਿੰਦਰ ਸਿੰਘ, ਗੁਰਮੀਤ ਸਿੰਘ, ਕਮਲਜੀਤ ਸਿੰਘ, ਹਰਬੰਸ ਸਿੰਘ, ਭੁਪਿੰਦਰ ਕੌਰ, ਬਲਜੀਤ ਕੌਰ, ਰੱਜੀ (ਸਾਰੇ ਪੰਚ), ਮਹੰਤ ਗਣੇਸ਼ ਦਾਸ ਆਦਿ ਵੀ ਹਾਜ਼ਰ ਸਨ।



## ਪ੍ਰਕਾਸ਼ ਪੁਰਬ 'ਤੇ ਪ੍ਰਭਾਤ ਫੇਰੀ ਕੱਢੀ



**ਭਲਾਣ (ਹਰਭਜਨ ਢਿੱਲੋ)**-ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਮਹਿਲਵਾਂ ਦੀ ਸੰਗਤ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਤੋਂ ਪ੍ਰਭਾਤ ਫੇਰੀਆਂ ਰੋਜ਼ਾਨਾ ਜਾਰੀ ਸਨ, ਜਿਸ ਤਹਿਤ ਸੰਗਤਾਂ ਗੁਰੂ ਘਰ ਵਿੱਚ ਇਕੱਤਰ ਹੋ ਕੇ ਅੰਮ੍ਰਿਤ ਵੇਲੇ ਪਿਛਲੇ ਰੋਜ ਦੀ ਤਰਾਂ ਸੰਗਤਾਂ ਵੱਲੋਂ ਪ੍ਰਭਾਤ ਫੇਰੀ ਕੱਢੀ ਗਈ। ਇਸ ਦੌਰਾਨ ਵਾਹਿਗੁਰੂ ਦੇ ਸਿਮਰਨ ਨਾਲ ਪਿੰਡ ਦੀਆਂ ਸਾਰੀਆਂ ਗਲੀਆਂ ਗੁਰਬਾਣੀ ਨਾਲ ਗੂੰਜ ਰਹੀਆਂ ਸਨ। ਪ੍ਰਭਾਤ ਫੇਰੀ ਗੁਰਦੁਆਰਾ ਗੁਰੂ ਨਾਨਕ ਦਰਬਾਰ ਤੋਂ ਸ਼ੁਰੂ ਹੋ ਕੇ ਪਿੰਡ ਦੀਆਂ ਵੱਖ ਵੱਖ ਥਾਵਾਂ ਤੋਂ ਹੁੰਦੀ ਹੋਈ ਮੁੜ ਗੁਰਦੁਆਰਾ ਸਾਹਿਬ ਵਿਖੇ ਸੰਪੂਰਨ ਹੋਈ। ਸੰਗਤਾਂ ਨੇ ਪ੍ਰਭਾਤ ਫੇਰੀ ਦਾ ਫੁੱਲਾਂ ਦੀ ਵਰਖਾ ਨਾਲ ਭਰਵਾਂ ਦਾ ਸਵਾਗਤ ਕੀਤਾ। ਗੁਰਦੁਆਰਾ ਸਾਹਿਬ ਵਿਖੇ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ ਗਏ ਉਪਰੰਤ ਬਾਬਾ ਰਜਿੰਦਰ ਸਿੰਘ ਸਹਿਜੋਵਾਲ ਦੇ ਕੀਰਤਨੀ ਜਥੇ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ ਤੇ ਚੱਲਣ ਲਈ ਸੰਗਤਾਂ ਨੂੰ ਪ੍ਰੇਰਿਤ ਕੀਤਾ । ਬਾਬਾ ਅਵਤਾਰ ਸਿੰਘ ਨੇ ਕਿਹਾ ਕਿ ਗੁਰਪੁਰਬ ਦਾ ਦਿਹਾੜਾ ਅਸੀਂ ਹਰ ਸਾਲ ਗੁਰੂ ਨਾਨਕ ਦਰਬਾਰ ਗੁਰਦੁਆਰਾ ਸਾਹਿਬ ਵਿਖੇ ਸਮੂਹ ਪਿੰਡ ਦੀ ਸੰਗਤ ਦੇ ਸਹਿਯੋਗ ਨਾਲ ਮਨਾਉਂਦੇ ਹਾਂ। ਸੰਗਤਾਂ ਲਈ ਛੋਲੇ ਭਟੂਰਿਆਂ ਅਤੇ ਚਾਹ ਦਾ ਲੰਗਰ ਅਤੁੱਟ ਵਰਤਾਇਆ ਗਿਆ।

## ਜੇ ਐੱਮ ਕੇ ਇੰਟਰਨੈਸ਼ਨਲ ਸਕੂਲ 'ਚ ਬੜੇ ਉਤਸ਼ਾਹ ਨਾਲ ਮਨਾਇਆ ਗ੍ਰੈਂਡ ਪੇਰੈਂਟਸ ਡੇ

**ਪਠਾਨਕੋਟ (ਦਵਿੰਦਰ ਸਿੰਘ)**

ਜੇ. ਐੱਮ. ਕੇ. ਇੰਟਰਨੈਸ਼ਨਲ ਸਕੂਲ 'ਚ ਬਜ਼ੁਰਗਾਂ ਦੇ ਸਤਿਕਾਰ ਲਈ ਗ੍ਰੈਂਡ ਪੇਰੈਂਟਸ ਡੇ ਪ੍ਰਿੰਸੀਪਲ ਨੀਤੀ ਕੋਚਰ ਦੀ ਅਗਵਾਈ ਹੇਠ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਅਸਿਸਟੈਂਟ ਡਾਇਰੈਕਟਰ ਚਰਨਜੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ, ਜਿਨ੍ਹਾਂ ਦਾ ਸਕੂਲ ਦੀ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਬੁੱਕੇ ਦੇ ਕੇ ਸਵਾਗਤ ਕੀਤਾ ਗਿਆ।ਪ੍ਰਿੰਸੀਪਲ ਵੱਲੋਂ ਫੀਤਾ ਕੱਟ ਕੇ ਅਤੇ ਦੀਵਾ ਬਾਲ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ।ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ।ਬੱਚਿਆਂ ਨੇ ਆਪਣੇ ਬਜ਼ੁਰਗ ਦਾਦਾ-ਦਾਦੀ, ਨਾਨਾ-ਨਾਨੀ ਨੂੰ ਸਮਰਪਿਤ ਗ੍ਰੈਂਡ ਪੇਰੈਂਟਸ ਡੇ ਥੀਮ 'ਤੇ ਆਧਾਰਿਤ ਨਾਚ, ਆਰਕੈਸਟਰਾ, ਯੋਗਾ, ਕਰਾਟੇ, ਬੱਚਿਆਂ ਨਾਲ ਜੁੜੀਆਂ ਵੱਖ-ਵੱਖ ਗਤੀਵਿਧੀਆਂ ਅਤੇ ਖੇਡ ਮੁਕਾਬਲੇ ਪੇਸ਼ ਕੀਤੇ ਗਏ।ਇਸ ਦੌਰਾਨ ਬਜ਼ੁਰਗਾਂ ਲਈ ਵੀ ਖੇਡ ਮੁਕਾਬਲੇ ਕਰਵਾਏ ਗਏ। ਜਿਨ੍ਹਾਂ ਵਿੱਚ ਬੱਚਿਆਂ ਅਤੇ ਬਜ਼ੁਰਗਾਂ ਨੇ ਇਕੱਠੇ ਮਿਲ ਕੇ ਖ਼ੂਬ ਮੌਜ ਮਸਤੀਆਂ ਕੀਤੀਆਂ।ਪ੍ਰਿੰਸੀਪਲ ਨੀਤੀ ਕੋਚਰ ਨੇ ਕਿਹਾ ਕਿ ਗ੍ਰੈਂਡ ਪੇਰੈਂਟਸ ਡੇ ਮਨਾਉਣ ਦਾ ਮੁੱਖ ਉਦੇਸ਼ ਪਰਿਵਾਰਕ ਮੁੱਲਾਂ ਨੂੰ ਸੰਭਾਲਣਾ ਅਤੇ ਨਵੀਂ ਪੀੜ੍ਹੀ ਨੂੰ ਦਾਦਾ-ਦਾਦੀ ਤੇ ਨਾਨਾ-ਨਾਨੀ ਪ੍ਰਤੀ ਸਤਿਕਾਰ ਦਾ ਪਾਠ ਸਿਖਾਉਣਾ ਹੈ।ਦਾਦਾ-ਦਾਦੀ ਅਤੇ ਨਾਨਾ-ਨਾਨੀ ਸਾਡੇ ਜੀਵਨ ਦੇ ਤਜਰਬੇ ਦਾ ਖ਼ਜ਼ਾਨਾ ਹਨ। ਉਨ੍ਹਾਂ ਦਾ ਪਿਆਰ, ਤਿਆਗ ਅਤੇ ਧੀਰਜ ਹੀ ਬੱਚਿਆਂ ਦੇ ਚਰਿੱਤਰ ਨਿਰਮਾਣ ਦੀ ਅਸਲੀ ਪਾਠਸ਼ਾਲਾ ਹੈ।ਇਸ ਮੌਕੇ ਸਕੂਲ ਦਾ ਸਾਰਾ ਸਟਾਫ, ਮਾਪੇ ਅਤੇ ਹੋਰ ਮਹਿਮਾਨ ਵੀ ਮੌਜੂਦ ਸਨ।



6-Nov-PAGE-4.qxd 11/5/2025 9:17 PM Page 1

ਨਵਾਂ ਜ਼ਮਾਨਾ
ਵੀਰਵਾਰ, 6 ਨਵੰਬਰ 2025

# ਮਮਦਾਨੀ ਦੀ ਜਿੱਤ ਟਰੰਪ ਲਈ ਵੱਡਾ ਝਟਕਾ

*ਉਦਾਰਵਾਦੀ, ਅਗਾਂਹਵਧੂ ਤੇ ਖੱਬੇ-ਪੱਖੀ ਵਿਚਾਰਾਂ 'ਤੇ ਆਧਾਰਤ ਮੁਹਿੰਮ ਚਲਾਉਣ ਵਾਲੇ ਜ਼ੋਹਰਾਨ ਮਮਦਾਨੀ ਨੇ ਨਾ ਸਿਰਫ ਸਾਬਕਾ ਗਵਰਨਰ ਐਂਡ੍ਰਿਊ ਕੁਓਮੋ ਤੇ ਰਿਪਬਲੀਕਨ ਪਾਰਟੀ ਦੇ ਕਰਟਿਸ ਸਲੀਵਾ ਨੂੰ ਹਰਾ ਕੇ ਨਿਊ ਯਾਰਕ ਦਾ 111ਵਾਂ ਮੇਅਰ ਬਣਨ ਦਾ ਮਾਣ ਹਾਸਲ ਕੀਤਾ ਹੈ, ਸਗੋਂ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੂੰ ਵੀ ਜ਼ੋਰਦਾਰ ਝਟਕਾ ਦਿੱਤਾ ਹੈ। 34 ਸਾਲਾ ਮਮਦਾਨੀ ਨਿਊ ਯਾਰਕ ਦੇ ਪਹਿਲੇ ਮੁਸਲਮ ਤੇ ਪਹਿਲੇ ਦੱਖਣੀ ਏਸ਼ੀਆਈ ਮੂਲ ਦੇ ਮੇਅਰ ਹੋਣ ਦੇ ਨਾਲ-ਨਾਲ 1970 ਦੇ ਦਹਾਕੇ ਵਿੱਚ ਮੇਅਰ ਬਣੇ ਅਬਰਾਹਮ ਬੀਮ ਦੇ ਬਾਅਦ ਪਹਿਲੇ ਪ੍ਰਵਾਸੀ ਮੇਅਰ ਵੀ ਹੋਣਗੇ। ਯੁਗਾਂਡਾ ਵਿੱਚ ਭਾਰਤੀ ਮੂਲ ਦੇ ਮਾਤਾ-ਪਿਤਾ ਪ੍ਰੋਫੈਸਰ ਮਹਿਮੂਦ ਮਮਦਾਨੀ ਤੇ ਫਿਲਮਸਾਜ਼ ਮੀਰਾ ਨਾਇਰ ਦੇ ਘਰ ਜਨਮੇ ਮਮਦਾਨੀ ਦੀ ਚੜ੍ਹਤ ਨਿਊ ਯਾਰਕ ਦੀ ਵਿਵਧਤਾ ਤੇ ਡੈਮੋਕਰੇਟਿਕ ਪਾਰਟੀ ਦੇ ਆਧਾਰ ਦੀ ਬਦਲਦੀ ਨੁਹਾਰ ਦੋਹਾਂ ਨੂੰ ਦਰਸਾਉਂਦੀ ਹੈ। ਇਹ ਦਹਾਕਿਆਂ ਤੋਂ ਸ਼ਹਿਰ ਦੀ ਸਿਆਸਤ 'ਤੇ ਹਾਵੀ ਰਹੇ ਤੇ ਪ੍ਰਭਾਵਤ ਕਰਨ ਵਾਲੇ ਅਲਰਟ ਮੱਧਮਾਰਗੀਆਂ ਦੀ ਵੀ ਹਾਰ ਹੈ। ਮਮਦਾਨੀ ਨੇ ਆਪਣੇ ਵਿਚਾਰ ਸ਼ੁਰੂ ਤੋਂ ਹੀ ਸਪੱਸ਼ਟ ਰੱਖੇ। ਉਹ ਇਸ ਗੱਲ ਦੀ ਪ੍ਰਵਾਹ ਕੀਤੇ ਬਿਨਾਂ ਕਿ ਨਿਊ ਯਾਰਕ ਵਿੱਚ ਕਾਫੀ ਯਹੂਦੀ ਰਹਿੰਦੇ ਹਨ, ਇਜ਼ਰਾਈਲ ਦੀ ਕਤਲੇਆਮ ਦੀ ਨੀਤੀ ਦੇ ਖਿਲਾਫ ਤੇ ਫਲਸਤੀਨ ਦੇ ਹੱਕ ਵਿੱਚ ਖੁੱਲ੍ਹ ਕੇ ਬੋਲੇ।*

*ਚੋਣ ਜਿੱਤਣ ਦੇ ਬਾਅਦ ਆਪਣੇ ਹਮਾਇਤੀਆਂ ਨੂੰ ਸੰਬੋਧਨ ਕਰਦਿਆਂ ਮਮਦਾਨੀ ਨੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਦੇ ਸ਼ਬਦਾਂ ਦਾ ਹਵਾਲਾ ਦਿੱਤਾ। ਉਨ੍ਹਾ ਕਿਹਾ, "ਤੁਹਾਡੇ ਮੂਹਰੇ ਖੜ੍ਹੇ ਹੋ ਕੇ ਮੈਨੂੰ ਜਵਾਹਰ ਲਾਲ ਨਹਿਰੂ ਦੇ ਸ਼ਬਦ ਯਾਦ ਆ ਰਹੇ ਹਨ। ਇਤਿਹਾਸ ਵਿੱਚ ਅਜਿਹਾ ਛਿਣ ਆਉਂਦਾ ਹੈ, ਪਰ ਬਹੁਤ ਘੱਟ, ਜਦੋਂ ਅਸੀਂ ਪੁਰਾਣੇ ਤੋਂ ਨਵੇਂ ਵੱਲ ਕਦਮ ਵਧਾਉਂਦੇ ਹਾਂ, ਜਦੋਂ ਇੱਕ ਯੁੱਗ ਦਾ ਅੰਤ ਹੁੰਦਾ ਹੈ ਅਤੇ ਜਦੋਂ ਲੰਬੇ ਸਮੇਂ ਤੋਂ ਦੱਬੀ ਹੋਈ ਕੌਮ ਦੀ ਆਤਮਾ ਨੂੰ ਬੋਲ ਮਿਲਦੇ ਹਨ। ਅੱਜ ਰਾਤ, ਨਿਊ ਯਾਰਕ ਨੇ ਠੀਕ ਇਹੀ ਕੀਤਾ ਹੈ। ਇਹ ਨਵਾਂ ਯੁੱਗ ਸਪੱਸ਼ਟਤਾ, ਹੌਸਲੇ ਤੇ ਦੂਰਦ੍ਰਿਸ਼ਟੀ ਦੀ ਮੰਗ ਕਰਦਾ ਹੈ-ਬਹਾਨੇਬਾਜ਼ੀਆਂ ਦੀ ਨਹੀਂ। ਇਸ ਦੀ ਸ਼ੁਰੂਆਤ ਸਾਹਸਿਕ ਲੀਡਰਸ਼ਿਪ ਨਾਲ ਸਾਡੇ ਸ਼ਹਿਰ ਦੇ ਰੋਜ਼ੀ-ਰੋਟੀ ਦੇ ਸੰਕਟ ਦਾ ਸਾਹਮਣਾ ਕਰਨ ਲਈ ਹੁਣ ਤੱਕ ਦੀ ਸਭ ਤੋਂ ਵੱਡੇ ਸੱਧਰਾਂ ਵਾਲੀ ਯੋਜਨਾ ਨਾਲ ਹੋਵੇਗੀ।"*

*ਮਮਦਾਨੀ ਦੀ ਜਿੱਤ ਟਰੰਪ ਲਈ ਕਈ ਕਾਰਨਾਂ ਕਰਕੇ ਤਕੜਾ ਝਟਕਾ ਹੈ। ਮਮਦਾਨੀ ਪ੍ਰਗਤੀਸ਼ੀਲ ਡੈਮੋਕਰੇਟ ਹਨ। ਉਨ੍ਹਾ ਦੀ ਜਿੱਤ ਪਾਰਟੀ ਅੰਦਰਲੇ ਖੱਬੇ-ਪੱਖੀ/ਪ੍ਰਗਤੀਸ਼ੀਲ ਏਜੰਡੇ (ਜਿਵੇਂ ਘੱਟ ਲਾਗਤ ਵਾਲੀ ਰਿਹਾਇਸ਼, ਕਿਰਾਇਆ ਕੰਟਰੋਲ ਤੇ ਕੰਮਕਾਜੀ ਵਰਗ ਲਈ ਨੀਤੀਆਂ) ਦੀ ਵਧਦੀ ਤਾਕਤ ਨੂੰ ਦਰਸਾਉਂਦੀ ਹੈ। ਟਰੰਪ, ਜਿਨ੍ਹਾ ਮਮਦਾਨੀ ਨੂੰ ਕਮਿਊਨਿਸਟ ਕਹਿ ਕੇ ਲਗਾਤਾਰ ਹਮਲਾ ਕੀਤਾ ਤੇ ਉਨ੍ਹਾ ਦੀ ਜਿੱਤ 'ਤੇ ਕੇਂਦਰੀ ਫੰਡ ਰੋਕਣ ਦੀ ਧਮਕੀ ਵੀ ਦਿੱਤੀ, ਆਪਣੇ ਸਿੱਧੇ ਦਖਲ ਤੇ ਕੋਸ਼ਿਸ਼ਾਂ ਦੇ ਬਾਵਜੂਦ ਆਪਣੇ ਪਸੰਦੀਦਾ ਉਮੀਦਵਾਰ ਆਜ਼ਾਦ ਐਂਡ੍ਰਿਊ ਕੁਓਮੋ ਨੂੰ ਜਿਤਾ ਨਹੀਂ ਸਕੇ। ਟਰੰਪ ਨੇ ਵੋਟਰਾਂ ਨੂੰ ਮਮਦਾਨੀ ਨੂੰ ਵੋਟ ਨਾ ਪਾਉਣ ਦੀ ਅਪੀਲ ਕੀਤੀ ਤੇ ਇੱਥੋਂ ਤੱਕ ਕਿ ਆਪਣੀ ਰਿਪਬਲੀਕਨ ਪਾਰਟੀ ਦੇ ਉਮੀਦਵਾਰ ਕਰਟਿਸ ਸਲੀਵਾ ਦੀ ਬਜਾਇ ਆਜ਼ਾਦ ਕੁਓਮੋ ਦੀ ਹਮਾਇਤ ਕੀਤੀ। ਇਸ ਦੇ ਬਾਵਜੂਦ ਮਮਦਾਨੀ ਦੀ ਜਿੱਤ ਟਰੰਪ ਦੇ ਸਿਆਸੀ ਪ੍ਰਭਾਵ ਤੇ ਤਾਕਤ 'ਤੇ ਸਵਾਲ ਖੜ੍ਹਾ ਕਰ ਗਈ ਹੈ।*

*ਨਿਊ ਯਾਰਕ ਸਿਟੀ ਹਾਲਾਂਕਿ ਡੈਮੋਕਰੇਟਾਂ ਦਾ ਗੜ੍ਹ ਹੈ, ਪਰ ਟਰੰਪ ਦਾ 'ਪਹਿਲਾ ਪਿਆਰਾ ਘਰ' ਵੀ ਹੈ। ਇੱਥੇ ਮਮਦਾਨੀ ਦੀ ਜਿੱਤ ਨਾਲ ਅਮਰੀਕਾ ਦੀ ਸਿਆਸਤ 'ਤੇ ਦੂਰਗਾਮੀ ਪ੍ਰਭਾਵ ਪੈ ਸਕਦਾ ਹੈ। ਇਹ ਜਿੱਤ ਖੱਬੇ-ਪੱਖੀ ਡੈਮੋਕਰੇਟਾਂ ਨੂੰ ਕੌਮੀ ਪੱਧਰ 'ਤੇ ਆਪਣੇ ਏਜੰਡੇ (ਸਿਹਤ ਸੇਵਾ, ਜਲਵਾਯੂ ਪਰਿਵਰਤਨ ਤੇ ਆਰਥਕ ਨਾਬਰਾਬਰੀ) ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣ ਲਈ ਪ੍ਰੋਤਸਾਹਤ ਕਰੇਗੀ। ਨਿਊ ਯਾਰਕ ਵਰਗੇ ਸਭ ਤੋਂ ਵੱਡੇ ਅਮਰੀਕੀ ਸ਼ਹਿਰ ਵਿੱਚ ਮਮਦਾਨੀ ਦੀਆਂ ਨੀਤੀਆਂ (ਜਿਵੇਂ ਕਿਰਾਇਆ ਕੰਟਰੋਲ ਤੇ ਕਿਫਾਇਤੀ ਰਿਹਾਇਸ਼) ਹੋਰਨਾਂ ਵੱਡੇ ਸ਼ਹਿਰਾਂ ਵਿੱਚ ਵੀ ਸ਼ਹਿਰੀ ਨੀਤੀਆਂ ਲਈ ਇੱਕ ਮਾਡਲ ਬਣ ਸਕਦੀਆਂ ਹਨ, ਜਿਸ ਨਾਲ ਕੌਮੀ ਪੱਧਰ 'ਤੇ ਬਹਿਸ ਤੇਜ਼ ਹੋ ਸਕਦੀ ਹੈ।*

*ਡੈਮੋਕਰੇਟਾਂ ਲਈ ਮਮਦਾਨੀ ਹੀ ਨਹੀਂ ਜਿੱਤੇ, ਉਨ੍ਹਾ ਦੇ ਨਾਲ-ਨਾਲ ਵਰਜੀਨੀਆ ਵਿੱਚ ਡੈਮੋਕਰੇਟ ਅਬਿਗੇਲ ਸਪੈਨਬਰਗਰ ਤੇ ਨਿਊ ਜਰਸੀ ਵਿੱਚ ਡੈਮੋਕਰੇਟ ਮਿਕੀ ਸ਼ੇਰਿਲ ਨੇ ਵੀ ਗਵਰਨਰ ਦੀ ਚੋਣ ਜਿੱਤੀ ਹੈ। ਪਿਟਸਬਰਗ ਦੇ ਮੇਅਰ ਦੀ ਚੋਣ ਡੈਮੋਕਰੇਟ ਕੋਰੇ ਏ ਕੋਨੋਰ ਨੇ ਜਿੱਤੀ ਹੈ। ਸਿਨਸਿਨਾਟੀ ਦੇ ਮੇਅਰ ਦੀ ਚੋਣ ਆਫਤਾਬ ਪੁਰੇਵਾਲ ਨੇ ਅਮਰੀਕੀ ਉਪ ਰਾਸ਼ਟਰਪਤੀ ਜੇਡੀ ਵਾਂਸ ਦੇ ਸੌਤੇਲੇ ਭਰਾ ਨੂੰ ਹਰਾ ਕੇ ਦੂਜੀ ਵਾਰ ਜਿੱਤੀ ਹੈ। ਵਰਜੀਨੀਆ ਦੇ ਲੈਫਟੀਨੈਂਟ ਗਵਰਨਰ ਦੀ ਚੋਣ ਭਾਰਤੀ ਮੂਲ ਦੀ ਗਜ਼ਾਲਾ ਹਾਸ਼ਮੀ ਨੇ ਜਿੱਤੀ ਹੈ। ਇਹ ਜਿੱਤਾਂ ਸੰਸਦ (ਲੋਕ ਸਭਾ) ਦੀਆਂ 2026 ਵਿੱਚ ਹੋਣ ਵਾਲੀਆਂ ਮੱਧਕਾਲੀ ਚੋਣਾਂ ਲਈ ਡੈਮੋਕਰੇਟਾਂ ਲਈ ਟਾਨਿਕ ਦਾ ਕੰਮ ਕਰਨਗੀਆਂ। ਇਨ੍ਹਾਂ ਜਿੱਤਾਂ ਨੇ ਸਾਬਤ ਕੀਤਾ ਹੈ ਕਿ ਟਰੰਪ ਦੀ ਵੰਡਵਾਦੀ ਸਿਆਸਤ ਤੇ ਸੱਭਿਆਚਾਰਕ ਯੁੱਧ ਦੀ ਰਣਨੀਤੀ ਹੁਣ ਆਰਥਿਕ ਚਿੰਤਾਵਾਂ, ਜਿਵੇਂ ਮਹਿੰਗਾਈ ਤੇ ਜ਼ਿੰਦਗੀਆਂ ਦੀਆਂ ਲੋੜਾਂ ਦੀ ਵਧਦੀ ਲਾਗਤ ਨੂੰ ਢਕਣ ਦੇ ਸਮਰੱਥ ਨਹੀਂ ਹਨ। ਮੱਧ ਕਾਲੀ ਚੋਣਾਂ ਵਿੱਚ ਡੈਮੋਕਰੇਟ ਆਪਣੇ ਵੱਧ ਉਮੀਦਵਾਰ ਜਿਤਾ ਕੇ ਸੰਸਦ ਵਿੱਚ ਬਹੁਮਤ ਮੁੜ ਆਪਣੇ ਪੱਖ ਵਿੱਚ ਕਰ ਸਕਦੇ ਹਨ।*

**—ਚੰਦ ਫਤਿਹਪੁਰੀ**

# ਆਰ ਟੀ ਆਈ ਕਾਨੂੰਨ ਦੀ ਘਟ ਰਹੀ ਰੌਸ਼ਨੀ



ਗੁਰਮੀਤ ਸਿੰਘ ਪਲਾਹੀ

ਜਿਵੇਂ ਵੀ ਅਤੇ ਜਿੱਥੇ ਵੀ ਦੇਸ਼ ਦੇ ਹਾਕਮਾਂ ਦਾ ਦਾਅ ਲੱਗਦਾ ਹੈ, ਉੱਥੇ ਹੀ ਲੋਕਾਂ ਦੇ ਹੱਕਾਂ 'ਚ ਬਣੇ ਕਾਨੂੰਨਾਂ, ਸੰਵਿਧਾਨਿਕ ਹੱਕਾਂ ਉੱਤੇ ਕੁਹਾੜੀ ਚਲਾਉਣ ਤੋਂ ਉਹ ਦਰੇਗ ਨਹੀਂ ਕਰਦੇ। ਲੋਕਤੰਤਰਿਕ ਵਿਵਸਥਾ ਨੂੰ ਢਾਹ ਲਗਾਉਣਾ, ਸਿੱਧੇ-ਅਸਿੱਧੇ ਢੰਗ ਨਾਲ ਲੋਕ ਹਿਤੈਸ਼ੀ ਕਾਨੂੰਨਾਂ ਨੂੰ ਖੋਰਾ ਲਗਾਉਣਾ, ਸੰਘੀ ਢਾਂਚੇ ਦਾ ਸੰਘ ਘੁੱਟਣਾ ਕੇਂਦਰ ਸਰਕਾਰ ਦੀ ਫ਼ਿਤਰਤ ਬਣ ਚੁੱਕੀ ਹੈ ।

ਸਿੱਟੇ ਵਜੋਂ ਹਾਕਮ ਧਿਰ ਵਿਰੋਧੀ ਪਾਰਟੀਆਂ ਵਾਲੇ ਰਾਜਾਂ ਦੀਆਂ ਸਰਕਾਰਾਂ ਨੂੰ ਖੁੱਡੇ ਲਾ ਕੇ, ਹਰ ਉਸ ਕੰਮ ਲਈ ਆਪਣੀ ਤਾਕਤ ਦੀ ਵਰਤੋਂ ਕਰਨ ਦੇ ਰਾਹ ਹੈ, ਜਿੱਥੇ ਉਸ ਨੂੰ ਸਿਆਸੀ ਲਾਭ ਮਿਲਦਾ ਹੈ ਅਤੇ ਜਿੱਥੇ ਉਸ ਦੀ ਆਪਣੀ ਕੁਰਸੀ ਪੱਕੀ ਹੁੰਦੀ ਹੈ।

ਦੇਸ਼ 'ਚ ਸਥਿਤੀ ਇਹ ਹੈ ਕਿ ਖ਼ੁਦਮੁਖਤਾਰ ਸੰਸਥਾਵਾਂ ਦੀ ਭਰੋਸੇਯੋਗਤਾ ਲਗਭਗ ਖ਼ਤਮ ਹੈ ਅਤੇ ਸੰਸਥਾਵਾਂ ਦੀ ਭਰੋਸੇਯੋਗਤਾ ਕਾਇਮ ਰੱਖਣ ਲਈ ਗ਼ਲਤ ਰੁਝਾਨ ਖ਼ਿਲਾਫ਼ ਹੋਕਾ ਦੇਣ ਵਾਲਿਆਂ ਦੀ ਨਿਰੰਤਰ ਕਮੀ ਵੇਖਣ ਨੂੰ ਮਿਲ ਰਹੀ ਹੈ।

ਸਤਰਕ ਨਾਗਰਿਕ ਸੰਗਠਨ (ਐੱਸ ਐੱਨ ਐੱਸ, ਸੁਸਾਇਟੀ ਫਾਰ ਸਿਟੀਜ਼ਨ ਵਿਜੀਲੈਂਸ ਇਨੀਸ਼ੀਏਟਿਵਜ਼) ਦੀ ਰਿਪੋਰਟ ਦੱਸਦੀ ਹੈ ਕਿ ਦੇਸ਼ ਦੇ 29 ਸੂਚਨਾ ਕਮਿਸ਼ਨਰਾਂ (ਆਰ ਟੀ ਆਈ ਕਮਿਸ਼ਨਰ) ਵਿੱਚੋਂ ਕਈ ਕਮਿਸ਼ਨ ਲਗਭਗ ਖ਼ਾਤਮੇ ਦੇ ਕੰਢੇ 'ਤੇ ਹਨ। ਝਾਰਖੰਡ, ਤ੍ਰਿਪੁਰਾ ਅਤੇ ਤੇਲੰਗਾਨਾ ਦੇ ਸੂਚਨਾ ਕਮਿਸ਼ਨ ਬੰਦ ਪਏ ਹਨ । ਕੇਂਦਰੀ ਸੂਚਨਾ ਕਮਿਸ਼ਨ ਵਿੱਚ ਵੀ ਵਧੇਰੇ ਅਸਾਮੀਆਂ ਖਾਲੀ ਹਨ । ਇਸ ਦਾ ਸਿੱਧਾ ਅਸਰ ਇਹ ਹੋਇਆ ਹੈ ਕਿ ਲੱਖਾਂ ਦੀ ਗਿਣਤੀ 'ਚ ਸੂਚਨਾ ਕਮਿਸ਼ਨ ਵਿੱਚ ਅਪੀਲਾਂ ਅਤੇ ਸ਼ਿਕਾਇਤਾਂ ਪੈਂਡਿੰਗ ਹਨ। ਕਈ ਸੂਬਿਆਂ ਵਿੱਚ ਤਾਂ ਇਹ ਮਾਮਲੇ ਦਾ ਨਿਪਟਾਰਾ ਹੋਣ ਲਈ ਸਾਲਾਂ ਲੱਗ ਜਾਂਦੇ ਹਨ। ਕੀ ਇਹ ਵਿਡੰਬਨਾ ਨਹੀਂ ਹੈ ? ਕੀ ਇਹ ਲੋਕ-ਹਿਤੈਸ਼ੀ ਕਾਨੂੰਨ ਨਾਲ ਖਿਲਵਾੜ ਨਹੀਂ ਹੈ ? ਕੀ ਆਰ ਟੀ ਆਈ ਵਰਗੇ ਕਮਿਸ਼ਨ ਨੂੰ ਵੱਟੇ-ਖਾਤੇ ਪਾ ਦਿੱਤਾ ਗਿਆ ਹੈ।

ਸੂਚਨਾ ਐਕਟ ਸਮਾਂਬੱਧ ਸੂਚਨਾ ਦੇਣ ਦੀ ਗਰੰਟੀ ਦਿੰਦਾ ਹੈ। ਸਾਲ 2023-24 ਵਿੱਚ ਕੇਂਦਰੀ ਸੂਚਨਾ ਕਮਿਸ਼ਨ ਵਿੱਚ ਪਿਛਲੇ 10 ਸਾਲਾਂ ਦੇ ਮੁਕਾਬਲੇ ਦੁਗਣੇ ਤੋਂ ਵੀ ਜ਼ਿਆਦਾ ਅਰਜ਼ੀਆਂ ਦਾਇਰ ਹੋਈਆਂ, ਪਰ ਵੱਡੀ ਗਿਣਤੀ 'ਚ ਅਰਜ਼ੀਆਂ ਰੱਦ ਕਰ ਦਿੱਤੀਆਂ ਗਈਆਂ।

20 ਵਰ੍ਹੇ ਪਹਿਲਾਂ ਜਦੋਂ ਆਰ ਟੀ ਆਈ ਕਾਨੂੰਨ ਆਇਆ ਸੀ, ਤਦ ਇਹ ਲੋਕਾਂ ਦੇ ਹੱਥਾਂ ਚ ਇੱਕ ਮਸ਼ਾਲ ਦੀ ਤਰ੍ਹਾਂ ਸੀ, ਜਿਸ ਨੇ ਹਨੇਰੇ 'ਚ ਰੌਸ਼ਨੀ ਫੈਲਾਈ, ਪਰ ਅੱਜ ਇਹ ਮਸ਼ਾਲ ਦੀ ਜੋ ਹਾਲਤ ਹੈ, ਉਸ ਸੰਬੰਧੀ ਵਿਚਾਰ ਕਰਨਾ ਤਾਂ ਬਣਦਾ ਹੀ ਹੈ।

ਜਿਵੇਂ ਮਗਨਰੇਗਾ ਕਾਨੂੰਨ ਦਾ (ਜਿਸ ਵਿੱਚ ਪੇਂਡੂ ਮਜ਼ਦੂਰਾਂ, ਕਿਸਾਨਾਂ ਲਈ 100 ਦਿਨਾਂ ਦਾ ਗਰੰਟੀ ਕੰਮ ਨਿਰਧਾਰਿਤ ਦਿਹਾੜੀ 'ਤੇ ਦੇਣ ਦਾ ਪ੍ਰਵਾਧਾਨ ਹੈ ), ਮੌਜੂਦਾ ਕੇਂਦਰ ਸਰਕਾਰ ਨੇ ਭੱਠਾ ਬਿਠਾ ਦਿੱਤਾ ਹੈ ਅਤੇ ਹਰ ਵਰ੍ਹੇ ਕੇਂਦਰੀ ਬਜਟ ਵਿੱਚ ਮਗਨਰੇਗਾ ਲਈ ਧਨ ਰਾਸ਼ੀ ਘਟਾਈ ਜਾ ਰਹੀ ਹੈ, ਉਵੇਂ ਹੀ ਸਿਹਤ, ਸਿੱਖਿਆ ਲਈ ਬਣਾਏ ਕਾਨੂੰਨਾਂ ਨੂੰ ਆਪਣੇ ਅਧਿਕਾਰ 'ਚ ਕਰਕੇ, ਕੇਂਦਰੀਕਰਨ ਰਾਹੀਂ ਯੂਨੀਵਰਸਿਟੀਆਂ, ਸਿੱਖਿਆ ਸੰਸਥਾਵਾਂ, ਸਿਹਤ ਸੰਸਥਾਵਾਂ 'ਚ ਆਪਣਾ ਖ਼ੂਨੀ ਪੰਜਾ ਕੱਸਿਆ ਹੈ, ਤਾਂ ਕਿ ਭਾਜਪਾ-ਆਰ ਐੱਸ ਐੱਸ ਦੇ ਭਗਵਾਂਕਰਨ ਦੇ ਅਜੰਡੇ ਨੂੰ ਬਿਨਾਂ ਰੋਕ-ਟੋਕ ਲਾਗੂ ਕੀਤਾ ਜਾ ਸਕੇ ਅਤੇ ਕੋਈ ਵੀ ਸੂਝਵਾਨ ਵਿਅਕਤੀ, ਕੋਈ ਲੋਕ-ਹਿਤੈਸ਼ੀ ਸੂਚਨਾ ਨਾ ਮੰਗੇ, ਨਾ ਹੀ ਉਹਨਾਂ ਦੀ ਡਿਕਟੇਟਰਾਨਾ ਸੋਚ ਉੱਤੇ ਕਿੰਤੂ-ਪਰੰਤੂ ਕਰੇ।

ਦਰਜਨਾਂ ਨਹੀਂ ਸੈਂਕੜੇ ਉਦਾਹਰਨਾਂ ਹਨ ਕਿ ਵਿਰੋਧੀ ਰਾਜਾਂ ਦੇ ਗਵਰਨਰਾਂ (ਆਪਣੇ ਸੂਬੇਦਾਰਾਂ) ਰਾਹੀਂ ਕੇਂਦਰ ਸਰਕਾਰ ਵੱਲੋਂ ਚੁਣੀਆਂ ਸਰਕਾਰਾਂ ਲਈ ਪਰੇਸ਼ਾਨੀ ਖੜੀ ਕੀਤੀ ਜਾ ਰਹੀ ਹੈ ਅਤੇ ਕੇਂਦਰ ਆਪਣੇ ਹੱਥ ਹਰ ਖੇਤਰ 'ਚ ਮਜ਼ਬੂਤ ਕਰ ਰਿਹਾ ਹੈ ਅਤੇ ਰਾਜ ਸਰਕਾਰਾਂ ਨੂੰ ਪੰਗੂ ਬਣਾ ਕੇ ਸਿਰਫ਼ ਇੱਕ ਮਿਊਂਸੀਪੈਲਟੀ ਬਣਾਉਣ ਦੇ ਰਾਹ ਹੈ।

ਸੂਚਨਾ ਦਾ ਅਧਿਕਾਰ ਕਾਨੂੰਨ (ਆਰ ਟੀ ਆਈ) ਤਤਕਾਲੀ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਸਰਕਾਰ ਵੱਲੋਂ ਦੋ ਦਹਾਕੇ ਪਹਿਲਾਂ ਲਾਗੂ ਕੀਤਾ ਗਿਆ ਸੀ। ਇਹ ਭਾਰਤੀ ਲੋਕਤੰਤਰ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਇੱਕ ਉਮੀਦ ਸੀ। ਜਦੋਂ ਇਹ ਕਾਨੂੰਨ ਲਾਗੂ ਹੋਇਆ, ਉਸ ਵੇਲੇ ਆਮ ਜਨਤਾ ਸ਼ਾਸਨ, ਪ੍ਰਸ਼ਾਸਨ ਤੋਂ ਸਵਾਲ ਪੁੱਛਣ ਦੇ ਹੱਕ ਤੋਂ ਵਿਰਵੀ ਸੀ। ਭ੍ਰਿਸ਼ਟਾਚਾਰ, ਕੁਸ਼ਾਸਨ ਅਤੇ ਮਨਮਾਨੀ ਖ਼ਿਲਾਫ਼ ਕੋਈ ਠੋਸ ਸੰਦ (ਔਜ਼ਾਰ) ਆਮ ਨਾਗਰਿਕਾਂ ਕੋਲ ਨਹੀਂ ਸੀ ।

ਸਾਲ 2005 ਵਿੱਚ ਇਹ ਕਾਨੂੰਨ ਸੰਸਦ ਵਿੱਚ ਪਾਸ ਹੋਇਆ। ਇਸ ਕਾਨੂੰਨ ਅਧੀਨ ਕੋਈ ਵੀ ਨਾਗਰਿਕ ਸਰਕਾਰੀ ਦਫ਼ਤਰ, ਵਿਭਾਗ ਜਾਂ ਸੰਸਥਾ ਤੋਂ ਪੁੱਛ ਸਕਦਾ ਹੈ ਕਿ ਉਸ ਕੋਲ ਜੋ ਸਰਕਾਰੀ ਧਨ ਹੈ, ਉਹ ਕਿੱਥੋਂ ਆਇਆ ? ਕਿੱਥੇ ਖ਼ਰਚਿਆ ਗਿਆ ? ਇਹ ਹੱਕ ਸਿਰਫ਼ ਦਸਤਾਵੇਜ ਵੇਖਣ ਤੱਕ ਸੀਮਤ ਨਹੀਂ ਸੀ, ਬਲਕਿ ਸਰਕਾਰ ਤੋਂ ਜਵਾਬਦੇਹੀ ਲੈਣ ਦਾ ਇੱਕ ਵੱਡਾ ਔਜ਼ਾਰ ਸੀ।

ਭਾਵੇਂ ਕਿ ਇਸ ਕਾਨੂੰਨ ਨੇ ਸ਼ੁਰੂ 'ਚ ਕਾਫ਼ੀ ਅਸਰ ਵਿਖਾਇਆ। ਅਫ਼ਸਰਸ਼ਾਹੀ ਇਸ ਤੋਂ ਕਾਫ਼ੀ ਭੈ-ਭੀਤ ਹੋਈ। ਇਸ ਕਾਨੂੰਨ ਨਾਲ ਕਈ ਇਤਿਹਾਸਕ ਖ਼ੁਲਾਸੇ ਹੋਏ। ਵੱਖੋ-ਵੱਖਰੀਆਂ ਸਕੀਮਾਂ 'ਚ ਖ਼ਰਚਿਆ ਗਿਆ ਪੈਸਾ ਲੋਕਾਂ ਦੇ ਸਾਹਮਣੇ ਆਇਆ, ਜਿਸ ਨਾਲ ਕਈ ਮੁਕੱਦਮੇ ਦਰਜ ਹੋਏ ਅਤੇ ਇਸ ਐਕਟ ਦੇ ਰਾਹੀਂ ਪ੍ਰਾਪਤ ਸੂਚਨਾ ਨੇ ਸਿਆਸਤਦਾਨਾਂ, ਅਫ਼ਸਰਾਂ, ਦਲਾਲਾਂ ਦੀ ਤਿਕੜੀ ਦੇ ਕਈ ਖ਼ੁਲਾਸੇ ਕੀਤੇ । ਮੁੰਬਈ ਚ ਆਦਰਸ਼ ਹਾਊਸਿੰਗ ਸੁਸਾਇਟੀ ਘੁਟਾਲੇ ਦਾ ਖ਼ੁਲਾਸਾ ਇਸੇ ਕਾਨੂੰਨ ਤਹਿਤ ਹੋਇਆ।

ਇਹ ਉਹ ਇਮਾਰਤ ਸੀ, ਜੋ ਕਾਰਗਿਲ ਯੁੱਧ ਦੇ ਸ਼ਹੀਦਾਂ ਦੇ ਪਰਵਾਰਾਂ ਲਈ ਬਣਾਈ ਗਈ, ਪਰ ਉਸ ਵਿੱਚ ਨੌਕਰਸ਼ਾਹਾਂ, ਸਿਆਸਤਦਾਨਾਂ, ਸੈਨਾ ਦੇ ਉੱਚ ਅਧਿਕਾਰੀਆਂ ਨੂੰ ਸਸਤੇ ਭਾਅ ਪਲਾਟ ਦਿੱਤੇ ਗਏ। ਸਿੱਟੇ ਵਜੋਂ ਸੂਬੇ ਦੇ ਤਤਕਾਲੀ ਮੁੱਖ ਮੰਤਰੀ ਨੂੰ ਅਸਤੀਫ਼ਾ ਦੇਣਾ ਪਿਆ। ਰਾਸ਼ਟਰ ਮੰਡਲ ਖੇਡਾਂ ਦੇ ਆਯੋਜਨ ਸਮੇਂ ਸਰਵਜਨਕ ਘੁਟਾਲਾ, ਮਗਨਰੇਗਾ ਅਤੇ ਅਨਾਜ ਵੰਡ ਘੁਟਾਲੇ ਵੀ ਇਸ ਕਾਨੂੰਨ ਤਹਿਤ ਸੂਚਨਾ ਲੈ ਕੇ ਖੁੱਲ੍ਹੇ । ਚੋਣ ਬਾਂਡ ਨਾਲ ਜੁੜੀਆਂ ਗੁਪਤ ਸੂਚਨਾਵਾਂ ਵੀ ਇਸੇ ਕਾਨੂੰਨ ਤਹਿਤ ਲੋਕ ਕਚਹਿਰੀ 'ਚ ਖੁੱਲੀਆਂ ।

ਅਸਲ 'ਚ ਇਹ ਕਾਨੂੰਨ ਪਿੰਡਾਂ ਦੇ ਲੋਕਾਂ ਲਈ ਰਾਸ਼ਨ, ਪੈਨਸ਼ਨ, ਮਜ਼ਦੂਰੀ ਚ ਬਕਾਇਆ ਆਦਿ ਦੇ ਲਈ ਵੱਡਾ ਆਸਰਾ ਬਣਿਆ। ਅਸਲ 'ਚ ਇਸ ਕਾਨੂੰਨ ਨੇ ਲੋਕਤੰਤਰ ਨੂੰ ਕੇਵਲ ਸੰਸਦੀ ਦਾਇਰੇ 'ਚ ਹੀ ਨਹੀਂ ਰੱਖਿਆ, ਸਗੋਂ ਲੋਕਾਂ ਦੀ ਆਮ ਜ਼ਿੰਦਗੀ ਤੱਕ ਵੀ ਇਸ ਦੀ ਪਹੁੰਚ ਬਣੀ।

ਪਰ ਸਫ਼ਲਤਾ ਦੀ ਪੌੜੀ ਚੜ੍ਹ ਕੇ ਇਹ ਕਾਨੂੰਨ ਧੜੰਮ ਕਰਕੇ (ਮੌਜੂਦਾ ਸਰਕਾਰ ਦੇ ਸਮੇਂ ਖ਼ਾਸ ਕਰਕੇ) ਡਿੱਗਿਆ ਹੈ। ਅੱਜ ਪਾਰਦਰਸ਼ਤਾ ਲੁਕਾਈ ਜਾ ਰਹੀ ਹੈ ।ਅਫ਼ਸਰਸ਼ਾਹੀ ਨੇ ਇਸ ਕਾਨੂੰਨ ਨੂੰ ਸਿਆਸਤਦਾਨਾਂ ਦੀ ਸ਼ਹਿ 'ਤੇ ਛਿੱਕੇ ਟੰਗ ਦਿੱਤਾ ਹੈ। ਜਿਵੇਂ ਦੇਸ਼ 'ਚ ਲੋਕਤੰਤਰ ਗਾਇਬ ਹੋ ਰਿਹਾ ਹੈ, ਡਿਕਟੇਟਰਾਨਾ ਸੋਚ ਵਾਲੇ ਹਾਕਮ ਫੰਨ ਫੈਲਾਅ ਰਹੇ ਹਨ, ਉਵੇਂ ਹੀ ਲੋਕ- ਹਿੱਤੂ ਕਾਨੂੰਨ ਖ਼ਾਮੋਸ਼ ਕੀਤੇ ਜਾ ਰਹੇ ਹਨ।

ਇਹ ਗਹਿਰੀ ਖਾਮੋਸ਼ੀ ਦਾ ਚਿੰਤਾਜਨਕ ਪਹਿਲੂ ਇਹ ਹੈ ਕਿ ਅਧਿਕਾਰੀ ਜਾਣ-ਬੁਝ ਕੇ ਸੂਚਨਾ ਦੇਣ 'ਚ ਦੇਰੀ ਕਰਦੇ ਹਨ, ਉਹਨਾਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਹੋ ਰਹੀ, ਕਿਉਂਕਿ ਸੂਬਾਈ ਤੇ ਕੇਂਦਰੀ ਕਮਿਸ਼ਨ ਲਗਭਗ ਚੁੱਪੀ ਧਾਰੀ ਬੈਠੇ ਰਹਿੰਦੇ ਹਨ । ਅਸਲ 'ਚ ਜਵਾਬਦੇਹੀ ਦਾ ਦੌਰ ਜਿਵੇਂ-ਜਿਵੇਂ ਸਿਆਸਤ ਵਿੱਚੋਂ ਗਾਇਬ ਹੋ ਰਿਹਾ ਹੈ, ਉਵੇਂ ਹੀ ਕਾਨੂੰਨ ਬਣਾਉਣ, ਉਸ ਨੂੰ ਲਾਗੂ ਕਰਨ ਦੀ ਜਵਾਬਦੇਹੀ ਖ਼ਤਮ ਹੋ ਰਹੀ ਹੈ। ਬੁਲਡੋਜ਼ਰ ਸਿਆਸਤ ਸਮਾਜ ਅਤੇ ਸਿਆਸਤ ਵਿੱਚ ਭਾਰੂ ਹੋ ਰਹੀ ਹੈ, ਜਿੱਥੇ ਕਾਨੂੰਨ ਲੁਪਤ ਹੋ ਰਿਹਾ ਹੈ ਅਤੇ ਸਿਆਸੀ ਹਾਕਮ ਤੇ ਪੁਲਸ ਪ੍ਰਸ਼ਾਸਨ ਸਿੱਧਾ ਆਪੇ ਇਨਸਾਫ਼ ਕਰਦੇ ਤੇ ਆਪਣਾ ਜੰਗਲੀ ਕਾਨੂੰਨ ਲਾਗੂ ਕਰਦੇ ਹਨ।

ਸਾਲ 2005 ਤੋਂ ਹੁਣ ਤੱਕ ਆਰ ਟੀ ਆਈ ਦੇ ਕਈ ਕਾਰਕੁਨਾਂ ਦੀ ਹੱਤਿਆ ਕੀਤੀ ਜਾ ਰਹੀ ਹੈ, ਜਿਹੜੇ ਕਾਰਕੁਨ ਮਹਾਰਾਸ਼ਟਰ, ਕਰਨਾਟਕ, ਉੜੀਸਾ ਅਤੇ ਰਾਜਸਥਾਨ 'ਚ ਸਾਹਮਣੇ ਆਏ ਉਹਨਾਂ 'ਤੇ ਹਮਲੇ ਹੋਏ। ਚਿੰਤਾ ਵਾਲੀ ਗੱਲ ਤਾਂ ਇਹ ਹੈ ਕਿ ਆਰ ਟੀ.ਆਈ. ਕਾਰਕੁਨਾਂ ਨੂੰ ਸਰਕਾਰੀ ਸੁਰੱਖਿਆ ਨਹੀਂ ਹੈ। ਇਸੇ ਕਰਕੇ ਆਰ ਟੀ ਆਈ ਅਧੀਨ ਸੂਚਨਾ ਲੈਣਾ ਔਖਾ ਹੋ ਗਿਆ ਹੈ।

ਭਾਵੇਂ ਕਿ ਸੂਚਨਾ ਅਧਿਕਾਰ ਲਾਗੂ ਹੋਣ ਨਾਲ ਲੋਕਾਂ ਦੇ ਹੌਂਸਲੇ ਵਧੇ। ਇਸ ਕਾਨੂੰਨ ਤਹਿਤ ਕੋਈ ਵੀ ਵਿਅਕਤੀ ਪ੍ਰਧਾਨ ਮੰਤਰੀ ਦਫ਼ਤਰ, ਸਿਆਸੀ ਪਾਰਟੀ ਅਤੇ ਭਾਰਤੀ ਰਿਜ਼ਰਵ ਬੈਂਕ ਤੱਕ ਦੀ ਜਵਾਬਦੇਹੀ ਬਣਾਉਂਦਾ ਹੈ, ਪਰ ਵਿਡੰਬਨਾ ਇਹ ਹੈ ਕਿ ਉਹ ਪ੍ਰਸ਼ਾਸਨ ਪਾਰਦਰਸ਼ਤਾ ਨੂੰ ਲੁਕੋ ਲੈਂਦਾ ਹੈ ਅਤੇ ਸੂਚਨਾ ਦੇਣ ਤੋਂ ਇਨਕਾਰੀ ਹੋ ਜਾਂਦਾ ਹੈ। ਇਸੇ ਕਰਕੇ ਸੂਚਨਾ ਦਾ ਅਧਿਕਾਰ ਕਾਨੂੰਨ ਕਮਜ਼ੋਰ ਹੋ ਗਿਆ ਹੈ ਤੇ ਹੋ ਰਿਹਾ ਹੈ।

ਅਸਲ 'ਚ ਹੁਣ ਅਧਿਕਾਰੀ ਇਸ ਕਾਨੂੰਨ ਤੋਂ ਨਹੀਂ ਡਰਦੇ। ਹੁਣ ਜਦੋਂ ਲੋਕ ਉਮੀਦ ਨਾਲ ਅਰਜ਼ੀ ਦਿੰਦੇ ਹਨ ਤਾਂ ਉਹਨਾਂ ਪੱਲੇ ਨਿਰਾਸ਼ਾ ਪੈਂਦੀ ਹੈ, ਜਿਸ ਢੰਗ ਨਾਲ ਦੇਸ਼ 'ਚ ਗ਼ੈਰ-ਲੋਕਤੰਤਰਿਕ ਸਥਿਤੀ ਪੈਦਾ ਹੋ ਗਈ ਹੈ, ਤਿਕੜੀ-ਰਾਜ ਪੂਰੇ ਦੇਸ਼ ਚ ਛਾਇਆ ਹੈ। ਰਾਜਨੀਤੀ ਦਾ ਅਪਰਾਧੀਕਰਨ ਹੋ ਗਿਆ ਹੈ। ਕਾਰਪੋਰੇਟ ਘਰਾਣਿਆਂ ਦੇਸ਼ 'ਤੇ ਜਕੜ ਪੀਡੀ ਕਰ ਲਈ ਹੈ। ਨਿੱਜੀਕਰਨ ਦੇਸ਼ 'ਚ ਵਧ ਰਿਹਾ ਹੈ ਅਤੇ ਸਿਆਸੀ ਲੋਕ, ਕਾਰਪੋਰੇਟਾਂ ਨੇ ਆਪਣੇ ਹੱਥਾਂ 'ਚ ਕਰ ਲਏ ਹਨ।

ਸਿਆਸੀ ਲੋਕਾਂ ਵੱਲੋਂ ਲੋਕ ਦਿਖਾਵੇ ਹਿੱਤ ਲੋਕਤੰਤਰ ਦਾ ਪਾਠ ਪੜ੍ਹਾਇਆ ਜਾ ਰਿਹਾ ਹੈ, ਪਰ ਲੋਕ-ਹਿਤੈਸ਼ੀ ਸਾਰੇ ਕਾਰਜਾਂ ਨੂੰ ਖ਼ਤਮ ਕਰਨ ਦਾ ਕਾਰਜ ਆਰੰਭਿਆ ਹੋਇਆ ਹੈ। ਇਸ ਤਹਿਤ ਖ਼ੁਦਮੁਖਤਿਆਰ ਸੰਸਥਾਵਾਂ ਨੂੰ ਖ਼ਤਮ ਤਾਂ ਨਹੀਂ ਕੀਤਾ ਜਾ ਰਿਹਾ, ਪਰ ਇਹਨਾਂ ਨੂੰ ਅੰਦਰੋਂ ਖੋਰਾ ਲਾਇਆ ਜਾ ਰਿਹਾ ਹੈ।

ਇਸ ਕਾਨੂੰਨ ਨੇ ਲੋਕਤੰਤਰ ਵਿੱਚ ਇੱਕ ਨਵੀਂ ਰੂਹ ਫੂਕੀ ਸੀ। ਜਾਗਰੂਕਤਾ ਦੀ ਇੱਕ ਨਵੀਂ ਮਸ਼ਾਲ ਬਾਲੀ ਸੀ। ਸੂਚਨਾ ਦਾ ਕਾਨੂੰਨ ਅਧਿਕਾਰ ਸਾਨੂੰ ਦਰਸਾਉਂਦਾ ਹੈ ਕਿ ਲੋਕਤੰਤਰ ਸਿਰਫ਼ ਵੋਟ ਪਾਉਣ ਦਾ ਹੱਕ ਹੀ ਨਹੀਂ, ਸਗੋਂ ਸੱਤਾ ਵਿੱਚ ਜਵਾਬ ਮੰਗਣ ਦਾ ਹੱਕ ਵੀ ਹੈ।

ਕੀ ਅੱਜ ਦੀ ਸਥਿਤੀ ਵਿੱਚ ਇਹ ਸਮਾਂ ਨਹੀਂ ਆ ਰਿਹਾ ਕਿ ਨਾਗਰਿਕ ਸਮਾਜ, ਨਿਆਂਪਾਲਿਕਾ ਅਤੇ ਇਮਾਨਦਾਰ ਨੌਕਰਸ਼ਾਹੀ ਮਿਲ ਕੇ ਪਾਰਦਰਸ਼ਤਾ ਦੀ ਇਸ ਭਾਵਨਾ ਨੂੰ ਪੁਨਰ ਸੁਰਜੀਤ ਕਰੇ ?

**# ਸੰਪਰਕ : 98158-02070**

# ਪੱਤਰਕਾਰੀ, ਮਰਿਆਦਾਵਾਂ ਅਤੇ ਭੂਮਿਕਾ



ਆਤਮਾ ਸਿੰਘ ਪਮਾਰ

ਆਮ ਮਨੁੱਖ ਲਈ ਪੱਤਰਕਾਰੀ ਜਾਂ ਪੱਤਰਕਾਰ ਦੋਵੇਂ ਸ਼ਬਦ ਭਲੇ ਹੀ ਕੋਈ ਮਹੱਤਵਪੂਰਨ ਜਾਂ ਵਿਸ਼ਾਲ-ਅਰਥੀ ਨਾ ਵੀ ਹੋਣ, ਪ੍ਰੰਤੂ ਸਮਾਜ ਦੇ ਚੇਤਨ, ਰਾਜਸੀ ਅਤੇ ਲੋਕ ਹਿੱਤਾਂ ਨਾਲ ਸਰੋਕਾਰ ਰੱਖਣ ਵਾਲੇ ਲੋਕਾਂ ਲਈ ਇਹਨਾਂ ਸ਼ਬਦਾਂ ਦੀ ਵਿਸ਼ੇਸ਼ ਮਹੱਤਤਾ ਤੋਂ ਇਲਾਵਾ ਅਰਥ ਵੀ ਬਹੁਤ ਡੂੰਘੇ ਅਤੇ ਵਿਸ਼ਾਲ ਹਨ। ਪੱਤਰਕਾਰੀ ਜਿੱਥੇ ਅਹਿਮ ਜ਼ਿੰਮੇਵਾਰੀ, ਪਵਿੱਤਰਤਾ, ਸੂਝ-ਬੂਝ ਅਤੇ ਸੁਹਿਰਦਤਾ ਦੀ ਮੰਗ ਕਰਦੀ ਹੈ, ਉਥੇ ਨਾਲ ਹੀ ਹਰ ਤਰ੍ਹਾਂ ਦੀ ਜਾਣਕਾਰੀ ਦੀ ਤਵੱਕੋ ਵੀ ਇਸ ਤੋਂ ਕੀਤੀ ਜਾਂਦੀ ਹੈ । ਇਸ ਖੇਤਰ 'ਚ ਇਮਾਨਦਾਰੀ ਅਤੇ ਦਿਆਨਤਦਾਰੀ ਨਾਲ ਕੰਮ ਕਰਨ ਵਾਲਿਆਂ ਲਈ ਕਈ ਵਾਰ ਇਹ ਕਿੱਤਾ ਜੋਖ਼ਮਾਂ ਦਾ ਸਬੱਬ ਵੀ ਹੋ ਨਿੱਬੜਦਾ ਹੈ। ਇਤਿਹਾਸ ਦੇ ਪੰਨੇ ਅਜਿਹੀਆਂ ਗੈਰ-ਮਾਨਵੀ ਅਤੇ ਗੈਰਕਾਨੂੰਨੀ ਘਟਨਾਵਾਂ ਨੂੰ ਆਪਣੀ ਆਗੋਸ਼ 'ਚ ਸਮੋਈ ਬੈਠੇ ਹਨ । ਲੋਕਤੰਤਰ ਪ੍ਰਣਾਲੀ 'ਚ ਤਾਂ ਇਸ ਦਾ ਮਹੱਤਵ ਹੋਰ ਵੀ ਵਧ ਜਾਂਦਾ ਹੈ, ਕਿਉਂਕਿ ਤਾਨਾਸ਼ਾਹੀ 'ਚ ਤਾਂ ਜਨਤਾ ਨਾਲ ਅਨਿਆ, ਜ਼ੋਰ-ਜ਼ਬਰਦਸਤੀ ਅਤੇ ਅਸਮਾਨਤਾ ਦਾ ਬੋਲਬਾਲਾ ਲੱਗਭੱਗ ਤੈਅ ਹੀ ਹੁੰਦਾ ਹੈ, ਪ੍ਰੰਤੂ ਲੋਕਤੰਤਰ 'ਚ ਅਜਿਹੀਆਂ ਸੰਭਾਵਨਾਵਾਂ ਦੇ ਮੌਕੇ ਆਮ ਤੌਰ 'ਤੇ ਘੱਟ ਹੀ ਹੁੰਦੇ ਹਨ। ਮੀਡੀਆ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਕਹਿ ਕੇ ਵੀ ਵਡਿਆਇਆ ਜਾਂਦਾ ਹੈ। ਮੀਡੀਏ ਦੇ ਮਾਧਿਅਮ ਤੋਂ ਹੀ ਜਨਤਾ ਦੀਆਂ ਦੁੱਖ-ਤਕਲੀਫਾਂ, ਆਸਾਂ, ਉਮੀਦਾਂ, ਲੋਕ ਰਾਏ, ਵੱਖ-ਵੱਖ ਰਾਜਨੀਤਕ ਦਲਾਂ ਦੀਆਂ ਨੀਤੀਆਂ, ਪ੍ਰੋਗਰਾਮਾਂ ਅਤੇ ਵਿਸ਼ੇਸ਼ ਕਰਕੇ ਸੱਤਾ ਧਿਰ ਵੱਲੋਂ ਕੀਤੇ ਜਾ ਰਹੇ ਲੋਕ ਵਿਰੋਧੀ ਜਾਂ ਲੋਕ ਹਿੱਤੂ ਕਾਰਜਾਂ ਅਤੇ ਵਿਰੋਧੀ ਦਲਾਂ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਸਮਾਜਿਕ ਮੰਚ 'ਤੇ ਪਹੁੰਚਣੀ ਹੁੰਦੀ ਹੈ। ਜੇਕਰ ਸਮੁੱਚੇ ਮੀਡੀਆ ਅਦਾਰਿਆਂ ਅਤੇ ਇਹਨਾਂ 'ਚ ਕੰਮ ਕਰ ਰਹੇ ਦਫ਼ਤਰੀ ਅਤੇ ਫੀਲਡ ਸਟਾਫ ਦੇ ਕੰਮ 'ਤੇ ਪੰਛੀ ਝਾਤ ਮਾਰੀਏ ਤਾਂ ਸਥਿਤੀ ਚਿੱਟੇ ਦਿਨ ਵਾਂਗ ਸਾਫ਼ ਹੋ ਜਾਵੇਗੀ। ਇਹ ਵੀ ਸੱਚ ਹੈ ਕਿ ਜੇਕਰ ਇਸ ਖੇਤਰ 'ਚ ਕੰਮ ਕਰਦੇ ਲੋਕ, ਸਹੀ ਅਰਥਾਂ 'ਚ ਇਸ ਖੇਤਰ ਦੀਆਂ ਪ੍ਰੰਪਰਾਵਾਂ ਅਤੇ ਕਾਇਦੇ ਕਾਨੂੰਨ ਅਨੁਸਾਰ ਕੰਮ ਕਰਦਿਆਂ ਜਨਤਕ ਅਗਵਾਈ ਨੂੰ ਤਰਜੀਹ ਦੇਣ ਤਾਂ ਸਮਾਜ ਦਾ ਇੱਕ ਵੱਡਾ ਹਿੱਸਾ ਸ਼ਾਂਤੀਪੂਰਵਕ ਜੀਵਨ ਬਸਰ ਕਰ ਸਕਦਾ ਹੈ, ਪ੍ਰੰਤੂ ਇਸ ਦੇ ਐਨ ਉਲਟ ਜੇਕਰ ਉਨ੍ਹਾਂ ਦੇ ਦਿਲੋ-ਦਿਮਾਗ 'ਚ ਕਿਸੇ ਖ਼ਾਸ ਰਾਜਨੀਤਕ ਦਲ, ਧਰਮ,ਜਾਤੀ, ਖਿੱਤੇ ਅਤੇ ਕਿਸੇ ਵਿਸ਼ੇਸ਼ ਫ਼ਿਰਕੇ ਅਤੇ ਕੱਟੜਪੰਥੀ ਵਿਚਾਰਧਾਰਾ ਵਾਲੇ ਦਲ ਲਈ ਵੱਖਰੀ ਪਹੁੰਚ ਜਾਂ ਰੁਚੀ ਹੋਵੇ ਤਾਂ ਇਹ ਦਾਅਵੇ ਨਾਲ ਕਿਹਾ ਜਾ ਸਕਦਾ ਹੈ ਕਿ ਸਮਾਜ 'ਚ ਹਰ ਸਮੇਂ ਅਰਾਜਕਤਾ, ਅਸ਼ਾਂਤੀ ਅਤੇ ਫਿਰਕੂ ਦੰਗਿਆਂ ਦਾ ਬੋਲਬਾਲਾ ਹੀ ਰਹੇਗਾ । ਇਸ ਲਈ ਇਹ ਲਾਜ਼ਮੀ ਹੋ ਜਾਂਦਾ ਹੈ ਕਿ ਇਸ ਖੇਤਰ ਵਿਚਲੇ ਲੋਕ ਦੇਸ਼ ਦੀ ਏਕਤਾ ਅਖੰਡਤਾ, ਧਰਮ ਨਿਰਪੱਖਤਾ ਅਤੇ ਮਾਨਵੀ ਵਿਚਾਰਧਾਰਾ ਨੂੰ ਹੀ ਪ੍ਰਣਾਏ ਹੋਣ।

ਇਤਿਹਾਸ ਗਵਾਹ ਹੈ ਕਿ ਮੀਡੀਆ ਭਾਵੇਂ ਪ੍ਰਿੰਟ ਜਾਂ ਇਲੈਕਟ੍ਰੌਨਿਕ ਹੋਵੇ, ਜਿਸ ਕਿਸੇ ਨੇ ਵੀ ਆਪਣੇ ਖ਼ਾਸ ਮਕਸਦ ਲਈ ਇਸ ਦੀਆਂ ਸਥਾਪਤ ਅਤੇ ਪ੍ਰਚੱਲਤ ਪ੍ਰੰਪਰਾਵਾਂ ਦੀ ਅਣਦੇਖੀ ਕਰਨ ਦਾ ਕੋਝਾ ਯਤਨ ਕੀਤਾ ਤਾਂ ਲੋਕਾਈ ਨੇ ਸਿਰਫ਼ ਉਸ ਨੂੰ ਨਕਾਰਿਆ ਹੀ ਨਹੀਂ ਗਿਆ, ਸਗੋਂ ਉਨ੍ਹਾਂ ਨੂੰ ਆਪਣਾ ਬੋਰੀ-ਬਿਸਤਰਾ ਸਮੇਟ ਕੇ ਘਰ ਵੀ ਬੈਠਣਾ ਪਿਆ।ਜਨਤਾ ਇੱਕ ਅਜਿਹੀ ਸ਼ਕਤੀ ਹੈ, ਜਿਸ ਨੇ ਤਾਨਾਸ਼ਾਹੀ ਰਾਜਾਂ ਦੇ ਤਖ਼ਤੇ ਪਲਟਨ 'ਚ ਵੀ ਕੋਈ ਬਹੁਤੀ ਦੇਰ ਨਹੀਂ ਲਗਾਈ ।

ਇਹ ਵੀ ਆਮ ਹੀ ਦੇਖਣ ਨੂੰ ਮਿਲਦਾ ਹੈ ਕਿ ਕੁਝ ਅਖ਼ਬਾਰ ਅਤੇ ਇਲੈਕਟਰੋਨਿਕ ਮੀਡੀਆ ਅਦਾਰੇ ਪੱਤਰਕਾਰੀ ਦੀਆਂ ਮੁੱਢਲੀਆਂ ਸ਼ਰਤਾਂ ਵੀ ਪੂਰੀਆਂ ਨਾ ਕਰਨ ਵਾਲੇ ਵਿਅਕਤੀਆਂ ਨੂੰ ਅਧਿਕਾਰਿਤ ਅਤੇ ਸ਼ਨਾਖ਼ਤੀ ਪੱਤਰ ਦੇ ਕੇ ਫ਼ੀਲਡ 'ਚ ਤਾਇਨਾਤ ਕਰ ਦਿੰਦੇ ਹਨ।ਇਹ ਗੱਲ ਦਾਅਵੇ ਨਾਲ ਕਹੀ ਜਾ ਸਕਦੀ ਹੈ ਕਿ ਅਜਿਹੇ ਵਿਅਕਤੀਆਂ ਨੂੰ ਪੱਤਰਕਾਰੀ ਦਾ ੳ-ਅ ਵੀ ਨਹੀਂ ਆਉਂਦਾ ਹੁੰਦਾ। ਜੇਕਰ ਉਨ੍ਹਾਂ ਨੂੰ ਸੰਬੰਧਤ ਅਖ਼ਬਾਰ/ਚੈਨਲ ਦੀ ਵਿਚਾਰਧਾਰਾ ਜਾਂ ਪੱਤਰਕਾਰੀ ਦੀ ਪ੍ਰੀਭਾਸ਼ਾ ਅਤੇ ਪੱਤਰਕਾਰ ਬਣਨ ਦੀਆਂ ਬੁਨਿਆਦੀ ਸ਼ਰਤਾਂ ਬਾਰੇ ਪੁੱਛਿਆ ਜਾਵੇ, ਉਹ ਉੱਤਰ ਤਾਂ ਜ਼ਰੂਰ ਦੇ ਦੇਣਗੇ, ਪ੍ਰੰਤੂ ਉੱਤਰ ਸਹੀ ਨਹੀਂ ਹੋਵੇਗਾ। ਅਜਿਹਾ ਸਭ ਕੁਝ ਅਖ਼ਬਾਰ ਜਾਂ ਚੈਨਲ ਲਈ ਇਸ਼ਤਿਹਾਰ/ਸਪਲੀਮੈਂਟ ਆਦਿ ਨੂੰ ਧਿਆਨ ਹਿੱਤ ਰੱਖਦਿਆਂ ਹੀ ਹੋ ਰਿਹਾ ਹੈ। ਦੂਸਰੇ ਸ਼ਬਦਾਂ 'ਚ ਕਿਹਾ ਜਾਵੇ ਤਾਂ ਇਸ ਨੂੰ ਮੀਡੀਏ ਪ੍ਰਤੀ ਜਨਤਕ ਭਰੋਸੇ ਦੀ ਨਜ਼ਰਅੰਦਾਜ਼ੀ ਵੀ ਕਿਹਾ ਜਾ ਸਕਦਾ ਹੈ । ਇਸੇ ਤਰ੍ਹਾਂ ਹੀ ਕੁਝ ਸਾਥੀਆਂ ਵੱਲੋਂ ਰਾਜਸੀ ਆਗੂਆਂ ਨਾਲ ਸ਼ਾਮ ਦੀਆਂ ਮਹਿਫਲਾਂ ਲਗਾਉਣਾ, ਭ੍ਰਿਸ਼ਟ ਉੱਚ ਅਧਿਕਾਰੀਆਂ ਤੋਂ ਮਹੀਨਾ ਲੈਣਾ ਵੀ ਖੁੰਢ ਚਰਚਾ ਦਾ ਵਿਸ਼ਾ ਬਣਿਆ ਰਹਿੰਦਾ ਹੈ । ਫ਼ੀਲਡ 'ਚ ਕੁਝ ਅਜਿਹੇ ਪੱਤਰਕਾਰ ਵੀ ਮੌਜੂਦ ਹਨ, ਜੋ ਪ੍ਰੋਗਰਾਮ 'ਚ ਹਾਜ਼ਰ ਹੁੰਦਿਆਂ ਵੀ ਕਵਰੇਜ ਰਿਪੋਰਟ ਖ਼ੁਦ ਤਿਆਰ ਨਹੀਂ ਕਰ ਸਕਦੇ।ਉਹ ਦੂਸਰੇ ਸਾਥੀਆਂ ਵੱਲੋਂ ਤਿਆਰ ਰਿਪੋਰਟ ਲੈਣ ਲਈ ਕੁੱਤੇ ਝਾਕ 'ਚ ਉਹਨਾਂ ਦੇ ਪਿੱਛੇ ਚੱਕਰ ਕੱਟਦੇ ਰਹਿੰਦੇ ਹਨ । ਇਸ ਤੋਂ ਇਲਾਵਾ ਕੁਝ ਅਜਿਹੇ ਲੋਕਾਂ ਦੀ ਵੀ ਜਨਤਕ ਹਲਕਿਆਂ 'ਚ ਚੁੰਝ ਚਰਚਾ ਹੁੰਦੀ ਰਹਿੰਦੀ ਹੈ, ਜੋ ਥੋੜ੍ਹੇ ਸਮੇਂ ਦੌਰਾਨ ਹੀ ਕਥਿਤ ਤੌਰ 'ਤੇ ਵੱਡੀਆਂ ਜਾਇਦਾਦਾਂ ਦੇ ਮਾਲਕ ਬਣ ਜਾਂਦੇ ਹਨ । ਇਹਨਾਂ 'ਚੋਂ ਕੁੱਝ ਸਾਥੀ ਪ੍ਰੈੱਸ ਕਾਨਫਰੰਸ ਦੌਰਾਨ ਕਿਸੇ ਵੱਡੇ ਰਾਜਨੀਤਕ ਆਗੂ ਜਾਂ ਫਿਰ ਧਾਰਮਿਕ ਹਸਤੀ ਤੋਂ ਸਵਾਲ ਪੁੱਛਣ ਜਾਂ ਵਿਚਾਰ-ਵਟਾਂਦਰਾ ਕਰਨ ਤੋਂ ਵੀ ਟਾਲਾ ਵੱਟਦੇ ਦੇਖੇ ਜਾ ਸਕਦੇ ਹਨ। ਇਹ ਵੀ ਸੱਚ ਹੈ ਕਿ ਕੁਝ ਪੱਤਰਕਾਰ ਕਿਸੇ ਪ੍ਰੋਗਰਾਮ ਜਾਂ ਘਟਨਾ ਸਥਾਨ 'ਤੇ ਪਹੁੰਚਣ ਦੀ ਖੇਚਲ ਹੀ ਨਹੀਂ ਕਰਦੇ, ਸਗੋਂ ਇੱਧਰੋਂ ਉੱਧਰੋ ਪਤਾ ਕਰਕੇ ਜਾਂ ਫਿਰ ਪ੍ਰੈਸ ਨੋਟਾਂ ਦੇ ਸਹਾਰੇ ਹੀ ਖ਼ਾਨਾਪੂਰਤੀ ਕੀਤੀ ਜਾਂਦੀ ਹੈ। ਬਿਨ੍ਹਾਂ ਸ਼ੱਕ ਕਿਸੇ ਅਦਾਰੇ ਨੂੰ ਚਲਾਉਣ ਲਈ ਪੈਸੇ ਦੀ ਜ਼ਰੂਰਤ ਹੁੰਦੀ ਹੈ,ਪ੍ਰੰਤੂ ਨਾਲ ਦੀ ਨਾਲ ਮੀਡੀਏ ਦੀਆਂ ਮਿਆਰੀ ਪ੍ਰੰਪਰਾਵਾਂ ਅਤੇ ਸਿਧਾਂਤਾਂ ਨੂੰ ਵੀ ਅਣਗੌਲਿਆ ਨਹੀਂ ਕੀਤਾ ਜਾ ਸਕਦਾ। ਇਸ ਲਈ ਮੀਡੀਆ ਦੀਆਂ ਉੱਚ ਮਿਆਰੀ ਮਰਿਯਾਦਾਵਾਂ ਦੀ ਬਰਕਰਾਰੀ ਲਈ ਯੋਗ ਸਟਾਫ ਦੀ ਢੁਕਵੀਂਆਂ ਤਨਖਾਹਾਂ ਦੇ ਕੇ ਨਿਯੁਕਤੀ/ਤਾਇਨਾਤੀ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਪੱਤਰਕਾਰ ਭਾਈਚਾਰੇ ਨੂੰ ਕਿਸੇ ਤਰ੍ਹਾਂ ਦੀ ਨਮੋਸ਼ੀ ਦਾ ਸਾਹਮਣਾ ਨਾ ਕਰਨਾ ਪਵੇ। ਜੇਕਰ ਲੰਮਾ ਸਮਾਂ ਇਸ ਵਰਤਾਰੇ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਰਿਹਾ ਤਾਂ ਭਵਿੱਖੀ ਪੀੜ੍ਹੀਆਂ ਅਤੇ ਇਤਿਹਾਸ ਸਾਨੂੰ ਕਦੇ ਵੀ ਮੁਆਫ਼ ਨਹੀਂ ਕਰੇਗਾ । ਸੁਹਿਰਦ ਪਾਠਕਾਂ ਅਤੇ ਪ੍ਰੈੱਸ ਨਾਲ ਬਾ-ਰਾਬਤਾ ਲੋਕਾਂ ਨੂੰ ਵੀ ਇਸ ਸਬੰਧ 'ਚ ਬੇਨਤੀ ਹੈ ਕਿ ਸਮੇਂ ਸਮੇਂ 'ਤੇ ਆਪਣੇ ਵੱਡਮੁੱਲੇ ਸੁਝਾਅ ਸਬੰਧਤ ਅਦਾਰਿਆਂ ਨੂੰ ਪੁੱਜਦੇ ਕਰਦੇ ਰਿਹਾ ਕਰਨ।

**# ਸੰਪਰਕ : 89680-56200**

**ਡਾ. ਇਕਬਾਲ ਸਿੰਘ ਸਕਰੌਦੀ**

**ਬਰਸੀ 'ਤੇ ਵਿਸ਼ੇਸ਼**

# ਪੰਜਾਬੀ ਕਵਿਤਾ ਦਾ ਸੂਰਜ ਸੰਤ ਰਾਮ ਉਦਾਸੀ

ਕੰਮੀਆਂ, ਕਿਰਤੀਆਂ, ਦਲਿਤਾਂ ਦੀਆਂ ਤੰਗੀਆਂ, ਤੁਰਸ਼ੀਆਂ, ਲੋੜਾਂ, ਥੁੜ੍ਹਾਂ, ਹੌਕੇ, ਹਾਵਿਆਂ, ਝੋਰਿਆਂ, ਦੁੱਖਾਂ, ਦਰਦਾਂ ਅਤੇ ਸੰਤਾਪਾਂ ਨੂੰ ਲੈ ਕੇ ਨਾਵਲ, ਨਾਟਕ, ਇਕਾਂਗੀ, ਲੇਖ, ਕਹਾਣੀਆਂ ਆਦਿ ਸਾਹਿਤ ਰੂਪ ਵਿੱਚ ਤਾਂ ਬਹੁਤ ਕੁਝ ਲਿਖਿਆ, ਪੜ੍ਹਿਆ ਜਾਂਦਾ ਰਿਹਾ ਹੈ, ਪਰੰਤੂ ਹਾਸ਼ੀਏ 'ਤੇ ਧੱਕੇ ਇਨ੍ਹਾਂ ਲੋਕਾਂ ਦੇ ਦਰਦ ਨੂੰ ਜਿਸ ਸ਼ਿੱਦਤ ਨਾਲ਼ ਸੰਤ ਰਾਮ ਉਦਾਸੀ ਨੇ ਆਪਣੇ ਗੀਤਾਂ ਅਤੇ ਕਵਿਤਾਵਾਂ ਰਾਹੀਂ ਉਘਾੜਿਆ ਹੈ, ਉਸ ਨਾਲ਼ ਸੰਤ ਰਾਮ ਉਦਾਸੀ ਦੀ ਪੰਜਾਬੀ ਕਾਵਿ-ਸਾਹਿਤ ਵਿੱਚ ਆਪਣੀ ਇੱਕ ਵਿਲੱਖਣ ਪਛਾਣ ਬਣ ਗਈ ਹੈ।

ਸੰਤ ਰਾਮ ਦਾ ਜਨਮ ਮਾਤਾ ਧੰਨ ਕੌਰ ਦੀ ਕੁੱਖੋਂ, ਪਿਤਾ ਮੇਹਰ ਸਿੰਘ ਦੇ ਘਰ 20 ਅਪਰੈਲ, 1939 ਈ. ਨੂੰ ਪਿੰਡ ਰਾਏਸਰ, ਜ਼ਿਲ੍ਹਾ ਸੰਗਰੂਰ (ਹੁਣ ਜ਼ਿਲ੍ਹਾ ਬਰਨਾਲਾ) ਵਿੱਚ ਇੱਕ ਦਲਿਤ ਪਰਵਾਰ ਵਿੱਚ ਹੋਇਆ। ਉਦਾਸੀ ਦੇ ਵੱਡੇ-ਵਡੇਰੇ ਪੰਜਾਬ ਵਿੱਚ ਚੱਲੀ ਕੂਕਾ ਲਹਿਰ ਨਾਲ਼ ਜੁੜੇ ਹੋਏ ਸਨ। ਇਸ ਲਈ ਵਡੇਰਿਆਂ ਨੂੰ ਪੜ੍ਹਾਈ ਦੀ ਮਹੱਤਤਾ ਸੰਬੰਧੀ ਸੁਤੇਸਿੱਧ ਚੇਤਨਾ ਸੀ। ਅਨੇਕਾਂ ਤੰਗੀਆਂ-ਤੁਰਸ਼ੀਆਂ ਦੇ ਬਾਵਜੂਦ ਮਾਪਿਆਂ ਨੇ ਸੰਤ ਰਾਮ ਨੂੰ ਪੜ੍ਹਨ ਲਾਇਆ। ਉਹ ਜੇ ਬੀ ਟੀ ਦਾ ਕੋਰਸ ਕਰਕੇ ਅਧਿਆਪਕ ਲੱਗ ਗਿਆ ।

ਜਿਸ ਸਮੇਂ ਸੰਤ ਰਾਮ ਦਾ ਜਨਮ ਹੋਇਆ, ਉਸ ਸਮੇਂ ਪੰਜਾਬ ਵਿੱਚ ਦਲਿਤਾਂ ਨਾਲ਼ ਹਰ ਪ੍ਰਕਾਰ ਦਾ ਵਿਤਕਰਾ ਕੀਤਾ ਜਾਂਦਾ ਸੀ। ਉਨ੍ਹਾਂ ਨੂੰ ਸਮਾਜਿਕ, ਆਰਥਿਕ, ਧਾਰਮਿਕ, ਰਾਜਨੀਤਕ ਅਤੇ ਸੱਭਿਆਚਾਰਕ ਤੌਰ 'ਤੇ ਹਰ ਥਾਂ ਤ੍ਰਿਸਕਾਰਿਆ ਜਾਂਦਾ ਸੀ, ਦੁਤਕਾਰਿਆ ਜਾਂਦਾ ਸੀ। ਨਿੰਦਿਆ ਜਾਂਦਾ ਸੀ। ਭੰਡਿਆ ਜਾਂਦਾ ਸੀ। ਸਮਾਜ ਦੀਆਂ ਤਥਾਕਥਿਤ ਉੱਚੀਆਂ ਜਾਤਾਂ ਦੇ ਔਰਤ ਅਤੇ ਮਰਦ, ਹਾਸ਼ੀਏ 'ਤੇ ਧੱਕੇ ਇਨ੍ਹਾਂ ਲੋਕਾਂ ਦੇ ਪ੍ਰਛਾਵੇਂ ਤੋਂ ਵੀ ਦੂਰ ਰਹਿੰਦੇ ਸਨ।

ਦਲਿਤ ਅਤੇ ਅਤਿ ਦੇ ਗ਼ਰੀਬ ਪਰਵਾਰ ਵਿੱਚ ਜਨਮੇ ਸੰਤ ਰਾਮ ਨੇ ਜਦੋਂ ਆਪਣਿਆਂ ਦੇ ਦੁੱਖਾਂ-ਦਰਦਾਂ ਨੂੰ ਆਪਣੇ ਪਿੰਡੇ 'ਤੇ ਹੰਢਾਇਆ, ਤਦ ਉਸ ਦੇ ਕੋਮਲ ਹਿਰਦੇ ਵਿੱਚ ਕਵਿਤਾ ਦਾ ਬੀਜ ਫੁੱਟਿਆ। ਜਿਸ ਨੇ ਸਮਾਂ ਪੈਣ 'ਤੇ ਇੱਕ ਗੂੜ੍ਹੀ ਸੰਘਣੀ ਛਾਂ ਵਾਲ਼ੇ ਵਿਸ਼ਾਲ ਰੁੱਖ ਦਾ ਰੂਪ ਧਾਰਨ ਕਰ ਲਿਆ । ਜਿਨ੍ਹਾਂ ਦਲਿਤਾਂ ਨੂੰ ਸੰਬੋਧਿਤ ਕਰਕੇ ਸੰਤ ਰਾਮ ਨੇ ਕਵਿਤਾ ਅਤੇ ਗ਼ੀਤ ਰਚੇ, ਜਿਨ੍ਹਾਂ ਲੋਕਾਂ ਲਈ ਉਹ ਜਿਉਂਦਾ ਰਿਹਾ, ਜਿਨ੍ਹਾਂ ਲੋਕਾਂ ਲਈ ਉਸ ਨੇ ਆਪਣੀ ਜ਼ਿੰਦਗੀ ਅਰਪਿਤ ਕਰ ਦਿੱਤੀ, ਉਹ ਲੋਕ ਅੱਜ ਵੀ ਸੰਤ ਰਾਮ ਉਦਾਸੀ ਦੇ ਗੀਤਾਂ ਅਤੇ ਕਵਿਤਾਵਾਂ ਨੂੰ ਉਸੇ ਲਗਨ, ਮੋਹ, ਮੁਹੱਬਤ, ਸਨੇਹ ਅਤੇ ਪਿਆਰ ਨਾਲ਼ ਪੜ੍ਹਦੇ ਹਨ, ਸੁਣਦੇ ਹਨ, ਗਾਉਂਦੇ ਹਨ, ਜਿਵੇਂ ਉਹ ਅੱਜ ਤੋਂ ਪੰਜ ਦਹਾਕੇ ਪਹਿਲਾਂ ਸੁਣਦੇ ਰਹੇ ਸਨ।

1964 ਈ. ਵਿੱਚ, ਜਿਸ ਸਮੇਂ ਸੰਤ ਰਾਮ ਉਦਾਸੀ ਭਰ ਜਵਾਨੀ ਦੀ ਉਮਰ ਵਿੱਚ ਸੀ, ਬਿਲਕੁਲ ਉਸੇ ਸਮੇਂ ਪੱਛਮੀ ਬੰਗਾਲ ਦੇ ਦਾਰਜੀਲਿੰਗ ਜ਼ਿਲ੍ਹੇ ਦੇ ਨਕਸਲਬਾੜੀ ਪਿੰਡ ਤੋਂ ਚਾਹ ਦੇ ਬਾਗ਼ਾਂ ਦੇ ਮਾਲਕ ਅਤੇ ਉੱਥੇ ਕੰਮ ਕਰਦੇ ਮਜ਼ਦੂਰਾਂ ਵਿੱਚ ਆਪਣੇ ਹੱਕਾਂ ਦੀ ਖ਼ਾਤਰ ਟਕਰਾਅ ਸ਼ੁਰੂ ਹੋਇਆ। ਚਾਹ ਦੇ ਬਾਗ਼ਾਂ ਤੋਂ ਸ਼ੁਰੂ ਹੋਇਆ ਇਹ ਟਕਰਾਅ ਬਾਅਦ ਵਿੱਚ ਹਥਿਆਰਬੰਦ ਨਕਸਲਬਾੜੀ ਲਹਿਰ ਦਾ ਰੂਪ ਧਾਰਨ ਕਰ ਗਿਆ। ਇਸ ਨਕਸਲਬਾੜੀ ਲਹਿਰ ਨੇ ਪੰਜਾਬ ਦੇ ਨੌਜਵਾਨਾਂ ਨੂੰ ਵੀ ਬਹੁਤ ਜ਼ਿਆਦਾ ਪ੍ਰਭਾਵਤ ਕੀਤਾ। ਪੰਜਾਬ ਵਿੱਚ ਨਕਸਲਬਾੜੀ ਲਹਿਰ ਤੋਂ ਪ੍ਰੇਰਨਾ ਲੈ ਕੇ ਜੁਝਾਰਵਾਦੀ ਲਹਿਰ ਦਾ ਜਨਮ ਹੋਇਆ। ਸੰਤ ਰਾਮ ਉਦਾਸੀ ਨਕਸਲਬਾੜੀ ਲਹਿਰ ਅਤੇ ਜੁਝਾਰਵਾਦੀ ਲਹਿਰ ਦਾ ਸਿਰਕੱਢ ਕਾਰਕੁਨ ਸੀ। ਇਨ੍ਹਾਂ ਲਹਿਰਾਂ ਤੋਂ ਪ੍ਰਭਾਵਤ ਹੋ ਕੇ ਉਦਾਸੀ ਨੇ ਮਾਰਕਸ, ਏਂਗਲਜ਼, ਲੈਨਿਨ, ਮੈਕਸਿਮ ਗੋਰਕੀ, ਲੂਸ਼ਨ, ਜੂਲੀਅਸ ਫਿਊਚਕ, ਸੋਲੋਖੋਵ, ਤੁਰਗਨੇਵ ਅਤੇ ਲਿਓ ਤਾਲਸਤਾਏ ਦੀਆਂ ਅਨੇਕਾਂ ਕਿਰਤਾਂ ਦਾ ਡੂੰਘਾ ਅਧਿਐਨ ਕੀਤਾ ਅਤੇ ਉਨ੍ਹਾਂ ਨੂੰ ਵਿਗਿਆਨਕ ਢੰਗ ਨਾਲ਼ ਘੋਖਿਆ।



ਉਦਾਸੀ ਆਪਣੇ ਰਚੇ ਇੱਕ ਗੀਤ 'ਇਕ ਸ਼ਰਧਾਂਜਲੀ-ਇਕ ਲਲਕਾਰ' ਵਿੱਚ ਆਪਣੇ ਭਾਵਾਂ ਨੂੰ ਇੰਝ ਪ੍ਰਗਟਾਉਂਦਾ ਹੈ-

*'ਚੜ੍ਹਨ ਵਾਲਿਓ ਹੱਕਾਂ ਦੀ ਭੇਟ ਉੱਤੇ,*
*ਥੋਨੂੰ ਸ਼ਰਧਾ ਦੇ ਫੁੱਲ ਚੜ੍ਹਾਉਣ ਲੱਗਿਆਂ।*
*ਥੋੜੀ ਯਾਦ ਵਿੱਚ ਬੈਠ ਕੇ ਦੋ ਘੜੀਆਂ,*
*ਇੱਕ-ਦੋ ਪਿਆਰ ਦੇ ਹੰਝੂ ਬਹਾਉਣ ਲੱਗਿਆਂ।'*

ਸੰਤ ਰਾਮ ਉਦਾਸੀ ਦੇ ਰਚੇ ਅਤੇ ਸੁਰੀਲੀ ਆਵਾਜ਼ ਵਿੱਚ ਗਾਏ ਇਹ ਇਨਕਲਾਬੀ ਗੀਤ ਜਨ-ਸਧਾਰਨ ਵਿੱਚ ਬੇਹੱਦ ਮਕਬੂਲ ਹੋਏ। ਮੁਲਾਜ਼ਮਾਂ ਦੀਆਂ ਜਥੇਬੰਦੀਆਂ, ਕਾਲਜਾਂ, ਯੂਨੀਵਰਸਿਟੀਆਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀਆਂ ਯੂਨੀਅਨਾਂ ਦੀਆਂ ਮੀਟਿੰਗਾਂ ਵਿੱਚ, ਸੰਘਰਸ਼ ਦੇ ਪਿੜ ਵਿੱਚ ਕੁੱਦੇ ਨੌਜਵਾਨਾਂ ਵਿੱਚ ਸੰਤ ਰਾਮ ਉਦਾਸੀ ਦੇ ਰਚੇ ਗੀਤਾਂ ਨੂੰ ਬੜੀ ਠੁੱਕ ਨਾਲ਼ ਗਾਇਆ ਜਾਂਦਾ ਸੀ। ਉਦਾਸੀ ਦੇ ਰਚੇ ਇਨ੍ਹਾਂ ਇਨਕਲਾਬੀ ਗੀਤਾਂ ਨੇ ਚੜ੍ਹਦੀ ਉਮਰ ਦੇ ਨੌਜਵਾਨਾਂ ਅਤੇ ਮੁਟਿਆਰਾਂ ਨੂੰ ਅਜਿਹੀ ਜਾਗ ਲਾਈ ਕਿ ਉਹ ਆਪਣੇ ਹੱਕਾਂ ਲਈ ਤਨ, ਮਨ, ਧਨ, ਨਾਲ਼ ਡਟ ਗਏ । ਪਰੰਤੂ ਸਮੇਂ ਦੀਆਂ ਸਰਕਾਰਾਂ ਇਹ ਸਭ ਕੁਝ ਕਿਵੇਂ ਬਰਦਾਸ਼ਤ ਕਰ ਸਕਦੀਆਂ ਸਨ। ਰਾਜਸੀ ਲੀਡਰਾਂ ਦੇ ਹੁਕਮ ਅਨੁਸਾਰ ਆਪ-ਮੁਹਾਰੀ ਹੋਈ ਪੁਲਸ ਨੇ 11 ਜਨਵਰੀ 1971 ਈ. ਨੂੰ ਸੰਤ ਰਾਮ ਉਦਾਸੀ ਨੂੰ ਪਹਿਲੀ ਵਾਰ ਗ੍ਰਿਫ਼ਤਾਰ ਕਰ ਲਿਆ ਅਤੇ ਜੇਲ੍ਹ ਵਿੱਚ ਬੰਦ ਕਰ ਦਿੱਤਾ । ਇੰਟੈਰੋਗੇਸ਼ਨ ਸੈਂਟਰ ਵਿੱਚ ਉਦਾਸੀ ਨੂੰ ਅਨੇਕਾਂ ਤਸੀਹੇ ਦਿੱਤੇ ਗਏ। ਉਹ ਤੁਰਨ-ਫ਼ਿਰਨ ਤੋਂ ਵੀ ਆਹਰੀ ਹੋ ਗਿਆ ਸੀ। ਵਾਰ-ਵਾਰ ਗ੍ਰਿਫ਼ਤਾਰ ਕਰਨ ਕਾਰਨ, ਜੇਲ੍ਹ ਜਾਣ ਕਾਰਨ ਅਤੇ ਪੁਲਸ ਦੇ ਜ਼ੁਲਮਾਂ ਕਾਰਨ ਉਦਾਸੀ ਦੀਆਂ ਅੱਖਾਂ ਦੀ ਰੌਸ਼ਨੀ ਵੀ ਬਹੁਤ ਘਟ ਗਈ ਸੀ, ਪਰੰਤੂ ਕੰਮੀਆਂ, ਕਿਰਤੀਆਂ, ਕਿਸਾਨਾਂ ਅਤੇ ਦਲਿਤਾਂ ਨੂੰ ਸਰਮਾਏਦਾਰਾਂ ਦੀ ਗ਼ੁਲਾਮੀ ਤੋਂ ਮੁਕਤੀ ਦਾ ਬੀੜਾ ਲੈ ਕੇ ਚੱਲਿਆ ਸੰਤ ਰਾਮ ਉਦਾਸੀ ਚੁੱਪ ਕਰ ਕੇ ਬੈਠਣ ਵਾਲ਼ਾ ਨਹੀਂ ਸੀ। ਉਹ ਲਗਾਤਾਰ ਲਿਖਦਾ ਰਿਹਾ। ਗਾਉਂਦਾ ਰਿਹਾ।

ਇੰਡੀਅਨ ਪੀਪਲਜ਼ ਐਸੋਸੀਏਸ਼ਨ ਇਨ ਨਾਰਥ ਅਮਰੀਕਾ (ਇਪਾਨਾ) ਵੱਲੋਂ ਸੰਤ ਰਾਮ ਉਦਾਸੀ ਨੂੰ 1979 ਈ. ਵਿੱਚ ਕੈਨੇਡਾ ਸੱਦਿਆ ਗਿਆ। ਉਸ ਫ਼ੇਰੀ ਦੌਰਾਨ ਉਦਾਸੀ ਨੇ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸਟੇਟ ਦੇ ਬਹੁਤ ਸਾਰੇ ਸ਼ਹਿਰਾਂ ਵਿੱਚ ਆਪਣੇ ਗੀਤਾਂ ਦੇ ਪ੍ਰੋਗਰਾਮ ਬੜੀ ਕਾਮਯਾਬੀ ਨਾਲ਼ ਕੀਤੇ। ਉਸੇ ਫ਼ੇਰੀ ਦੌਰਾਨ ਸੰਤ ਰਾਮ ਉਦਾਸੀ ਦੇ ਆਪਣੇ ਰਚੇ ਗੀਤ ਉਸ ਦੀ ਆਪਣੀ ਅਵਾਜ਼ ਵਿੱਚ ਰਿਕਾਰਡ ਕੀਤੇ ਗਏ, ਜੋ ਕਿ ਬੇਹੱਦ ਮਕਬੂਲ ਹੋਏ।

ਉਦਾਸੀ ਦੇ ਗੀਤਾਂ ਅਤੇ ਕਵਿਤਾਵਾਂ ਵਿੱਚ ਵਾਰ-ਵਾਰ ਪਾਤਰ ਬਣ ਕੇ ਆਉਂਦੇ ਦਲਿਤ ਭਾਈਚਾਰੇ ਦੇ ਇਹ ਲੋਕ ਅੱਜ ਵੀ ਜਿਨ੍ਹਾਂ ਹਾਲਾਤ ਵਿੱਚੋਂ ਲੰਘ ਰਹੇ ਹਨ, ਉਹ ਦਿਨੋਂ ਦਿਨ ਹੋਰ ਬਦਤਰ ਹੁੰਦੇ ਜਾ ਰਹੇ ਹਨ। ਇਨ੍ਹਾਂ ਲੋਕਾਂ ਵੱਲੋਂ ਆਪਣੀਆਂ ਜਮਹੂਰੀ ਮੰਗਾਂ ਦੀ ਪੂਰਤੀ ਹਿੱਤ ਵਧੀਆ ਜੀਉਣ ਹਾਲਤਾਂ ਦੀ ਮੰਗ ਕਰਨ ਕਾਰਨ ਪਿੰਡਾਂ ਵਿੱਚ ਬੈਠੇ ਸਰਮਾਏਦਾਰਾਂ, ਸ਼ਾਹੂਕਾਰਾਂ, ਸਿਆਸਤਦਾਨਾਂ ਦੀ ਅਗਵਾਈ ਵਿੱਚ ਇਨ੍ਹਾਂ ਦਲਿਤਾਂ ਦਾ ਸਮਾਜਿਕ ਬਾਈਕਾਟ ਕੀਤਾ ਜਾ ਰਿਹਾ ਹੈ।

ਜਦੋਂ ਕਿਰਤੀਆਂ, ਕੰਮੀਆਂ, ਕਿਸਾਨਾਂ ਅਤੇ ਮਜ਼ਦੂਰਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇਣ ਲਈ ਕਿਧਰੇ ਵੀ ਸੁਣਵਾਈ ਨਾ ਹੋਈ ਤਾਂ ਸੰਤ ਰਾਮ ਕਿਰਤੀਆਂ ਨੂੰ ਉਸੇ ਤਰ੍ਹਾਂ ਜਰਵਾਣਿਆਂ ਦੇ ਵਿਰੁੱਧ ਡਟਣ ਦੀ ਵੰਗਾਰ ਪਾਉਂਦਾ ਹੈ, ਜਿਵੇਂ ਸਤਾਰ੍ਹਵੀਂ ਸਦੀ ਦੇ ਅੰਤਮ ਸਾਲ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਲਲਕਾਰ ਨਾਲ਼ ਖ਼ਾਲਸਾ ਮੁਗਲਾਂ ਵਿਰੁੱਧ ਡਟ ਕੇ ਖਲੋ ਗਿਆ ਸੀ। ਆਪਣੇ ਸਿਰਜੇ ਗੀਤ 'ਉੱਠਣ ਦਾ ਵੇਲਾ' ਵਿੱਚ ਉਹ ਆਖਦਾ ਹੈ-

*'ਉੱਠ ਕਿਰਤੀਆ ਉੱਠ ਵੇ, ਉੱਠਣ ਦਾ ਵੇਲਾ,*
*ਜੜ੍ਹ ਵੈਰੀ ਦੀ ਪੁੱਟ ਵੇ, ਪੁੱਟਣ ਦਾ ਵੇਲਾ।'*

ਜਿੱਥੇ ਉਦਾਸੀ ਦੇਸ਼ ਦੇ ਕਿਰਤੀ, ਕਿਸਾਨਾਂ, ਮਜ਼ਦੂਰਾਂ, ਦਲਿਤਾਂ ਨੂੰ ਸ਼ੇਰਾਂ ਵਾਂਗੂੰ ਗੱਜਦੇ ਚਿੱਤਰਦਾ ਹੈ, ਉੱਥੇ ਉਹ ਵਿਹਲੜ ਅਤੇ ਕਿਰਤੀ ਲੋਕਾਂ ਦੀ ਮਿਹਨਤ ਉੱਤੇ ਐਸ਼-ਪ੍ਰਸਤੀ ਕਰਨ ਵਾਲ਼ੇ ਧਨਾਢਾਂ ਦੇ ਹੰਕਾਰ ਨੂੰ ਚੂਰ-ਚੂਰ ਹੁੰਦਾ ਵੀ ਦਿਖਾਉਂਦਾ ਹੈ:

*'ਗੱਜਣਗੇ ਸ਼ੇਰ ਜਦੋਂ, ਭੱਜਣਗੇ ਕਾਇਰ ਸੱਭੇ,*
*ਗੱਜਣਗੇ ਕਿਰਤੀ ਕਿਸਾਨ ਜੁੜ ਕੇ,*
*ਜ਼ਰਾ ਹੱਲਾ ਮਾਰੋ,*
*ਜ਼ਰਾ ਹੱਲਾ ਮਾਰੋ, ਕਿਰਤੀ ਕਿਸਾਨ ਜੁੜ ਕੇ,*
*ਜ਼ਰਾ ਹੱਲਾ ਮਾਰੋ।'*

ਸੰਤ ਰਾਮ ਉਦਾਸੀ ਜਿੱਥੇ ਕੰਮੀਆਂ, ਕਿਰਤੀਆਂ, ਦਲਿਤਾਂ, ਮਜ਼ਦੂਰਾਂ, ਸੀਰੀਆਂ, ਪਾਲ਼ੀਆਂ ਨੂੰ ਕੇਂਦਰ ਵਿੱਚ ਰੱਖ ਕੇ ਕਵਿਤਾ ਸਿਰਜਦਾ ਹੈ, ਉੱਥੇ ਉਹ ਛੋਟੇ ਕਿਸਾਨ ਦੀਆਂ ਤੰਗੀਆਂ-ਤੁਰਸ਼ੀਆਂ, ਲੋੜਾਂ, ਥੁੜਾਂ ਅਤੇ ਮਜਬੂਰੀਆਂ ਤੋਂ ਵੀ ਭਲੀਭਾਂਤ ਜਾਣੂੰ ਹੈ । 'ਸੀਰੀ ਤੇ ਜੱਟ ਦੀ ਸਾਂਝੀ ਵਿੱਥਿਆ' ਨਾਂਅ ਦੇ ਗੀਤ ਵਿੱਚ ਉਦਾਸੀ ਆਪਣੇ ਭਾਵਾਂ ਨੂੰ ਇੰਝ ਪਰਗਟ ਕਰਦਾ ਹੈ:

*'ਗਲ਼ ਲੱਗ ਕੇ ਸੀਰੀ ਦੇ ਜੱਟ ਰੋਵੇ,*
*ਬੋਹਲ਼ਾਂ ਵਿੱਚੋਂ ਨੀਰ ਵਗਿਆ।*
*ਲਿਆ ਤੰਗਲੀ ਨਸੀਬਾਂ ਨੂੰ ਫਰੋਲੀਏ,*
*ਤੂੜੀ ਵਿੱਚੋਂ ਪੁੱਤ ਜੱਗਿਆ ।'*

ਸੰਤ ਰਾਮ ਉਦਾਸੀ ਦੇ ਕਾਵਿ ਦੀ ਇੱਕ ਹੋਰ ਖ਼ੂਬੀ ਇਹ ਹੈ ਕਿ ਉਸ ਨੇ ਆਪਣੀਆਂ ਕਵਿਤਾਵਾਂ ਅਤੇ ਗੀਤਾਂ ਵਿੱਚ ਤਸ਼ਬੀਹ ਦੇਣ ਲਈ ਸਿੱਖਾਂ ਦੇ ਉਸ ਮਾਣਮੱਤੇ ਵਿਰਸੇ ਨੂੰ ਆਧਾਰ ਬਣਾਇਆ ਹੈ, ਜਿਹੜਾ ਪੰਜਾਬੀਆਂ ਦੇ ਖ਼ੂਨ ਵਿੱਚ ਰਚ ਚੁੱਕਾ ਹੈ। ਉਹ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ, ਭਾਈ ਮਰਦਾਨਾ ਜੀ, ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ, ਭਾਈ ਜੈਤਾ ਜੀ, ਭਾਈ ਲੱਖੀ ਸ਼ਾਹ ਵਣਜਾਰਾ ਜੀ, ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਚਾਰੇ ਸਾਹਿਬਜ਼ਾਦੇ, ਮਾਤਾ ਗੁਜਰੀ ਜੀ ਦੇ ਜੀਵਨ, ਤਿਆਗ, ਬਲੀਦਾਨ, ਸਿਰੜ, ਸਿਦਕ, ਧਰਮ, ਸਮਾਜ, ਕੌਮ, ਦੇਸ਼ ਅਤੇ ਮਨੁੱਖੀ ਅਧਿਕਾਰਾਂ ਲਈ ਕੀਤੀ ਜੱਦੋਜਹਿਦ ਨੂੰ ਅਜੋਕੇ ਪ੍ਰਸੰਗ ਨਾਲ਼ ਜੋੜ ਕੇ ਆਪਣੀਆਂ ਰਚਨਾਵਾਂ ਨੂੰ ਭਾਵਪੂਰਤ ਅਤੇ ਸਲਾਹੁਣਯੋਗ ਬਣਾਉਣ ਵਿੱਚ ਸਫ਼ਲ ਰਿਹਾ ਹੈ।

ਪੰਜਾਬ ਸ਼ੁਰੂ ਤੋਂ ਹੀ ਖੇਤੀਬਾੜੀ ਪ੍ਰਧਾਨ ਸੂਬਾ ਰਿਹਾ ਹੈ। ਜ਼ਮੀਨ ਜਾਇਦਾਦ ਦੇ ਮਾਲਕ ਵੱਡੇ ਜ਼ਿਮੀਂਦਾਰ ਅਤੇ ਧਨੀ ਕਿਸਾਨੀ ਦੇ ਦੁਆਲੇ ਹੀ ਪੇਂਡੂ ਆਰਥਿਕਤਾ ਘੁੰਮਦੀ ਰਹੀ ਹੈ। ਨਾ ਕੇਵਲ ਆਰਥਿਕਤਾ 'ਤੇ ਹੀ ਸਗੋਂ ਪਿੰਡਾਂ ਦੇ ਸਮਾਜਿਕ, ਧਾਰਮਿਕ, ਰਾਜਨੀਤਕ ਅਤੇ ਸੱਭਿਆਚਾਰਕ ਖੇਤਰ ਵਿੱਚ ਵੀ ਉਪਰੋਕਤ ਧਨੀ ਸ਼੍ਰੇਣੀਆਂ ਨੇ ਹੀ ਮੁੱਢ ਤੋਂ ਆਪਣਾ ਪ੍ਰਭਾਵ, ਬੋਲਬਾਲਾ ਅਤੇ ਦਬਦਬਾ ਕਾਇਮ ਰੱਖਿਆ ਹੋਇਆ ਹੈ। ਪਿੰਡਾਂ ਵਿੱਚ ਸਰਮਾਏਦਾਰੀ ਸ਼੍ਰੇਣੀ ਨਾਲ਼ ਸੰਬੰਧਤ ਵਰਗ ਨੇ ਮਜ਼ਬੂਤ ਆਰਥਿਕਤਾ ਦੇ ਆਧਾਰ 'ਤੇ ਆਪਣੇ ਲਈ ਵੱਡੀਆਂ-ਵੱਡੀਆਂ ਹਵੇਲੀਆਂ, ਕੋਠੀਆਂ, ਵੱਡੇ-ਵੱਡੇ ਮਹਿਲ ਉਸਾਰ ਲਏ ਹਨ, ਪਰੰਤੂ ਇਨ੍ਹਾਂ ਮਹਿਲਾਂ ਵਰਗੇ ਘਰਾਂ ਦੇ ਮੁਕਾਬਲੇ ਕੰਮੀਆਂ, ਕਿਰਤੀਆਂ ਅਤੇ ਦਲਿਤਾਂ ਦੇ ਕੱਚੇ ਕੋਠਿਆਂ ਅਤੇ ਢਾਰਿਆਂ ਦਾ ਇੱਕ ਵੱਖਰਾ ਵਿਹੜਾ ਹਰੇਕ ਪਿੰਡ ਵਿੱਚ ਨਜ਼ਰੀਂ ਪੈਂਦਾ ਹੈ। ਇਨ੍ਹਾਂ ਮਹਿਲਾਂ ਅਤੇ ਝੌਂਪੜੀਆਂ ਦੀ ਉਸਾਰੀ ਵੇਲੇ ਇਸ ਗੱਲ ਦਾ ਧਿਆਨ ਵਿਸ਼ੇਸ਼ ਤੌਰ 'ਤੇ ਰੱਖਿਆ ਜਾਂਦਾ ਹੈ ਕਿ ਦਲਿਤਾਂ ਦਾ ਵਿਹੜਾ ਹਮੇਸ਼ਾ ਪੱਛਮ ਦਿਸ਼ਾ ਵੱਲ ਹੋਵੇ। ਇਸ ਦਾ ਮੁੱਖ ਕਾਰਨ ਇਹ ਹੈ ਕਿ ਚੜ੍ਹਦੇ ਸੂਰਜ ਦੀਆਂ ਸੁਨਹਿਰੀ ਕਿਰਨਾਂ ਕਿਤੇ ਦਲਿਤਾਂ ਦੇ ਕੱਚੇ ਕੋਠਿਆਂ ਅਤੇ ਢਾਰਿਆਂ ਤੇ ਨਾ ਪੈ ਜਾਣ। ਕਿਉਂਕਿ ਚੜ੍ਹਦੇ ਸੂਰਜ ਦੀਆਂ ਪਹਿਲੀਆਂ ਸੁਨਹਿਰੀ ਕਿਰਨਾਂ ਉੱਤੇ ਤਾਂ ਧਨਾਢਾਂ ਅਤੇ ਰਾਠਾਂ ਦਾ ਹੀ ਹੱਕ ਬਣਦਾ ਹੈ। ਇਸੇ ਕਰਕੇ ਉਨ੍ਹਾਂ ਇਨ੍ਹਾਂ ਸੁਨਹਿਰੀ ਕਿਰਨਾਂ ਉੱਤੇ ਵੀ ਕਬਜ਼ਾ ਕੀਤਾ ਹੋਇਆ ਹੈ। ਸੂਰਜ ਸਾਨੂੰ ਨਿੱਘ ਵੀ ਦਿੰਦਾ ਹੈ ਅਤੇ ਰੌਸ਼ਨੀ ਵੀ ਦਿੰਦਾ ਹੈ। ਇਸ ਲਈ ਸੰਤ ਰਾਮ ਉਦਾਸੀ 'ਕੰਮੀਆਂ ਦਾ ਵਿਹੜਾ' ਗੀਤ ਵਿੱਚ ਸੂਰਜ ਨੂੰ ਇੱਕ ਸੁਨੇਹਾ ਲਾਉਂਦਾ ਹੈ ਕਿ ਉਹ ਕੰਮੀਆਂ, ਕਿਰਤੀਆਂ, ਕਿਸਾਨਾਂ ਅਤੇ ਮਜ਼ਦੂਰਾਂ ਦੇ ਵਿਹੜਿਆਂ ਲਈ ਹਮੇਸ਼ਾ ਮਘਦਾ ਰਹੇ-

'ਮਾਂ ਧਰਤੀਏ! ਤੇਰੀ ਗੋਦ ਨੂੰ ਚੰਨ ਹੋਰ ਬਥੇਰੇ,
ਤੂੰ ਮਘਦਾ ਰਹੀਂ ਵੇ ਸੂਰਜਾ ਕੰਮੀਆਂ ਦੇ ਵਿਹੜੇ,'

01 ਨਵੰਬਰ ਤੋਂ 05 ਨਵੰਬਰ, 1986 ਈ. ਤੱਕ ਨੰਦੇੜ ਦੀ ਧਰਤੀ 'ਤੇ ਰਾਸ਼ਟਰੀ ਪੱਧਰ ਦਾ ਕਵੀ ਦਰਬਾਰ ਰੱਖਿਆ ਗਿਆ ਸੀ। ਸੰਤ ਰਾਮ ਉਦਾਸੀ ਨੇ ਵੀ ਉਸ ਕਵੀ ਦਰਬਾਰ ਵਿੱਚ ਬੜੀ ਸ਼ਾਨ ਨਾਲ਼ ਭਾਗ ਲਿਆ। ਉਹ ਹਰ ਰੋਜ਼ ਲੰਮੀ ਹੇਕ ਰਾਹੀਂ ਆਪਣੀਆਂ ਕਵਿਤਾਵਾਂ ਅਤੇ ਗੀਤ ਗਾਉਂਦਾ ਰਿਹਾ। 06 ਨਵੰਬਰ, 1986 ਈ. ਨੂੰ ਉਹ ਰੇਲ ਗੱਡੀ ਰਾਹੀਂ ਪੰਜਾਬ ਵਾਪਸ ਆ ਰਿਹਾ ਸੀ। ਰੇਲ ਗੱਡੀ ਵਿੱਚ ਹੀ ਉਸ ਨੇ ਅੰਤਮ ਸਾਹ ਲਏ। ਉਦਾਸੀ ਦੀ ਮੌਤ ਦੀ ਖ਼ਬਰ ਉਸ ਦੇ ਪਰਿਵਾਰ ਨੂੰ ਤਿੰਨ ਦਿਨਾਂ ਪਿੱਛੋਂ ਮਿਲੀ। ਅੱਜ ਸੰਤ ਰਾਮ ਉਦਾਸੀ ਸਰੀਰਕ ਤੌਰ 'ਤੇ ਬੇਸ਼ੱਕ ਸਾਡੇ ਤੋਂ ਦੂਰ ਹੋ ਗਏ ਹਨ, ਪਰੰਤੂ ਸੰਤ ਰਾਮ ਉਦਾਸੀ ਵੱਲੋਂ ਰਚੀਆਂ ਕਵਿਤਾਵਾਂ ਅਤੇ ਗੀਤਾਂ ਜ਼ਰੀਏ ਉਹ ਪੰਜਾਬੀ ਪਾਠਕਾਂ ਦੇ ਦਿਲਾਂ ਵਿੱਚ ਹਮੇਸ਼ਾ-ਹਮੇਸ਼ਾ ਲਈ ਵੱਸਦਾ ਰਹੇਗਾ ।'ਲੋਕ ਕਵੀ ਸੰਤ ਰਾਮ ਉਦਾਸੀ ਯਾਦਗਾਰੀ ਸੁਸਾਇਟੀ (ਰਜਿ.) ਪਿੰਡ ਰਾਏਸਰ ਵੱਲੋਂ ਸੰਤ ਰਾਮ ਉਦਾਸੀ ਦੀ ਯਾਦ ਵਿੱਚ ਹਰ ਸਾਲ ਪਿੰਡ ਰਾਏਸਰ ਵਿੱਚ ਉਦਾਸੀ ਯਾਦਗਾਰੀ ਮੇਲਾ ਕਰਵਾਇਆ ਜਾਂਦਾ ਹੈ, ਜੋ ਕਿ ਬੜਾ ਹੀ ਸਲਾਹੁਣਯੋਗ ਕਾਰਜ ਹੈ।

**ਸੰਪਰਕ : 84276-85020**

6 Nov Page 5.qxd 11/5/2025 8:49 PM Page 1



## ਡਾ. ਬਲਜੀਤ ਕੌਰ ਵੱਲੋਂ ਔਰਤਾਂ ਲਈ ਸਿਹਤ ਜਾਂਚ ਤੇ ਰੁਜ਼ਗਾਰ ਕੈਂਪਾਂ ਦੀ ਸੂਬਾ ਪੱਧਰੀ ਲੜੀ ਦੀ ਮਲੋਟ ਤੋਂ ਸ਼ੁਰੂਆਤ

**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ/ ਓਮ ਪ੍ਰਕਾਸ਼ ਸ਼ੇਖੂ)**- ਪੰਜਾਬ ਦੀ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਕੇ.ਜੀ. ਰਿਜ਼ੋਰਟਸ ਤੋਂ ਇੱਕ ਮੈਗਾ ਜਾਗਰੂਕਤਾ ਕੈਂਪ ਦਾ ਉਦਘਾਟਨ ਕਰਕੇ ਔਰਤਾਂ ਲਈ ਸਿਹਤ ਜਾਂਚ ਅਤੇ ਰੁਜ਼ਗਾਰ ਕੈਂਪਾਂ ਦੀ ਸੂਬਾ ਪੱਧਰੀ ਲੜੀ ਦਾ ਆਗਾਜ਼ ਕੀਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਮਲੋਟ ਤੋਂ ਸ਼ੁਰੂ ਹੋਏ ਇਸ ਕੈਂਪ ਦੀ ਤਰਜ਼ 'ਤੇ ਪੰਜਾਬ ਭਰ ਵਿੱਚ ਔਰਤਾਂ ਨੂੰ ਸਿਹਤ, ਸਫਾਈ ਅਤੇ ਰੁਜ਼ਗਾਰ ਦੇ ਮੌਕਿਆਂ ਬਾਰੇ ਜਾਗਰੂਕ ਕਰਨ ਲਈ ਕੈਂਪ ਲਗਾਏ ਜਾਣਗੇ।ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਕੈਂਪਾਂ ਵਿੱਚ ਮਹਿਲਾ ਅਤੇ ਬਾਲ ਵਿਕਾਸ ਅਤੇ ਸਮਾਜਿਕ ਸੁਰੱਖਿਆ ਵਿਭਾਗਾਂ ਤੋਂ ਇਲਾਵਾ ਲੋੜਵੰਦਾਂ ਲਈ ਰੁਜ਼ਗਾਰ ਪੈਦਾ ਕਰਨ, ਹੁਨਰ ਵਿਕਾਸ, ਸਿਹਤ ਅਤੇ ਪਰਿਵਾਰ ਭਲਾਈ, ਪੇਂਡੂ ਵਿਕਾਸ ਅਤੇ ਸਥਾਨਕ ਸਰਕਾਰਾਂ ਵਿਭਾਗਾਂ ਦੀਆਂ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਜਾਣਗੀਆਂ।



ਇਸ ਮੌਕੇ ਐਸ.ਡੀ.ਐਮ. ਮਲੋਟ ਜਗਰਾਜ ਸਿੰਘ ਕਾਹਲੋਂ, ਡੀ.ਪੀ.ਓ. ਰਤਨਦੀਪ ਕੌਰ ਸੰਧੂ, ਡੀ ਈ ਜੀ ਟੀ ਓ ਵੈਸ਼ਾਲੀ ਵਧਵਾ, ਸੀ.ਡੀ.ਪੀ.ਓ. ਰਾਜਵੰਤ ਕੌਰ, ਡੀ.ਸੀ.ਪੀ.ਓ. ਸ਼ਿਵਾਨੀ ਨਾਗਪਾਲ, ਜਸਮੀਤ ਸਿੰਘ ਬਰਾੜ ਸ਼ਹਿਰੀ ਪ੍ਰਧਾਨ, ਰਾਜੀਵ ਉੱਪਲ ਸ਼ਹਿਰੀ ਪ੍ਰਧਾਨ, ਲਾਲੀ ਗਗਨੇਜਾ, ਪਰਮਜੀਤ ਸਿੰਘ ਗਿੱਲ, ਜਗਦੇਵ ਸਿੰਘ ਸੰਧੂ, ਨਿੱਕਾ ਈਨਾ ਖੇੜਾ, ਕਬੈਨਿਟ ਮੰਤਰੀ ਦੇ ਪੀ.ਏ. ਸ਼ਿੰਦਰਪਾਲ ਸਿੰਘ, ਨਿੱਜੀ ਸਹਾਇਕ ਅਰਸ਼ਦੀਪ ਸਿੰਘ ਸਿੱਧੂ, ਲਖਵੀਰ ਸਿੰਘ ਢਿੱਲੋਂ ਜ਼ਿਲ੍ਹਾ ਫੀਲਡ ਅਫ਼ਸਰ ਬੈਂਕ ਫਿੰਕੋ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

## ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਮਨਾਇਆ ਅਵਤਾਰ ਪੁਰਬ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਬਾਘਾ ਪੁਰਾਣਾ ਦੀ ਵਿੱਦਿਆ ਦੇ ਖੇਤਰ ਵਿੱਚ ਮੋਹਰੀ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਜੋ ਸੰਸਥਾ ਦੇ ਬਾਨੀ ਪ੍ਰਿੰਸੀਪਲ ਸ. ਗੁਰਦੇਵ ਸਿੰਘ, ਪ੍ਰਿੰਸੀਪਲ ਅਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਦੀ ਯੋਗ ਅਤੇ ਸੁਚੱਜੀ ਅਗਵਾਈ ਵਿੱਚ ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਹਮੇਸ਼ਾ ਯਤਨਸ਼ੀਲ ਰਹਿੰਦੀ ਹੈ, ਵਿਖੇ ਸਿੱਖ ਧਰਮ ਦੇ ਮੋਢੀ ਅਤੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦਾ ਦਿਹਾੜਾ ਬਹੁਤ ਹੀ ਖੁਸ਼ੀ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਦਾ ਆਗਾਜ਼ ਧਾਰਮਿਕ ਸ਼ਬਦ 'ਧੰਨ ਨਾਨਕ ਤੇਰੀ ਵੱਡੀ ਕਮਾਈ' ਗਾਇਨ ਨਾਲ ਕੀਤਾ। ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ 'ਤੇ ਚਾਨਣਾ ਪਾਉਣ ਲਈ ਵਿਦਿਆਰਥਣ ਕਮਲਜੀਤ ਕੌਰ ਨੇ ਇੱਕ ਸਪੀਚ ਦਿੱਤੀ। ਧਾਰਮਿਕ ਗੀਤ 'ਨਾਨਕ ਨਾਮ ਰਖਾਇਆ' ਵਿਦਿਆਰਥਣ ਜਸਮੀਨ ਕੌਰ ਨੇ ਅਤੇ ਭਵਨੀਤ ਕੌਰ ਨੇ ਕਵਿਤਾ ਪੇਸ਼ ਕੀਤੀ।



ਪ੍ਰਿੰਸੀਪਲ ਅਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਆਪਣਾ ਜੀਵਨ ਸਫ਼ਲ ਕਰਨ ਦੀ ਪ੍ਰੇਰਨਾ ਦਿੰਦਿਆਂ ਕਿਰਤ ਕਰਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਨੂੰ ਆਪਣੇ ਜੀਵਨ ਵਿੱਚ ਪੂਰੀ ਮਿਹਨਤ ਲਗਨ ਅਤੇ ਇਮਾਨਦਾਰੀ ਨਾਲ ਕੰਮ ਕਰਨਾ ਚਾਹੀਦਾ ਹੈ। ਲੈਕਚਰਾਰ ਹਰਜਿੰਦਰ ਪਾਲ ਸਿੰਘ ਨੇ ਸਟੇਜ ਸੰਚਾਲਨ ਕੀਤਾ। ਇਸ ਮੌਕੇ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਕੋਆਰਡੀਨੇਟਰ ਸ੍ਰੀ ਮੁਕੇਸ਼ ਅਰੋੜਾ, ਕੋਆਰਡੀਨੇਟਰ (ਮਿਡਲ) ਮੈਡਮ ਦੀਪੀਕਾ ਮਨਚੰਦਾ, ਮੈਡਮ ਖੁਸ਼ਪ੍ਰੀਤ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਰਿਹਾ।

## ਸ੍ਰੀ ਖਾਟੂ ਸ਼ਿਆਮ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ



**ਨਾਭਾ (ਵਰਿੰਦਰ ਵਰਮਾ)**- ਸ੍ਰੀ ਖਾਟੂ ਸ਼ਿਆਮ ਮੰਦਰ ਕਮੇਟੀ ਰਜਿ: ਨਾਭਾ ਵੱਲੋਂ ਪ੍ਰਧਾਨ ਵਿਕਾਸ ਗੋਇਲ ਦੀ ਅਗਵਾਈ ਹੇਠ ਧਾਰਮਿਕ ਪ੍ਰੋਗਰਾਮ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਨਾਭਾ ਦੇ ਦੁਲੱਦੀ ਗੇਟ ਸਥਿਤ ਨਵੇਂ ਬਣੇ ਸ੍ਰੀ ਖਾਟੂ ਸ਼ਿਆਮ ਮੰਦਰ ਵਿਖੇ ਸ੍ਰੀ ਖਾਟੂ ਸ਼ਿਆਮ ਜਨਮ ਉਤਸਵ ਮੌਕੇ ਭਗਵਾਨ ਖਾਟੂ ਸ਼ਿਆਮ ਨੂੰ ਕਈ ਤਰ੍ਹਾਂ ਦੇ ਭੋਗ ਲਗਾਏ ਗਏ। ਇਸ ਮੌਕੇ ਜੋਤੀ ਪ੍ਰਚੰਡ ਦੀ ਰਸਮ ਭਾਜਪਾ ਆਗੂ ਰਾਜੇਸ਼ ਬਾਂਸਲ ਬੱਬੂ ਨੇ ਆਪਣੇ ਕਰ ਕਮਲਾਂ ਨਾਲ ਨਿਭਾਈ। ਇਸ ਮੌਕੇ ਬਰਨਾਲਾ ਦੇ ਪ੍ਰਸਿੱਧ ਭਜਨ ਗਾਇਕ ਕੇਸ਼ਵ ਗਰਗ ਨੇ ਆਪਣੇ ਭਜਨਾਂ ਨਾਲ ਸ਼ਰਧਾਲੂਆਂ ਨੂੰ ਨਿਹਾਲ ਕੀਤਾ ।ਇਸ ਮੌਕੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਹਰ ਸੰਸਥਾਵਾਂ ਨੂੰ ਅਜਿਹੇ ਧਾਰਮਿਕ ਸਮਾਗਮ ਜ਼ਰੂਰ ਕਰਾਉਣੇ ਚਾਹੀਦੇ ਹਨ, ਜਿਸ ਨਾਲ ਨੌਜਵਾਨ ਪੀੜ੍ਹੀ ਨੂੰ ਸੇਧ ਮਿਲ ਸਕੇ ਅਤੇ ਆਪਣੇ ਧਰਮ ਦੇ ਪ੍ਰਚਾਰ ਲਈ ਨਾਲ ਜੁੜ ਸਕੇ। ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਬਾਬਾ ਸ਼ਿਆਮ ਬਾਬਾ ਦਾ ਆਸ਼ੀਰਵਾਦ ਲਿਆ ਅਤੇ ਬਾਬਾ ਦੇ ਭਜਨ ਗਾਏ। ਇਸ ਮੌਕੇ ਵਾਰਡ ਨੰਬਰ 23 ਦੀ ਕੌਂਸਲਰ ਰੋਜ਼ੀ ਨਾਗਪਾਲ ਅਤੇ ਉਨ੍ਹਾਂ ਦੇ ਪਤੀ, ਸਮਾਜ ਸੇਵਕ ਦੀਪਕ ਨਾਗਪਾਲ ਵੀ ਉਨ੍ਹਾਂ ਨਾਲ ਮੌਜੂਦ ਸਨ। ਇਸ ਮੰਦਰ ਕਮੇਟੀ ਦੇ ਪ੍ਰਧਾਨ ਵਿਕਾਸ ਗੋਇਲ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸਨਮਾਨ ਕੀਤਾ ਅਤੇ ਇਸ ਦੇ ਨਾਲ ਹੀ ਇਸ ਮੌਕੇ ਮੰਦਰ ਕਮੇਟੀ ਨੇ ਵਿਧਾਇਕ ਦੇਵ ਮਾਨ, ਰਾਜੇਸ਼ ਬਾਂਸਲ ਬੱਬੂ, ਅਤੇ ਰੋਜ਼ੀ ਨਾਗਪਾਲ, ਦੀਪਕ ਨਾਗਪਾਲ ਨੂੰ ਵੀ ਸਨਮਾਨਤ ਕੀਤਾ। ਇਸ ਮੌਕੇ ਸਕੱਤਰ ਰਾਜੇਸ਼ ਗਰਗ, ਮਿੰਟੂ ਮੰਗਲਾ, ਲਵਲੀ ਗੋਇਲ, ਮਨਦੀਪ ਜਿੰਦਲ, ਰਵਿੰਦਰ ਪੱਪੂ, ਸੁਭਮ, ਪੰਪਾ, ਗੋਲਡੀ, ਲਲਿਤ, ਸੰਜੀਵ ਸ਼ਰਮਾ, ਰਿਪਾ ਜਿੰਦਲ, ਪ੍ਰਿੰਸ ਜਿੰਦਲ, ਵਿਪਨ ਸੌਰ, ਸਚਿਨ ਤਨੇਜਾ, ਕੇਵਲ ਕ੍ਰਿਸ਼ਨ ਕੌਮੀ, ਸਾਬਕਾ ਨਗਰ ਕੌਂਸਲ ਪ੍ਰਧਾਨ ਗੁਰਸੇਵਕ ਸਿੰਘ ਗੋਲੂ, ਸੰਨੀ ਸਿੰਗਲਾ ਪ੍ਰਧਾਨ ਲਾਇਨਜ਼ ਕਲੱਬ ਨਾਭਾ, ਭੁਵੇਸ਼ ਬਾਂਸਲ ਪ੍ਰਧਾਨ ਹਰਸ਼ ਬਲੱਡ ਡੋਨਰ ਸੁਸਾਇਟੀ, ਜਸਵੀਰ ਸਿੰਘ ਵਜੀਦਪੁਰ ਆਦਿ ਮੈਂਬਰ ਹਾਜ਼ਰ ਸਨ ।

## ਸਵਾਮੀ ਰੂਪ ਚੰਦ ਜੈਨ ਸੈਕੰਡਰੀ ਸਕੂਲ 'ਚ ਸ਼ਰਧਾ ਨਾਲ ਮਨਾਇਆ ਪ੍ਰਕਾਸ਼ ਪੁਰਬ

**ਜਗਰਾਉਂ (ਅਮਿਤ ਖੰਨਾ)**- ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿੱਚ ਪ੍ਰਿੰਸੀਪਲ ਰਾਜਪਾਲ ਕੌਰ ਦੀ ਯੋਗ ਅਗਵਾਈ ਅਤੇ ਸਮੂਹ ਮੈਨੇਜਮੈਂਟ ਦੇ ਸਹਿਯੋਗ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556 ਵਾਂ ਗੁਰਪੁਰਬ ਬੜੇ ਹੀ ਆਦਰ, ਸ਼ਰਧਾ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪਾਵਨ ਦਿਹਾੜੇ ਉੱਪਰ ਸਕੂਲ ਵਿੱਚ ਵਿਸ਼ੇਸ਼ ਆਯੋਜਨ ਕੀਤਾ ਗਿਆ। ਸਵੇਰ ਦੀ ਸਭਾ ਵਿੱਚ ਵੀ ਬੱਚਿਆਂ ਨੂੰ ਗੁਰੂ ਨਾਨਕ ਦੇਵ ਜੀ ਉਪਦੇਸ਼ਾਂ 'ਤੇ ਚਾਨਣਾ ਪਾਇਆ ਗਿਆ ।ਸਮਾਰੋਹ ਦੀ ਸ਼ੁਰੂਆਤ ਇਕ ਓਅੰਕਾਰ ਦੇ ਜਾਪ ਨਾਲ ਹੋਈ। ਰਾਜਪਾਲ ਕੌਰ, ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਮਿਲ ਕੇ ਗੁਰਬਾਣੀ ਦੇ ਪਾਠ ਕੀਤੇ । ਨੰਨ੍ਹੇ ਮੁੰਨੇ ਬੱਚਿਆਂ ਦੁਬਾਰਾ ਚੌਪਈ ਸਾਹਿਬ ਮੂਲ ਮੰਤਰ ਦੇ ਜਾਪ ਕਰਕੇ ਹਾਜ਼ਰੀ ਲਵਾਈ ਗਈ।



ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਉਪਦੇਸ਼ਾਂ ਉੱਤੇ ਆਧਾਰਿਤ ਭਜਨ, ਸ਼ਬਦ ਕੀਰਤਨ ਅਤੇ ਗੁਰਬਾਣੀ ਪਾਠ ਕਰਕੇ ਸੰਗਤ ਦਾ ਮਨ ਮੋਹ ਲਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਸੁੰਦਰ ਭਾਸ਼ਣ ਅਤੇ ਨਾਟਕ ਰਾਹੀਂ ਗੁਰੂ ਜੀ ਦੇ ਉਪਦੇਸ਼ਾਂ ਜਿਵੇਂ ਨਾਮ ਜਪਣਾ, ਕਿਰਤ ਕਰਨੀ ਤੇ ਵੰਡ ਛਕਣਾ ਦੇ ਅਰਥ ਨੂੰ ਵਿਸਥਾਰ ਨਾਲ ਸਮਝਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਜੀਵਨ ਮਨੁੱਖਤਾ ਲਈ ਪ੍ਰੇਰਨਾ ਦਾ ਸਰੋਤ ਹੈ । ਸਮਾਗਮ ਦੇ ਅੰਤ ਵਿੱਚ ਸੰਗਤ ਨੂੰ ਕੜਾਹ ਪ੍ਰਸ਼ਾਦ ਵੰਡਿਆ ਗਿਆ ਤੇ ਸਮੋਸਿਆਂ ਦਾ ਲੰਗਰ ਵੀ ਲਾਇਆ ਗਿਆ। ਅੰਤ ਵਿੱਚ ਪ੍ਰਿੰਸੀਪਲ ਰਾਜਪਾਲ ਕੌਰ ਨੇ ਸਭ ਨੂੰ ਇਸ ਪਵਿੱਤਰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ।

## ਖ਼ੂਨਦਾਨ ਤੇ ਅੱਖਾਂ ਦਾ ਚੈੱਕਅੱਪ ਕੈਂਪ ਲਗਾਇਆ

**ਲੁਧਿਆਣਾ (ਰਾਜ ਸਿੰਗਲਾ)**- ਸਮਾਜਿਕ ਸੰਸਥਾ ਐਮ ਐਚ ਐਮ ਸੇਵਾ ਸੋਸਾਇਟੀ ਵਲੋਂ ਵਾਰਡ ਨੰਬਰ 42 ਅਧੀਨ ਨਿਊ ਜਨਤਾ ਨਗਰ, ਗਲੀ ਨੰਬਰ 10 ਵਿਖੇ ਖ਼ੂਨਦਾਨ ਅਤੇ ਅੱਖਾਂ ਦੇ ਚੈਕਅਪ ਕੈਂਪ ਲਗਾਇਆ ਗਿਆ ਜਿੱਥੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਕੈਂਪ ਮੌਕੇ ਵਿਧਾਇਕ ਸਿੱਧੂ ਨੇ ਨੌਜਵਾਨਾਂ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ। ਉਹਨਾਂ ਆਖਿਆ ਕਿ ਅਜਿਹੇ ਕੈਂਪ ਜਾਂ ਖੇਡ ਮੇਲੇ ਨੌਜਵਾਨਾਂ ਨੂੰ ਜਿੱਥੇ ਨਸ਼ਿਆਂ ਤੋਂ ਦੂਰ ਰੱਖਦੇ ਹਨ ਉਥੇ ਹੀ ਉਹਨਾਂ ਵਿੱਚ ਨਵੀਂ ਊਰਜਾ ਅਤੇ ਉਤਸ਼ਾਹ ਭਰਦੇ ਹਨ। ਉਨਾਂ ਕਿਹਾ ਕਿ ਜਿੱਥੇ ਖ਼ੂਨਦਾਨ ਸਰੀਰ ਨੂੰ ਤੰਦਰੁਸਤੀ ਬਖਸ਼ਦਾ ਹੈ ਉੱਥੇ ਮਨ ਨੂੰ ਵੀ ਨਿਰਮਲ ਬਣਾਉਂਦਾ ਹੈ। ਇਸ ਲਈ ਨੌਜਵਾਨਾਂ ਨੂੰ ਅਜਿਹੇ ਖ਼ੂਨਦਾਨ ਕੈਂਪਾਂ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣਾ ਚਾਹੀਦਾ ਹੈ।ਇਸ ਕੈਂਪ ਵਿੱਚ ਕਈ ਨੌਜਵਾਨਾਂ ਨੇ ਪਹੁੰਚ ਕੇ ਖ਼ੂਨ ਦਾਨ ਕੀਤਾ। ਇਸ ਕੈਂਪ ਦੇ ਸੰਚਾਲਕ ਮੈਂਬਰ ਵਰਿੰਦਰ ਕੁਮਾਰ ਅਤੇ ਹੋਰਨਾਂ ਵੱਲੋਂ ਬੜੇ ਸੁਚੱਜੇ ਢੰਗ ਨਾਲ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਹਰ ਡਾਕਟਰਾਂ ਦੀਆਂ ਟੀਮਾਂ ਨੇ ਲੋੜਵੰਦ ਮਰੀਜ਼ਾਂ ਦੇ ਅੱਖਾਂ ਦੇ ਚੈੱਕਅੱਪ ਦੇ ਨਾਲ ਨਾਲ ਉਹਨਾਂ ਨੂੰ ਫਰੀ ਦਵਾਈਆਂ ਵੀ ਉਪਲਬਧ ਕਰਾਈਆਂ ਗਈਆਂ।ਇਸ ਕੈਂਪ ਵਿੱਚ ਪਹੁੰਚੇ ਮਹਿਮਾਨਾਂ ਵਿੱਚ ਏ ਡੀ ਸੀ ਅਮਰਜੀਤ ਬੈਂਸ, ਰਣਜੀਤ ਸਿੰਘ ਡੀ ਐਸ ਪੀ ਮਲੇਰਕੋਟਲਾ, ਪੰਕਜ ਸ਼ਾਰਦਾ ਚੇਅਰਮੈਨ ਬ੍ਰਾਹਮਣ ਭਲਾਈ ਬੋਰਡ, ਕੌਂਸਲਰ ਜਗਮੀਤ ਸਿੰਘ ਨੋਨੀ, ਸੁਰਿੰਦਰ ਕੁਮਾਰ ਸ਼ਰਮਾ ਅਤੇ ਰਾਜ ਕੁਮਾਰ ਵੀ ਹਾਜ਼ਰ ਸਨ।



## ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌ ਵਿਖੇ ਗੁਰਪੁਰਬ ਮਨਾਇਆ

**ਕੋਟਕਪੂਰਾ (ਰਛਪਾਲ ਭੁੱਲਰ)**- ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਉਤਸਵ ਨੂੰ ਬੜੀ ਸ਼ਰਧਾਪੂਰਵਕ ਮਨਾਇਆ ਗਿਆ । ਜਿਸ ਦੀ ਸ਼ੁਰੂਆਤ ਸਵੇਰ ਦੀ ਸਭਾ ਨਾਲ ਹੋਈ । ਜਿਸ ਵਿੱਚ ਜਪੁਜੀ ਸਾਹਿਬ ਜੀ ਦੇ ਪਾਠ ਦਾ ਉਚਾਰਨ ਕਰਵਾਇਆ । ਸਾਰੇ ਹੀ ਵਿਦਿਆਰਥੀਆਂ ਨੇ ਬੜੀ ਸ਼ਰਧਾਪੂਰਵਕ ਪਾਠ ਵਿੱਚ ਹਿੱਸਾ ਲਿਆ । ਮੈਡਮ ਰਮਨਦੀਪ ਕੌਰ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਬੱਚਿਆਂ ਨੂੰ ਵਿਸਥਾਰ ਪੂਰਵਕ ਚਾਨਣਾ ਪਾਇਆ । ਐਲ.ਕੇ.ਜੀ ਅਤੇ ਯੂ.ਕੇ.ਜੀ ਦੇ ਨੰਨ੍ਹੇ ਮੁੰਨ੍ਹੇ ਬੱਚਿਆਂ ਤੋਂ ਗੁਰੂ ਜੀ ਦੇ ਜੀਵਨ ਬਾਰੇ ਪ੍ਰਸ਼ਨ ਉੱਤਰ ਪੁੱਛੇ ਗਏ । ਛੇਵੀਂ ਜਮਾਤ ਦੀ ਵਿਦਿਆਰਥਣ ਐਵਲੀਨ ਕੌਰ ਨੇ ਗੁਰੂ ਜੀ ਦੀਆਂ ਸਿੱਖਿਆਵਾਂ ਸਬੰਧੀ ਦੱਸਿਆ । ਦੂਜੀ ਜਮਾਤ ਦੇ ਵਿਦਿਆਰਥੀ ਪ੍ਰਭਜੋਤ ਸਿੰਘ ਨੇ ਕਵਿਤਾ ਪੇਸ਼ ਕੀਤੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀ ਸ਼ਿਵਜੋਤ ਸਿੰਘ ਨੇ (ਸਤਿਗੁਰੂ ਨਾਨਕ ਪ੍ਰਗਟਿਆ ਮਿਟੀ ਧੁੰਦ ਜਗ ਚਾਨਣ ਹੋਇਆ ) ਸ਼ਬਦ ਦਾ ਉਚਾਰਨ ਕੀਤਾ । ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ.ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਮੈਡਮ ਸ੍ਰੀਮਤੀ ਸੁਰਿੰਦਰ ਕੌਰ , ਪ੍ਰਿੰਸੀਪਲ ਮੈਡਮ ਸ੍ਰੀਮਤੀ ਰੁਬੀਨਾ ਧੀਰ ਨੇ ਬੱਚਿਆਂ ਨੂੰ ਗੁਰਪੁਰਬ ਦੀ ਵਧਾਈ ਦਿੰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨਾਮ ਜਪੋ ਵੰਡ ਛਕੋ ਕਿਰਤ ਕਰੋ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਹਮੇਸ਼ਾ ਸੱਚ ਦਾ ਰਸਤਾ ਅਪਣਾਉਣ ਲਈ ਕਿਹਾ ।



## ਏਕਨਾਥ ਸ਼ਿੰਦੇ ਦਾ ਭਰਵਾਂ ਸਵਾਗਤ



**ਸੰਗਰੂਰ/ਘੁਮਾਣ (ਪ੍ਰਵੀਨ ਸਿੰਘ)**- ਸ਼੍ਰੋਮਣੀ ਭਗਤ ਨਾਮਦੇਵ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਤਪਿਆਣਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਸਤਨਾਮ ਸਿੰਘ ਦਮਦਮੀ ਅਤੇ ਸਤਨਾਮ ਸਿੰਘ ਮੱਲੋਵਾਲੀ ਵਲੋਂ ਮਹਾਂਰਾਸ਼ਟਰ ਦੇ ਉਪ ਮੁੱਖ ਮੰਤਰੀ ਸ਼੍ਰੀ ਏਕਨਾਥ ਸ਼ਿੰਦੇ ਦਾ ਘੁਮਾਣ ਵਿਖੇ ਆਉਣ ਤੋਂ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚਣ 'ਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸਤਨਾਮ ਸਿੰਘ ਦਮਦਮੀ ਨੇ ਕਿਹਾ ਕਿ ਉਪ ਮੁੱਖ ਮੰਤਰੀ ਨਾਲ ਭਗਤ ਨਾਮਦੇਵ ਜੀ ਦੇ ਅਸਥਾਨ ਗੁਰਦੁਆਰਾ ਤਪਿਆਣਾ ਸਾਹਿਬ ਅਤੇ ਘੁਮਾਣ ਨਗਰ ਦੇ ਵਿਕਾਸ ਨੂੰ ਲੈ ਕੇ ਕੁੱਝ ਸਮਾਂ ਵਿਸ਼ੇਸ਼ ਗੱਲਬਾਤ ਹੋਈ ਹੈ। ਉਨ੍ਹਾਂ ਕਿਹਾ ਕਿ ਉਹ ਭਗਤ ਨਾਮਦੇਵ ਜੀ ਦੇ ਸ਼ਰਧਾਲੂ ਹਨ। ਉਹ ਪਹਿਲੀ ਵਾਰ ਘੁਮਾਣ ਦੀ ਧਰਤੀ 'ਤੇ ਪੁੱਜੇ, ਜਿਸ ਲਈ ਉਨ੍ਹਾਂ ਦਾ ਕਮੇਟੀ ਵਲੋਂ ਭਰਵਾਂ ਸਵਾਗਤ ਕੀਤਾ ਗਿਆ।

## ਨਾਭਾ ਕਬੱਡੀ ਕੱਪ 15 ਤੇ 16 ਨੂੰ : ਜੱਸੀ ਸੋਹੀਆਂ ਵਾਲਾ



**ਨਾਭਾ (ਵਰਿੰਦਰ ਵਰਮਾ)**- ਆਜ਼ਾਦ ਵੈਲਫੇਅਰ ਐਂਡ ਸਪੋਰਟਸ ਕਲੱਬ ਰਜਿ. ਨਾਭਾ ਵਲੋਂ ਐਨ. ਆਰ. ਆਈ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਦੋ ਦਿਨਾਂ 7ਵਾਂ ਨਾਭਾ ਕਬੱਡੀ ਕੱਪ 15 ਅਤੇ 16 ਨਵੰਬਰ, 2025 ਨੂੰ ਰਿਪੁਦਮਨ ਕਾਲਜ ਸਟੇਡੀਅਮ ਨਾਭਾ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਕਲੱਬ ਪ੍ਰਧਾਨ ਅਤੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਦੱਸਿਆ ਕਿ ਕਬੱਡੀ ਕੱਪ ਦੇ ਪਹਿਲੇ ਦਿਨ 15 ਨਵੰਬਰ ਨੂੰ 45, 55 ਅਤੇ 65 ਕਿਲੋ ਵਜ਼ਨ ਦੀਆਂ ਟੀਮਾਂ ਵਿਚਕਾਰ ਮੈਚ ਖੇਡੇ ਜਾਣਗੇ ਅਤੇ 16 ਨਵੰਬਰ ਨੂੰ ਅਖੀਰਲੇ ਦਿਨ ਸਵੇਰੇ 10 ਤੋਂ ਦੁਪਹਿਰ 12 ਵਜੇ ਤੱਕ ਕਬੱਡੀ 75 ਕਿਲੋ ਦੀਆਂ ਟੀਮਾਂ ਦੇ ਮੈਚ ਖੇਡੇ ਜਾਣਗੇ ਅਤੇ ਇਸ ਉਪਰੰਤ ਕਬੱਡੀ ਪੰਜਾਬ ਐਸੋਸੀਏਸ਼ਨ ਦੀਆਂ 8 ਅਕੈਡਮੀਆਂ ਵਿਚਕਾਰ ਹੋਣਗੇ ਫਸਵੇਂ ਮੁਕਾਬਲੇ ਹੋਣਗੇ। ਜਿਸ ਵਿੱਚ ਜੇਤੂ ਟੀਮ ਨੂੰ 2 ਲੱਖ ਅਤੇ ਦੂਜੇ ਸਥਾਨ ਵਾਲੀ ਟੀਮ ਨੂੰ 1.50 ਲੱਖ ਰੁਪਏ ਦੇ ਨਗਦ ਇਨਾਮ ਦਿੱਤੇ ਜਾਣਗੇ ਅਤੇ ਬੈਸਟ ਰੇਡਰ ਤੇ ਜਾਫੀ ਦਾ 51000-51000 ਹਜਾਰ ਰੁਪਏ ਨਾਲ ਸਨਮਾਨ ਕੀਤਾ ਜਾਵੇਗਾ।

## ਕੇਂਦਰ ਸਰਕਾਰ ਪੰਜਾਬ 'ਵਰਸਿਟੀ ਨੂੰ ਆਪਣੇ ਅਧੀਨ ਕਰਕੇ ਪੰਜਾਬ ਨੂੰ ਬੌਧਿਕ ਗੁਲਾਮੀ ਵੱਲ ਧੱਕਣਾ ਚਾਹੁੰਦੀ : ਰਾਣਾ

**ਮਾਨਸਾ (ਆਤਮਾ ਸਿੰਘ ਪਮਾਰ)**- ਵੱਖ ਵੱਖ ਖੱਬੇ ਪੱਖੀ ਪਾਰਟੀਆਂ, ਜਨਤਕ ਜਥੇਬੰਦੀਆਂ, ਲੇਖਕਾਂ, ਬੁੱਧੀਜੀਵੀਆਂ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਨੂੰ ਆਪਣੇ ਅਧੀਨ ਕਰਨ ਦੇ ਮੁੱਦੇ ਨੂੰ ਲੈ ਕੇ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਉਪ ਰਾਸ਼ਟਰਪਤੀ ਨੂੰ ਇੱਕ ਮੰਗ ਪੱਤਰ ਭੇਜਿਆ ਗਿਆ। ਉਹਨਾਂ ਉਪ ਰਾਸ਼ਟਰਪਤੀ ਤੋਂ ਮੰਗ ਕੀਤੀ ਕਿ ਭਾਰਤ ਸਰਕਾਰ ਇਸ ਨੋਟੀਫਿਕੇਸ਼ਨ ਨੂੰ ਤੁਰੰਤ ਵਾਪਸ ਲਵੇ ਅਤੇ ਪਹਿਲਾਂ ਵਾਲੀ ਸਥਿਤੀ ਮੁੜ ਬਹਾਲ ਕੀਤੀ ਜਾਵੇ । ਆਗੂਆਂ ਕਿਹਾ ਕਿਉਂਕਿ ਪੰਜਾਬ ਯੂਨੀਵਰਸਿਟੀ ਪੰਜਾਬੀਆਂ ਨੇ 1882 ਵਿੱਚ ਆਪਣੇ ਆਰਥਿਕ ਯਤਨਾਂ ਨਾਲ ਸਾਂਝੇ ਪੰਜਾਬ ਦੀ ਰਾਜਧਾਨੀ ਲਾਹੌਰ ਵਿੱਚ ਸਥਾਪਤ ਕੀਤੀ ਸੀ। ਜਦੋਂ 1947 ਵਿੱਚ ਦੇਸ਼ ਦੀ ਵੰਡ ਹੋਈ ਤਾਂ ਪੰਜਾਬ ਯੂਨੀਵਰਸਿਟੀ ਦੀ ਸਥਾਪਨਾ ਪੰਜਾਬ ਦੀ ਨਵੀ ਹੋਂਦ 'ਚ ਆਈ ਰਾਜਧਾਨੀ ਚੰਡੀਗੜ੍ਹ ਵਿਖੇ ਕੀਤੀ ਗਈ, ਜੋ ਬੀਤੇ 59 ਸਾਲਾਂ ਤੋਂ ਲੋਕਤੰਤਰਕ ਢੰਗ ਨਾਲ ਚੁਣੀ ਜਾਂਦੀ ਬਾਡੀ ਸੈਨਿਟ ਅਤੇ ਸਿੰਡੀਕੇਟ ਦੁਆਰਾ ਚਲਾਈ ਜਾ ਰਹੀ ਹੈ । ਆਗੂਆਂ ਕਿਹਾ ਕਿ



ਯੂਨੀਵਰਸਿਟੀ ਦਾ 60 ਫੀਸਦੀ ਖਰਚਾ ਪੰਜਾਬ ਸਰਕਾਰ ਦੁਆਰਾ ਹੀ ਕੀਤਾ ਜਾਂਦਾ ਹੈ। ਜਦੋਂ ਇਹ ਯੂਨੀਵਰਸਿਟੀ ਸ਼ੁਰੂ ਤੋਂ ਹੀ ਕੇਵਲ ਪੰਜਾਬ ਦੇ ਕਾਲਜਾਂ ਨੂੰ ਕੰਟਰੋਲ ਕਰਦੀ ਹੈ ਤਾਂ ਕੇਂਦਰ ਅੜਿੱਕੇ ਕਿਉਂ ਡਾਹ ਰਿਹਾ ਹੈ । ਇਤਿਹਾਸਕ ਅਤੇ ਹੋਰ ਪੱਖਾਂ ਤੋਂ ਹਰ ਤਰ੍ਹਾਂ ਇਹ ਯੂਨੀਵਰਸਿਟੀ ਪੰਜਾਬ ਸਰਕਾਰ ਦੀ ਮਾਲਕੀ ਵਾਲੀ ਹੈ ਪਰ ਰਾਜ ਸਰਕਾਰ ਦੁਆਰਾ ਲੋਕਤੰਤਰਕ ਢੰਗ ਨਾਲ ਚਲਾਏ ਜਾ ਰਹੇ ਇਸ ਅਦਾਰੇ ਦੀ ਸੈਨਿਟ ਨੂੰ ਭਾਰਤ ਸਰਕਾਰ ਨੇ ਇੱਕ ਨੋਟੀਫਿਕੇਸ਼ਨ ਜਾਰੀ ਕਰਕੇ ਭੰਗ ਕਰ ਦਿੱਤਾ ਹੈ ਅਤੇ ਇਸ ਨੋਟੀਫਿਕੇਸ਼ਨ ਅਨੁਸਾਰ ਯੂਨੀਵਰਸਿਟੀ ਦੇ ਕੰਮਕਾਜ ਨੂੰ ਚਲਾਉਣ ਲਈ ਹੁਣ ਯੂਨੀਵਰਸਿਟੀ ਦੇ ਵੀ ਸੀ ਰਾਹੀਂ ਨਵੀਂ ਕਮੇਟੀ ਨਾਮਜ਼ਦ ਕੀਤੀ ਜਾਵੇਗੀ।ਭਾਰਤ ਸਰਕਾਰ ਦੀ ਇਹ ਕਾਰਵਾਈ ਭਾਰਤ ਦੇ ਸੰਘੀ ਢਾਂਚੇ ਦੀ ਭਾਵਨਾ ਦੇ ਵੀ ਵਿਰੁੱਧ ਹੈ।ਰਾਣਾ ਨੇ ਕਿਹਾ ਪੰਜਾਬ ਯੂਨੀਵਰਸਿਟੀ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਨੂੰ ਬੌਧਿਕ ਕੰਗਾਲੀ ਵੱਲ ਝੋਕਣਾ ਚਾਹੁੰਦੀ ਹੈ ਜੋ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਇਸ ਸਮੇਂ ਪੰਜਾਬ ਦੇ ਲੋਕ ਦੂਹਰੀ ਰਾਜਨੀਤਿਕ ਗੁਲਾਮੀ ਭੋਗ ਰਹੇ ਹਨ। ਇੱਕ ਪਾਸੇ ਕੇਂਦਰ ਦੀ ਭਗਵਾਂ ਸਰਕਾਰ ਪੰਜਾਬ ਨਾਲ ਹਰ ਖੇਤਰ ਵਿੱਚ ਧੱਕੇਸ਼ਾਹੀ ਕਰ ਰਹੀ ਹੈ। । ਦੂਸਰੇ ਪਾਸੇ ਪੰਜਾਬ ਦੀ ਆਪ ਸਰਕਾਰ ਕੇਂਦਰ ਦੀਆਂ ਗ਼ਲਤ ਨੀਤੀਆਂ ਦਾ ਵਿਰੋਧ ਕਰਨ ਦੀ ਬਜਾਏ ਪੰਜਾਬ ਦੀ ਆਰਥਿਕ ਲੁੱਟ ਕਰ ਰਹੀ ਹੈ। ਇਸ ਮੌਕੇ, ਦਰਸ਼ਨ ਸਿੰਘ ਜੋਗਾ , ਕਾਮਰੇਡ ਕ੍ਰਿਸ਼ਨ ਚੌਹਾਨ, ਬੋਘ ਸਿੰਘ ਮਾਨਸਾ, ਕਰਨੈਲ ਸਿੰਘ ਮਾਨਸਾ, ਹਰਦੀਪ ਜਟਾਣਾ, ਬਲਵਿੰਦਰ ਘਰਾਂਗਣਾ, ਧੰਨਾ ਮੱਲ ਗੋਇਲ , ਅਮਰੀਕ ਸਿੰਘ ਫਫੜੇ, ਲੋਕ ਗਾਇਕ ਅਜਮੇਰ ਅਕਲੀਆ, ਘਣਸਿਆਮ ਨਿੱਕੂ , ਸਿੰਕਦਰ ਘਰਾਗਣਾ, ਮਾਨਕ ਗੋਇਲ, ਬਿੱਟੂ ਔਲਖ, ਐਡਵੋਕੇਟ ਅਜੈਬ ਗੁਰੂ, ਐਡਵੋਕੇਟ ਸੂਬੇਦਾਰ ਦਰਸ਼ਨ ਸਿੰਘ, ਹਰਵਿੰਦਰ ਮਾਨਸਾਹੀਆ, ਆਦਿ ਵੱਖ ਵੱਖ ਪਾਰਟੀਆਂ ਅਤੇ ਜੱਥੇਬੰਦੀਆਂ ਦੇ ਆਗੂ ਵੀ ਹਾਜ਼ਰ ਸਨ ।

## ਸੈਂਟੀਨਲ ਸਕੂਲ 'ਚ ਗੁਰੂ ਨਾਨਕ ਪ੍ਰਕਾਸ਼ ਪੁਰਬ ਮੌਕੇ ਕੁਇੱਜ਼ ਮੁਕਾਬਲੇ ਕਰਵਾਏ

**ਸਮਰਾਲਾ (ਸੁਰਜੀਤ ਸਿੰਘ)**- ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿੱਚ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਦੀ ਅਗਵਾਈ ਹੇਠ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ



ਉਤਸ਼ਾਹ ਅਤੇ ਧਾਰਮਿਕ ਆਸਥਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲੈ ਕੇ ਗੁਰੂ ਜੀ ਦੇ ਉਪਦੇਸ਼ਾਂ ਨੂੰ ਯਾਦ ਕੀਤਾ। ਸਕੂਲ ਪ੍ਰਬੰਧਕਾਂ ਨੇ ਇਸ ਉਤਸਵ ਨੂੰ ਵਿਦਿਆਰਥੀਆਂ ਲਈ ਇੱਕ ਸਿੱਖਣ ਵਾਲਾ ਅਨੁਭਵ ਬਣਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਸਨ।ਪੰਜਾਬੀ ਅਧਿਆਪਕ ਬਲਵਿੰਦਰ ਸਿੰਘ ਅਤੇ ਹਰਵਿੰਦਰ ਕੌਰ ਨੇ ਤੀਜੀ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦੇ ਕੁਇਜ਼ ਮੁਕਾਬਲੇ ਕਰਵਾਏ ਜਿਸ ਵਿੱਚ ਉਹਨਾਂ ਵੱਲੋਂ ਗੁਰੂ ਨਾਨਕ ਜੀ ਦੇ ਜੀਵਨ, ਉਪਦੇਸ਼ਾਂ ਅਤੇ ਸਿੱਖ ਇਤਿਹਾਸ ਨਾਲ ਜੁੜੇ ਸਵਾਲ ਪੁੱਛੇ ਗਏ। ਇਸ ਤੋਂ ਇਲਾਵਾ ਨੌਵੀ ਤੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਲਈ ਚਿੱਤਰਕਾਰੀ ਮੁਕਾਬਲਾ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਗੁਰੂ ਨਾਨਕ ਜੀ ਦੇ ਜੀਵਨ ਦੇ ਵੱਖ-ਵੱਖ ਪਹਿਲੂਆਂ ਨੂੰ ਚਿੱਤਰਾਂ ਰਾਹੀਂ ਉਜਾਗਰ ਕੀਤਾ । ਸਮਾਗਮ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਮਿਲ ਕੇ ਗੁਰੂ ਨਾਨਕ ਦੇਵ ਜੀ ਦੇ ਸ਼ਬਦ ਗਾਇਨ ਕੀਤੇ। ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਕਿਹਾ ਕਿ ਗੁਰੂ ਨਾਨਕ ਜੀ ਦੇ ਉਪਦੇਸ਼ ਅੱਜ ਵੀ ਪ੍ਰਸੰਗਿਕ ਹਨ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਨੂੰ ਅਪਣਾਉਣਾ ਚਾਹੀਦਾ ਹੈ।ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ।

## ਗੁਰੂ ਨਾਨਕ ਦੇਵ ਦਾ ਪ੍ਰਕਾਸ਼ ਪੁਰਬ ਮਨਾਇਆ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**- ਸ਼੍ਰੀ ਰਾਮ ਇੰਟਰਨੈਸ਼ਨਲ ਸਕੂਲ ,ਕੱਕੜਵਾਲ ਵਿਖੇ ਗੁਰੂ ਨਾਨਕ ਦੇਵ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਨਾਲ ਨਾਲ ਮਨਾਇਆ ਗਿਆ। ਇਸ ਸਮੇਂ ਸਕੂਲ ਕੈਂਪਸ ਵਿੱਚ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਸਾਰੇ ਵਿਦਿਆਰਥੀਆਂ ਵੱਲੋਂ ਬੜੀ ਸ਼ਰਧਾ ਨਾਲ ਪਾਠ ਸਰਵਣ ਕੀਤਾ ਗਿਆ। ਵਿਦਿਆਰਥੀਆਂ ਨੇ ਰਸ-ਭਰੇ ਕੀਰਤਨ ਨਾਲ ਸਰੋਤਿਆਂ ਨੂੰ ਨਿਹਾਲ ਕੀਤਾ ।ਪ੍ਰਿੰਸੀਪਲ ਸ਼੍ਰੀਮਤੀ ਤਜਿੰਦਰ ਕੌਰ ਸੇਖੋਂ , ਵਾਈਸ-ਪ੍ਰਿੰਸੀਪਲ ਗੁਰਜੀਤ ਕੌਰ , ਮੈਨੇਜਿੰਗ ਡਾਇਰੈਕਟਰ ਅਭੀਨਵ ਗੋਇਲ ਨਵੀਂ , ਮਨੋਜ ਗਰਗ, ਅਮੀਸ਼ ਗੋਇਲ ਵੱਲੋਂ ਪਹੁੰਚੇ ਹੋਏ ਪਤਵੰਤਿਆਂ ਦਾ ਸਨਮਾਨ ਕੀਤਾ ਗਿਆ।

## ਭਸੌੜ ਵਿਖੇ ਆਯੂਰਵੈਦਿਕ ਕੈਂਪ 11 ਨੂੰ

**ਧੂਰੀ (ਮਨੋਹਰ ਸਿੰਘ ਸੱਗੂ)**- ਸਿਹਤ ਵਿਭਾਗ ਵੱਲੋਂ ਡਾਇਰੈਕਟਰ ਆਯੂਰਵੈਦਾ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲਾ ਆਯੂਰਵੈਦਿਕ ਤੇ ਯੂਨਾਨੀ ਅਫ਼ਸਰ ਡਾ: ਮਲਕੀਤ ਸਿੰਘ ਘੱਗਾ ਅਤੇ ਸੀਨੀਅਰ ਮੈਡੀਕਲ ਅਫਸਰ ਡਾ: ਜਸਦੀਪ ਸਿੰਘ ਦੀ ਅਗਵਾਈ ਹੇਠ ਮੁੱਢਲਾ ਸਿਹਤ ਕੇਂਦਰ ਭਸੌੜ ਵਿਖੇ ਡਾ: ਰੁਬੀਨਾ ਦੁਆਰਾ ਆਯੂਰਵੈਦਿਕ ਮੈਡੀਕਲ ਕੈਂਪ 11 ਨੰਵਬਰ ਨੂੰ ਲਗਾਇਆ ਜਾਵੇਗਾ। ਕੈਂਪ ਦੌਰਾਨ ਮਾਹਿਰ ਆਯੂਰਵੈਦਿਕ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਸਿਹਤ ਜਾਂਚ ਕੀਤੀ ਜਾਵੇਗੀ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਟੈਸਟ ਮੁਫ਼ਤ ਕੀਤੇ ਜਾਣਗੇ।

## ਝੋਨੇ ਦੀ ਖਰੀਦ ਦੇ ਨਾਲ ਚੁਕਾਈ ਦੇ ਕੰਮ 'ਚ ਵੀ ਤੇਜ਼ੀ : ਡੀ ਸੀ

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਨਾਲ ਨਾਲ ਲਿਫਟਿੰਗ ਦਾ ਕੰਮ ਵੀ ਤੇਜ ਗਤੀ ਨਾਲ ਚਲਾਇਆ ਜਾ ਰਿਹਾ ਹੈ ਤਾਂ ਕਿ ਕਿਸਾਨ ਆਪਣੀ ਜਿਣਸ ਜਲਦ ਤੋਂ ਜਲਦ ਵੇਚ ਕੇ ਘਰਾਂ ਨੂੰ ਪਰਤਣ। ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਲਗਾਤਾਰ ਸ਼ੈਲਰ ਮਾਲਕਾਂ ਤੇ ਆੜ੍ਹਤੀਆਂ ਦੀ ਐਸੋਸੀਏਸ਼ਨ ਨਾਲ ਰਾਬਤਾ ਬਣਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ।ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਮੀਡੀਆ ਨਾਲ ਗੱਲਬਾਤ ਕਰਨ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਪਹੁੰਚੀ 8,01,059 ਮੀਟ੍ਰਿਕ ਟਨ ਝੋਨੇ ਦੀ ਫਸਲ ਵਿੱਚੋਂ 7,66,756 ਮੀਟ੍ਰਿਕ ਟਨ ਝੋਨਾ ਖਰੀਦਿਆ ਗਿਆ ਹੈ। ਖਰੀਦ ਕੀਤੇ ਗਏ ਝੋਨੇ ਵਿੱਚੋਂ 5,66,987 ਲਿਫਟਿੰਗ ਵੀ



ਕਰਵਾਈ ਜਾ ਚੁੱਕੀ ਹੈ। ਸਰਕਾਰੀ ਹਦਾਇਤਾਂ ਅਨੁਸਾਰ ਖਰੀਦ ਕੀਤੇ ਗਏ ਝੋਨੇ ਦੀ ਅਦਾਇਗੀ ਵੀ ਤਹਿ ਸਮਾਂ ਸੀਮਾ ਅੰਦਰ ਕਰਨੀ ਯਕੀਨੀ ਬਣਾਈ ਜਾ ਰਹੀ ਹੈ । ਇਸ ਲਈ ਖਰੀਦ ਕੀਤੇ ਗਏ ਝੋਨੇ ਦੀ ਅਦਾਇਗੀ ਵਜੋਂ 1628 ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ ਵਿੱਚ ਪਾਏ ਜਾ ਚੁੱਕੇ ਹਨ। ਉਹਨਾਂ ਕਿਹਾ ਕਿ ਪਰਾਲੀ ਸਾੜਨ ਉਪਰ ਪੂਰਨ ਪਾਬੰਦੀ ਦੇ ਆਦੇਸ਼ ਜਾਰੀ ਕੀਤੇ ਗਏ ਹਨ।

## ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਜਾਇਆ ਨਗਰ ਕੀਰਤਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਸਥਾਨਕ ਗੁਰਪੁਰਬ ਕਮੇਟੀ ਮੋਗਾ ਵੱਲੋਂ ਸ਼ਹਿਰ ਦੀਆਂ ਸਮੂਹ ਸਿੱਖ ਸੰਗਤਾਂ, ਧਾਰਮਿਕ ਸੰਸਥਾਵਾਂ, ਇਸਤਰੀ ਸਤਿਸੰਗ ਸਭਾਵਾਂ ਅਤੇ ਪ੍ਰਬੰਧਕ ਕਮੇਟੀ ਗੁਰਦੁਆਰਾ ਕਲਗੀਧਰ ਦੱਤ ਰੋਡ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪਾਵਨ ਪਵਿੱਤਰ ਆਗਮਨ ਪੁਰਬ ਦੇ ਸਬੰਧ ਵਿੱਚ ਨਗਰ ਕੀਰਤਨ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦੱਤ ਰੋਡ ਮੋਗਾ ਤੋਂ ਅਰਦਾਸ ਬੇਨਤੀ ਤੇ ਹੁਕਮਨਾਮਾ ਸਾਹਿਬ ਦੀ ਬਖ਼ਸ਼ਿਸ਼ ਪ੍ਰਾਪਤੀ ਉਪਰੰਤ ਜੈਕਾਰਿਆਂ ਦੀ ਗੂੰਜ ਵਿੱਚ ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੂਰਨ ਖਾਲਸਾਈ ਰਵਾਇਤਾਂ ਨਾਲ ਆਰੰਭ ਹੋਇਆ । ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਬਲਜਿੰਦਰ ਸਿੰਘ ਸਹਿਗਲ ਪ੍ਰੈਸ ਸਕੱਤਰ ਨੇ ਦੱਸਿਆ ਕਿ ਗੁਰੂ ਨਾਨਕ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਚੱਲ ਕੇ ਵੱਖ ਵੱਖ ਥਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦੱਤ ਰੋਡ ਮੋਗਾ ਵਿਖੇ ਪੁੱਜ ਕੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਇਕਬਾਲ ਸਿੰਘ ਵੱਲੋਂ ਲਏ ਗਏ ਹੁਕਮਨਾਮੇ ਉਪਰੰਤ ਸੰਪੂਰਨ ਹੋਇਆ। ਭਾਈ ਬਲਜੀਤ ਸਿੰਘ ਵਿੱਕੀ ਪ੍ਰਧਾਨ ਅਤੇ ਬਲਦੇਵ ਸਿੰਘ ਛਾਬੜਾ ਜਨਰਲ ਸਕੱਤਰ ਵੱਲੋਂ ਸਮੁੱਚੀ ਸਿੱਖ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ । ਇਸ ਮੌਕੇ ਬਲਜੀਤ ਸਿੰਘ ਵਿੱਕੀ ਪ੍ਰਧਾਨ, ਬਲਦੇਵ ਸਿੰਘ ਛਾਬੜਾ ਜਨਰਲ ਸਕੱਤਰ, ਗੁਰਮੇਜਰ ਸਿੰਘ ਵਿੱਤ ਸਕੱਤਰ ਬਲਜਿੰਦਰ ਸਿੰਘ ਸਹਿਗਲ ਪ੍ਰੈੱਸ ਸਕੱਤਰ, ਸਤਨਾਮ ਸਿੰਘ ਬੀ.ਏ. ਬਲਵਿੰਦਰ ਸਿੰਘ ਦੌਲਤਪੁਰਾ, ਸੱਤਪਾਲ ਸਿੰਘ ਕੰਡਾ, ਪੂਰਨ ਭਗਤ ਸਿੰਘ, ਬਲਜੀਤ ਸਿੰਘ ਚਾਨੀ ਮੇਅਰ ਨਗਰ ਨਿਗਮ ਮੋਗਾ, ਗੁਰਵਿੰਦਰ ਸਿੰਘ ਟੱਕਰ, ਇਸਾਨ ਸਿੰਘ ਟੱਕਰ, ਹੈ ਪੀ ਖਾਲਸਾ, ਗੁਰਸੇਵਕ ਸਿੰਘ ਸੰਨਿਆਸੀ, ਰਾਜਿੰਦਰ ਸਿੰਘ ਡੱਲਾ, ਜਸਵੰਤ ਸਿੰਘ ਗਿੱਲ, ਹਰਨੇਕ ਸਿੰਘ ਦਾਰਾਪੁਰ, ਜਗਸੀਰ ਸਿੰਘ ਮਾਨ, ਅਮਰੀਕ ਸਿੰਘ ਬਾਰਦਾਨੇ ਵਾਲੇ, ਅਮਰਜੀਤ ਸਿੰਘ ਬਾਵਾ, ਭਾਈ ਲਖਵੀਰ ਸਿੰਘ ਮੋਗਾ ਪ੍ਰਚਾਰਕ ਹਲ਼ਕਾ ਮੋਗਾ, ਬਲਜਿੰਦਰ ਸਿੰਘ ਧਾਲੀਵਾਲ, ਹਰਵਿੰਦਰ ਸਿੰਘ ਮਘੇੜਾ, ਕੁਲਦੀਪ ਸਿੰਘ ਗਿਆਨੀ ਬ੍ਰਦਰਜ਼, ਸੁਰਿੰਦਰ ਸਿੰਘ ਚਾਨਾ, ਨਿਰਵੈਲ ਸਿੰਘ ਢਿੱਲੋ ਆਦਿ ਸਮੇਤ ਸੰਗਤਾਂ ਨੇ ਸ਼ਮੂਲੀਅਤ ਕੀਤੀ ।



## ਸਰਕਾਰ ਦੇ ਤਾਜ਼ਾ ਹੁਕਮਾਂ ਨਾਲ ਪੈਨਸ਼ਨਰਾਂ 'ਚ ਰੋਸ



**ਫਿਰੋਜ਼ਪੁਰ (ਗੁਰਬਚਨ ਸਿੰਘ)**- ਪੰਜਾਬ ਸਰਕਾਰ ਦੇ ਵਿੱਤ ਵਿਭਾਗ ਦੇ ਜਾਰੀ ਕੀਤੇ ਪੱਤਰ ਨਾਲ ਪੈਨਸ਼ਨਰਾਂ ਅੰਦਰ ਰੋਸ ਤੇ ਗੁੱਸੇ ਦੀ ਲਹਿਰ ਪੈਦਾ ਹੋ ਗਈ ਹੈ। ਵਿੱਤ ਵਿਭਾਗ ਦੇ ਮਿਤੀ 31 ਅਕਤੂਬਰ ਨੂੰ ਜਾਰੀ ਕੀਤੇ ਗਏ ਪੱਤਰ ਰਾਹੀਂ ਆਦੇਸ਼ ਕੀਤੇ ਹਨ ਕਿ ਪੈਨਸ਼ਨਰਾਂ ਅਤੇ ਫੈਮਲੀ ਪੈਨਸ਼ਨਰਾਂ ਵੱਲੋਂ ਹਰ ਸਾਲ ਨਵੰਬਰ ਮਹੀਨੇ ਵਿਚ ਜਮ੍ਹਾ ਕਰਵਾਏ ਜਾਂਦੇ ਜੀਵਨ ਪ੍ਰਮਾਣੂ ਪੱਤਰ (ਲਾਇਫ ਸਰਟੀਫਿਕੇਟ) ਨੂੰ ਇਸ ਵਾਰ ਆਨ ਲਾਈਨ ਜਮ੍ਹਾ ਕਰਵਾਏ ਜਾਣ। ਸਰਕਾਰ ਦੇ ਵਿੱਤੀ ਵਿਭਾਗ ਨੇ ਪੈਨਸ਼ਨ ਸੇਵਾ ਪੋਰਟਲ ਜਾਰੀ ਕੀਤਾ ਹੈ, ਜਿਸ ਦੀ ਇਨਟੈਗਰੇਸ਼ਨ ਜੀਵਨ ਪ੍ਰਮਾਣੂ ਪੱਤਰ (ਲਾਇਫ ਸਰਟੀਫਿਕੇਟ) ਨਾਲ ਕੀਤੀ ਹੈ। ਇਸ ਵਾਰ ਜੀਵਨ ਪ੍ਰਮਾਣੂ ਪੱਤਰ ਇਸ ਪੋਰਟਲ ਰਾਹੀਂ ਆਨ ਲਾਈਨ ਭਰਨ ਲਈ ਆਦੇਸ਼ ਕੀਤੇ ਗਏ ਹਨ। ਇਥੇ ਇਹ ਵੀ ਸਪਸ਼ਟ ਕੀਤਾ ਹੈ ਕਿ ਜੇਕਰ ਵਾਰ ਵਾਰ ਕੋਸ਼ਿਸ਼ ਕਰਨ ਦੇ ਬਾਵਜੂਦ ਵੀ ਫਿੰਗਰ ਪ੍ਰਿੰਟ ਜਾਂ ਚਿਹਰੇ ਦਾ ਪ੍ਰਿੰਟ ਨਹੀਂ ਹੁੰਦਾ ਤਾਂ ਇਸ ਸੂਰਤ ਵਿਚ ਪਹਿਲਾਂ ਦੀ ਤਰ੍ਹਾਂ ਮੈਨੂਅਲ ਤਰੀਕੇ ਨਾਲ ਲਾਇਫ ਸਰਟੀਫਿਕੇਟ ਜਮ੍ਹਾ ਕਰਵਾਇਆ ਜਾ ਸਕਦਾ ਹੈ।

## ਕਿੰਡਰ ਗਾਰਟਨ ਸਕੂਲ ਵਿੱਚ ਪ੍ਰਕਾਸ਼ ਪੁਰਬ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)** ਸਥਾਨਕ ਕਿੰਡਰਗਾਰਟਨ ਸਕੂਲ ਵਿੱਚ ਬੱਚਿਆਂ ਅਤੇ ਸਟਾਫ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਪ੍ਰੋਗਰਾਮ ਦਾ ਆਰੰਭ ਬੱਚਿਆਂ ਨੇ ਮੂਲ ਮੰਤਰ ਨਾਲ ਸ਼ੁਰੂ ਕੀਤਾ ਉਸ ਤੋਂ ਬਾਅਦ ਸ਼ਬਦ ਗਾਇਨ ਕੀਤਾ ਗਿਆ। ਇਸ ਮੌਕੇ ਇਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਉਪਰੰਤ ਬੱਚਿਆਂ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਸਿਧਾਂਤਾਂ ਸੰਬੰਧੀ ਕਵਿਤਾਵਾਂ ਸੁਣਾਈਆਂ ਅਤੇ ਬੱਚਿਆਂ ਦੁਆਰਾ 'ਸ਼ਬਦ ਕੀਰਤਨ' ਕੀਤਾ ਗਿਆ। ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਨੇ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ 'ਤੇ ਚਲਣ ਲਈ ਕਿਹਾ। ਸਮਾਗਮ ਦੇ ਅੰਤ ਵਿੱਚ ਸਾਰੇ ਬੱਚਿਆਂ ਨੇ ਵਾਹਿਗੁਰੂ ਵਾਹਿਗੁਰੂ ਨਾਮ ਦਾ ਜਾਪ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ , ਉੱਪ ਚੇਅਰਮੈਨ ਕਮਲਜੀਤ ਸਿੰਘ ਸ਼ਾਹੀ, ਸਕੂਲ ਦੇ ਪ੍ਰਿੰਸੀਪਲ ਰਣਜੋਤ ਕੌਰ ਅਤੇ ਡਾਇਰੈਕਟਰ ਸਰਬਜੀਤ ਕੌਰ ਨੇ ਸਾਰਿਆਂ ਨੂੰ ਇਸ ਪਵਿੱਤਰ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।

## ਪੰਜਾਬੀ ਫੈਸਟ 'ਚ ਵੱਖ-ਵੱਖ ਸਕੂਲਾਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**- ਪੰਜਾਬ ਦਿਵਸ ਨੂੰ ਸਮਰਪਿਤ ਪੰਜਾਬੀ ਫੈਸਟ 2025 ਦਾ ਆਯੋਜਨ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਵੱਲੋਂ ਪਟਿਆਲਾ ਸਹੋਦਿਆ ਸਕੂਲ ਕੰਪਲੈਕਸ ਵਿੱਚ ਕੀਤਾ ਗਿਆ। ਸਮਾਗਮ ਵਿੱਚ ਅਸ਼ੋਕ ਕੁਮਾਰ, ਐਸ ਡੀ ਐਮ ਪਾਤੜਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਵਿੱਚ ਪਟਿਆਲਾ ਖੇਤਰ ਦੇ 27 ਸਕੂਲਾਂ ਦੇ ਤਕਰੀਬਨ 450 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ । ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦੀਆਂ ਛੇ ਵੱਖ-ਵੱਖ ਸੱਭਿਆਚਾਰਕ ਅਤੇ ਰਚਨਾਤਮਕ ਗਤੀਵਿਧੀਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੁਕਾਬਲਿਆਂ ਦੀ ਜੱਜਮੈਂਟ ਮਾਨਯੋਗ ਜੱਜ ਪੈਨਲ ਵੱਲੋਂ ਕੀਤੀ ਗਈ, ਜਿਸ ਵਿੱਚ ਗੋਪਾਲ ਸ਼ਰਮਾ, ਪ੍ਰਸਿੱਧ ਥੀਏਟਰ ਕਲਾਕਾਰ, ਸੁਸ਼੍ਰੀ ਪਰਮਿੰਦਰ ਪਾਲ ਕੌਰ, ਥੀਏਟਰ ਆਰਟਿਸਟ ਅਤੇ ਡਾਇਰੈਕਟਰ ਕਲਾ ਕ੍ਰਿਤੀ, ਪਟਿਆਲਾ, ਅਸ਼ਵਨੀ ਭਾਰਦਵਾਜ, ਆਰਟ ਐਗਜ਼ੀਕਿਊਟਵ ਪੰਜਾਬੀ ਯੂਨੀਵਰਸਿਟੀ, ਪਟਿਆਲਾ ਪਰਗਟ ਦੂਲ੍ਹੇਵਾਲ ਗਾਇਕ,



ਨਿਤਿਨ ਸੁਰਾਨ, ਗਾਇਕ ਤੇ ਸੰਗੀਤਕਾਰ ਜਸਜੀਤ ਸਿੰਘ, ਸੋਸ਼ਲ ਇਨਫਲੂਐਂਸਰ ਤੇ ਪ੍ਰਦਰਸ਼ਕ, ਪਵਨਜੀਤ ਸਿੰਘ, ਪ੍ਰੋਫੈਸ਼ਨਲ ਭੰਗੜਾ ਕੋਚ ਅਤੇ ਕਲਚਰਲ ਤੇ ਵੈਲਨੈਸ ਕੋਚ ਸ਼ਾਮਲ ਸਨ। ਰੈਂਪ ਵਾਕ ਮੁਕਾਬਲੇ ਵਿੱਚ ਸੈਂਟ ਮੇਰੀ ਸਕੂਲ, ਸਨੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਡੀ ਏ ਵੀ ਪਬਲਿਕ ਸਕੂਲ, ਪਟਿਆਲਾ ਅਤੇ ਮਾਉਂਟ ਲਿਟੇਰਾ ਸਕੂਲ ਨੇ ਦੂਜਾ ਸਥਾਨ ਹਾਸਲ ਕੀਤਾ ਅਤੇ ਅਵਰ ਲੇਡੀ ਆਫ ਫਾਤਿਮਾ ਕਾਨਵੈਂਟ ਸਕੈਂਡਰੀ ਸਕੂਲ ਤੀਜੇ ਸਥਾਨ 'ਤੇ ਰਿਹਾ। ਸਲੋਗਨ ਰਾਈਟਿੰਗ ਵਿੱਚ ਵੀ ਸੈਂਟ ਮੇਰੀ ਸਕੂਲ, ਸਨੌਰ ਨੇ ਪਹਿਲਾ ਸਥਾਨ ਜਿੱਤਿਆ, ਕੇ ਐਸ ਬੀ ਵਰਲਡ ਸਕੂਲ ਪਾਤੜਾਂ ਦੂਜੇ ਸਥਾਨ 'ਤੇ ਰਿਹਾ ਅਤੇ ਸੈਂਟ ਜੇਵਿਅਰਜ਼ ਇੰਟਰਨੈਸ਼ਨਲ ਸਕੂਲ, ਪਟਿਆਲਾ ਅਤੇ ਸਕਾਲਰ ਫੀਲਡਜ਼ ਪਬਲਿਕ ਸਕੂਲ, ਪਟਿਆਲਾ ਨੇ ਤੀਜਾ ਸਥਾਨ ਹਾਸਿਲ ਕੀਤਾ।ਨੁੱਕੜ ਨਾਟਕ ਮੁਕਾਬਲੇ ਵਿੱਚ ਪੇਪਸੂ ਇੰਟਰਨੈਸ਼ਨਲ ਸਕੂਲ, ਦੇਵੀਗੜ੍ਹ ਨੇ ਪਹਿਲਾ, ਡੀ ਏ ਵੀ ਪਬਲਿਕ ਸਕੂਲ, ਪਟਿਆਲਾ ਪਹਿਲੇ ਰਨਰ-ਅੱਪ ਵਜੋਂ ਰਿਹਾ ਅਤੇ ਡੀ ਏ ਵੀ ਪਬਲਿਕ ਸਕੂਲ, ਪਾਤੜਾਂ ਅਤੇ ਦਿੱਲੀ ਪਬਲਿਕ ਸਕੂਲ, ਪਟਿਆਲਾ ਦੂਜੇ ਰਨਰ-ਅੱਪ 'ਤੇ ਰਿਹਾ। ਲੋਕ ਗੀਤ ਮੁਕਾਬਲੇ ਵਿੱਚ ਡੀ ਏ ਵੀ ਪਬਲਿਕ ਸਕੂਲ, ਪਟਿਆਲਾ ਨੇ ਪਹਿਲਾ ਸਥਾਨ ਹਾਸਲ ਕੀਤਾ, ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਦੇਵੀਗੜ੍ਹ ਦੂਜੇ ਸਥਾਨ 'ਤੇ ਰਿਹਾ ਅਤੇ ਭੁਪਿੰਦਰਾ ਇੰਟਰਨੈਸ਼ਨਲ ਸਕੂਲ, ਪਟਿਆਲਾ ਅਤੇ ਸੇਂਟ ਜੇਵਿਅਰਜ਼ ਇੰਟਰਨੈਸ਼ਨਲ ਸਕੂਲ, ਪਟਿਆਲਾ ਨੇ ਤੀਜਾ ਸਥਾਨ ਹਾਸਿਲ ਕੀਤਾ। ਦਸਤਾਰਬੰਦੀ ਮੁਕਾਬਲੇ ਵਿੱਚ ਗੰਗਾ ਇੰਟਰਨੈਸ਼ਨਲ ਸਕੂਲ, ਢਾਬੀ ਗੁਜਰਾਂ ਨੇ ਪਹਿਲਾ ਸਥਾਨ ਜਿੱਤਿਆ, ਸਪਾਰਕਲਿੰਗ ਕਿਡਜ਼-ਦ ਫਾਊਂਡੇਸ਼ਨ, ਪਾਤੜਾਂ ਨੇ ਦੂਜਾ ਸਥਾਨ ਹਾਸਿਲ ਕੀਤਾ ਅਤੇ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਤੀਜੇ ਸਥਾਨ 'ਤੇ ਰਿਹਾ। ਲੋਕ ਨਾਚ ਮੁਕਾਬਲੇ ਵਿੱਚ ਸਪਾਰਕਲਿੰਗ ਕਿਡਜ਼ ਪਾਤੜਾਂ ਨੇ ਪਹਿਲਾ, ਡਾ ਬੀ ਐਸ ਸੰਧੂ ਮੈਮੋਰੀਅਲ ਪਬਲਿਕ ਸਕੂਲ ਜਲਾਖੇੜੀ ਅਤੇ ਪੈਪਸੂ ਇੰਟਰਨੈਸ਼ਨਲ ਸਕੂਲ, ਦੇਵੀਗੜ੍ਹ ਨੇ ਦੂਜਾ ਅਤੇ ਭੁਪਿੰਦਰਾ ਇੰਟਰਨੈਸ਼ਨਲ ਸਕੂਲ, ਪਟਿਆਲਾ ਨੇ ਤੀਜਾ ਹਾਸਿਲ ਕੀਤਾ। ਸਕੂਲ ਚੇਅਰਮੈਨ ਡਾ ਅੰਮ੍ਰਿਤਪਾਲ ਸਿੰਘ ਕਾਲੇਕਾ ਅਤੇ ਸਕੂਲ ਪ੍ਰਿੰਸੀਪਲ ਡਾ ਪਰਮਿੰਦਰ ਕੌਰ ਨੇ ਸਾਰੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਵਧਾਈ ਦਿੱਤੀ।

## ਖੁੱਡੀਆਂ ਨੇ ਲੰਬੀ ਹਲਕੇ 'ਚ 70 ਲੱਖ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ

**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ /ਓਮ ਪ੍ਰਕਾਸ਼ ਸੇਖੂ)**- ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ ਦੇ ਪਿੰਡ ਬੁਰਜ ਸਿੱਧਵਾਂ ਅਤੇ ਗੁਰੂਸਰ ਯੋਧਾ 'ਚ 70 ਲੱਖ



ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ। ਉਨ੍ਹਾਂ ਵੱਲੋਂ ਪਿੰਡ ਬੁਰਜ ਸਿੱਧਵਾਂ ਅਤੇ ਗੁਰੂਸਰ ਯੋਧਾ ਵਿਖੇ 35 - 35 ਲੱਖ ਦੀ ਲਾਗਤ ਨਾਲ ਹੈਲਥ ਵੈਲਨੈਸ ਸੈਂਟਰ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਪਿੰਡ ਗੁਰੂਸਰ ਯੋਧਾ 'ਚ ਵਾਟਰ ਵਰਕਸ ਦਾ ਜਾਲ, ਟਿੱਬਾ ਕਲੋਨੀ ਵਿੱਚ ਪਾਣੀ ਦੀ ਨਿਕਾਸੀ, ਸੁੱਕੇ-ਗਿੱਲੇ ਕੂੜੇ ਦੀ ਸੰਭਾਲ, ਢਾਣੀਆਂ ਨੂੰ ਇੰਟਰਲਾਕ ਟਾਇਲ ਦੇ ਕੰਮ ਵੀ ਕਰਵਾਏ ਗਏ ਹਨ। ਇਸ ਮੌਕੇ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਇੱਕ ਕਰਕੇ ਕੰਮ ਕੀਤਾ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਉਹਨਾਂ ਵਿਚੋਂ ਕਈ ਮੌਕੇ ਉੱਤੇ ਹੀ ਹੱਲ ਕੀਤੀਆਂ ਤੇ ਬਾਕੀਆਂ ਸਬੰਧੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਇਸ ਮੌਕੇ ਸਰਪੰਚ ਰਣਜੀਤ ਸਿੰਘ, ਸੁਖਪਾਲ ਸਿੰਘ , ਬਲਕਾਰ ਸਿੰਘ, ਸੁਖਵਿੰਦਰ ਸਿੰਘ ਸੁੱਖਾ, ਗੁਰਮੀਤ ਸਿੰਘ ਰਾੜੀਆ, ਸਰਪੰਚ ਰਸ਼ਪਾਲ ਸਿੰਘ, ਗੁਰਚਰਨ ਸਿੰਘ, ਜਸਵਿੰਦਰ ਸਿੰਘ ਭਾਗੂ, ਪੀਏ ਗੁਰਬਾਜ ਸਿੰਘ , ਸਬੰਧਤ ਵਿਭਾਗਾਂ ਦੇ ਅਧਿਕਾਰੀ, ਪਿੰਡਾਂ ਦੇ ਸਰਪੰਚ ਤੇ ਪੰਚਾਇਤ ਮੈਂਬਰ ਅਤੇ ਪਤਵੰਤੇ ਹਾਜ਼ਰ ਸਨ।

## ਸੰਤ ਕਬੀਰ ਸਕੂਲ ਵਿਖੇ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਪੁਰਬ ਦਾ ਤਿਉਹਾਰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਪ੍ਰਭਾਤ ਫੇਰੀ ਨਾਲ ਹੋਈ। ਇਸ ਮੌਕੇ 'ਸਤਿਨਾਮ ਵਾਹਿਗੁਰੂ' ਦਾ ਜਾਪ, ਜਪੁਜੀ ਸਾਹਿਬ, ਚੌਪਈ ਸਾਹਿਬ ਅਤੇ ਆਨੰਦ ਸਾਹਿਬ ਦਾ ਪਾਠ ਸ਼ਾਮਲ ਸੀ। ਮੈਡਮ ਕੁਲਵੰਤ ਕੌਰ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਦੱਸਦੇ ਹੋਏ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸਿੱਖਿਆਵਾਂ 'ਨਾਮ ਜਪੋ, ਵੰਡ ਛਕੋ', ਕਿਰਤ ਕਰੋ' ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਐਮ. ਡੀ ਪ੍ਰੋਫੈਸਰ ਐਮ. ਐਲ. ਅਰੋੜਾ, ਡਾਇਰੈਕਟਰ ਡਾ. ਨੰਦਿਤਾ ਗਰੋਵਰ, ਪ੍ਰਿੰਸੀਪਲ ਮੈਡਮ ਕੰਚਨ, ਮੁੱਖ ਅਧਿਆਪਕਾ ਸੋਨੀਆ ਧਵਨ ਅਤੇ ਰਚਨਾ ਜਿੰਦਲ, ਮੈਡਮ ਸ਼ਾਲੂ ਅਤੇ ਜੇ. ਐਸ. ਸੰਧੂ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

6 Nov Page 6.qxd 11/5/2025 8:47 PM Page 1



# ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਧਰਨਾ ਅੱਜ

**ਜਲਾਲਾਬਾਦ (ਜੀਤ ਕੁਮਾਰ)** ਸਰਕਾਰੀ ਆਈ ਟੀ ਆਈਜ ਠੇਕਾ ਮੁਲਾਜਮ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਮੈਂਬਰਾਂ ਦੀ ਮੀਟਿੰਗ ਕਰਨ ਉਪਰੰਤ ਸੰਘਰਸ਼ ਦਾ ਫੈਸਲਾ ਕੀਤਾ ਗਿਆ ਹੈ, ਜਿਸ ਤਹਿਤ 06-11-2025 ਨੂੰ ਤਰਨਤਾਰਨ ਸਾਹਿਬ ਵਿਖੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਅਤੇ ਲੋਕ ਮਾਰੂ ਨੀਤੀਆਂ ਖਿਲਾਫ ਧਰਨਾ ਦਿੱਤਾ ਜਾਵੇਗਾ। ਰੋਸ ਮਾਰਚ ਕਰਕੇ ਲੋਕਾਂ ਨੂੰ ਸਰਕਾਰ ਦੀਆਂ ਮਾੜੀਆਂ ਨੀਤੀਆਂ ਬਾਰੇ ਚਨਣਾ ਪਾਇਆ ਜਾਵੇਗਾ। ਸੂਬਾ ਕਮੇਟੀ ਮੈਂਬਰ ਅਮਰਜੀਤ ਸਿੰਘ, ਗੁਰਵਿੰਦਰ ਸਿੰਘ, ਗੁਰਪਾਲ ਸਿੰਘ, ਗੁਰਲਾਭ ਸਿੰਘ, ਮਨਜੀਤ ਕੁਮਾਰ ਨੇ ਦੱਸਿਆ ਕਿ ਅਸੀਂ ਪਿਛਲੇ 15-16 ਸਾਲਾ ਤੋਂ ਪੰਜਾਬ ਦੀਆਂ ਸਰਕਾਰੀ ਆਈ ਟੀ ਆਈਆਂ ਵਿੱਚ ਗਰੁੱਪ ਬੀ ਕਰਾਫਟ ਇੰਸਟਰਕਟਰ ਵਜੋਂ ਬਿਨਾਂ ਕਿਸੇ ਸਰਕਾਰੀ ਸਹੂਲਤਾਂ ਤੋਂ ਠੇਕੇ ਉੱਪਰ ਸਿਰਫ਼ 15000 ਪ੍ਰਤੀ ਮਹੀਨਾ ਉੱਪਰ ਆਪਣਾ ਸ਼ੋਸ਼ਣ ਕਰਵਾ ਰਹੇ ਹਾਂ। ਸਾਡੀ ਭਰਤੀ ਵਿਭਾਗ ਵੱਲੋਂ ਸਮੇਂ-ਸਮੇਂ ਉੱਪਰ ਜਾਰੀ ਹਦਾਇਤਾਂ ਰਾਹੀਂ ਪਾਰਦਰਸ਼ੀ ਢੰਗ ਨਾਲ ਅਖ਼ਬਾਰਾਂ ਵਿੱਚ ਇਸ਼ਤਿਹਾਰ ਦੇ ਕੇ, ਰੋਜ਼ਗਾਰ ਦਫ਼ਤਰਾਂ ਰਾਹੀਂ ਕੀਤੀ ਗਈ ਹੈ। ਅਸੀਂ ਡੀ ਜੀ ਟੀ ਭਾਰਤ ਸਰਕਾਰ ਵੱਲੋਂ ਮੰਗੀਆਂ ਜਾਂਦੀਆਂ ਸਾਰੀਆਂ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹਾਂ, ਪ੍ਰੰਤੂ ਫਿਰ ਵੀ ਸਾਡੇ ਨਾਲ ਪੰਜਾਬ ਸਰਕਾਰ ਸ਼ਰੇਆਮ ਧੱਕਾ ਕਰ ਰਹੀ ਹੈ। ਅਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਉਣ ਲਈ ਬਹੁਤ ਮਿਹਨਤ ਕੀਤੀ ਸੀ ਕਿ ਸ਼ਾਇਦ ਇਹ ਪਾਰਟੀ ਸਾਡੀਆਂ ਮੰਗਾਂ ਪੂਰੀਆਂ ਕਰੇਗੀ, ਪ੍ਰੰਤੂ ਇਹ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਹੀ ਨਿਕਲੀ। ਅਸੀਂ ਇਸ ਸਰਕਾਰ ਵਿੱਚ ਪਿਛਲੇ 3 ਸਾਲਾਂ ਤੋਂ ਕੋਸ਼ਿਸ਼ ਕਰ ਰਹੇ ਹਾਂ ਕਿ ਗੱਲਬਾਤ ਰਾਹੀਂ ਕੋਈ ਹੱਲ ਨਿਕਲੇ। ਇਸੇ ਦੇ ਚੱਲਦਿਆਂ ਬਹੁਤ ਵਾਰ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਵਿੱਤ ਮੰਤਰੀ ਹਰਪਾਲ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਤੇ ਹੋਰ ਕੈਬਨਿਟ ਮੰਤਰੀਆਂ ਨੂੰ ਮਿਲ ਚੁੱਕੇ ਹਾਂ, ਪ੍ਰੰਤੂ ਇਨ੍ਹਾਂ ਵਿੱਚੋਂ ਕਿਸੇ ਨੇ ਵੀ ਸਾਡੀ ਗੱਲ ਉੱਪਰ ਗੌਰ ਨਹੀਂ ਕੀਤੀ ਅਤੇ ਹਰ ਵਾਰ ਲਾਰੇ ਹੀ ਮਿਲੇ ਹਨ। ਇਸ ਤੋਂ ਇਲਾਵਾ ਆਮ ਲੋਕਾਂ ਦੇ ਮੁੱਖ ਮੰਤਰੀ ਕਹਾਉਣ ਵਾਲੇ ਭਗਵੰਤ ਮਾਨ ਦੀ ਸਰਕਾਰੀ ਕੋਠੀ ਦੇ 50-60 ਚੱਕਰ ਲਾ ਚੁੱਕੇ ਹਾਂ, ਪ੍ਰੰਤੂ ਉਨ੍ਹਾਂ ਵੱਲੋਂ ਅੱਜ ਤੱਕ ਇੱਕ ਮਿੰਟ ਦਾ ਵੀ ਸਮਾਂ ਨਹੀਂ ਦਿੱਤਾ ਗਿਆ। ਹੁਣ ਜਥੇਬੰਦੀ ਨੇ ਮਜਬੂਰ ਹੋ ਕੇ ਪੰਜਾਬ ਸਰਕਾਰ ਵਿਰੁੱਧ ਖੁੱਲ੍ਹ ਕੇ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ। ਇਸੇ ਦੇ ਚੱਲਦਿਆਂ ਤਰਨਤਾਰਨ ਸਾਹਿਬ ਵਿਖੇ ਮਿਤੀ 06-11-25 ਨੂੰ ਧਰਨਾ ਦੇਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਜੇਕਰ ਸਰਕਾਰ ਉਨ੍ਹਾਂ ਦਾ ਮਸਲਾ ਹੱਲ ਨਹੀਂ ਕਰਦੀ ਤਾਂ ਇਹ ਇੱਕ ਦਿਨ ਦਾ ਧਰਨਾ ਪੱਕੇ ਮੋਰਚੇ ਵਿੱਚ ਤਬਦੀਲ ਕੀਤਾ ਜਾਵੇਗਾ। ਧਰਨੇ ਵਿੱਚ ਜੇਕਰ ਕੋਈ ਜਾਨੀ ਜਾ ਮਾਲੀ ਨੁਕਸਾਨ ਹੁੰਦਾ ਹੈ ਤਾ ਇਸਦੀ ਸਿੱਧੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ ਅਤੇ ਆਉਣ ਵਾਲੇ ਦਿਨਾਂ ਵਿੱਚ ਬਾਕੀ ਕੈਬਨਿਟ ਮੰਤਰੀਆਂ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ ਅਤੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਵੀ ਕੀਤਾ ਜਾਵੇਗਾ। ਜੇਕਰ ਜ਼ਰੂਰਤ ਪੈਂਦੀ ਹੈ ਤਾਂ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਦੇ ਘਰ ਦਿੱਲੀ ਜਾਣਾ ਪਿਆ ਤਾਂ ਜਰੂਰ ਜਾਇਆ ਜਾਵੇਗਾ ਤੇ ਉੱਥੇ ਪੱਕਾ ਮੋਰਚਾ ਲਾਇਆ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਸਰਕਾਰੀ ਆਈ ਟੀ ਆਈਆਂ ਵਿੱਚ ਕੰਮ ਕਰ ਰਹੇ ਸਾਰੇ ਕਰਾਫਟ ਇੰਸਟਰਕਟਰਾਂ ਨੂੰ ਵਿਭਾਗ ਅਧੀਨ ਲੈ ਕੇ ਬੇਸਿਕ ਤਨਖ਼ਾਹ 35400 ਦੇ ਨਾਲ 3 ਪ੍ਰਤੀਸ਼ਤ ਸਾਲਾਨਾ ਇੰਕਰੀਮੈਂਟ ਨਾਲ 58 ਸਾਲ ਦੀ ਉਮਰ ਤੱਕ ਸੇਵਾ ਸੁਰੱਖਿਆ ਦੇਣੀ ਯਕੀਨੀ ਬਣਾਈ ਜਾਵੇ।

# ਸੰਯੁਕਤ ਕਿਸਾਨ ਮੋਰਚਾ ਨੇ ਡੀ ਸੀ ਰਾਹੀਂ ਮੁੱਖ ਮੰਤਰੀ ਨੂੰ ਦਿੱਤਾ ਮੰਗ ਪੱਤਰ



# ਦੀਪ ਹਸਪਤਾਲ 'ਚ ਕਰਾਈ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ



...ਸੰਚਾਲਕ ਡਾਕਟਰ ਹਰਗੁਰਪ੍ਰਤਾਪ ਸਿੰਘ ਨੇ ਕਿਹਾ ਕਿ ਉਹ ਤੇ ਉਨ੍ਹਾਂ ਦਾ ਹਸਪਤਾਲ ਸਮਝਦਾ ਹੈ ਕਿ ਮੌਜੂਦਾ ਕੇਂਦਰ ਸਰਕਾਰ ਨੂੰ ਰਾਜਨੀਤਿਕ ਕੈਦੀਆਂ ਨੂੰ ਰਿਹਾਅ ਕਰ ਦੇਣਾ ਚਾਹੀਦਾ ਹੈ ਤੇ ਆਪਣੇ ਲੋਕ ਪੱਖੀ ਹੋਣ ਦਾ ਸਬੂਤ ਦੇਣਾ ਚਾਹੀਦਾ ਹੈ। ਇਸ ਦੀ ਸ਼ੁਰੂਆਤ ਜੇਲ੍ਹਾਂ ਵਿੱਚ ਡੱਕੇ ਬੰਦੀ ਸਿੰਘਾਂ ਦੀ ਰਿਹਾਈ ਨਾਲ ਕੀਤੀ ਜਾ ਸਕਦੀ ਹੈ, ਜਿਨ੍ਹਾਂ ਦੀ ਲੰਮੀ ਜੇਲ੍ਹ ਬੰਦੀ ਭਾਰਤ ਦੇਸ਼ ਦੇ ਅਕਸ ਤੇ ਇੱਕ ਬਦਨੁਮਾ ਦਾਗ ਹੈ।

# ਪ੍ਰਾਪਰਟੀ ਕਾਰੋਬਾਰੀ ਦੇ ਘਰ ਪੁੱਜੀ ਸੀ ਬੀ ਆਈ, ਡੀ ਆਈ ਆਈ ਭੁੱਲਰ ਨਾਲ ਜੁੜ ਰਹੇ ਤਾਰ

**ਪਟਿਆਲਾ (ਤਜਿੰਦਰ ਸਿੰਘ ਥਿੰਦ)** ਸੀਬੀਆਈ ਦੀ ਟੀਮ ਪਟਿਆਲਾ ਦੇ ਇੱਕ ... ਪ੍ਰਾਪਰਟੀ ਇੱਕ ਵੱਡੀ ਤੇ ਨਾਮੀ ਫਾਰਮ ਹੈ ਤੇ ਪ੍ਰਾਪਰਟੀ ਇਨਵੈਸਟਮੈਂਟ ਵਿੱਚ ਇਸ ਫਰਮ ...



...ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਰਿਸ਼ਵਤ ਮਾਮਲੇ ਵਿੱਚ ਗ੍ਰਿਫਤਾਰ ਡੀਆਈਜੀ ਐਚ ਐਸ ਭੁੱਲਰ ਤੋਂ ਰਿਮਾਂਡ ਦੌਰਾਨ ਸੀਬੀਆਈ ਨੂੰ ਕੁਝ ਅਹਿਮ ਤੱਤ ਹਾਸਲ ਹੋਏ ਹਨ। ਰਿਮਾਂਡ ਦੌਰਾਨ ਸੀਬੀਆਈ ਵੱਲੋਂ ਭੁੱਲਰ ਮਾਮਲੇ ਵਿੱਚ ਇਹ ਪਹਿਲੀ ਛਾਪੇਮਾਰੀ ਕੀਤੀ ਗਈ ਹੈ। ਬੀਐਚ ... ਇੱਕ ਕਾਰੋਬਾਰੀ ਤੋਂ 5 ਲੱਖ ਰੁਪਏ ਰਿਸ਼ਵਤ ਲੈਂਦੇ ਹੋਏ ਹਰਿਆਣਾ ਤੋਂ ਗ੍ਰਿਫਤਾਰ ਕੀਤਾ ਸੀ। ਗ੍ਰਿਫ਼ਤਾਰੀ ਤੋਂ ਬਾਅਦ ਡੀਆਈਜੀ ਨੂੰ ਅਦਾਲਤ ਵੱਲੋਂ ਨਿਆਇਕ ਹਿਰਾਸਤ ਵਿੱਚ ਭੇਜਿਆ ਗਿਆ ਸੀ, ਜਿਸ ਤੋਂ ਬਾਅਦ ਮੁੜ ਸੀਬੀਆਈ ਨੇ ਭੁੱਲਰ ਦਾ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ।

# ਰੁਕਮਣੀ ਮੰਗਲ ਕਥਾ ਦੇ ਸੁਣਨ ਨਾਲ ਦੂਰ ਹੁੰਦੀਆਂ ਹਨ ਵਿਆਹ ਦੀਆਂ ਰੁਕਾਵਟਾਂ : ਰਮੇਸ਼ਾਨੰਦ



...ਮੰਗਲ ਕਥਾ ਦਾ ਮਹੱਤਵ ਦੱਸਦਿਆਂ ਕਿਹਾ ਕਿ ਜੋ ਵੀ ਭਗਤ ਇਸ ਕਥਾ ਦਾ ਸ੍ਰਵਣ ਸ਼ਰਧਾ ਨਾਲ ਕਰਦਾ ਹੈ, ਉਸਦੇ ਘਰ-ਪਰਿਵਾਰ ਵਿੱਚ ਵਿਆਹ ਸਬੰਧੀ ਸਾਰੀਆਂ ਰੁਕਾਵਟਾਂ ਦੂਰ ਹੋ ਜਾਂਦੀਆਂ ਹਨ ਅਤੇ ਪਰਵਾਰ ਸੁਖ-ਸ਼ਾਂਤੀ ਨਾਲ ਮੰਗਲਮਈ ਜੀਵਨ ਜੀਉਂਦਾ ਹੈ। ਭਗਵਾਨ ਸ਼੍ਰੀਕ੍ਰਿਸ਼ਨ-ਰੁਕਮਣੀ ਵਿਵਾਹ ਦੀ ਝਾਂਕੀ ਸਜਾਈ ਗਈ, ਜਿਸ ਵਿਚ ਮੋਹਿਤ ਗਰਗ (ਮੋਹਿਤ ਮੋਬਾਈਲ) ਨੇ ... ਤੇ ਉਤਸ਼ਾਹ ਨਾਲ ਗੂੰਜ ਉਠਿਆ। ਰਮੇਸ਼ਾਨੰਦ ਜੀ ਨੇ ਕਥਾ ਦੌਰਾਨ ਨੌਜਵਾਨਾਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਜੀਵਨ ਅਜਿਹਾ ਬਣਾਓ ਕਿ ਮਾਤਾ-ਪਿਤਾ ਦਾ ਸਿਰ ਮਾਣ ਨਾਲ ਉੱਚਾ ਹੋਵੇ। ਸਿਰਫ ਬੁੱਧੀ ਨਹੀਂ, ਵਿਵੇਕ ਵੀ ਲਾਜ਼ਮੀ ਹੈ ਤੇ ਵਿਵੇਕ ਸਿਰਫ ਸਤਸੰਗ ਵਿਚੋਂ ਹੀ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸਤਿਸੰਗ ਜੀਵਨ ਵਿਚ ਸਹੀ ਦਿਸ਼ਾ ਤੇ ਫੈਸਲੇ ਲੈਣ ਦੀ ਸਮਰਥਾ ਪੈਦਾ ਕਰਦਾ ਹੈ।

# ਚੈੱਸ ਮੁਕਾਬਲੇ 9 ਨੂੰ

# ਲੋੜਵੰਦ ਨੂੰ ਬਣਾ ਕੇ ਦਿੱਤੇ ਮੁਫ਼ਤ ਮਕਾਨ ਦਾ ਜ਼ਿਲ੍ਹਾ ਸੈਸ਼ਨ ਜੱਜ ਵੱਲੋਂ ਉਦਘਾਟਨ



...ਸਿਵਲ ਜੱਜ ਤੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਅਪਣੇ ਕਰ ਕਮਲਾਂ ਨਾਲ ਕੀਤਾ ਗਿਆ ਤੇ ਡਾ. ਓਬਰਾਏ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇੱਕ ਬਹੁਤ ਹੀ ਲੋੜਵੰਦ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ਼੍ਰੀ ਮੁਕਤਸਰ ਸਾਹਿਬ ਟੀਮ ਰਾਹੀਂ ਮਕਾਨ ਬਣਾਉਣ ਲਈ ਡਾਕਟਰ ਓਬਰਾਏ ਨੂੰ ਬੇਨਤੀ ਕੀਤੀ ਗਈ ਸੀ ਤੇ ਡਾ. ਓਬਰਾਏ ਨੇ ਤਰੁੰਤ ਹੀ ਪੈਸੇ ਜਾਰੀ ਕੀਤੇ ਤੇ ਮਕਾਨ ਪੂਰਾ ਹੋਣ ਉਪਰੰਤ ਜ਼ਿਲ੍ਹਾ ਤੇ ਸੈਸ਼ਨ ਜੱਜ ਸਾਹਿਬ ਵੱਲੋਂ ਲੋੜਵੰਦ ਦੇ ਹਵਾਲੇ ਕੀਤਾ ਗਿਆ, ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਡਾ ਓਬਰਾਏ ਮੁਤਾਬਕ ਹੁਣ ਤੱਕ 1725 ਦੇ ਕਰੀਬ ਲੋੜਵੰਦਾਂ ਨੂੰ ਮਕਾਨ ਬਣਾ ਕੇ ਦਿੱਤੇ ਜਾ ਚੁੱਕੇ ਹਨ, ਲੋੜਵੰਦ ਵੱਲੋਂ ਡਾ ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਡਾ ਓਬਰਾਏ ਦੇ ਉਪਰਾਲੇ ਨਾਲ ਮੈਂ ਰਹਿੰਦੀ ਉਮਰ ਨਵੇਂ ਮਕਾਨ ਵਿਚ ਵਧੀਆ ਢੰਗ ਨਾਲ ਗੁਜ਼ਾਰ ਲਵਾਂਗੀ।

# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਜਿਆ ਨਗਰ ਕੀਰਤਨ

**ਮਾਲੇਰਕੋਟਲਾ, (ਅਸਗਰ ਪਰਿਹਾਰ)** ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਦੁਆਰਾ ਹਾਅ ਦਾ ਨਾਅਰਾ ਪ੍ਰਬੰਧਕ ਕਮੇਟੀ ਵੱਲੋਂ ਮਾਲੇਰਕੋਟਲਾ ਸ਼ਹਿਰ ਵਿੱਚ ਸ਼ਰਧਾ ਤੇ ਉਤਸ਼ਾਹ ਨਾਲ ਭਰਪੂਰ ਮਹਾਨ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਵਿੱਚ ਸੈਂਕੜੇ ਸਿੱਖ ਸੰਗਤਾਂ, ਸਥਾਨਕ ਵਸਨੀਕਾਂ ਤੇ ਸਮਾਜ ਸੇਵਕਾਂ ਨੇ ਹਿੱਸਾ ਲਿਆ ਤੇ ਗੁਰੂ ਘਰ ਦੀਆਂ ਬਾਣੀਆਂ ਦਾ ਅਨੰਦ ਮਾਣਿਆ। ਮਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਪੰਜ ਪਿਆਰੇ ਸਾਹਿਬਾਨਾਂ ਦਾ ਸਿਰੋਪਾਓ ਭੇਟ ਕਰਕੇ ਸਤਿਕਾਰ ਕੀਤਾ। ਵਿਧਾਇਕ ਨੇ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਪੂਰੀ ਮਨੁੱਖਤਾ ਨੂੰ ਸੱਚ, ਸੇਵਾ ਤੇ ਸਮਾਨਤਾ ਦਾ ਸੰਦੇਸ਼ ਦਿੱਤਾ ਹੈ, ਜਿਸ ਦੀ ਪ੍ਰੇਰਨਾ ਅੱਜ ਵੀ ਮਨੁੱਖੀ ਸਮਾਜ ਨੂੰ ਜੋੜਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਉਪਦੇਸ਼ ਸਾਨੂੰ ਸਭ ਨੂੰ ਮਿਲਜੁਲ ਕੇ ਰਹਿਣ, ਪ੍ਰਮਾਤਮਾ ਦੀ ਭਗਤੀ ਕਰਨ ਅਤੇ ਮਨੁੱਖਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੇ ਹਨ। ਵਿਧਾਇਕ ਨੇ ਗੁਰਦੁਆਰਾ ਕਮੇਟੀ ਦੇ ਮੈਂਬਰਾਂ ਤੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਇਸ ਸ਼ੁਭ ਅਵਸਰ 'ਤੇ ਸ਼ਰਧਾਲੂਆਂ ਲਈ ਲੰਗਰ ਤੇ ਪਾਣੀ ਦੇ ਪ੍ਰਬੰਧ ਦਾ ਆਯੋਜਨ ਵੀ ਕਰਾਇਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਧਾਇਕ ਡਾ. ਜਮੀਲ ਉਰ ਰਹਿਮਾਨ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ ਕਿ ਉਹ ਹਰ ਧਾਰਮਿਕ ਤੇ ਸਮਾਜਿਕ ਸਮਾਗਮ ਵਿੱਚ ਸਦਭਾਵਨਾ ਤੇ ਏਕਤਾ ਦਾ ਸੰਦੇਸ਼ ਦੇਂਦੇ ਹਨ।



# ਗੁਰੂ ਨਾਨਕ ਨੈਸ਼ਨਲ ਕਾਲਜ 'ਚ ਐੱਨ ਐੱਸ ਐੱਸ ਕੈਂਪ ਦੀ ਸਮਾਪਤੀ




**ਦੋਰਾਹਾ (ਹਰਮਿੰਦਰ ਸੇਠ)** ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਵਿਖੇ ਚੱਲ ਰਹੇ ਐੱਨ.ਐੱਸ.ਐੱਸ. ਕੈਂਪ ਦੀ ਸਮਾਪਤੀ ਹੋਈ। ਵਾਲੰਟੀਅਰਾਂ ਨੂੰ ਸਨਮਾਨਤ ਕਰਨ ਲਈ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਤੇ ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਸਮਾਰੋਹ ਦੇ ਆਰੰਭ ਵਿੱਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮਾਗਮ ਵਿਚ ਪਹੁੰਚੇ ਮੁੱਖ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਐੱਨ ਐੱਸ ਐੱਸ ਵਾਲੰਟੀਅਰਾਂ ਰੇਨ (ਬੀਕਾਮ), ਦਮਨਪ੍ਰੀਤ (ਬੀਬੀਏ), ਪ੍ਰਿਯਕਾ (ਬੀਕਾਮ), ਦਮਨਪ੍ਰੀਤ (ਬੀਏ) ਤੇ ਤਾਨਿਸ਼ (ਬੀਕਾਮ) ਨੇ ਸੱਤ ਰੋਜ਼ਾ ਕੈਂਪ ਦੀਆਂ ਗਤੀਵਿਧੀਆਂ ਬਾਰੇ ਅਪਣੇ ਅਨੁਭਵ ਸਾਰਿਆਂ ਨਾਲ਼ ਸਾਂਝੇ ਕੀਤੇ। ਮੁੱਖ ਮਹਿਮਾਨ ਹਰਪ੍ਰਤਾਪ ਸਿੰਘ ਬਰਾੜ ਨੇ ਵਲੰਟੀਅਰਾਂ ਨੂੰ ਸੰਬੋਧਨ ਕਰਦਿਆਂ ਸਮਾਜ ਸੇਵਾ ਲਈ ਪ੍ਰੇਰਿਆ ਅਤੇ ਕਿਹਾ ਕਿ ਕੌਮੀ ਸੇਵਾ ਯੋਜਨਾ ਜਿੱਥੇ ਵਿਦਿਆਰਥਆਂ ਦੀ ਸ਼ਖ਼ਸੀਅਤ ਦਾ ਸਰਬਪੱਖੀ ਵਿਕਾਸ ਕਰਦੀ ਹੈ ਉੱਥੇ ਸਮਾਜ ਨੂੰ ਬਿਹਤਰ ਬਣਾਉਣ ਲਈ ਨੌਜਵਾਨ ਪੀੜ੍ਹੀ ਨੂੰ ਤਿਆਰ ਵੀ ਕਰਦੀ ਹੈ। ਇਸ ਮੌਕੇ ਹਰਪ੍ਰਤਾਪ ਸਿੰਘ ਬਰਾੜ ਅਤੇ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ ਨੇ ਵਲੰਟੀਅਰਾਂ ਨੂੰ ਮੈਡਲ ਪਹਿਨਾ ਕੇ ਸਨਮਾਨਿਤ ਕੀਤਾ। ਸਮਾਰੋਹ ਦੇ ਅਖ਼ੀਰ ਵਿੱਚ ਮੁੱਖ ਮਹਿਮਾਨ ਹਰਪ੍ਰਤਾਪ ਸਿੰਘ ਬਰਾੜ ਅਤੇ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਡਾ. ਗੁਰਪ੍ਰੀਤ ਸਿੰਘ ਨੇ ਸਭ ਦਾ ਧੰਨਵਾਦ ਕੀਤਾ। ਪ੍ਰੋਗਰਾਮ ਅਫ਼ਸਰ ਡਾ. ਲਵਲੀਨ ਬੈਂਸ, ਪ੍ਰੋ. ਅਮਨਦੀਪ ਚੀਮਾਂ ਅਤੇ ਡਾ. ਗੁਰਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਆਯੋਜਤ ਇਸ ਸੱਤ ਰੋਜ਼ਾ ਕੈਂਪ ਦੌਰਾਨ ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਰੋਹਿਤ ਕੁਮਾਰ, ਪ੍ਰੋ. ਹਿਨਾ ਰਾਣੀ, ਸ਼੍ਰੀ ਗੁਰਪ੍ਰੀਤ ਸਿੰਘ (ਲੈਬ) ਅਤੇ ਸ਼੍ਰੀ ਪਰਮਜੀਤ ਸਿੰਘ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੌਕੇ ਪ੍ਰੋ. ਰਣਜੀਤ ਕੌਰ, ਡਾ. ਨਿਰਲੇਪ ਕੌਰ, ਪ੍ਰੋ. ਗੁਰਜਿੰਦਰ ਕੌਰ, ਪ੍ਰੋ. ਕੁਲਵਿੰਦਰ ਕੌਰ, ਪ੍ਰੋ. ਦੀਪਾਲੀ, ਪ੍ਰੋ. ਦੀਪਿਕਾ, ਪ੍ਰੋ. ਰਾਮਪਾਲ ਬੰਗਾ, ਪ੍ਰੋ. ਹਰਪ੍ਰੀਤ ਕੌਰ ਕਾਹਲੋਂ, ਪ੍ਰੋ. ਗੁਰਪ੍ਰੀਤ ਕੌਰ (ਮੈਥ) ਅਤੇ ਸ਼੍ਰੀ ਕੁਲਵੰਤ ਸਿੰਘ (ਸਹਾਇਕ ਲਾਇਬ੍ਰੇਰੀਅਨ) ਹਾਜ਼ਰ ਸਨ।

# ਪੈਨਸ਼ਨਰਾਂ ਦੇ ਲਾਈਫ ਸਰਟੀਫਿਕੇਟ ਪਹਿਲਾਂ ਵਾਂਗ ਲਏ ਜਾਣ : ਏਟਕ ਆਗੂ

**ਕੋਟਕਪੂਰਾ (ਰਛਪਾਲ ਭੁੱਲਰ)** — ਵਿੱਤ ਵਿਭਾਗ ਪੰਜਾਬ ਸਰਕਾਰ ਨੇ 31 ਅਕਤੂਬਰ ਨੂੰ ਹਦਾਇਤਾਂ ਜਾਰੀ ਕਰਕੇ ਪੰਜਾਬ ਦੇ ਲੱਖਾਂ ਪੈਨਸ਼ਨਰਾਂ ਨੂੰ ਹਰ ਸਾਲ ਨਵੰਬਰ ਮਹੀਨੇ ਦੌਰਾਨ ਆਪਣੇ ਬੈਂਕਾਂ ਨੂੰ ਦਿੱਤਾ ਜਾਣ ਵਾਲਾ ਲਾਈਫ ਸਰਟੀਫਿਕੇਟ ਇਸ ਵਾਰ ਜੀਵਨ ਪ੍ਰਮਾਣ ਐਪ ਰਾਹੀਂ ਆਨਲਾਈਨ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਹਨ। ਇਸ ਸਬੰਧ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਜਨਰਲ ਸਕੱਤਰ ਪ੍ਰੇਮ ਚਾਵਲਾ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਤੇ ਗੁਰਜੀਤ ਸਿੰਘ ਘੋੜੇਵਾਹ, ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ ਅਤੇ ਪ੍ਰੈਸ ਸਕੱਤਰ ਕੁਲਵੰਤ ਸਿੰਘ ਚਾਨੀ ਨੇ ਕਿਹਾ ਹੈ ਕਿ ਵਿੱਤ ਵਿਭਾਗ ਪੰਜਾਬ ਸਰਕਾਰ ਦੀਆਂ ਇਹ ਹਦਾਇਤਾਂ ਜਾਰੀ ਹੋਣ ਤੋਂ ਬਾਅਦ ਸੀਨੀਅਰ ਸਿਟੀਜ਼ਨ ਲਗਾਤਾਰ ਖੱਜਲ ਖੁਆਰ ਹੋ ਰਹੇ ਹਨ। ਇਸ ਤੋਂ ਇਲਾਵਾ ਜੀਵਨ ਪ੍ਰਮਾਣ ਐਪ ਲਗਾਤਾਰ ਬਿਜੀ ਚੱਲ ਰਹੀ ਹੋਣ ਕਰਕੇ ਵਾਰ ਵਾਰ ਪੈਨਸ਼ਨਰਾਂ ਨੂੰ ਬੈਂਕਾਂ ਵਿੱਚ ਜਾਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸੀਨੀਅਰ ਸਿਟੀਜ਼ਨ ਪੈਨਸ਼ਨਰਾਂ ਦੀ ਇਸ ਮੁਸ਼ਕਲ ਨੂੰ ਧਿਆਨ ਵਿੱਚ ਰੱਖਦੇ ਹੋਏ ਪਹਿਲਾਂ ਦੀ ਤਰਾਂ ਹੀ ਲਾਈਫ ਸਰਟੀਫਿਕੇਟ ਲੈਣ ਸਬੰਧੀ ਤੁਰੰਤ ਸਾਰੇ ਬੈਂਕਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ।

# ਟੈਗੋਰ ਵਿਦਿਆਲਿਆ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦਾ ਇੱਕ ਰੋਜ਼ਾ ਟੂਰ



**ਲੌਂਗੋਵਾਲ (ਪ੍ਰਦੀਪ ਸੱਪਲ)**- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਟੈਗੋਰ ਵਿਦਿਆਲਿਆ ਸੀਨੀਅਰ ਸੈਕੰਡਰੀ ਸਕੂਲ ਲੌਂਗੋਵਾਲ ਦੇ ਵਿਦਿਆਰਥੀਆਂ ਵੱਲੋਂ ਇੱਕ ਰੋਜ਼ਾ ਵਿੱਦਿਅਕ ਟੂਰ ਲਿਜਾਇਆ ਗਿਆ। ਇਸ ਵਿੱਦਿਅਕ ਟੂਰ ਦਾ ਪ੍ਰਬੰਧ ਸਕੂਲ ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ, ਮੈਨੇਜਮੈਂਟ ਮੈਂਬਰ ਕੁਲਦੀਪ ਸਿੰਘ ਮੰਡੇਰ, ਗੋਬਿੰਦ ਸਿੰਘ ਗਿੱਲ ਅਤੇ ਜਤਿੰਦਰ ਰਿਸ਼ੀ ਵੱਲੋਂ ਕੀਤਾ ਗਿਆ। ਇਸ ਟੂਰ ਦੌਰਾਨ ਵਿਦਿਆਰਥੀਆਂ ਨੂੰ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਟਾਹਲੀਆਲਾ ਸਾਹਿਬ (ਰਾਏਕੋਟ) ਵਿਖੇ ਦਰਸ਼ਨ ਕਰਵਾਏ ਗਏ। ਇਸ ਤੋਂ ਬਾਅਦ ਗੁਰਦੁਆਰਾ ਸ੍ਰੀ ਮਹਿਤੇਆਣਾ ਸਾਹਿਬ ਵਿਖੇ ਦਰਸ਼ਨ ਕਰਵਾਏ ਗਏ। ਇਸ ਦੌਰਾਨ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਸਬੰਧੀ ਜਾਣਕਾਰੀ ਦਿੱਤੀ ਗਈ, ਜਿਸ ਨਾਲ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਹੋਇਆ। ਵਾਪਸੀ ਦੌਰਾਨ ਵਿਦਿਆਰਥੀਆਂ ਨੂੰ ਆਊਟਲੈਟ (ਹੰਡਿਆਇਆ) ਵਿਖੇ ਲਿਜਾਇਆ ਗਿਆ।

# ਪ੍ਰਕਾਸ਼ ਪੁਰਬ ਮੌਕੇ ਵਿਦਿਆਰਥੀਆਂ ਨੂੰ ਵਿਸ਼ੇਸ਼ ਧਾਰਮਿਕ ਯਾਤਰਾ ਕਰਵਾਈ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਅਵਸਰ ਉੱਤੇ ਲਾਲਾ ਕਸਤੂਰੀ ਲਾਲ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਵੱਲੋਂ ਵਿਸ਼ੇਸ਼ ਧਾਰਮਿਕ ਯਾਤਰਾ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਰਪਿੰਦਰ ਪਟਿਆਲ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਵੱਖ-ਵੱਖ ਗੁਰਦੁਆਰਾ ਸਾਹਿਬਾਂ ਦੇ ਦਰਸ਼ਨ ਕਰਵਾਏ ਗਏ। ਪ੍ਰੀ-ਪ੍ਰਾਈਮਰੀ ਜਮਾਤਾਂ ਦੇ ਬੱਚਿਆਂ ਨੂੰ ਫੂਲ ਟਾਊਨ ਵਿਖੇ ਸਥਿਤ ਅਕਾਲਗੜ੍ਹ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਵਾਏ ਗਏ। ਇਸੇ ਤਰ੍ਹਾਂ ਜਮਾਤ ਤੀਜੀ, ਚੌਥੀ ਅਤੇ ਪੰਜਵੀਂ ਦੇ ਵਿਦਿਆਰਥੀ ਪਿੰਡ ਮਹਿਰਾਜ ਵਿਖੇ ਸਥਿਤ ਗੁਰਦੁਆਰਾ ਸਾਹਿਬ ਫਲਾਈਹਾਂ ਵਾਲਾ ਮਹਿਰਾਜ ਗਏ, ਜਿੱਥੇ ਉਨ੍ਹਾਂ ਨੇ ਗੁਰੂ ਮਹਾਰਾਜ ਅੱਗੇ ਸ਼ਰਧਾ ਨਾਲ ਮੱਥਾ ਟੇਕਿਆ ਤੇ ਅਸ਼ੀਰਵਾਦ ਪ੍ਰਾਪਤ ਕੀਤਾ। ਛੇਵੀਂ ਜਮਾਤ ਤੋਂ ਉੱਪਰ ਦੇ ਵਿਦਿਆਰਥੀਆਂ ਨੇ ਰਾਮਪੁਰਾ ਫੂਲ ਗੁਰਦੁਆਰਾ ਛੇਵੀਂ ਪਾਤਸ਼ਾਹੀ ਸਾਹਿਬ, ਵਿਖੇ ਨਤਮਸਤਕ ਹੋ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵ ਨਾਲ ਮਨਾਇਆ। ਸਾਰੇ ਵਿਦਿਆਰਥੀਆਂ ਨੇ ਗੁਰੂ ਦਾ ਲੰਗਰ ਛੱਕਿਆ ਅਤੇ ਗੁਰਬਾਣੀ ਸੁਣ ਕੇ ਆਤਮਕ ਅਨੰਦ ਮਾਣਿਆ। ਇਸ ਮੌਕੇ ਕੋਆਰਡੀਨੇਟਰ ਜੋਤੀ ਖੁਰਾਣਾ, ਨਿਰਮਲਜੀਤ ਕੌਰ, ਅਨਮੋਲ ਕੌਸ਼ਲ, ਅਧਿਆਪਕ ਬਲਜੀਤ ਸਿੰਘ, ਅਮਰਜੀਤ ਸਿੰਘ, ਅਕਸ਼ੇ ਅਤੇ ਸਾਰੀਆਂ ਜਮਾਤਾਂ ਦੇ ਇੰਚਾਰਜ ਅਧਿਆਪਕ ਮੌਜੂਦ ਸਨ।



# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਲੌਂਗੋਵਾਲ (ਪ੍ਰਦੀਪ ਸੱਪਲ)**: ਗੁਰਦੁਆਰਾ ਸਾਹਿਬ ਚੁਲੇ ਬਾਬਾ ਆਲਾ ਸਿੰਘ ਜੀ ਲੌਂਗੋਵਾਲ ਦੇ ਮੈਨੇਜਰ ਅਮਰੀਕ ਸਿੰਘ ਬਰਨਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦੁਆਰਾ ਭਾਈ ਕੀ ਸਮਾਧ ਲੌਂਗੋਵਾਲ ਵਿਖੇ ਜਗਤ ਗੁਰੂ ਬਾਬਾ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸਿੱਖ ਸੰਗਤਾਂ ਅਤੇ ਸੰਤ ਹਰਚੰਦ ਸਿੰਘ ਜੀ ਇੰਸਟੀਚਿਊਟ ਲੌਂਗੋਵਾਲ ਦੇ ਸਮੁੱਚੇ ਸਟਾਫ ਦੇ ਸਹਿਯੋਗ ਨਾਲ ਮਨਾਇਆ ਗਿਆ। ਜਿਸ ਸਬੰਧੀ ਪ੍ਰਕਾਸ਼ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਹਜ਼ੂਰੀ ਰਾਗੀ ਜਥੇ ਅਤੇ ਵਿਸ਼ੇਸ਼ ਤੌਰ ਤੇ ਪੁੱਜੇ ਸੰਗਰੂਰ ਵਾਲੇ ਜਥੇ ਵੱਲੋਂ ਕੀਰਤਨ ਦੀ ਹਾਜ਼ਰੀ ਲਵਾਈ ਗਈ। ਇਸ ਸਮੇਂ ਵਿਸ਼ੇਸ਼ ਤੌਰ ਤੇ ਪੁੱਜੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਲੋਂ ਰਾਗੀ ਜਥੇ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਕੇ ਪ੍ਰਬੰਧ ਵੱਲੋਂ ਭਾਈ ਲੌਂਗੋਵਾਲ ਨੂੰ ਵੀ ਸਿਰਪਾਓ ਨਾਲ ਸਤਿਕਾਰ ਦਿੱਤਾ ਗਿਆ। ਇਸ ਸਮੇਂ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਹਾਜ਼ਰੀ ਭਰੀ। ਇਸ ਸਮੇਂ ਸਰਬੱਤ ਦੇ ਭਲੇ ਲਈ ਵਿਸ਼ੇਸ਼ ਤੌਰ ਤੇ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ ਗਈ ਅਤੇ ਭਾਈ ਧਨਵੰਤ ਸਿੰਘ ਹੈਡ ਗ੍ਰੰਥੀ ਵੱਲੋਂ ਸਮਾਗਮ ਸਮੇਂ ਪੁੱਜੀਆਂ ਸੰਗਤਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ ਅਤੇ ਸੰਗਤਾਂ ਲਈ ਗੁਰੂ ਕੇ ਲੰਗਰ ਦਾ ਪੁਖਤਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ, ਮੈਨੇਜਰ ਅਮਰੀਕ ਸਿੰਘ ਬਰਨਾਲਾ, ਅਮਰਜੀਤ ਸਿੰਘ ਲੌਂਗੋਵਾਲ, ਬਾਬਾ ਧਨਵੰਤ ਸਿੰਘ ਹੈਡ ਗ੍ਰੰਥੀ, ਰਾਜਵੀਰ ਸਿੰਘ ਅਕਾਊਂਟੈਂਟ, ਸੁਖਦੇਵ ਸਿੰਘ ਧਾਰੋਵਾਲੀ ਗੁਰਦੁਆਰਾ, ਇੰਸਪੈਕਟਰ ਮਨਦੀਪ ਸਿੰਘ, ਸਟੋਰ ਕੀਪਰ ਲਵਪ੍ਰੀਤ ਸਿੰਘ, ਕਲਰਕ ਨਿਰਮਲ ਸਿੰਘ, ਰਿਕਾਰਡ ਕੀਪਰ ਭਾਈ ਜਗਸੀਰ ਸਿੰਘ, ਇੰਚਾਰਜ ਨਿਰਮਲ ਸਿੰਘ, ਡਰਾਈਵਰ ਗਗਨਦੀਪ ਸਿੰਘ, ਇੰਚਾਰਜ ਖੇਤੀਬਾੜੀ ਪ੍ਰੋਫੈਸਰ ਸੁਖਚਰਨ ਸਿੰਘ, ਗੁਰਪ੍ਰੀਤ ਸਿੰਘ, ਪ੍ਰੋ. ਪੁਰਸ਼ੋਤਮ ਸਿੰਘ, ਪ੍ਰੋ. ਚਰਨਜੀਤ ਸਿੰਘ ਰਿਆੜ, ਸੁਰਜੀਤ ਸਿੰਘ, ਬੂਟਾ ਸਿੰਘ, ਲਕਸ਼ਮੀ ਨਰਾਇਣ, ਜਗਤਾਰ ਸਿੰਘ, ਚਰਨਜੀਵ ਸਿੰਘ, ਪ੍ਰੋਫੈਸਰ ਸੁਖਚਰਨ ਸਿੰਘ, ਸਰਪੰਚ ਭੀਮ ਬਾਵਾ ਪਿੰਡੀ ਭਾਈ ਕੀ ਸਮਾਧ, ਬਹਾਦਰ ਸਿੰਘ ਮੈਂਬਰ, ਚਮਕੌਰ ਸਿੰਘ, ਦਵਿੰਦਰ ਸਿੰਘ ਦੁੱਲਾ ਸਲਾਈਟ, ਗੁਰਮੀਤ ਸਿੰਘ ਲੱਲੀ ਕੌਂਸਲਰ, ਸਰਕਲ ਡੈਲੀਗੇਟ ਸੁਖਵਿੰਦਰ ਸਿੰਘ ਮੱਦੀ, ਸਰਕਲ ਪ੍ਰਧਾਨ ਮਨਪ੍ਰੀਤ ਸਿੰਘ ਆਦਿ ਪਤਵੰਤੇ ਹਾਜ਼ਰ ਸਨ।




# ਮਾਡਲ ਸਕੂਲ ਚੁਨਾਗਰਾ ਵਿਖੇ ਸੱਤ ਰੋਜ਼ਾ ਐਨ ਐਸ ਐਸ ਕੈਂਪ ਸੰਪੰਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਚੁਨਾਗਰਾ ਵੱਲੋਂ ਮਾਈ ਭਾਰਤ, ਨਵੀਂ ਦਿੱਲੀ, ਡਾਇਰੈਕਟੋਰੇਟ ਐਨਐਸਐਸ ਤੇ ਯੁਵਕ ਸੇਵਾਵਾਂ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਤੇ ਪ੍ਰਿੰਸੀਪਲ, ਹਰੀਸ਼ ਕੁਮਾਰ ਦੀ ਅਗਵਾਈ ਵਿੱਚ ਸੱਤ ਰੋਜ਼ਾ ਐਨਐਸਐਸ ਵਿਸ਼ੇਸ਼ ਕੈਂਪ ਸੰਪੰਨ ਹੋ ਗਿਆ ਹੈ। ਸੱਤ ਦਿਨ ਤੇ ਰਾਤ ਚੱਲੇ ਕੈਂਪ ਦੀ ਸਮਾਪਤੀ ਦੀ ਰਸਮੀ ਸ਼ੁਰੂਆਤ ਸਕੂਲ ਇੰਚਾਰਜ ਯੋਗੇਸ਼ ਕੁਮਾਰ ਦੁਆਰਾ ਕੀਤੀ ਗਈ। ਕੈਂਪ ਦੇ ਛੇਵੇਂ ਦਿਨ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਤੇ ਸਵੱਛਤਾ ਮੁਹਿੰਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਤੇ ਵਿਸ਼ੇਸ਼ ਮਹਿਮਾਨ ਵਜੋਂ ਚਰਨਜੀਤ ਸਿੰਘ ਸੰਧੂ ਸਰਪੰਚ ਦਸਮੇਸ਼ ਨਗਰ ਮੌਲਵੀਵਾਲਾ, ਬਲਜੀਤ ਸਿੰਘ ਸਹੋਤਾ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਤੇ ਸੀਨੀਅਰ ਆਗੂ ਕਾਬਲ ਸਿੰਘ ਢਿੱਲੋਂ ਨੇ ਸ਼ਿਰਕਤ ਕੀਤੀ। ਇਸ ਦੌਰਾਨ ਕੱਢੀ ਗਈ ਰੈਲੀ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਗੁਰੇਜ਼ ਕਰਨ ਲਈ ਤੇ ਆਲਾ- ਦੁਆਲਾ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ। ਅਖੀਰਲੇ ਦਿਨ ਸਮਾਰੋਹ 'ਚ ਵਲੰਟੀਅਰਾਂ ਦੁਆਰਾ ਪੂਰੇ ਉਤਸ਼ਾਹ ਨਾਲ ਭਾਗ ਲਿਆ ਗਿਆ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਬੈਸਟ ਵਲੰਟੀਅਰਾਂ ਅਤੇ ਬੈਸਟ ਗਰੁੱਪ ਲੀਡਰਾਂ ਨੂੰ ਟਰਾਫ਼ੀ ਦੇ ਕੇ ਤੇ ਸਮੂਹ ਵਲੰਟੀਅਰਾਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਅੰਤ 'ਚ ਪ੍ਰੋਗਰਾਮ ਅਫ਼ਸਰ ਲਵਕੇਸ਼ ਕੁਮਾਰ ਦੁਆਰਾ, ਕੈਂਪ ਦੀਆਂ ਸਮੁੱਚੀਆਂ ਗਤੀਵਿਧੀਆਂ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਸਕੂਲ ਪ੍ਰਿੰਸੀਪਲ, ਸਮੁੱਚੀ ਐਸਐਮਸੀ ਕਮੇਟੀ, ਸਮੂਹ ਸਟਾਫ਼ ਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ ਗਿਆ।

# ਆਲੀਆਂ ਦੇ 44 ਸਾਲਾ ਵਿਅਕਤੀ ਦਾ ਗਲ਼ ਵੱਢ ਕੇ ਕਤਲ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਪਿੰਡ ਆਲੀਆਂ ਵਿਖੇ ਪਿੰਡ ਦੇ ਸੁਰਜੀਤ ਸਿੰਘ (44) ਨਾਮਕ ਵਿਅਕਤੀ ਦੀ ਲਾਸ਼ ਪੁਲਿਸ ਨੂੰ ਭੇਤਭਰੇ ਹਾਲਾਤਾਂ 'ਚ ਮਿਲਣ ਦਾ ਸਮਾਚਾਰ ਹੈ। ਮਾਮਲੇ ਸਬੰਧੀ ਪੁੱਛੇ ਜਾਣ 'ਤੇ ਐਸ.ਪੀ. (ਡੀ) ਫ਼ਤਹਿਗੜ੍ਹ ਸਾਹਿਬ ਰਾਕੇਸ਼ ਯਾਦਵ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਆਲੀਆਂ ਵਿਖੇ ਇੱਕ ਵਿਅਕਤੀ ਦੀ ਭੇਤ ਭਰੇ ਹਾਲਾਤਾਂ 'ਚ ਲਾਸ਼ ਮਿਲੀ ਹੈ। ਡੀਐਸਪੀ ਤੇ ਐਸਐਚਓ ਦੀ ਅਗਵਾਈ ਵਿਚ ਪੁਲਿਸ ਦੀਆਂ ਟੀਮਾਂ ਮੌਕੇ 'ਤੇ ਪੁੱਜੀਆਂ, ਜਿੱਥੇ ਦੇਖਿਆ ਮ੍ਰਿਤਕ ਦਾ ਗਲ਼ ਕਿਸੇ ਤੇਜ਼ ਹਥਿਆਰ ਨਾਲ ਵੱਢਿਆ ਹੋਇਆ ਸੀ, ਜਿਸ ਦੀ ਪਛਾਣ ਪਿੰਡ ਆਲੀਆਂ ਦੇ ਹੀ ਵਸਨੀਕ ਸੁਰਜੀਤ ਸਿੰਘ ਵਜੋਂ ਹੋਈ, ਜਿਸ ਨੂੰ ਕਿਸੇ ਵਿਅਕਤੀ/ਵਿਅਕਤੀਆਂ ਵੱਲੋਂ ਕਤਲ ਕਰਕੇ ਉੱਥੇ ਸੁੱਟਿਆ ਗਿਆ ਸੀ। ਮੌਕੇ ਦੇ ਹਾਲਾਤ ਤੋਂ ਪ੍ਰਤੀਤ ਹੁੰਦਾ ਸੀ ਕਿ ਸੁਰਜੀਤ ਸਿੰਘ ਵੱਲੋਂ ਹਮਲਾਵਰਾਂ ਨਾਲ ਹੱਥੋਂ ਪਾਈ ਵੀ ਕੀਤੀ ਗਈ ਹੋਵੇਗੀ। ਐਸ.ਪੀ. ਯਾਦਵ ਨੇ ਦੱਸਿਆ ਕਿ ਮੁਕੱਦਮਾ ਦਰਜ ਕਰਨ ਉਪਰੰਤ ਪੁਲਿਸ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਦੋਸ਼ੀਆਂ ਦੀ ਭਾਲ 'ਚ ਛਾਪੇਮਾਰੀ ਜਾਰੀ ਹੈ ਤੇ ਜਲਦ ਹੀ ਕਤਲ ਦੀ ਇਸ ਵਾਰਦਾਤ ਨੂੰ ਸੁਲਝਾ ਲਿਆ ਜਾਵੇਗਾ।



# ਕੇਅਰ ਕੰਪੇਨੀਅਨ ਸੰਬੰਧੀ ਵਿਸ਼ੇਸ਼ ਜਾਗਰੂਕਤਾ ਮੁਹਿੰਮ

**ਫ਼ਰੀਦਕੋਟ/ ਸਾਦਿਕ (ਐਲਿਗਜੈਂਡਰ ਡਿਸੂਜ਼ਾ)**- ਸਿਵਲ ਸਰਜਨ ਫ਼ਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਡਾ. ਅਰਸ਼ਦੀਪ ਸਿੰਘ ਬਰਾੜ (ਸੀਨੀਅਰ ਮੈਡੀਕਲ ਅਫ਼ਸਰ, ਪੀ.ਐਚ.ਸੀ. ਜੰਡ ਸਾਹਿਬ) ਅਤੇ ਡਾ. ਕਿਰਨਬੀਰ ਕੌਰ (ਮੈਡੀਕਲ ਅਫ਼ਸਰ, ਸੀ.ਐਚ.ਸੀ. ਸਾਦਿਕ) ਦੀ ਯੋਗ ਅਗਵਾਈ ਵਿੱਚ ਸਰਕਾਰੀ ਹਸਪਤਾਲ ਸਾਦਿਕ ਵਿਖੇ ਕੇਅਰ ਕੰਪੇਨੀਅਨ ਪ੍ਰੋਗਰਾਮ ਸੰਬੰਧੀ ਇੱਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੌਕੇ ਨੋਡਲ ਅਫ਼ਸਰ ਆਈ.ਈ.ਸੀ. ਗਤੀਵਿਧੀਆਂ, ਬੀ.ਈ.ਈ. ਸ਼੍ਰੀ ਰਜਿੰਦਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰੋਗਰਾਮ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ, ਆਮ ਲੋਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਿਹਤ ਜਾਗਰੂਕਤਾ ਮੁਹਿੰਮ ਵਿੱਚ ਸ਼ਾਮਲ ਕਰ ਕੇ ਸਿਹਤ ਪੱਧਰ ਨੂੰ ਉੱਚਾ ਚੁੱਕਣਾ ਹੈ ਤਾਂ ਜੋ ਰੋਕੀਆਂ ਜਾ ਸਕਣ ਵਾਲੀਆਂ ਬਿਮਾਰੀਆਂ ਨੂੰ ਕਾਬੂ ਕੀਤਾ ਜਾ ਸਕੇ।



# ਸੈਨੇਟ ਭੰਗ ਕਰਨ ਦੀ ਕਾਰਵਾਈ ਸੂਬਿਆਂ ਦੇ ਅਧਿਕਾਰਾਂ 'ਤੇ ਡਾਕਾ : ਮਨਜੀਤ ਧਨੇਰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪੰਜਾਬ ਸਰਕਾਰ ਦਾ ਇਨਕਲਾਬੀ ਹੋਣ ਦਾ ਸਾਰਾ ਮੁਲੰਮਾ ਉਤਰ ਕੇ ਲੋਕ ਵਿਰੋਧੀ ਅਸਲੀਅਤ ਉੱਘੜ ਕੇ ਸਾਹਮਣੇ ਆ ਗਈ ਹੈ। ਸਰਕਾਰ ਦੀ ਬਦ ਇੰਤਜ਼ਮੀ ਕਾਰਨ ਤਹਿਸੀਲਾਂ 'ਚ ਰਜਿਸਟਰੀਆਂ ਕਰਾਉਣ ਆਉਂਦੇ ਲੋਕ ਰੋਜ਼ਾਨਾ ਹੀ ਖੱਜਲ ਖੁਆਰ ਹੁੰਦੇ ਦੇਖੇ ਜਾ ਰਹੇ ਹਨ। ਇਹ ਪ੍ਰਗਟਾਵਾ ਭਾਕਿਯੂ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਤਹਿਸੀਲ ਕੰਪਲੈਕਸ ਵਿਖੇ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਸਵੇਰ ਤੋਂ ਹੀ ਈਜੀ ਰਜਿਸਟਰੀ ਪੋਰਟਲ ਬੰਦ ਹੈ। ਰਜਿਸਟਰੀਆਂ ਕਰਾਉਣ ਵਾਲੇ ਕਿਸਾਨ ਤੇ ਹੋਰ ਲੋਕ ਇਸ ਦੇ ਚੱਲਣ ਦੀ ਉਡੀਕ ਕਰ ਰਹੇ ਹਨ। ਲੋਕ ਵਾਰ-ਵਾਰ ਤਹਿਸੀਲ ਦੇ ਕ੍ਰਮਚਾਰੀਆਂ ਨੂੰ ਪੁੱਛਦੇ ਹਨ, ਪ੍ਰੰਤੂ ਕਰਮਚਾਰੀ ਬੇਵੱਸੀ ਜ਼ਾਹਰ ਕਰਦਿਆਂ ਕਹਿੰਦੇ ਹਨ ਕਿ ਪੋਰਟਲ ਬੰਦ ਹੋਣ ਕਾਰਨ ਦੁਖੀ ਲੋਕਾਂ ਤੋਂ ਤਰਾਂ ਤਰ੍ਹਾਂ ਦੀਆਂ ਗੱਲਾਂ ਸੁਣਨੀਆਂ ਪੈਂਦੀਆਂ ਹਨ। ਸੂਬਾ ਪ੍ਰਧਾਨ ਧਨੇਰ ਕਿਹਾ ਕਿ ਸਰਕਾਰ ਸਿਰਫ ਗੱਲਾਂ ਦਾ ਕੜਾਹ ਬਣਾਉਂਦੀ ਹੈ। ਲੋਕਾਂ ਦੇ ਮਸਲਿਆਂ ਵੱਲ ਇਸਦਾ ਕੋਈ ਧਿਆਨ ਨਹੀਂ ਹੈ। ਰਾਜਾਂ ਦੇ ਅਧਿਕਾਰਾਂ ਤੇ ਡਾਕਾ ਮਾਰਨ ਵਾਲੇ ਬਿਜਲੀ ਸੋਧ ਬਿੱਲ 2025 ਦੇ ਸੰਬੰਧ ਵਿੱਚ ਅੱਜ ਤੱਕ ਮੁੱਖ ਮੰਤਰੀ ਨੇ ਕੋਈ ਬਿਆਨ ਤੱਕ ਨਹੀਂ ਦਿੱਤਾ। ਹੜ੍ਹ ਪੀੜਤ ਲੋਕਾਂ ਨੂੰ ਮੁਆਵਜ਼ੇ ਦੇ ਨਾਂਅ ਤੇ ਸਿਰਫ ਦਰਸ਼ਨੀ ਕਾਰਵਾਈਆਂ ਕਰਕੇ ਸਾਰ ਲਿਆ ਗਿਆ ਹੈ। ਡੈਮ ਸੇਫਟੀ ਐਕਟ ਦਾ ਵੀ ਕੋਈ ਵਿਰੋਧ ਨਹੀਂ ਕੀਤਾ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਵਿਰੋਧ ਕਰਨ ਦੇ ਬਾਵਜੂਦ ਜਲ ਸੋਧ ਐਕਟ ਪੰਜਾਬ ਅੰਦਰ ਲਾਗੂ ਕਰ ਦਿੱਤਾ ਹੈ। ਹੁਣ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਤੇ ਸਿੰਡੀਕੇਟ ਨੂੰ ਭੰਗ ਕਰਕੇ ਪੰਜਾਬ ਦੇ ਅਧਿਕਾਰਾਂ ਤੇ ਹੋਰ ਡਾਕਾ ਮਾਰਿਆ ਹੈ, ਪ੍ਰੰਤੂ ਮੁੱਖ ਮੰਤਰੀ ਇਸ ਪਾਸੇ ਧਿਆਨ ਦੇਣ ਦੀ ਥਾਂ ਤਰਨ ਤਾਰਨ ਦੀ ਜ਼ਿਮਨੀ ਚੋਣ 'ਚ ਉਲਝੇ ਹੋਏ ਹਨ। ਸੂਬਾ ਪ੍ਰਧਾਨ ਧਨੇਰ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਭੰਗ ਕਰਨ ਦੇ ਖਿਲਾਫ ਵਿਦਿਆਰਥੀਆਂ ਦੇ ਚੱਲ ਰਹੇ ਸੰਘਰਸ਼ ਦੀ ਭਾਕਿਯੂ ਏਕਤਾ ਡਕੌਂਦਾ ਸਰਗਰਮ ਹਮਾਇਤ ਕਰੇਗੀ। 26 ਨਵੰਬਰ ਨੂੰ ਭਖਦੀਆਂ ਕਿਸਾਨੀ ਮੰਗਾਂ ਤੇ ਜ਼ੋਰ ਦੇਣ ਲਈ ਸੰਯੁਕਤ ਕਿਸਾਨ ਮੋਰਚਾ ਚੰਡੀਗੜ੍ਹ ਵੱਲ ਮਾਰਚ ਕਰੇਗਾ। ਕਿਸਾਨ ਆਗੂ ਨੇ ਕਿਹਾ ਕਿ ਬੇਮੌਸਮੀ ਬਰਸਾਤ, ਹਲਦੀ ਰੋਗ ਤੇ ਚੀਨੀ ਵਾਇਰਸ ਵੱਲੋਂ ਪੈਦਾ ਕੀਤੇ ਮਧਰੇ ਰੋਗ ਕਾਰਨ ਝੋਨੇ ਦਾ ਝਾੜ 8 ਤੋਂ 10 ਕੁਇੰਟਲ ਪ੍ਰਤੀ ਏਕੜ ਘਟ ਗਿਆ ਹੈ। ਪ੍ਰੰਤੂ ਲੋਕਾਂ ਨੂੰ ਕੋਈ ਰਾਹਤ ਦੇਣ ਦੀ ਥਾਂ ਪਰਾਲੀ ਦੇ ਬਹਾਨੇ ਕਿਸਾਨਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਨੂੰ ਜਥੇਬੰਦੀ ਵੱਲੋਂ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਚੇਤਾਵਨੀ ਸੁਰ ਵਿੱਚ ਕਿਹਾ ਕਿ ਰਾਜ ਸਰਕਾਰ ਕਿਸਾਨੀ ਮੰਗਾਂ ਵੱਲ ਤੁਰੰਤ ਧਿਆਨ ਦੇਵੇ, ਨਹੀਂ ਤਾਂ ਲੋਕਾਂ ਦੇ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹੇ।



# ਪੰਜਾਬ 'ਵਰਸਿਟੀ ਦਾ ਜਮਹੂਰੀ ਢਾਂਚਾ ਖ਼ਤਮ ਕਰਕੇ ਕੇਂਦਰੀਕ੍ਰਿਤ ਕਰਨ ਦੀ ਨਿਖੇਧੀ

**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)** ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸਿੰਡੀਕੇਟ ਨੂੰ ਸੀਮਤ (ਖ਼ਤਮ ਕਰਨ) ਵੱਲ ਵਧਦੇ ਕਦਮਾਂ ਉੱਪਰ ਪ੍ਰਤੀਕਰਮ ਦਿੰਦਿਆ ਦੀਪ ਹਸਪਤਾਲ ਦੇ ਸੀਨੀਅਰ ਡਾਕਟਰ ਡਾ. ਹਰਗੁਰਪ੍ਰਤਾਪ ਸਿੰਘ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਦੀ ਸ਼ਾਨਾਮੱਤੀ ਵਿਰਾਸਤ ਨੂੰ ਖੋਹਣ, ਪੰਜਾਬ ਯੂਨੀਵਰਸਿਟੀ ਦਾ ਜਮਹੂਰੀ ਢਾਂਚਾ ਤਬਾਹ ਕਰਨ ਨੂੰ ਭਾਜਪਾ ਦੀ ਕੇਂਦਰੀ ਸਰਕਾਰ ਵੱਲੋਂ ਵਿੱਦਿਆ ਦਾ ਭਗਵਾਂਕਰਨ ਕਰਨ ਦੀ ਸਾਜ਼ਿਸ਼ ਕਰਾਰ ਦਿੱਤਾ ਹੈ। ਕੇਂਦਰ ਸਰਕਾਰ ਨੇ ਸਿੱਖਿਆ ਨੀਤੀ 2020 ਰਾਹੀਂ ਦੇਸ਼ ਦੇ ਸਾਰੇ ਉੱਚ ਵਿਦਿਅਕ ਅਦਾਰਿਆਂ ਨੂੰ ਵੱਡੇ ਦੇਸੀ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਦਾ ਧੰਦਾ ਸ਼ੁਰੂ ਕਰ ਦਿੱਤਾ ਹੈ। ਅਜਿਹਾ ਕਰਕੇ ਬਹੁਗਿਣਤੀ ਆਮ ਨੌਜਵਾਨਾਂ ਤੇ ਬੱਚਿਆਂ ਤੋਂ ਵਿਦਿਆ ਦਾ ਹੱਕ ਖੋਹ ਲਿਆ ਜਾਣਾ ਤਹਿ ਹੈ। ਇਸ ਨਾਲ ਡਾਕਟਰੀ ਦੀ ਪੜ੍ਹਾਈ ਦੀ ਦਾਖ਼ਲਾ ਫੀਸ ਵਧਾ ਕੇ ਇੱਕ ਕਰੋੜ, ਬੀ ਐੱਸ ਸੀ ਨਰਸਿੰਗ ਦੀ ਦਾਖ਼ਲਾ ਫ਼ੀਸ ਸੱਤ ਲੱਖ, ਜੀ ਐਨ ਐਮ ਦੀ ਤਿੰਨ ਲੱਖ, ਬੀ ਟੈਕ ਦਸ ਲੱਖ ਤੋਂ ਉੱਪਰ ਜਾਕੇ ਗਰੀਬ ਅਤੇ ਮੱਧਵਰਗ ਦਾ ਘਾਣ ਕਰ ਦੇਵੇਗੀ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਕੇਂਦਰ ਵੱਲੋਂ ਡੈਮ ਸੇਫਟੀ ਐਕਟ ਰਾਹੀਂ ਪੰਜਾਬ ਦੇ ਪਾਣੀਆਂ, ਪੰਜਾਬੀ ਬੋਲਦੇ ਇਲਾਕਿਆਂ, ਪੰਜਾਬ ਦੀ ਰਾਜਧਾਨੀ, ਬੀ ਬੀ ਐਮ ਬੀ ਦੇ ਮਸਲਿਆਂ 'ਤੇ ਧ੍ਰੋਹ ਕਮਾਇਆ ਹੈ ਤੇ ਰਹਿੰਦੀ-ਖੂੰਹਦੀ ਕਸਰ ਹੁਣ ਪੰਜਾਬ ਯੂਨੀਵਰਸਿਟੀ ਖੋਹ ਕੇ ਪੂਰੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਅਗਲੇ ਪੜਾਅ ਤੇ ਇਸ ਯੂਨੀਵਰਸਿਟੀ ਦਾ ਨਾਂਅ ਬਦਲ ਕੇ ਸੈਂਟਰਲ ਯੂਨੀਵਰਸਿਟੀ ਕਰ ਦਿੱਤਾ ਜਾਵੇਗਾ। ਉਨ੍ਹਾਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਐਂਟੀ ਐਫੀਡੈਵਿਟ ਕਮੇਟੀ ਦੇ ਬੈਨਰ ਹੇਠ ਲੜੇ ਜਾ ਰਹੇ ਸਾਂਝੇ ਵਿਦਿਆਰਥੀ ਸੰਘਰਸ਼ ਦੀ ਜ਼ੋਰਦਾਰ ਹਮਾਇਤ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੇ ਦਾਖ਼ਲੇ ਮੌਕੇ ਵਿਦਿਆਰਥੀਆਂ ਤੇ ਠੋਸੀ ਇਹ ਸ਼ਰਤ ਅਸਲ ਵਿੱਚ ਪੰਜਾਬ ਦੀ ਸਭ ਤੋਂ ਪੁਰਾਣੀ ਯੂਨੀਵਰਸਿਟੀ ਨੂੰ ਕਾਰਪੋਰੇਟਾਂ ਅਤੇ ਸੰਘੀਆਂ ਦੀ ਰਿਆਸਤ ਬਨਾਉਣ ਦੇ ਕੋਝੇ ਯਤਨ ਖਿਲਾਫ਼ ਵਿਦਿਆਰਥੀ ਵਿਰੋਧ ਨੂੰ ਦਬਾਉਣਾ ਹੈ, ਜਿਸ ਨੂੰ ਕਦਾਚਿੱਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ।



# ਖੁੱਡੀਆਂ ਨੇ ਵੱਖ-ਵੱਖ ਪਿੰਡਾਂ 'ਚ ਵਿਕਾਸ ਕਾਰਜਾਂ ਲਈ 1.20 ਕਰੋੜ ਰੁਪਏ ਦੀ ਲਾਗਤ ਦੇ ਰੱਖੇ ਨੀਂਹ ਪੱਥਰ

**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਹਲਕਾ ਲੰਬੀ ਦੇ ਪਿੰਡ ਬੋਦੀਵਾਲਾ, ਪੰਨੀਵਾਲਾ ਤੇ ਮਿੱਡਾ ਵਿਖੇ 1.20 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ। ਕੈਬਨਿਟ ਮੰਤਰੀ ਖੁੱਡੀਆਂ ਨੇ ਲੰਬੀ ਹਲਕੇ ਦੇ ਪਿੰਡ ਬੋਦੀਵਾਲਾ ਵਿਖੇ ਲਗਭਗ 25 ਲੱਖ ਦੀ ਲਾਗਤ ਨਾਲ ਬਨਣ ਵਾਲੇ ਪੰਚਾਇਤ ਘਰ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਪਿੰਡ 'ਚ ਲਗਭਗ 36 ਲੱਖ ਦੀ ਲਾਗਤ ਨਾਲ ਖੇਡ ਮੈਦਾਨ ਦੀ ਉਸਾਰੀ, 3 ਲੱਖ ਦੀ ਲਾਗਤ ਨਾਲ ਬਸ ਸਟੈਂਡ ਦੀ ਉਸਾਰੀ, 5 ਲੱਖ ਦੀ ਲਾਗਤ ਨਾਲ ਸੋਲਿਡ ਵੈਸਟ ਮੈਨੇਜਮੈਂਟ, ਲਗਭਗ 54 ਲੱਖ ਦੀ ਲਾਗਤ ਨਾਲ ਬੋਦੀਵਾਲਾ ਤੋਂ ਗੱਦਾਡੋਬ ਸੜਕ ਅਤੇ ਲਗਭਗ 40 ਲੱਖ ਦੀ ਲਾਗਤ ਨਾਲ ਰੱਤਾਖੇੜਾ ਤੋਂ ਬੋਦੀਵਾਲਾ ਸੜਕ ਦੇ ਨਿਰਮਾਣ ਲਈ ਵੀ ਕੰਮ ਕਰਾਏ ਗਏ ਹਨ। ਉਨ੍ਹਾਂ ਦੱਸਿਆ ਕਿ ਪਿੰਡ ਪੰਨੀਵਾਲਾ ਵਿਖੇ ਲਗਭਗ 10 ਲੱਖ ਦੀ ਲਾਗਤ ਨਾਲ ਵਾਟਰ ਵਰਕਸ ਦੀ ਪਾਈਪ ਅਤੇ ਲਗਭਗ 25 ਲੱਖ ਦੀ ਲਾਗਤ ਨਾਲ ਪੰਚਾਇਤ ਘਰ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਦੱਸਿਆ ਕਿ 4 ਨਵੇਂ ਬਸ ਸਟੈਂਡਾਂ ਦੀ ਉਸਾਰੀ, ਫਲੱਡ ਲਾਈਟ, ਬਸ ਸਟੈਂਡ ਵਿੱਚ ਇੰਟਰਲਾਕ, ਛੱਪੜ ਤੇ ਮੋਟਰ ਦੇ ਕੰਮ ਮੁਕੰਮਲ ਹੋ ਚੁੱਕੇ ਹਨ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਹਲਕੇ ਦੇ ਪਿੰਡ ਮਿੱਡਾ ਵਿਖੇ ਵੀ 25 ਲੱਖ ਦੀ ਲਾਗਤ ਨਾਲ ਪੰਚਾਇਤ ਘਰ ਤੇ 35 ਲੱਖ ਦੀ ਲਾਗਤ ਨਾਲ ਬਨਣ ਵਾਲੇ ਹੈਲਥ ਵੈਲਨੈੱਸ ਸੈਂਟਰ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਵੱਲੋਂ ਪਿੰਡ ਵਾਸੀਆਂ ਦੀ ਮੰਗ ਨੂੰ ਧਿਆਨ ਵਿਚ ਰੱਖਦੇ ਹੋਏ ਪਿੰਡ ਦੇ ਮੈਰਿਜ ਪੈਲੇਸ ਦੀ ਮੁਰੰਮਤ ਲਈ 15 ਲੱਖ ਦੀ ਗ੍ਰਾਂਟ ਵੀ ਮਨਜ਼ੂਰ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਾਉਣ ਲਈ ਵਚਨਬੱਧ ਹੈ ਅਤੇ ਹਲਕੇ ਦੇ ਸਾਰੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨਾ ਸਰਕਾਰ ਦੀ ਮੁੱਖ ਤਰਜ਼ੀਹ ਹੈ। ਉਨ੍ਹਾਂ ਵੱਲੋਂ ਸਬੰਧਤ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਵੀ ਸੁਣਿਆਂ ਤੇ ਜਲਦ ਹੱਲ ਕਰਾਉਣ ਦਾ ਭਰੋਸਾ ਦਿੱਤਾ।



# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



ਮੋਹਾਲੀ (ਗੁਰਜੀਤ ਬਿੱਲਾ)- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਉਤਸਾਹ ਮਨਾਇਆ ਗਿਆ । ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਪਰਉਪਕਾਰ ਸਿੰਘ ਜੀ ਨਕੋਦਰ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬ੍ਰਿਤਾਂਤ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਪੂਰਵਕ ਜਾਣੂ ਕਰਵਾਇਆ। ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਜੀ ਦੇ ਹਜ਼ੂਰੀ ਰਾਗੀ ਜੱਥੇ ਭਾਈ ਲਖਵਿੰਦਰ ਸਿੰਘ ਜੀ, ਭਾਈ ਬਲਵਿੰਦਰ ਸਿੰਘ ਜੀ ਅਤੇ ਭਾਈ ਸਤਨਾਮ ਸਿੰਘ ਜੀ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਜਸ ਸੁਣਾ ਕੇ ਨਿਹਾਲ ਕੀਤਾ। ਇਸ ਤੋਂ ਇਲਾਵਾ ਭਾਈ ਹਰਪਾਲ ਸਿੰਘ ਜੀ ਹਜ਼ੂਰੀ ਰਾਗੀ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਜੀ, ਭਾਈ ਲਵਪ੍ਰੀਤ ਸਿੰਘ ਜੀ ਸ੍ਰੀ ਫਤਿਹਗੜ੍ਹ ਸਾਹਿਬ ਜੀ, ਸ਼੍ਰੋਮਣੀ ਪ੍ਰਚਾਰਕ ਭਾਈ ਮਨਜੀਤ ਸਿੰਘ ਜੀ ਲੁਧਿਆਣੇ ਵਾਲੇ, ਮਿੱਤਰ ਪਿਆਰੇ ਨੂੰ ਕੀਰਤਨੀ ਜੱਥਾ, ਭਾਈ ਅਮਰਜੀਤ ਸਿੰਘ ਖਾਲਸਾ, ਭਾਈ ਜਤਿੰਦਰ ਸਿੰਘ ਜੀ, ਭਾਈ ਜਸਵਿੰਦਰ ਸਿੰਘ ਜੀ, ਭਾਈ ਹਰਪ੍ਰੀਤ ਸਿੰਘ ਜੀ ਦੇ ਜੱਥਿਆਂ ਤੋ ਇਲਾਗਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ , ਭਾਈ ਸੰਦੀਪ ਸਿੰਘ ਅਤੇ ਭਾਈ ਗੁਰਨਾਮ ਸਿੰਘ ਨੇ ਕਥਾ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ ਗਿਆ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਪੂਰੇ ਦਰਬਾਰ ਸਾਹਿਬ ਜੀ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਰੰਗ ਬਿਰੰਗੀਆਂ ਲਾਈਟਾਂ ਨਾਲ ਸਜਾਇਆ ਗਿਆ ਸੀ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਮਾਹਿਰ ਡਾਕਟਰਾਂ ਨੇ ਮਰੀਜ਼ਾਂ ਦਾ ਮੁਆਇਨਾ ਕੀਤਾ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਇਸ ਮੌਕੇ ਅਤੁੱਟ ਵਰਤਾਇਆ ਗਿਆ।

# ਸੰਘਵਾਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਕਿਸ਼ਨਗੜ੍ਹ (ਸੁਖਜੀਤ ਕੁਮਾਰ )-ਪਿੰਡ ਸੰਘਵਾਲ ਦੀ ਸਮੂਹ ਸੰਗਤ ਅਤੇ ਗੁਰਦੁਆਰਾ ਸਾਹਿਬ ਸਿੰਘ ਸਭਾ ਸੰਘਵਾਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਮਹਿੰਦਰ ਸਿੰਘ, ਖਜਾਨਚੀ ਮਨਿੰਦਰ ਸਿੰਘ ਮੱਪੀ, ਭਾਈ ਕਲਬੀਰ ਸਿੰਘ, ਅਵਤਾਰ ਸਿੰਘ,ਗੁਰਮੇਲ ਸਿੰਘ, ਸੂਬੇਦਾਰ ਦਰਸ਼ਨ ਸਿੰਘ, ਸਰਵਣ ਸਿੰਘ, ਜੋਰਾਵਰ ਸਿੰਘ,ਜਸਪ੍ਰੀਤ ਸਿੰਘ, ਇਕਬਾਲ ਸਿੰਘ ਖਾਲਸਾ ਅਤੇ ਇੰਦਰਜੀਤ ਸਿੰਘ(ਸਾਰੇ ਕਮੇਟੀ ਮੈਂਬਰ) ਦੇ ਸਹਿਯੋਗ ਨਾਲ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠਾਂ ਦੇ ਭੋਗ ਪਾਏ ਗਏ। ਭੋਗ ਪਾਉਣ ਉਪਰੰਤ ਰਾਗੀ ਭਾਈ ਜਸਵਿੰਦਰ ਸਿੰਘ ਜਲੰਧਰ ਵਾਲੇ ਅਤੇ ਸਾਥੀਆਂ ਦੇ ਜੱਥੇ ਵੱਲੋਂ ਸ਼ਬਦ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਡਾ, ਸੁਰਿੰਦਰ ਕੁਮਾਰ ਅਤੇ ਛੋਟੇ ਛੋਟੇ ਬੱਚਿਆਂ ਵੱਲੋਂ ਵੀ ਗੁਰੂ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਹੋਰਨਾਂ ਤੋਂ ਇਲਾਵਾ ਸਿੰਦਰਪਾਲ ਸਿੰਘ ਚਾਹਲ, ਹਰਸੁਲਿੰਦਰ ਸਿੰਘ ਚਾਹਲ, ਸਾਬਕਾ ਸਰਪੰਚ ਭਾਗ ਰਾਮ ਗੁਰਪ੍ਰੀਤ ਸਿੰਘ ਗੋਪੀ, ਜਸਕਰਨ ਸਿੰਘ ਸ਼ਾਲੂ,ਜਸ਼ਨ ਚਾਹਲ ਅਤੇ ਵੱਡੀ ਗਿਣਤੀ ਵਿੱਚ ਪਿੰਡ ਦੀ ਸੰਗਤ ਹਾਜ਼ਰ ਸੀ। ਇਸ ਮੌਕੇ ਗੁਰੂ ਦੇ ਅਤੁੱਟ ਲੰਗਰ ਵਰਤਾਏ ਗਏ।

# ਵਿਧਾਇਕ ਨੇ ਹੈੱਲਥ ਸੈਂਟਰ ਦਾ ਰੱਖਿਆ ਨੀਹ ਪੱਥਰ



ਅੱਡਾ ਸਰਾ (ਜਸਵੀਰ ਕਾਜਲ)-ਸੂਬਾ ਸਰਕਾਰ ਵਲੋਂ ਪੰਜਾਬ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ ਅਤੇ ਹਰੇਕ ਪਿੰਡਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਟਾਂਡਾ ਨੇ ਪਿੰਡ ਕੰਧਾਲੀ ਨੌਰੰਗਪੁਰ ਵਿਖੇ 34 ਲੱਖ ਦੀ ਲਾਗਤ ਨਾਲ ਬਣਨ ਜਾ ਰਿਹੇ ਹੈਲਥ ਸੈਂਟਰ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਣ ਉਪਰੰਤ ਕੀਤਾ। ਉਨ੍ਹਾਂ ਨਾਲ ਸੰਗਠਨ ਇਨਚਾਰਜ ਟਾਂਡਾ ਕੇਸ਼ਵ ਸੈਣੀ, ਐਸ ਐਮ ਓ ਡਾ ਕਰਣ ਸੈਣੀ, ਸਰਪੰਚ ਸੁਖਵਿਦਰਜੀਤ ਸਿੰਘ ਝਾਵਾ, ਹੈਲਥ ਸੈਂਟਰ ਇੰਸਪੈਕਟਰ ਗੁਰਜੀਤ ਸਿੰਘ, ਸੀ ਐਚ ਵੀ ਹਰਵਿੰਦਰ ਸਿੰਘ, ਰਜਿੰਦਰ ਕੌਰ ਤੇ ਆਸਾ ਵਰਕਰ ਤੋਂ ਇਲਾਵਾ ਪਿੰਡ ਦੀ ਸਮੂਹ ਪੰਚਾਇਤ ਹਾਜ਼ਰ ਸਨ।

# ਅੱਜ ਬਿਜਲੀ ਸਪਲਾਈ ਬੰਦ ਰਹੇਗੀ

ਬਿਆਸ (ਪਰਮਜੀਤ ਸਿੰਘ ਰੱਖੜਾ) ਐਕਸੀਅਨ ਰਾਜ ਕੁਮਾਰ ਨੇ ਦੱਸਿਆ ਕਿ 6 ਨਵੰਬਰ ਵੀਰਵਾਰ ਨੂੰ 220 ਕੇ ਵੀ ਗਰਿਡ ਬੁਟਾਰੀ ਦੇ ਪੁਰਾਣੇ ਪੀ ਟੀ (ਪੋਟੈਂਸ਼ਲ ਟ੍ਰਾਂਸਫਾਰਮਰ) ਨੂੰ ਬਦਲਣ ਕਰਕੇ 66 ਕੇ ਵੀ ਸੈਦਪੁਰ ਅਤੇ 220 ਕੇ ਵੀ ਗਰਿਡ ਬੁਟਾਰੀ ਤੋਂ ਚਲਦੇ ਸਾਰੇ ਫੀਡਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬੰਦ ਰਹਿਣਗੇ।


## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਣਿਜਕ ਪ੍ਰਬੰਧਕ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ:

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-MIS24-23 | 17.11.2025 ਨੂੰ 11.00 ਵਜੇ | ਜਲੰਧਰ ਸ਼ਹਿਰ ਅਤੇ ਲੁਧਿਆਣਾ ਰੇਲਵੇ ਸਟੇਸ਼ਨ ਉਤੇ ਗ੍ਰੋਸਰੀ ਸਟੋਰ ਅਤੇ ਫੋਟੋਕਾਪਿਅਰ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਅਨੁਬੰਧ ਦਾ ਅਲਾਟਮੈਂਟ। |
| EAFZR-OSD-25-9 | 17.11.2025 ਨੂੰ 11.30 ਵਜੇ | 69 ਐਨਐਸਜੀ-5 ਅਤੇ ਐਨਐਸਜੀ-6 ਸ਼੍ਰੇਣੀ ਦੇ ਰੇਲਵੇ ਸਟੇਸ਼ਨਾਂ ਉਤੇ 71 ਯੂਟੀਐਸ/ਪੀਆਰਐਸ/ਯੂ ਟੀਐਸ-ਸਹਿ-ਪੀਆਰਐਸ ਕਾਊਂਟਰ ਉਤੇ ਰੇਹਰੀ ਡਿਸਪਲੇ ਸੂਚਨਾ ਪ੍ਰਣਾਲੀ (ਡੀਸੀਐਸ ਸਕਰੀਨ) ਦੇ ਦੁਆਰਾ ਗੈਰ ਕਿਰਾਇਆ ਮਾਲੀਆ ਅਧਿਕਾਰ ਦੇ ਲਈ ਅਨੁਬੰਧ ਦਾ ਅਲਾਟਮੈਂਟ। |
| EAFZR-WVM25-10 | 18.11.2025 ਨੂੰ 11.00 ਵਜੇ | ਫਰੀਦਕੋਟ, ਫਿਰੋਜ਼, ਫਿਰੋਜ਼ਪੁਰ ਕੈਂਟ, ਅੰਮ੍ਰਿਤਸਰ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਉਤੇ ਵਾਟਰ ਵੈਂਡਿੰਗ ਮਸ਼ੀਨਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। |
| EAFZR-MIXED25-5 | 21.11.2025 ਨੂੰ 11.00 ਵਜੇ | 1) ਫਿਰੋਜ਼ਪੁਰ ਕੈਂਟ ਰੇਲਵੇ ਸਟੇਸ਼ਨ ਉਤੇ ਪਲਾਸਟਿਕ ਬੋਤਲ ਕ੍ਰਸ਼ਿੰਗ ਮਸ਼ੀਨ ਦੀ ਸਥਾਪਨਾ, ਸੰਚਾਲਨ ਅਤੇ ਰੱਖ-ਰੱਖਾਵ ਅਤੇ ਉਸ ਉਤੇ ਵਣਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। 2) ਫਿਰੋਜ਼ਪੁਰ ਕੈਂਟ ਰੇਲਵੇ ਸਟੇਸ਼ਨ ਉਤੇ ਮੈਡੀਕਲ ਸਟੋਰ, ਟੈਕਸਟਾਇਲ ਸਟੋਰ, ਮੋਬਾਇਲ ਸਟੋਰ, ਗ੍ਰੋਸਰੀ ਸਟੋਰ ਅਤੇ ਫੋਟੋਕਾਪਿਅਰ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਅਨੁਬੰਧ ਦਾ ਅਲਾਟਮੈਂਟ। 3) ਫਾਜ਼ਿਲਕਾ ਰੇਲਵੇ ਸਟੇਸ਼ਨ ਉਤੇ ਕਈ ਤਰ੍ਹਾਂ ਦੇ ਸਟੋਰਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਅਨੁਬੰਧ ਦਾ ਅਲਾਟਮੈਂਟ। |
| EAFZR-PRKG25-21 | 21.11.2025 ਨੂੰ 11.00 ਵਜੇ | ਡੀਏਵੀ ਕਾਲੇਜ ਜਲੰਧਰ ਹਾਲਟ ਰੇਲਵੇ ਸਟੇਸ਼ਨ ਉਤੇ ਪਾਰਕਿੰਗ ਜਗ੍ਹਾ ਦੇ ਠੇਕੇ ਦਾ ਅਲਾਟਮੈਂਟ। |

ਪੂਰੀ ਜਾਣਕਾਰੀ ਅਤੇ ਰਜਿਸਟਰੇਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈੱਬਸਾਈਟ www.ireps.gov.in ਉਤੇ ਜਾਉ। 3435/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਸੜਕ ਬਣਨ 'ਤੇ ਡਿਪਟੀ ਸਪੀਕਰ ਦਾ ਪੰਚਾਇਤ ਵੱਲੋਂ ਧੰਨਵਾਦ



ਜੈਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)-ਪਿੰਡ ਢਾਡਾ ਕਲਾਂ ਤੋਂ ਬੱਸ ਤੱਕ ਸੜਕ ਬਣਨ 'ਤੇ ਡਿਪਟੀ ਸਪੀਕਰ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਦਾ ਪਿੰਡ ਵਾਸੀਆਂ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਸਰਪੰਚ ਕਰਨ ਅਟਵਾਲ ਅਤੇ ਸੁਖਚੈਨ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਸੜਕ 15 ਸਾਲ ਤੋਂ ਬਣਨੋਂਗ ਸੀ। ਇਸ ਸੜਕ ਨੂੰ ਪਹਿਲੀਆਂ ਸਰਕਾਰਾਂ ਵੱਲੋਂ ਅਣਗੌਲਿਆ ਕੀਤਾ ਗਿਆ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਦੇ ਸਦਕਾ ਇਹ ਸੜਕ ਬਣਾਈ ਗਈ ਹੈ।ਉਨ੍ਹਾਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜੋ ਹਰ ਵਰਗ ਦੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਹਰ ਵਕਤ ਖੜ੍ਹੀ ਹੈ। ਪੰਜਾਬ ਵਿੱਚ ਸਿਹਤ, ਸਿੱਖਿਆ, ਬਿਜਲੀ ਅਤੇ ਖੇਤੀਬਾੜੀ ਖੇਤਰਾਂ ਵਿੱਚ ਕੀਤੇ ਗਏ ਬਦਲਾਅ ਦਾ ਲੋਕਾਂ ਦੇ ਜੀਵਨ 'ਤੇ ਸਿੱਧਾ ਅਸਰ ਪਿਆ ਹੈ। ਇਸ ਮੌਕੇ ਸਰਪੰਚ ਗੁਰਲਾਲ ਸਿੰਘ ਸੈਲਾ, ਸ਼ਿਵ ਕੁਮਾਰ ਸੈਣੀ ਮਾਹਿਲਪੁਰ, ਕੁਲਦੀਪ ਸਿੰਘ ਘੋੜਾ, ਪੰਚ ਸੀਮਾ ਕੁਮਾਰੀ, ਸਾਬਕਾ ਸਰਪੰਚ ਕੁਲਵਿੰਦਰ ਸਿੰਘ, ਪੰਚ ਸੁਖਵਿੰਦਰ ਕੌਰ, ਪੰਚ ਹਰਜਿੰਦਰ ਸਿੰਘ ਤੇ ਪਾਰਟੀ ਵਰਕਰ ਹਾਜ਼ਰ ਸਨ।

# ਗੋਰਾਇਆ ਵਿਖੇ ਨਗਰ ਕੀਰਤਨ ਸਜਾਇਆ



ਅੱਡਾ ਸਰਾਂ (ਜਸਵੀਰ ਕਾਜਲ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਸਾਲਾਂ ਪ੍ਰਕਾਸ਼ ਗੁਰਪੁਰਬ ਸਬੰਧੀ ਪਿੰਡ ਗੋਰਾਇਆਂ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਭਾਈ ਹਰਭਜਨ ਸਿੰਘ ਸੋਤਲੇ ਵਾਲੇ ਅਤੇ ਭਾਈ ਰਣਜੀਤ ਸਿੰਘ ਸੰਗਰੂਰ ਵਾਲਿਆਂ ਦੇ ਕੀਰਤਨੀ ਜਥੇ ਨੇ ਆਈਆਂ ਹੋਈਆਂ ਸੰਗਤਾਂ ਨੂੰ ਕੀਰਤਨ ਅਤੇ ਕਥਾ ਵਿਚਾਰਾਂ ਨਾਲ ਨਿਹਾਲ ਕੀਤਾ।ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਸਾਰੇ ਨਗਰ ਗੋਰਾਇਆਂ ਦੀ ਪਰਿਕਰਮਾ ਕਰਦਿਆਂ ਸਮਾਪਤ ਹੋਇਆ। ਇਸ ਮੌਕੇ ਵੱਖ ਵੱਖ ਪੜਾਵਾਂ ਤੇ ਸੇਵਾਦਾਰਾਂ ਵੱਲੋਂ ਸੰਗਤਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਉੱਪਰ ਫੁੱਲਾਂ ਦੀ ਵਰਖਾ ਕੀਤੀ ਗਈ, ਉਹਨਾਂ ਵੱਲੋਂ ਸੰਗਤਾਂ ਲਈ ਦਾਲ ਫੁਲਕੇ ਦੇ ਲੰਗਰ, ਫਲ ਫਰੂਟ, ਕੇਕ ਡਰਿੰਕ ਅਤੇ ਮਠਿਆਈਆਂ ਦੇ ਲੰਗਰ ਵੀ ਲਗਾਏ ਗਏ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਬਜੀਤ ਸਿੰਘ ਸਾਥੀ, ਮਾਸਟਰ ਹਰਦੀਪ ਸਿੰਘ, ਅਵਤਾਰ ਸਿੰਘ ਹਰਮਨ ਸਿੰਘ , ਸਰਪੰਚ ਕੁਲਵਿੰਦਰ ਕੌਰ, ਮਾਸਟਰ ਗੁਰਦਿਆਲ ਸਿੰਘ ,ਸਾਬਕਾ ਸਰਪੰਚ ਜਗਜੀਤ ਸਿੰਘ, ਜਸਵਿੰਦਰ ਸਿੰਘ ਢਿੱਲੋਂ, ਅਮਰਜੀਤ ਸਿੰਘ, ਸਤਨਾਮ ਸਿੰਘ, ਬਲਦੇਵ ਕੁਲਵਿੰਦਰ ਸਿੰਘ, ਮਾਸਟਰ ਪਰਮਜੀਤ ਸਿੰਘ, ਕੈਪਟਨ ਮਦਨ ਸਿੰਘ,ਹਰਪ੍ਰੀਤ ਹੈਪੀ ਸਿਮਰਨਪ੍ਰੀਤ ਸਿੰਘ,ਪਵਨ ਸਿੰਘ , ਵਰਿੰਦਰ ਸਿੰਘ ਸਾਬੀ ਪੰਜਾਬ ਪੁਲਿਸ, ਮਹੀਪ ਕੁਮਾਰ, ਕੁਲਵੀਰ ਸਿੰਘ, ਸੁਖਬੀਰ ਸਿੰਘ ਅਤੇ ਹੋਰ ਸੰਗਤਾਂ ਹਾਜ਼ਰ ਸਨ।

# ਖਾਲੜਾ 'ਚ ਸਜਾਇਆ ਵਿਸ਼ਾਲ ਨਗਰ ਕੀਰਤਨ



ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਿਤ ਸਰਹੱਦੀ ਕਸਬਾ ਖਾਲੜਾ ਅੰਦਰ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਪਹਿਲੀ ਪਾਤਸ਼ਾਹੀ ਪਿੰਡ ਖਾਲੜਾ ਤੋਂ ਸਾਹਿਬ ਸ਼ੁਰੂ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਰਵਾਨਾ ਹੋਇਆ ਜੋ ਗੁਰਦੁਆਰਾ ਭਾਈ ਜਗਤਾ ਜੀ, ਗੁਰਦੁਆਰਾ ਸਿੰਘ ਸਭਾ, ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਖਾਲੜਾ ਮੰਡੀ ਅਤੇ ਕਸਬੇ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਵਾਪਸ ਆਰੰਭਿਕ ਸਥਾਨ 'ਤੇ ਸੰਪੂਰਨ ਹੋਇਆ।ਨਗਰ ਕੀਰਤਨ ਦੇ ਅੱਗੇ ਚੱਲ ਰਹੇ ਸਕੂਲੀ ਬੱਚੇ ਅਤੇ ਫੌਜੀ ਬੈਂਡ ਨਗਰ ਕੀਰਤਨ ਦੀ ਸ਼ਾਨ ਨੂੰ ਵਧਾ ਰਹੇ ਸਨ ਅਤੇ ਪਿੱਛੇ ਚੱਲ ਰਹੀਆਂ ਸੰਗਤਾਂ ਗੁਰਬਾਣੀ ਦਾ ਜਾਪ ਕਰ ਰਹੀਆਂ ਸਨ।ਇਹ ਮਹਾਨ ਨਗਰ ਕੀਰਤਨ ਗੁਰਦੁਆਰਾ ਪਹਿਲੀ ਪਾਤਿਸ਼ਾਹੀ ਤੋਂ ਆਰੰਭ ਹੋ ਕੇ ਪਿੰਡ ਪਿੰਡ ਦੀ ਫਿਰਨੀ ਤੋਂ ਹੋਰਨਾ ਪੜਾਵਾਂ ਉਪਰੰਤ ਮੁੜ ਗੁਰਦੁਆਰਾ ਸਾਹਿਬ ਪਹੁੰਚ ਕੇ ਸੰਪਨ ਹੋਇਆ।

## LOST AND FOUND

I, Bhajano Kaur W/o Gurdip Singh R/o R/o Kot Kalan, Jalandhar declared that my Property Original Sale Deed No 1094 Dated 04-06-2007 and Original Spa No 3076 Dated 08-06-2006 And Original Gpa No 898 Dated 01-12-2005 and Original Sale Deed No 2642 Dated 14-11-2005 and Original Allotment Letter No 9029 Dated 23-07-1999 and Original Allotment Letter No 3571 Dated 28/7/2000 of Property Plot No 890 C Urban Estate Phagwara Got Lost and Not Traceable Near Joyti Chowk Jalandhar after that I tried hard to find but it has not been found. If anyone finds the document or has any information, kindly contact me or the nearest police station.


## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਹੈਡ., ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾਂ ਲਿਖੀ ਈ-ਟੈਂਡਰ, ਆਖਰੀ ਮਿਤੀ 24.11.2025 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ | 31.10.2025 | 10.11.2025 | 24.11.2025/15:00 Hrs |

| ਲ.ਨੰ: | ਟੈਂਡਰ ਨੰ: ਮਿਤੀ | ਟੈਂਡਰ ਦਾ ਵੇਰਵਾ | ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ | ਸਮਾਨ ਪ੍ਰਕ੍ਰਿਤੀ ਦਾ ਕੰਮ |
|---|---|---|---|---|---|---|---|
| 1 | 139-2025-26-DEN-HQ-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਅਤੇ ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਫ਼ਿਰੋਜ਼ਪੁਰ ਅਨੁਭਾਗ ਵਿਚ ਵੱਖ-ਵੱਖ ਏਆਰਐਫ ਦੀ ਮੁਰੰਮਤ ਦਾ ਕੰਮ। | 54,99,295.34/- | 1,10,000.00/- | 60 ਦਿਨ | 06 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" |
| 2 | 140-2025-26-ADEN-FZR-2 | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਫ਼ਿਰੋਜ਼ਪੁਰ ਦੇ ਅਧੀਨ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਜਲਾਲਾਬਾਦ ਅਤੇ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਲੋਹਿਯਾ ਖਾਸ ਦੇ ਅਧਿਕਾਰ ਖੇਤਰ ਵਿਚ ਵੱਖ-ਵੱਖ ਨਿਯੰਤਰਣ ਰੇਖਾ ਉਤੇ ਪਖਾਨਾ, ਜਲ ਆਪੂਰਤੀ, ਭੰਡਾਰਣ ਟੈਂਕ, ਸੁਰੱਖਿਆ ਪਿੰਜਰਾਂ ਅਤੇ ਡਯੂਟੀ ਹੱਟ ਦੀ ਮੁਰੰਮਤ ਦਾ ਕੰਮ। | 79,46,732.56/- | 1,58,900.00/- | 60 ਦਿਨ | 08 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" |
| 3 | 160-2025-26-ADEN-FZR-1 | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਸੀਨੀਅਰ ਅਨੁਭਾਗੀਯ ਇੰਜੀਨੀਅਰ/ਪੀ.ਵੇ/ਕੋਟਕਪੂਰਾ ਖੰਡ ਵਿਚ ਵਿਵਿਧ ਪੀ.ਵੇ ਟ੍ਰੈਕ ਦੇ ਰੱਖ-ਰੱਖਾਵ ਦੇ ਲਈ ਕੰਮ ਕਰਨਾ। | 49,62,646.47/- | 99,300.00/- | 60 ਦਿਨ | 08 ਮਹੀਨੇ | "ਕੋਈ ਕੰਮ ਨਹੀਂ ।" |
| 4 | 161-2025-26-DEN-HQ-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਅਤੇ ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਫ਼ਿਰੋਜ਼ਪੁਰ ਖੰਡ ਵਿਚ ਸੇਸ ਮੁਰੰਮਤ ਦੇ ਲਈ ਮਿੱਟੀ ਦਾ ਕੰਮ ਕਰਨਾ। | 84,63,451.58/- | 1,69,300.00/- | 60 ਦਿਨ | 08 ਮਹੀਨੇ | 'ਕੋਈ ਵੀ ਸਿਵਿਲ ਇੰਜੀਨੀਅਰ ਕੰਮ ਜਿਸ ਵਿਚ ਬੈਕੋ/ਕਟਿੰਗ ਵਿਚ ਮਿੱਟੀ ਦਾ ਕੰਮ ਸ਼ਾਮਿਲ ਹੋਵੇ ।" |
| 5 | 162-2025-26-ADEN-FZR-1 | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਫ਼ਿਰੋਜ਼ਪੁਰ ਅਨੁਪਾਗ ਵਿਚ ਫ਼ਿਰੋਜ਼ਪੁਰ ਕੈਂਟ ਵਿਚ ਪੁਰਾਨੇ/ਜੀਰਣ-ਸ਼ੀਰਣ ਟਾਇਪ-III (12 ਕਵਾਟਰਾਂ) ਦੇ ਨਵੇ ਟਾਇਪ-III (12 ਕਵਾਟਰਾਂ) ਦੇ ਪ੍ਰਤੀਸਥਾਪਿਤ ਕਰਨਾ | 3,97,95,443.70/- | 3,49,000.00/- | 60 ਦਿਨ | 06 ਮਹੀਨੇ | "ਭਵਨ/ਕਵਾਟਰ ਦਾ ਨਿਰਮਾਣ ।" |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

Tender Notice No:- 139,161,2025-26-DEN-HQ-FZR & 160,162-2025-26-ADEN-FZR-1 & 140-2025-26-ADEN-FZR-2
Date: 03.11.2025 3424/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਪੁਲਸ ਨੇ ਗੁੰਮ ਹੋਇਆ ਬੱਚਾ ਮਾਪਿਆਂ ਦੇ ਹਵਾਲੇ ਕੀਤਾ



ਅੱਡਾ ਸਰਾ (ਜਸਵੀਰ ਕਾਜਲ)-ਪੁਲਸ ਲੋਕਾਂ ਦੇ ਜਾਨ ਮਾਲ ਦੀ ਰਾਖੀ ਲਈ ਦਿਨ ਰਾਤ ਤੱਤਪਰ ਰਹਿਦੀ ਹੈ ਅਤੇ ਲੋਕਾਂ ਨੂੰ ਚੰਗਾ ਨਿਆਂ ਦੇਣ ਲਈ ਵੀ ਆਪਣੀ ਜ਼ੁੰਮੇਵਾਰੀ ਨਿਭਾਉਦੀ ਹੈ। ਇਹ ਕਹਾਵਤ ਉਦੋਂ ਦੇਖਣ ਨੂੰ ਮਿਲੀ ਜਦੋਂ ਕਿ ਬੁਧ ਰਾਮ ਸ਼ੁਮਾਰੀ, ਯੂ ਪੀ, ਹਾਲ ਵਾਸੀ ਸੰਧਰਾਂ ਦਾ ਬੱਚਾ ਸੁਧਾਰਤ 6,7 ਸਾਲ ਉਮਰ ਦੇ ਕਰੀਬ ਗੁਮ ਹੋ ਗਿਆ ਅਤੇ ਬੁਧ ਰਾਮ ਸ਼ੁਮਾਰੀ ਨੇ 112 ਕਾਲ ਤੇ ਸੂਚਿਤ ਕੀਤਾ ਅਤੇ ਅੱਡਾ ਸਰਾ ਪੁਲਸ ਚੌਕੀ ਦੇ ਇੰ ਚਾਰਜ ਏ ਐੱਸ ਆਈ ਸਰਬਜੀਤ ਸਿੰਘ ਦੇ ਪੁਲਸ ਪਾਰਟੀ ਦੇ ਏ ਐੱਸ ਆਈ ਗੁਰਮੀਤ ਸਿੰਘ ਅਤੇ ਹੈਡਕਾਸਟੇਬਲ ਬਲਵਿੰਦਰ ਸਿੰਘ ਵਲੋਂ ਤੁਰੰਤ ਰਾਤ ਨੂੰ ਦੋ ਘੰਟਿਆਂ ਵਿੱਚ ਸੀ ਸੀ ਟੀ ਵੀ ਕੈਮਰਿਆਂ ਦੀ ਮਦਦ ਨਾਲ ਬੱਚੇ ਨੂੰ ਲੱਭ ਕੇ ਪਿੰਡ ਦੇ ਮੋਹਤਬਰਾਂ ਸਾਹਮਣੇ ਮਾਪਿਆਂ ਦੇ ਹਵਾਲੇ ਕਰ ਦਿੱਤਾ ਗਿਆ।

# ਰਾਜਾ ਵੜਿੰਗ ਨੇ ਕਾਂਗਰਸ ਦੀ ਸਰਬ ਸਾਂਝੀਵਾਲਤਾ ਨੂੰ ਕਲੰਕਿਤ ਕੀਤਾ : ਮੱਟੂ ਫਰਾਲਾ



ਬੰਗਾ (ਅਵਤਾਰ ਕਲੇਰ) ਕਾਂਗਰਸ ਪਾਰਟੀ ਸ਼ੁਰੂ ਤੋਂ ਸਰਬਸਾਂਝੀ ਨਿਰਪੱਖ ਪਾਰਟੀ ਜਾਂਣੀ ਜਾਂਦੀ ਹੈ। ਧਰਮ ਨਿਰਪੱਖਤਾ ਕਾਂਗਰਸ ਦੀ ਮੁੱਖ ਪਹਿਚਾਣ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀਅ ਵਾਲਮੀਕਿ ਸਭਾ ਪੰਜਾਬ ਦੇ ਪ੍ਰਧਾਨ ਅਤੇ ਦਲਿਤ ਸਮਾਜ ਦੇ ਸੀਨੀਅਰ ਆਗੂ ਜਸਵਿੰਦਰ ਮੱਟੂ ਫਰਾਲਾ ਨੇ ਕਿਹਾ ਹੈ ਕਿ ਕਾਂਗਰਸ ਪੰਜਾਬ ਦੇ ਪ੍ਰਧਾਨ ਰਾਜਾ ਵੜਿੰਗ ਨੇ ਸਵਰਗੀ ਬੂਟਾ ਸਿੰਘ ਸਾਬਕਾ ਗ੍ਰਹਿ ਮੰਤਰੀ ਦੇ ਖਿਲਾਫ ਜਾਤੀ ਸੂਚਕ ਭੱਦੀ ਭਾਸ਼ਾ ਦਾ ਇਸਤੇਮਾਲ ਕਰਕੇ ਕਾਂਗਰਸ ਪਾਰਟੀ ਦੀ ਸਰਬ ਸਾਂਝੀਵਾਲਤਾ ਅਤੇ ਧਾਰਮਿਕ ਨਿਰਪੱਖਤਾ ਨੂੰ ਕਲੰਕਿਤ ਕੀਤਾ ਹੈ। ਯਾਦ ਰਹੇ ਕਿ ਦਲਿਤ ਸਮਾਜ ਨੂੰ ਕਾਂਗਰਸ ਦੀ ਰੀੜ੍ਹ ਦੀ ਹੱਡੀ ਕਿਹਾ ਜਾਂਦਾ ਹੈ। ਮੱਟੂ ਫਰਾਲਾ ਨੇ ਸਪੱਸ਼ਟ ਕੀਤਾ ਇਸ ਤੋਂ ਪਹਿਲਾਂ ਵੀ ਦੋ ਪ੍ਰਧਾਨਾ ਨੇ ਟਿਪਣੀਆਂ ਕਰਕੇ ਆਪਣਾ ਰਾਜਨੀਤਕ ਵਜੂਦ ਖਤਮ ਕਰਵਾਇਆ ਹੈ। ਉਹਨਾਂ ਕਿਹਾ ਕਿ ਦਲਿਤ ਸਮਾਜ ਖਿਲਾਫ ਇਸ ਤਰ੍ਹਾਂ ਦੀਆਂ ਟਿੱਪਣੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਪ੍ਰਧਾਨ ਜਸਵਿੰਦਰ ਮੱਟੂ, ਸਚਿਨ ਸਕੱਤਰੀ, ਅਰੁਣ ਘਈ ਐਮ ਸੀ, ਕਾਂਤਾ ਨਾਹਰ, ਪਵਨ ਪੇਗਾਨੀ , ਰਾਜ ਕੁਮਾਰ ਸੋਂਧੀ, ਅਜੇ ਡਮਾਣਾ ਆਦਿ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਗੁਰਫਤਿਹ ਸਿੰਘ
ਅਲੀਪੁਰ ਰਾਈਆ (ਪਟਿਆਲਾ)

# ਕਲਾਸੀਫਾਈਡ ਇਸ਼ਤਿਹਾਰ


## Change of Name

I, Pritpal Singh S/o Narinder Singh R/o Vill Dauwal, PO. Chhalle, Distt. Gurdaspur. I have changed my name from Pritpal Singh to Singh is my Surname and Pritpal is my given name . Concerned please note.

I, Inderjit Singh S/o Charan Singh R/o House No. 85, New Colony Aman Nagar Jalandhar Punjab-144004 have changed my name from Inderjit Singh to Inderjeet Singh. My correct Spelling name is Inderjeet Singh.

I, Chaman Lal Sidhu S/o Charan Dass R/o Village and PO Pandori Bibi Distt. Hoshiarpur Punjab have changed my name from Chaman Lal Sidhu to Chaman Lal. Concerned note.

I, Gurmeet Singh Bhattol S/o Hari Kishan R/o Village New Jattpur, PO Chaggran, Distt. Hoshiarpur Punjab have changed my name from Gurmeet Singh Bhattol to Gurmeet Singh.. Singh is my Surname and my given name is Gurmeet. Concerned note.

I, Vishal Kumar Sehgal S/o Ashok Kumar Sehgal R/o 195, Gali no.14, Pawan Nagar Batala Road, Amritsar have changed my name from Vishal Kumar Sehgal to Vishal Sehgal

I, Rajender Singh S/O Paul Singh R/O H.No.26, U.P.S.E.B Engineers S.a.s, Pocket P4, Sector phi 2 greater Noida, Gautam Buddha Nagar, U.P. have changed my name from Rajender Singh to Rajendra Singh. Concerned note.

I, Sunita Devi W/O Avinash Kumar R/O Village Sada Chak, PO. Bhogpur, Distt. Jalandhar - 144201, Punjab have changed the name of my minor Son Samar aged 15 Years and he shall hereafter be known as Samar Kumar. All note.

I, Rakesh Nagpal S/O Ram Saran Nagpal R/O H.No 69, Street 62, Garden Colony, Near Sekhon Farm, Distt. Jalandhar, Punjab -144003, India have changed my name from Rakesh Nagpal to Rakesh Kumar Nagpal.

I, Karamjit Kaur W/o Malkiat Singh R/o H.No. 435 B, Near Rail Vihar Karol Bagh, Jalandhar-I, Jalandhar-144009, Punjab, India have changed my name from Karamjit Kaur Malkiat Singh to Karamjit Kaur. All Please Note.

I, Arshpreet Singh Khataytu s/o Balwinder Singh r/o H.no. 132, Beant Nagar, Po. PAP Line, Jalandhar have changed my name to Arshpreet Singh. All Please Note. (R)

I, Gagandeep Singh S/o Hardev Singh R/o Vill. Chuharwal (Villa Kothi), Po. Lakhan Kalan. Kapurthala have changed my name from Gagandeep Singh to Singh Gagandeep (Surname as Singh)All Please Note.

I, Mukesh S/o Balwant Rai R/o HN-3C Sat Nagar, Jalandhar have changed my name from Mukesh to Mukesh Sharma.

I, Prem S/o Mukesh Sharma R/o H.No 3C, Sat Nagar, Jalandhar have changed my name from Prem to Prem Sharma.

## ਬੇਦਖਲੀ ਨੋਟਿਸ

ਅਸੀਂ ਸੰਤੋਖ ਸਿੰਘ ਅਤੇ ਰਾਜਵਿੰਦਰ ਕੌਰ ਵਾਸੀਆਨ ਸਰਕਾਰੀ ਹਸਪਤਾਲ ਦੇ ਪਿੱਛੇ, ਕਿਰਪਾ ਨਗਰ, ਨਰਾਇਣਗੜ੍ਹ, ਛੇਹਰਟਾ ਅੰਮ੍ਰਿਤਸਰ ਆਪਣੇ ਲੜਕੇ ਕਮਰਦੀਪ ਸਿੰਘ ਅਤੇ ਨੂੰਹ ਪ੍ਰੀਤਅਮਨ ਕੌਰ ਜੋ ਸਾਡੇ ਕਹਿਣੇ ਵਿੱਚ ਨਹੀ ਹਨ, ਸਾਡੀ ਕੋਈ ਗੱਲ ਨਹੀਂ ਮੰਨਦੇ, ਆਪਣੀ ਮਰਜੀ ਕਰਦੇ ਹਨ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁੱਕਵੀ ਜਾਇਦਾਦ ਤੋਂ ਬੇਦਖਲ ਕਰਦੇ ਹਾਂ.ਉਨ੍ਹਾਂ ਦੇ ਕਿਸੇ ਵੀ ਮਾੜੇ ਚੰਗੇ ਕੰਮ ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਅਸੀ ਜਿੰਮੇਵਾਰ ਨਹੀ ਹੋਵਾਗੇ. ਸਾਡਾ ਕਮਰਦੀਪ ਸਿੰਘ ਅਤੇ ਉਸਦੇ ਪਰਿਵਾਰ ਨਾਲ ਕੋਈ ਸਬੰਧ ਨਹੀ ਹੈ।

ਮੈਂ ਚੜ੍ਹਤ ਸਿੰਘ ਪੁੱਤਰ ਸ੍ਰ:ਭੰਗਾ ਸਿੰਘ ਮੇਰੀ ਪਤਨੀ ਸਰਬਜੀਤ ਕੌਰ ਵਾਸੀ ਪਿੰਡ ਕੋਹਾੜਕਾ ਤਹਿ ਜਿਲ੍ਹਾ ਤਰਨ ਤਾਰਨ ਰਹਿਣ ਵਾਲਾ ਹਾਂ। ਮੇਰਾ ਪੁੱਤਰ ਗੁਰਲਾਲ ਸਿੰਘ ਜੋ ਵਿਦੇਸ਼ ਰਹਿੰਦਾ ਹੈ ਅਤੇ ਸਾਨੂੰ ਤੰਗ ਕਰਦਾ ਹੈ।ਉਸ ਨੂੰ ਮੈਂ ਆਪਣੀ ਚੱਲ ਅਚੱਲ ਜਾਇਦਾਤ ਤੋਂ ਬੇਦਖਲ ਕਰਦਾ ਹਾਂ।ਉਸ ਨਾਲ ਸੰਬੰਧ ਰੱਖਣ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਮਨਜੀਤ ਕੌਰ ਵਿਧਵਾ ਪਤਨੀ ਮੇਜਰ ਕੁਮਾਰ ਵਾਸੀ ਪਿੰਡ ਸ਼ਾਹਪੁਰ ਜ਼ਾਜਨ ਤਹਿਸੀਲ ਡੇਰਾਂ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਬਿਆਨ ਹਲਫੀਆ ਕਰਦੀ ਹਾਂ ਕਿ ਮੇਰੀ ਲੜਕੀ ਨੇਹਾ ਮੇਰੇ ਕਹਿਣੇ ਵਿੱਚ ਨਹੀ ਹੈ । ਮੈਂ ਆਪਣੀ ਲੜਕੀ ਨੇਹਾ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ,ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਸਬੰਧਤ ਨੋਟ ਕਰਨ।

ਮੈ ਰਾਕੇਸ਼ ਕੁਮਾਰ ਪੁੱਤਰ ਸੁਖਦੇਵ ਰਾਜ ਵਾਸੀ ਦਸ਼ਮੇਸ਼ ਕਲੋਨੀ ਗਲੀ ਨੰ ਕਪੂਰਥਲਾ ਬਿਆਨ ਕਰਦਾ ਹਾਂ ਮੇਰੀ ਲੜਕੀ ਰਿਸ਼ੀਤਾ ਨੇ ਆਪਣੇ ਮਾਤਾ ਪਿਤਾ ਦੀ ਮਰਜੀ ਦੇ ਖਿਲਾਫ ਸਾਲ 2018 ਵਿਚ ਗੌਰਵ ਪੁੱਤਰ ਸੁਰਿੰਦਰ ਸੁਨੇਜਾ ਵਾਸੀ ਅੰਮ੍ਰਿਤਸਰ ਨਾਲ ਵਿਆਹ ਕਰਵਾਇਆ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ । ਮੈ ਰਿਸ਼ਿਤਾ ਨੂੰ ਸਮੇਤ ਪਰਿਵਾਰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜੁਮੇਵਾਰ ਹੋਵੇਗਾ ।

ਮੈਂ, ਸਿੰਦਰ ਸਿੰਘ ਪੁੱਤਰ ਬਚਨ ਸਿੰਘ ਵਾਸੀ ਰਣਸੀਹ ਕਲਾਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ, ਮੇਰਾ ਲੜਕਾ ਜਗਮੋਹਨ ਸਿੰਘ ਜੋ ਬੁਰੀ ਸੰਗਤ ਦਾ ਸ਼ਿਕਾਰ ਹੈ। ਮੈਂ ਉਸ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ, ਜੋ ਇਸ ਨਾਲ ਲੈਣ-ਦੇਣ ਕਰੇਗਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਬਲਵਿੰਦਰ ਕੌਰ ਵਿਧਵਾ ਗੁਰਤੇਜ ਸਿੰਘ ਵਾਰਡ ਨੰਬਰ 7, ਉਰਫ ਬੀਰੋਕੇ ਖੁਰਦ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਦੀ ਹਾਂ, ਮੇਰਾ ਲੜਕਾ ਗੁਰਪ੍ਰੀਤ ਸਿੰਘ ਤੇ ਨੂੰਹ ਕਿਰਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਅੱਜ ਤੋਂ ਦੋਵਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਹੁਣ ਸਾਡਾ ਉਨ੍ਹਾਂ ਨਾਲ ਕੋਈ ਸੰਬੰਧ ਨਹੀਂ।

ਮੈਂ, ਹਰਦੀਪ ਸਿੰਘ ਪੁੱਤਰ ਨਿਸ਼ਾਨ ਸਿੰਘ, ਵਾਸੀ ਆਸਿਫ ਵਾਲਾ, ਤਹਿ. ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਦਾ ਹਾਂ। ਮੇਰੀ ਲੜਕੀ ਅਮਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹਾਂ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਮੇਰਾ ਜਾਂ ਮੇਰੇ ਕਿਸੇ ਵੀ ਪਰਵਾਰਕ ਮੈਂਬਰ ਦਾ ਕੋਈ ਸੰਬੰਧ ਨਹੀਂ ਰਿਹਾ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਭਜਨ ਸਿੰਘ ਪੁੱਤਰ ਪਰਸ ਰਾਮ, ਵਾਸੀ ਪਿੰਡ ਖੋਜਕੀਪੁਰ, ਜਲੰਧਰ-144102 (ਪੰਜਾਬ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਵੀ ਪਾਲ ਅਤੇ ਉਸ ਦੀ ਪਤਨੀ ਮੋਨਿਕਾ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੈਂ ਇਨ੍ਹਾਂ ਤੋਂ ਤੰਗ-ਪ੍ਰੇਸ਼ਾਨ ਹਾਂ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸਿਮਰਜੀਤ ਕੌਰ ਪਤਨੀ ਅਸ਼ਵਨੀ ਕੁਮਾਰ, ਵਾਸੀ ਪਿੰਡ ਬਿਧੀਪੁਰ, ਡਾਕਖਾਨਾ ਟਿੱਬਾ, ਜਿਲ੍ਹਾ ਕਪੂਰਥਲ੍ਹਾ, ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਦੀਪਕ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਸਾਰੇ ਸਬੰਧਤ ਨੋਟ ਕਰਨ।

ਮੈਂ ਮੋਨਿਕਾ ਰਾਣੀ ਪਤਨੀ ਸਵ. ਪਵਨ ਕੁਮਾਰ ਵਾਸੀ ਮਕਾਨ ਨੰਬਰ 89/5 , ਜੈਨਾ ਨਗਰ , ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮੁਕੁਲ ਮੇਰੇ ਕਹਿਣੇ ਤੋਂ ਬਾਹਰ ਹੈ । ਇਸ ਲਈ ਮੈ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਸ ਨਾਲ ਕੋਈ ਸਬੰਧ ਨਹੀਂ ਹੈ। ਇਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਂਗੀ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਬਲਕਾਰ ਸਿੰਘ ਪੁੱਤਰ ਫੌਜਾ ਸਿੰਘ ਪਿੰਡ ਸਲਾਹਪੁਰ ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਨੇ ਆਪਣੇ ਲੜਕੇ ਪ੍ਰਗਟ ਸਿੰਘ, ਨੂੰਹ ਰਮਨਦੀਪ ਕੌਰ ਅਤੇ ਪੋਤਰੇ ਏਕਮਨੂਰ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਇਨ੍ਹਾਂ ਤਿੰਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ।

## PUBLIC NOTICE

I, Jaswinder Kaur & Jaswinder Kour and Veer Kaur W/o Jagir Singh R/o H.No.L-2/1223, Gali No.10, New Gurnam Nagar, Sultanwind Road, Amritsar have declare that above all names are mine one and same person.

I, Bhupinder Singh S/o Santokh Singh R/o Village Burj Nauabad, PO Majitha Distt. Amritsar, Punjab-143601 declare that my father was known by two names Santokh Kaur and Santokh Singh. Santokh Kaur and Santokh Singh is one and the same person.

We, Vivek Kumar S/o Late Baldev Krishan and Iqbal Prashar W/o Vivek Kumar, both R /o H.No. 299, Bombay Nagar, Near Gurudwara Singh Sabh, Jalandhar, do hereby declare that our Son Ankit Prashar and his wife Deepan Preet are out of our control and does not listen to us. We disinherit him from all our movable and immovable properties. Anyone dealing with him shall be doing on their own risk and responsibilities.

I, Ram Achal S/o Jagroop R/o H.No. 50, Jaimal Nagar, Post Office Chogitti, Distt. Jalandhar, Punjab declare that my son Ishwar & his wife Anita are out of my control. I disinherit them from my movable and immovable properties. I and my family shall not be held responsible for any of their acts deeds and things. All Please Note.

## ਆਮ ਸੂਚਨਾ

ਇੱਕ ਟਿਊਬਵੈੱਲ ਕੁਨੈਕਸ਼ਨ ਰਤਨ ਸਿੰਘ ਪੁੱਤਰ ਇੰਦਰ ਸਿੰਘ ਵਾਸੀ ਪਿੰਡ ਛਿੱਡਣ ਤਹਿਸੀਲ ਲੋਪੋਕੇ ਜਿਲਾ ਅੰਮ੍ਰਿਤਸਰ ਦੇ ਨਾਮ ਤੇ ਚੱਲ ਰਿਹਾ ਹੈ ਜਿਸਦਾ ਖਾਤਾ ਨੰ: ਭ31399 ਹੈ ਇਹ ਟਿਊਬਵੈੱਲ ਕੁਨੈਕਸ਼ਨ ਹਰਮਨਜੀਤ ਸਿੰਘ ਪੁੱਤਰ ਸ੍ਰ: ਸੇਵਾ ਸਿੰਘ ਵਾਸੀ ਪਿੰਡ ਛਿੱਡਣ ਤਹਿਸੀਲ ਲੋਪੋਕੇ ਜਿਲਾ ਅੰਮ੍ਰਿਤਸਰ ਦੇ ਨਾਮ ਤਬਦੀਲ ਕੀਤਾ ਜਾ ਰਿਹਾ ਹੈ ਜੇਕਰ ਕਿਸੇ ਨੂੰ ਕੋਈ ਇਤਰਾਜ ਹੋਵੇ ਤਾ ਇਸ ਇਸ਼ਤਿਹਾਰ ਛੱਪਣ ਦੇ 15 ਦਿਨ ਦੇ ਅੰਦਰ ਐਸ.ਡੀ.ਓ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਦਫ਼ਤਰ ਖਾਸਾ ਵਿਖੇ ਸੰਪਰਕ ਕਰੇ। ਬਾਅਦ ਵਿੱਚ ਇਤਰਾਜ ਮੰਨਣਯੋਗ ਨਹੀ ਹੋਵੇਗਾ।

ਇੱਕ ਵੀਹ ਹਾਰਸ ਪਾਵਰ ਦੀ ਮੋਟਰ ਜਿਸਦਾ ਖਾਤਾ ਨੰਬਰ ਆਰ ਐਚ ਏ ਪੀ 18 ਹੈ। ਜੋ ਸਾਧਾ ਸਿੰਘ ਪੁੱਤਰ ਨਿਹਾਲ ਸਿੰਘ, ਪਿੰਡ ਰੱਤਾ ਖੇੜਾ, ਤਹਿਸੀਲ ਲਹਿਰਾ, ਜਿਲਾ ਸੰਗਰੂਰ ਦੇ ਨਾਮ ਚਲਦੀ ਹੈ। ਹੁਣ ਇਸ ਨੂੰ ਉਸਦਾ ਪੁੱਤਰ ਗੁਰਪ੍ਰੀਤ ਸਿੰਘ ਪੁੱਤਰ ਸਾਧਾ ਸਿੰਘ ਪਿੰਡ ਰੱਤਾ ਖੇੜਾ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ। ਇਤਰਾਜ਼ ਕਰਤਾ ਆਪਣਾ ਇਤਰਾਜ਼ 15 ਦਿਨਾਂ ਦੇ ਅੰਦਰ ਅੰਦਰ ਐਸਡੀਓ ਪਾਵਰਕਾਮ ਸ਼ਹਿਰੀ ਲਹਿਰਾ ਪਾਸ ਕਰ ਸਕਦਾ ਹੈ। ਇਸ ਤੋਂ ਬਾਅਦ ਮੋਟਰ ਨਾਮ ਬਦਲੀ ਕਰ ਦਿੱਤਾ ਜਾਵੇਗਾ।

## ਨਾਂਅ ਦੀ ਬਦਲੀ

ਮੈਂ ਹਰਮਿੰਦਰ ਸਿੰਘ ਪੁੱਤਰ ਟਹਿਲ ਸਿੰਘ ਵਾਸੀ ਦੋਰਾਹਾ ਤਹਿ ਪਾਇਲ ਜ਼ਿਲ੍ਹਾ ਲੁਧਿਆਣਾ ਦਾ ਹਾਂ , ਮੈਂ ਆਪਣਾ ਨਾਮ ਹਰਮਿੰਦਰ ਸਿੰਘ ਤੋਂ ਹਰਵਿੰਦਰ ਸਿੰਘ ਰੱਖ ਲਿਆ ਹੈ ਸਬੰਧਤ ਨੋਟ ਕਰਨ।

ਮੈਂ ਗੁਰਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਲਾਹਦੜਾ, ਜਿਲਾ ਜਲੰਧਰ, ਪੰਜਾਬ ਨੇ ਆਪਣਾ ਨਾਮ ਗੁਰਪ੍ਰੀਤ ਸਿੰਘ ਤੋਂ ਬਦਲ ਕੇ ਸਿੰਘ ਗੁਰਪ੍ਰੀਤ ਰੱਖ ਦਿੱਤਾ ਹੈ। ਸਬੰਧਤ ਨੋਟ ਕਰਨ।

ਮੈਂ, ਜਗਜੀਤ ਸਿੰਘ ਪੁੱਤਰ ਲਛਮਣ ਸਿੰਘ, ਵਾਸੀ ਧਰਮਸ਼ਾਲਾ ਦੇ ਨੇੜੇ, ਗੋਨਿਆਣਾ ਕਲਾਂ, ਡਾਕਖਾਨਾ ਹਰਰਾਏਪੁਰ, ਬਠਿੰਡਾ, ਪੰਜਾਬ ਨੇ ਆਪਣਾ ਨਾਂਅ ਬਦਲ ਕੇ ਜਗਜੀਤ ਸਿੰਘ ਬਰਾੜ ਰੱਖ ਲਿਆ ਹੈ।

ਮੈਂ, ਦਿਨੇਸ਼ ਕੁਮਾਰ ਰਾਮ ਪੁੱਤਰ ਦਹੀ ਰਾਮ, ਵਾਸੀ 82 ਗੋਲਡਨ ਐਵੀਨਿਊ ਫੇਜ਼-2, ਗੜ੍ਹਾ ਜਲੰਧਰ ਨੇ ਆਪਣਾ ਨਾਂਅ ਬਦਲ ਕੇ ਦਿਨੇਸ਼ ਤੋਂ ਦਿਨੇਸ਼ ਕੁਮਾਰ ਰਾਮ ਰੱਖ ਲਿਆ ਹੈ।

## PUBLIC NOTICE

The General Public is informed that the original Sale Deed No. 3647 dated 03.03.2017 executed by Rupinder Kaur W/o Pushpinder Singh in favour of Komaldeep Singh S/o Pushpinder Singh, Sale Deed No. 1404 dated 23.06.2011 executed by Paramjit Kaur W/o Baljinder Singh in favour of Kamlesh Rani W/o Naresh Kumar, Sale Deed No. 3485 dated 28.12.2012 executed by Pankaj W/o Jagdish in favour of Simrat Kaur W/o Dalvir Singh, and Sale Deed No. 3486 dated 28.12.2012 executed by Pankaj W/o Jagdish in favour of Kanta Devi W/o Keshav Garg have been lost at Sadar Bazar, Dhuri on 31.10.2025. DDR No. 14 dated 04.11.2025 has been lodged at Police Station City Dhuri.

M/s Saffron Healthy Foods, Kakarwal, Dhuri (Sangrur), being the current owner of the said property, is equitably mortgaging the said property with Punjab & Sind Bank, Dhuri. If any person has any objection in this regard, they should contact the Manager, Punjab & Sind Bank, Dhuri, District Sangrur, in writing with supporting documents within 15 days. If no claim is received within 15 days of this notice, it shall be presumed that no person has any claim of any nature in respect of the said property, and any subsequent claim shall not bind our client. Sd/- Manager, Punjab & Sind Bank, Dhuri Contact No. 70870-15422

ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਨੰਗਲ,ਜਿਲ੍ਹਾ ਰੂਪਨਗਰ।

ਨੰਬਰ:- 400-401/ ਰੀਡਰ-2 ਮਿਤੀ:- 30/10/25

ਵਿਸ਼ਾ:- ਮਾਲ ਰਿਕਾਰਡ ਵਿੱਚ ਨਾਮ ਦਰੁਸਤ ਕਰਨ ਸਬੰਧੀ ਦਰਖਾਸਤ ਵੱਲੋਂ ਕਸ਼ਮੀਰੀ ਲਾਲ ਪੁੱਤਰ ਈਸ਼ਰ ਰਾਮ ਪੁੱਤਰ ਬਾਰੂ ਰਾਮ ਵਾਸੀ ਪਿੰਡ ਨਾਨਗਰਾਂ ਕਲਮੋਟ ਤਹਿਸੀਲ ਨੰਗਲ ਜਿਲ੍ਹਾ ਰੂਪਨਗਰ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਮ ਤੇ ਖਾਸ ਅਤੇ ਜਨ ਸਧਾਰਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਸ਼ਮੀਰ ਲਾਲ ਉਰਫ ਕਸ਼ਮੀਰੀ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਵਾਸੀ ਪਿੰਡ ਨਾਨਗਰਾਂ ਕਲਮੋਟ ਤਹਿਸੀਲ ਨੰਗਲ ਜਿਲ੍ਹਾ ਰੂਪਨਗਰ ਨੇ ਨਿਮਨ ਹਸਤਾਖਾਰ ਦੇ ਦਫਤਰ ਵਿਖੇ ਲਿਖਤੀ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਨ੍ਹਾ ਦੀ ਪਿੰਡ ਨਾਨਗਰਾਂ ਕਲਮੋਟ ਵਿੱਚ ਜਮੀਨ ਪੈਂਦੀ ਹੈ। ਮਾਲ ਰਿਕਾਰਡ ਦੇ ਖੇਵਟ ਨੰਬਰ 24 ਖਤੌਨੀ ਨੰਬਰ 24 ਖਸਰਾ ਨੰਬਰ 29//8/2 (4-0), ਖੇਵਟ ਨੰਬਰ 129 ਖਤੌਨੀ ਨੰਬਰ 138 ਖਸਰਾ ਨੰਬਰ 30//20/2 (1-0), ਖੇਵਟ ਨੰਬਰ 912 ਖਤੌਨੀ ਨੰਬਰ 960 ਖਸਰਾ ਨੰਬਰ 29//13/2 (4-0), ਖੇਵਟ ਨੰਬਰ 130 ਖਤੌਨੀ ਨੰਬਰ 1430 ਖਸਰਾ ਨੰਬਰ 29//8/1 (4-0) ਖੇਵਟ ਨੰਬਰ 144 ਖਤੌਨੀ ਨੰਬਰ 1582 ਖਸਰਾ ਨੰਬਰ 29//14 (8-0), ਖੇਵਟ ਨੰਬਰ 157 ਖਤੌਨੀ ਨੰਬਰ 1718 ਖਸਰਾ ਨੰਬਰ 29//11/5(6-12), 29//12/2 (1-8), ਖੇਵਟ ਨੰਬਰ 57 ਖਤੌਨੀ ਨੰਬਰ 1832 ਖਸਰਾ ਨੰਬਰ 30//2/2 (4-0), 30//3/2(4-1), ਖੇਵਟ ਨੰਬਰ 169 ਖਤੌਨੀ ਨੰਬਰ 1851 ਖਸਰਾ ਨੰਬਰ 30//2/1 (4-0), 30//3/1 (3-10) ਖੇਵਟ ਨੰਬਰ 172 ਖਤੌਨੀ ਨੰਬਰ 1878 ਖਸਰਾ ਨੰਬਰ 29//9/1 (1-8), 9//12/3 (4-16) ਖੇਵਟ ਨੰਬਰ 173 ਖਤੌਨੀ ਨੰਬਰ 1900 ਖਸਰਾ ਨੰਬਰ 29//20/1 (5-0), ਖੇਵਟ ਨੰਬਰ 1792 ਖਤੌਨੀ ਨੰਬਰ 1967 ਖਸਰਾ ਨੰਬਰ 29//4/2 (0-9), 29//6/2 (4-9), 29//7/1 (4-0) ਖੇਵਟ ਨੰਬਰ 181 ਖਤੌਨੀ ਨੰਬਰ 1989 ਖਸਰਾ ਨੰਬਰ 23//18/4/2 (1-12), 23//23/2 (1-14), 23//24/1 (1-14) ਵਾਕਿਆ ਪਿੰਡ ਨਾਨਗਰਾ ਮੁਤਾਬਿਕ ਜਮਾਂਬੰਦੀ ਸਾਲ 2022-2023 ਤਹਿਸੀਲ ਨੰਗਲ ਜਿਲ੍ਹਾ ਰੂਪਨਗਰ ਦੇ ਮਾਲ ਰਿਕਾਰਡ ਵਿੱਚ ਇਨ੍ਹਾ ਦਾ ਨਾਮ ਕਸ਼ਮੀਰ ਲਾਲ ਉਰਫ ਕਸ਼ਮੀਰੀ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਦੀ ਥਾਂ ਕਸ਼ਮੀਰ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਦਰਜ ਹੈ। ਇਹ ਦੋਨੋ ਨਾਮ ਇੱਕ ਹੀ ਵਿਅਕਤੀ ਦੇ ਹਨ। ਦਰਖਾਸਤ ਕਰਤਾ ਮਾਲ ਰਿਕਾਰਡ ਦੇ ਉਪਰੋਕਤ ਖਸਰਾ ਨੰਬਰਾਨ ਵਿੱਚ ਕਸ਼ਮੀਰ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਦੀ ਥਾਂ ਕਸ਼ਮੀਰ ਲਾਲ ਉਰਫ ਕਸ਼ਮੀਰੀ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਦਰਜ ਕਰਵਾਉਣਾ ਚਾਹੁੰਦਾ ਹੈ। ਇਸ ਸਬੰਧੀ ਪਟਵਾਰੀ ਹਲਕਾ ਨਾਨਗਰਾਂ ਤੇ ਰਿਪੋਰਟ ਪ੍ਰਾਪਤ ਕੀਤੀ ਗਈ। ਪਟਵਾਰੀ ਹਲਕਾ ਦੀ ਰਿਪੋਰਟ ਅਨੁਸਾਰ:- ਮੁਤਾਬਕ ਰੁਏ ਇੰਤਕਾਲ ਨੰਬਰ 7322 ਵਿਰਾਸਤ ਰਾਂਹੀ ਈਸ਼ਰ ਦਾਸ ਪੁੱਤਰ ਬਾਰੂ ਰਾਮ ਇੰਤਕਾਲ ਮੰਜੂਰ ਹੋਇਆ ਵਾ ਜਮ੍ਹਾਬੰਦੀ ਸਾਲ 2022-2023 ਵਿੱਚ ਪ੍ਰਾਰਥੀ ਕਸ਼ਮੀਰੀ ਲਾਲ ਪੁੱਤਰ ਸ੍ਰੀ ਈਸ਼ਰ ਦਾਸ ਦਾ ਨਾਮ ਕਸ਼ਮੀਰ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਇੰਦਰਾਜ ਦਰਜ ਹੈ। ਜੋ ਕਿ ਜੇਰਕਾਰ ਜਮ੍ਹਾਬੰਦੀ ਤੱਕ ਇਹ ਇੰਦਰਾਜ ਕਸ਼ਮੀਰ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਦਰਜ ਚਲਦਾ ਆ ਰਿਹਾ ਹੈ। ਰਿਪੋਰਟ ਮਿਤੀ 14/06/2025 ਨੂੰ ਕੀਤੀ ਗਈ। ਇਸ ਸਬੰਧੀ ਪੰਜਾਬ ਸਰਕਾਰ ਮਾਲ ਪੁਨਰਵਾਸ ਡਿਜਾਸਟਰ ਮੈਨੇਜਮੈਂਟ ਵਿਭਾਗ (ਭੌਂ ਮਾਲੀਆ ਸ਼ਾਖਾ) ਚੰਡੀਗੜ੍ਹ ਜੀ ਦੇ ਦਫਤਰ ਦੇ ਮੀਮੋ ਨੰਬਰ 8/48/2012 ਭ.ਮ.-2/12445-71 ਮਿਤੀ 26/07/2023 ਰਾਂਹੀ ਜਾਰੀ ਹਦਾਇਤਾਂ ਦੀ ਪਾਲਣਾ ਵਿੱਚ ਮਾਲ ਰਿਕਾਰਡ ਦੇ ਉਕਤ ਖੇਵਟ/ਖਤੌਨੀ/ਖਸਰਾ ਨੰਬਰਾਨ ਵਾਕਿਆ ਪਿੰਡ ਨਾਨਗਰਾ ਕਲਮੋਟ ਮੁਤਾਬਕ ਜਮ੍ਹਾਬੰਦੀ ਸਾਲ 2022-2023 ਤਹਿਸੀਲ ਨੰਗਲ ਜਿਲ੍ਹਾ ਰੂਪਨਗਰ ਵਿੱਚ ਕਸ਼ਮੀਰ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਦੀ ਥਾਂ ਕਸ਼ਮੀਰ ਲਾਲ ਉਰਫ ਕਸ਼ਮੀਰੀ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਨਾਮ ਦੀ ਦਰੁਸਤੀ ਕਰਨ ਸਬੰਧੀ ਉਕਤ ਅਖਬਾਰਾ ਵਿੱਚ ਨੋਟਿਸ ਦਿੱਤਾ ਜਾਂਦਾ ਹੈ ਕਿ ਜੇਕਰ ਕਿਸੀ ਆਮ ਅਤੇ ਖਾਸ ਨੂੰ ਪਾਰਥੀ ਦਾ ਨਾਮ ਕਸ਼ਮੀਰ ਲਾਲ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਦਰੁਸਤ ਕਰਕੇ ਕਸ਼ਮੀਰ ਲਾਲ ਉਰਫ ਕਸ਼ਮੀਰੀ ਪੁੱਤਰ ਈਸ਼ਰ ਦਾਸ ਪੁੱਤਰ ਬਾਰੂ ਰਾਮ ਵਾਸੀ ਪਿੰਡ ਨਾਨਗਰਾਂ ਤਹਿਸੀਲ ਨੰਗਲ ਜਿਲ੍ਹਾ ਰੂਪਨਗਰ ਕਰਨ ਸਬੰਧੀ ਕੋਈ ਇਤਰਾਜ ਹੋਵੇ ਤਾਂ ਉਹ ਆਪਣੇ ਇਤਰਾਜ਼ ਇਸ ਪਬਲਿਕ ਨੋਟਿਸ ਦੇ ਪ੍ਰਕਾਸ਼ਤ ਹੋਣ ਦੀ ਮਿਤੀ ਦੇ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਵੀ ਕੰਮ ਵਾਲੇ ਦਿਨ ਇਸ ਅਦਾਲਤ ਵਿੱਚ ਪੇਸ਼ ਹੋਕੇ ਦੇ ਸਕਦਾ ਹੈ। ਸਮਾਂ ਗੁਜਰਨ ਤੇ ਬਾਅਦ ਪ੍ਰਾਪਤ ਹੋਏ ਇਤਰਾਜ਼ ਨਾ-ਕਾਬਲੇ ਗੌਰ ਹੋਣਗੇ।

ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਨੰਗਲ

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।



## MIDLAND MICROFIN LIMITED

Midland microfin beyond microfinance

Registered Office:- The AXIS, Plot No.1, R.B. Badri Dass Colony, G.T Road, Jalandhar PB 144001 (INDIA)
(CIN: U65921PB1988PLC008430) Tel : +91-181-5076000, Fax No : +91- 181-2236070 Website : www.midlandmicrofin.com

30 ਸਤੰਬਰ 2025 ਨੂੰ ਖਤਮ ਹੋਈ ਤਿਮਾਹੀ ਤੇ ਅੱਧੇ ਸਾਲ ਦੇ (ਬਿਨਾਂ ਆਡਿਟ ਵਿੱਤੀ ਨਤੀਜੇ) (ਰੁਪਏ ਮਿਲੀਅਨ 'ਚ ਐਲਾਨ ਅਨੁਸਾਰ)

| ਲੜੀ ਨੰ. | ਵੇਰਵੇ | ਤਿਮਾਹੀ ਖਤਮ 30-09-2025 ਅਣ-ਆਡਿਟਿਡ | ਤਿਮਾਹੀ ਖਤਮ 30-09-2024 ਅਣ-ਆਡਿਟਿਡ | ਅੱਧਾ ਸਾਲ ਖਤਮ 30-09-2025 ਅਣ-ਆਡਿਟਿਡ | ਸਾਲ ਖਤਮ 31-03-2025 ਆਡਿਟਿਡ |
|---|---|---|---|---|---|
| 1. | ਕਾਰੋਬਾਰਾਂ ਤੋਂ ਕੁੱਲ ਆਮਦਨ | 1,640.38 | 1,623.83 | 3,104.92 | 6,357.10 |
| 2. | ਸਮੇਂ ਲਈ ਸ਼ੁੱਧ ਲਾਭ/(ਹਾਨੀ) (ਟੈਕਸ ਤੋਂ ਪਹਿਲਾਂ, ਖਾਸ ਅਤੇ ਜਾਂ ਅਸਧਾਰਨ ਆਈਟਮਾਂ) | 63.26 | 51.40 | 110.05 | 326.61 |
| 3. | ਸਮੇਂ ਲਈ ਟੈਕਸ ਤੋਂ ਪਹਿਲਾਂ ਸ਼ੁੱਧ ਲਾਭ/(ਹਾਨੀ)/(ਖਾਸ ਅਤੇ ਜਾਂ ਅਸਧਾਰਨ ਆਈਟਮਾਂ ਤੋਂ ਮਗਰੋਂ) | 63.26 | 51.40 | 110.05 | 326.61 |
| 4. | ਸਮੇਂ ਦੀ ਟੈਕਸ ਤੋਂ ਬਾਅਦ ਸ਼ੁੱਧ ਲਾਭ/(ਹਾਨੀ) (ਖਾਸ ਅਤੇ ਜਾਂ ਅਸਧਾਰਨ ਆਈਟਮਾਂ ਤੋਂ ਮਗਰੋਂ) | 51.41 | 40.18 | 90.75 | 266.73 |
| 5. | ਸਮੇਂ ਲਈ ਕੁੱਲ ਵਿਆਪਕ ਆਮਦਨ (ਸਮੇਂ ਲਈ ਸ਼ਾਮਲ ਲਾਭ/(ਹਾਨੀ) (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ) | 5.38<br>523.73 | 41.29<br>476.11 | 62.76<br>523.73 | 216.49<br>523.73 |
| 6. | ਪੇਡਅਪ ਇਕੁਇਟੀ ਸ਼ੇਅਰ ਕੈਪੀਟਲ | 465.86 | 434.68 | 465.86 | 457.68 |
| 7. | ਇੰਸਟਰੂਮੈਂਟਸ ਐਨਟਾਇਰਲੀ ਇਕੁਇਟੀ ਇਨ ਨੇਚਰ | 2,078.36 | 1,981.74 | 2,078.36 | 1,934.29 |
| 8. | ਰਿਜ਼ਰਵਜ਼ (ਰੀਵੈਲੂਏਸ਼ਨ ਰਿਜ਼ਰਵ ਬਿਨਾਂ) | 3,398.67 | 2,216.72 | 3,398.67 | 3,276.04 |
| 9. | ਸਕਿਉਰਿਟੀਜ਼ ਪ੍ਰੀਮੀਅਮ ਅਕਾਊਂਟ | 6,466.62<br>22,948.48 | 5,109.25<br>22,432.19 | 6,466.62<br>22,948.48 | 6,191.74<br>20,583.79 |
| 10. | ਨੈੱਟ ਵਰਥ | 254.32 | 479.37 | 254.32 | 241.32 |
| 11. | ਪੇਅਡ ਅਪ ਡੈਬਟ ਕੈਪੀਟਲ/ਆਊਟ ਸਟੈਂਡਿੰਗ ਡੈਬਟ | 3.55 | 4.39 | 3.55 | 3.32 |
| 12. | ਆਊਚਸਟੈਂਡਿੰਗ ਰੀਡੀਮੇਬਲ ਪ੍ਰੈਫਰੈਂਸ ਸ਼ੇਅਰਜ਼ | | | | |
| 13. | ਡੈਬਟ ਇਕੁਇਟੀ ਰੇਸ਼ੋ (ਸਮੇਂ ਵਿੱਚ) | | | | |
| 14. | ਪ੍ਰਤੀ ਸ਼ੇਅਰ ਕਮਾਈ (ਹਰੇਕ 10 ਰੁਪਏ ਦੀ) (ਚਾਲੂ ਤੇ ਬੰਦ ਕਾਰੋਬਾਰਾਂ ਸਮੇਤ) | 0.98<br>0.86 | 0.73<br>0.70 | 1.73<br>1.52 | 5.56<br>5.10 |
| 15. | ਕੈਪੀਟਲ ਰੀਡੰਪਸ਼ਨ ਰਿਜ਼ਰਵ | 106.20 | 42.80 | 106.20 | 106.20 |
| 16. | ਡਿਬੈਂਚਰ ਰੀਡੰਪਸ਼ਨ ਰਿਜ਼ਰਵ | 36.63 | 36.63 | 36.63 | 36.63 |

1. ਉਪਰੋਕਤ ਨਤੀਜੇ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਦੇ ਰੈਗੂਲੇਸ਼ਨ 52 ਦੀਆਂ ਰਿਕੁਆਇਰਮੈਂਟਸ ਦੇ ਅਨੁਸਾਰ ਬੋਰਡ ਦੇ ਡਾਇਰੈਕਟਰਾਂ ਦੀਆਂ ਕ੍ਰਮਵਾਰ 5 ਨਵੰਬਰ 2025 ਨੂੰ ਹੋਈਆਂ ਮੀਟਿੰਗਾਂ 'ਚ ਮਨਜ਼ੂਰ ਕੀਤੇ ਗਏ ਅਤੇ ਆਡਿਟ ਕਮੇਟੀ ਵੱਲੋਂ ਨਜ਼ਰਸ਼ਾਨੀ ਕੀਤੇ ਜਾ ਚੁੱਕੇ ਹਨ। 30 ਸਤੰਬਰ 2025 ਨੂੰ ਖਤਮ ਹੋਈ ਤਿਮਾਹੀ ਤੇ ਅੱਧੇ ਸਾਲ ਦੇ ਉਪਰੋਕਤ ਨਤੀਜੇ ਕੰਪਨੀ ਦੇ ਸੰਵਿਧਾਨਕ ਆਡੀਟਰਾਂ ਵੱਲੋਂ ਨਜ਼ਰਸ਼ਾਨੀ ਕੀਤੇ ਜਾ ਚੁੱਕੇ ਹਨ।
2. ਉਪਰੋਕਤ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਦੇ ਰੈਗੂਲੇਸ਼ਨ 52 ਤਹਿਤ ਸਟਾਕ ਐਕਸਚੇਂਜ ਕੋਲ ਦਾਖਲ ਅਣ-ਪੜਤਾਲੇ ਵਿੱਤੀ ਨਤੀਜਿਆਂ ਦੇ ਵਿਸਥਾਰਤ ਫਾਰਮਟ ਦਾ ਇਕਸਾਰ ਹੈ।
   ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਮੁਕੰਮਲ ਫਾਰਮਟ ਸਟਾਕ ਐਕਸਚੇਂਜ ਦੀ ਵੈੱਬਸਾਈਟ www.bseindia.com ਅਤੇ ਕੰਪਨੀ ਦੀ ਵੈੱਬਸਾਈਟ www.midlandmicrofin.com 'ਤੇ ਉਪਲੱਬਧ ਹੈ।
3. ਉਪਰੋਕਤ ਵਿੱਤੀ ਨਤੀਜੇ ਕਾਰਪੋਰੇਟ ਮਾਮਲੇ ਮੰਤਰਾਲਾ ਵੱਲੋਂ ਨੋਟੀਫਾਈਡ ਇੰਡੀਅਨ ਅਕਾਊਂਟਿੰਗ ਸਟੈਂਡਰਡਜ਼ (ਇੰਡ-ਏ ਐੱਸ) ਦੇ ਅਨੁਸਾਰ ਤਿਆਰ ਕੀਤੇ ਗਏ ਹਨ।

ਵਾਸਤੇ ਮਿਡਲੈਂਡ ਮਾਈਕ੍ਰੋਫਿਨ ਲਿਮਟਿਡ
ਸਹੀ/-
ਸਥਾਨ : ਨੋਇਡਾ — ਅਮਰਦੀਪ ਸਿੰਘ ਸਮਰਾ
ਮਿਤੀ : 5 ਨਵੰਬਰ 2025 — ਮੈਨੇਜਿੰਗ ਡਾਇਰੈਕਟਰ



## ਉੱਤਰ ਰੇਲਵੇ

### ਖੁਲੀ ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ./ ਜੰਮੂ ਤਵੀ ਉ.ਰੇ., ਫਿਰੋਜਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 27.11.2025 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਨਿਵਿਦਾਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 27.11.2025 ਨੂੰ 15:00 ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (Rs.) | ਟੈਂਡਰ ਦੀ ਕੀਮਤ (Rs.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (Rs.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 759-ਟੀ.ਆਰ. ਡੀ.-ਜੰਮੂ ਤਵੀ-2025-26 | ਜੰਮੂ ਸੰਭਾਗ ਵਿਚ ਛਨ ਅਰੋਰਿਯਨ - ਭੰਗਾਲਾ ਸੇਕਸ਼ਨ ਵਿਚ ਓਐਚਈ ਪਰਿਸੰਪਤੀਆਂ ਦੀ ਵਿਸ਼ਵਸਨੀਅਤਾ ਵਿਚ ਸੁਧਾਰ ਦੇ ਲਈ ਵਖ-ਵਖ ਕੰਮ। | 2,75,09,498.23 | ਜੀਰੋ | 27.11.2025 15:00 ਵਜੇ ਤਕ | 2,87,600/- | 06 ਮਹੀਨੇ | 27.11.2025 15:00 ਵਜੇ ਦੇ ਬਾਅਦ | www.ireps.gov.in |

ਨੋਟ: #ਨਿਵਿਦਾਕਰਤਾ ਕਿਰਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਿਨਾ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਮਾਧਿਅਮ ਨਾਲ ਨਕਦ ਵਿਚ ਜਾਂ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਣਿਜਕ ਬੈਂਕ ਤੋਂ ਬੈਂਕ ਗਾਰੰਟੀ ਬਾਂਡ ਦੇ ਰੂਪ ਵਿਚ ਜਾਂ ਨਿਵਿਦਾ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਲਿਡ ਹਨ। ਬੋਲੀ ਦੀ ਵੈਧਤਾ ਅਵਧੀ ਦੇ ਬਾਅਦ 90 ਦਿਨ ਦੇ ਲਈ ਅਧੂਰੇ ਅਤੇ ਅਣਵੈਲਿਡ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸ ਦੇ ਲਈ ਠੇਕੇਦਾਰ ਦਾ ਰੇਲਵੇ ਤੇ ਕੋਈ ਦਾਅਵਾ ਨਹੀਂ ਹੋਵੇਗਾ। ਨੰ.:759-ਟੀ.ਆਰ.ਡੀ.-ਜੰਮੂ ਤਵੀ-2025-26 ਮਿਤੀ: 04.11.2025 3443/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪੱਤਰਕਾਰ ਮੰਚ ਵੱਲੋਂ ਪੰਜਾਬ 'ਵਰਸਿਟੀ ਦੀ ਸੈਨੇਟ, ਸਿੰਡੀਕੇਟ ਭੰਗ ਕਰਨ ਦੀ ਨਿਖੇਧੀ



**ਫਗਵਾੜਾ (ਡਾ ਰਮਨ)**

ਫਗਵਾੜਾ ਵਿਖੇ ਪੰਜਾਬੀ ਕਾਲਮ ਨਵੀਸ ਪੱਤਰਕਾਰ ਮੰਚ ਪੰਜਾਬ ਦੀ ਮਹੱਤਵਪੂਰਨ ਬੈਠਕ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ 59 ਸਾਲ ਪੁਰਾਣੀ ਸੈਨੇਟ ਤੇ ਸਿੰਡੀਕੇਟ ਭੰਗ ਕਰ ਕੇ ਪ੍ਰਸ਼ਾਸਕੀ ਢਾਂਚੇ ਵਿੱਚ 5 ਨਵੰਬਰ ਤੋਂ ਕੀਤੀ ਜਾ ਰਹੀ ਤਬਦੀਲੀ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਹਾਜ਼ਰ ਬੁੱਧੀਜੀਵੀਆਂ ਨੇ ਇਸ ਨਾਦਰਸ਼ਾਹੀ ਫ਼ਰਮਾਨ ਨੂੰ ਪੰਜਾਬ ਦੇ ਹੱਕਾਂ ਉੱਤੇ ਸਿੱਧਾ ਡਾਕਾ, ਪੰਜਾਬ ਦੀ ਪਛਾਣ 'ਤੇ ਹਮਲਾ ਕਰਾਰ ਦਿੱਤਾ ਅਤੇ ਇਸ ਧੱਕੇਸ਼ਾਹੀ ਦੇ ਖਿਲਾਫ਼ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ।ਮੀਟਿੰਗ ਦੀ ਪ੍ਰਧਾਨਗੀ ਮੰਚ ਪ੍ਰਧਾਨ ਗੁਰਮੀਤ ਸਿੰਘ ਪਲਾਹੀ ਨੇ ਕੀਤੀ ਅਤੇ ਇਸ ਮੀਟਿੰਗ ਵਿੱਚ ਉੱਘੇ ਪੱਤਰਕਾਰ ਅਤੇ ਕਾਲਮਨਵੀਸ ਨਰਪਾਲ ਸਿੰਘ ਸ਼ੇਰਗਿੱਲ, ਸਤਨਾਮ ਸਿੰਘ ਮਾਣਕ, ਡਾ. ਸਵਰਾਜ ਸਿੰਘ ਤੇ ਬਲਵੀਰ ਸਿੰਘ ਮਾਧੋਪੁਰੀ ਤੋਂ ਬਿਨਾਂ ਵੱਡੀ ਗਿਣਤੀ ਵਿੱਚ ਕਾਲਮ ਨਵੀਸ ਪੱਤਰਕਾਰਾਂ ਨੇ ਸ਼ਿਰਕਤ ਕੀਤੀ।ਪੰਜਾਬ ਦਿਵਸ ਮੌਕੇ ਇਸ ਚਰਚਾ ਵਿੱਚ ਪੰਜਾਬ, ਪੰਜਾਬੀ ਅਤੇ ਪਰਵਾਸ ਵਿਸ਼ੇ ਉੱਤੇ ਵੀ ਚਰਚਾ ਹੋਈ ਅਤੇ ਹਾਜ਼ਰ ਬੁੱਧੀਜੀਵੀਆਂ ਵਲੋਂ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਪੰਜਾਬੀ ਪਾਠਕਾਂ, ਪਰਵਾਸੀਆਂ ਦੇ ਮੁੱਦੇ, ਸਮਾਜਿਕ ਜ਼ਿੰਮੇਵਾਰੀ, ਵਿਚਾਰਧਾਰਕ ਵਿਰਾਸਤ ਅਤੇ ਜਨ-ਜਾਗਰੂਕਤਾ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਪ੍ਰਸਿੱਧ ਪੱਤਰਕਾਰ ਗੁਰਬਿੰਦਰ ਸਿੰਘ ਮਾਣਕ ਨੂੰ ਸਨਮਾਨ ਚਿੰਨ੍ਹ ਅਤੇ ਸਿਰੋਪਾ ਭੇਂਟ ਕਰ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬਲਦੇਵ ਰਾਜ ਕੋਮਲ, ਸੋਹਣ ਸਹਿਜਲ, ਅਸ਼ਵਨੀ ਚਥਰਥ, ਮਨਦੀਪ ਸਿੰਘ, ਪਰਵਿੰਦਰਜੀਤ ਸਿੰਘ, ਜਪਜੀਤ ਸਿੰਘ, ਕਮਲੇਸ਼ ਸੰਧੂ ਆਦਿ ਹਾਜ਼ਰ ਸਨ।

## ਮੈਰਿਜ ਪੈਲੇਸ 'ਚੋਂ ਪਰਸ ਚੋਰੀ

**ਫਿਲੌਰ, (ਨਿਰਮਲ)**-ਫਿਲੌਰ ਦੇ ਇੱਕ ਮੈਰਿਜ ਪੈਲਸ ਵਿੱਚ ਲੜਕੀ ਦੇ ਵਿਆਹ ਦਾ ਸਮਾਰੋਹ ਸੀ, ਲਾਵਾਂ ਫੇਰਿਆਂ ਦੀ ਤਿਆਰੀ ਹੋ ਰਹੀ ਸੀ ਤਾਂ ਲੜਕੀ ਵਾਲਿਆਂ ਦਾ ਪੈਸਿਆਂ ਨਾਲ ਭਰਿਆ ਬੈਗ ਚੋਰੀ ਹੋ ਗਿਆ । ਰੌਲਾ ਪੈਣ ਤੇ ਸੀ ਸੀ ਟੀ ਵੀ ਕੈਮਰੇ ਖੰਗਾਲੇ ਗਏ ਤਾਂ ਇੱਕ ਛੋਟਾ ਨਾਬਾਲਿਗ ਬੱਚਾ ਪੈਸਿਆਂ ਨਾਲ ਭਰਿਆ ਬੈਗ ਲੈ ਕੇ ਜਾਂਦਾ ਨਜ਼ਰ ਆਇਆ। ਬੱਚੇ ਦੀ ਬਹੁਤ ਭਾਲ ਕੀਤੀ ਪਰ ਬੱਚਾ ਹੱਥ ਨਾ ਲੱਗਾ। ਲੜਕੀ ਵਾਲਿਆਂ ਦੱਸਿਆ ਕਿ ਪਰਸ ਵਿੱਚ ਲਗਭਗ 55 ਹਜ਼ਾਰ ਰੁਪਏ ਨਗਦ ਤੇ ਸ਼ਗਨਾਂ ਦੇ ਲਿਫਾਫੇ ਸਨ। ਫਿਲੌਰ ਪੁਲਸ ਨੂੰ ਸੂਚਿਤ ਕੀਤਾ ਗਿਆ। ਪੁਲਸ ਨੇ ਮੌਕੇ ਤੇ ਪੁੱਜ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ।

## ਸੈਨੇਟ ਤੇ ਸਿੰਡੀਕੇਟ ਭੰਗ ਕਰਨਾ ਲੋਕਤੰਤਰ ਦੀ ਹੱਤਿਆ : ਜਰਨੈਲ ਫਿਲੌਰ

**ਫਿਲੌਰ (ਨਿਰਮਲ)**-ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ 59 ਸਾਲ ਪੁਰਾਣੀ ਚੁਣੀ ਹੋਈ ਸੈਨੇਟ ਅਤੇ ਸਿੰਡੀਕੇਟ ਨੂੰ ਭੰਗ ਕਰਨ ਦੇ ਫੈਸਲੇ ਵਿਰੁੱਧ ਲੋਕ ਇਨਸਾਫ ਮੰਚ ਪੰਜਾਬ ਵੱਲੋਂ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ ਅਤੇ ਐਸ ਡੀ ਐਮ ਦਫ਼ਤਰ ਫਿਲੌਰ ਵਿਖੇ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਕਦਮ ਲੋਕਤੰਤਰ 'ਤੇ ਸਿੱਧਾ ਹਮਲਾ ਹੈ।ਸੈਨੇਟ ਅਤੇ ਸਿੰਡੀਕੇਟ ਵਿੱਚੋਂ ਚੋਣ ਪ੍ਰਕਿਰਿਆ ਨੂੰ ਖਤਮ ਕਰਕੇ ਨਾਮਜ਼ਦਗੀ ਪ੍ਰਣਾਲੀ ਲਾਗੂ ਕਰਨਾ ਯੂਨੀਵਰਸਿਟੀ ਦੀ ਵਿਦਿਅਕ ਖੁਦਮੁਖਤਿਆਰੀ ਨੂੰ ਖ਼ਤਮ ਕਰਨ ਦੀ ਇੱਕ ਸਾਜ਼ਿਸ਼ ਹੈ।

## ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਵੱਲੋਂ ਰੋਸ ਪ੍ਰਦਰਸ਼ਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੁਰਾਣੀ ਪੈਨਸ਼ਨ ਦਾ ਤਿੰਨ ਸਾਲ ਪਹਿਲਾਂ ਕਾਗਜ਼ੀ ਨੋਟੀਫਿਕੇਸ਼ਨ ਜਾਰੀ ਕਰਕੇ ਲਾਗੂ ਕਰਨ ਤੋਂ ਪਿੱਛੇ ਹਟੀ ਸਰਕਾਰ ਖ਼ਿਲਾਫ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ (ਪੀ ਪੀ ਪੀ ਐੱਫ.) ਪੰਜਾਬ ਜ਼ਿਲ੍ਹਾ ਇਕਾਈ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਿਨੀ ਸਕੱਤਰੇਤ ਹੁਸ਼ਿਆਰਪੁਰ ਮੂਹਰੇ ਰੋਸ ਧਰਨਾ ਦੇ ਕੇ ਸਰਕਾਰ ਖ਼ਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ। ਇਸ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਫਰੰਟ ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਕਨਵੀਨਰ ਮਨਜੀਤ ਸਿੰਘ ਦਸੂਹਾ, ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਰਜਿੰਦਰ ਹੇਜਮਾਂ, ਬਲਜਿੰਦਰ ਸਹੋਤਾ ਅਤੇ ਡੀ.ਟੀ.ਐੱਫ. ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਨੂੰ ਲੈ ਕੇ ਸੂਬੇ ਦੇ ਮੁਲਾਜ਼ਮਾਂ ਵਿੱਚ ਤਿੱਖੀ ਨਰਾਜ਼ਗੀ ਹੈ ਕਿਉਂਕਿ ਸਰਕਾਰ ਨੇ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਪਰ ਨੋਟੀਫਿਕੇਸ਼ਨ ਜਾਰੀ ਹੋਣ ਦੇ ਤਿੰਨ ਸਾਲ ਬੀਤਣ ਮਗਰੋਂ ਵੀ ਇੱਕ ਵੀ ਐੱਨ ਪੀ ਐੱਸ ਮੁਲਾਜ਼ਮ ਨੂੰ ਪੁਰਾਣੀ ਪੈਨਸ਼ਨ ਦਾ ਲਾਭ ਨਹੀਂ ਮਿਲਿਆ ਹੈ। ਇਸ ਮੌਕੇ ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਜਸਵਿੰਦਰ ਭਿੰਗ, ਜੀਵਨ ਕੁਮਾਰ ਸੰਧੂ, ਸੰਦੀਪ ਸਿੰਘ ਲਾਂਬੜਾ, ਰੇਸ਼ਮ ਸਿੰਘ ਧੁੱਗਾ, ਬਲਬੀਰ ਸਿੰਘ ਧਾਮੀ, ਜਰਨੈਲ ਡਘਾਮ, ਅਜੇ ਕੁਮਾਰ, ਮੋਹਨ ਪ੍ਰੀਆ ਮਠਾਰੂ, ਜਸਪ੍ਰੀਤ ਕੌਰ, ਨਿਸ਼ਾ, ਸਪਨਾ, ਸਰਬਜੀਤ ਕੌਰ, ਸੁਰਜੀਤ ਕੌਰ, ਮਧੂ ਬਾਲਾ, ਨਰਿੰਦਰ ਕੌਰ, ਸੁਰਜੀਤ ਕੁਮਾਰੀ, ਬਲਕਾਰ ਪੁਰਿਕਾ, ਸਤਪਾਲ ਕਲੇਰ, ਅਜੈ ਕੁਮਾਰ, ਸੁਖਦੇਵ ਕੁਮਾਰ, ਪਵਨ ਸਿੰਘ, ਗੁਰਪ੍ਰੀਤ ਸਾਹਰੀ, ਬਲਕਾਰ ਮਘਾਣੀਆ ਆਦਿ ਵੀ ਹਾਜ਼ਰ ਸਨ।

## ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਵੜਿੰਗ ਵੱਲੋਂ ਬੂਟਾ ਸਿੰਘ ਪ੍ਰਤੀ ਵਰਤੀ ਸ਼ਬਦਾਵਲੀ ਸੰਬੰਧੀ ਸੂ ਮੋਟੋ ਨੋਟਿਸ ਲਿਆ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ, ਲੁਧਿਆਣਾ ਤੋਂ ਲੋਕ ਸਭਾ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਵਲੋਂ ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣਾਂ ਦੇ ਮੱਦੇਨਜ਼ਰ ਚੋਣ ਜਲਸੇ ਦੌਰਾਨ ਮਰਹੂਮ ਗ੍ਰਹਿ ਮੰਤਰੀ ਬੂਟਾ ਸਿੰਘ ਪ੍ਰਤੀ ਵਰਤੀ ਸ਼ਬਦਾਵਲੀ ਦਾ ਸੂ ਮੋਟੋ ਨੋਟਿਸ ਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸਰਦਾਰ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਸੋਸ਼ਲ ਮੀਡੀਆ ਰਾਹੀਂ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਜਿਸ ਵਿਚ ਕਾਂਗਰਸ ਪਾਰਟੀ ਦੇ ਪੰਜਾਬ ਇਕਾਈ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਰੰਗ ਅਤੇ ਨਸਲ ਅਧਾਰਤ ਟਿੱਪਣੀ ਦੇਸ਼ ਦੇ ਮਰਹੂਮ ਗ੍ਰਹਿ ਮੰਤਰੀ ਅਤੇ ਦਲਿਤ ਆਗੂ ਬੂਟਾ ਸਿੰਘ ਪ੍ਰਤੀ ਕਰ ਰਹੇ ਹਨ।ਉਨ੍ਹਾਂ ਨੇ ਕਿਹਾ ਕਿ ਕਮਿਸ਼ਨ ਨੇ ਇਸ ਮਾਮਲੇ ਵਿਚ ਸੂ ਮੋਟੋ ਨੋਟਿਸ ਲੈਂਦਿਆਂ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ 6 ਨਵੰਬਰ ਨੂੰ ਨਿੱਜੀ ਤੌਰ ਤੇ ਪੇਸ਼ ਹੋਣ ਦੇ ਨਾਲ ਹੀ ਤਰਨਤਾਰਨ ਦੇ ਰਿਟਰਨਿੰਗ ਅਫ਼ਸਰ ਨੂੰ 4 ਨਵੰਬਰ ਨੂੰ ਨਿੱਜੀ ਤੌਰ ਤੇ ਪੇਸ਼ ਹੋ ਕੇ ਰਿਪੋਰਟ ਪੇਸ਼ ਕਰਨ ਲਈ ਕਿਹਾ ਗਿਆ ਹੈ।

## ਸ੍ਰੀ ਅਨੰਦਪੁਰ ਸਾਹਿਬ 'ਚ ਨਜਾਇਜ਼ ਮਾਈਨਿੰਗ ਤੇ ਨਸ਼ਾ ਤਸਕਰੀ ਜ਼ੋਰਾਂ 'ਤੇ : ਮਿੱਤਲ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**-ਪੰਜਾਬ ਭਾਜਪਾ ਦੇ ਸਾਬਕਾ ਸਕੱਤਰ ਐਡਵੋਕੇਟ ਅਰਵਿੰਦ ਮਿੱਤਲ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਅੰਦਰ ਪਿਛਲੇ ਕਈ ਸਾਲਾਂ ਤੋਂ ਨਜਾਇਜ਼ ਮਾਈਨਿੰਗ ਅਤੇ ਨਸ਼ਾ ਤਸਕਰੀ ਜ਼ੋਰਾਂ 'ਤੇ ਹੈ। ਉਹਨਾਂ ਨੇ ਕਿਹਾ ਕਿ ਬੀਤੇ ਦਿਨ ਸ੍ਰੀ ਅਨੰਦਪੁਰ ਸਾਹਿਬ ਪੁਲਸ ਵੱਲੋਂ ਨਸ਼ੇ ਦੀ ਭਾਰੀ ਮਾਤਰਾ ਸਮੇਤ ਕੁਝ ਵਿਅਕਤੀ ਕਾਬੂ ਕੀਤਾ ਗਿਆ, ਜੋ ਕਿ ਪੁਲਸ ਦੀ ਕਾਮਯਾਬੀ ਹੈ, ਪਰ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਉਣੀ ਲਾਜ਼ਮੀ ਹੈ ਤਾਂ ਜੋ ਪਤਾ ਲੱਗ ਸਕੇ ਕਿ ਇਸ ਦੇ ਪਿੱਛੇ ਕਿਹੜੇ ਰਾਜਨੀਤਿਕ ਤੱਤਾਂ ਦੀ ਸਾਂਝ ਹੈ।ਮਿੱਤਲ ਨੇ ਕਿਹਾ ਕਿ ਹਲਕੇ ਵਿੱਚ ਨਾਜਾਇਜ਼ ਮਾਈਨਿੰਗ ਵੱਡੇ ਪੱਧਰ 'ਤੇ ਜਾਰੀ ਹੈ, ਹਾਲਾਂਕਿ ਕੋਈ ਵੀ ਖੱਡ ਅਧਿਕਾਰਕ ਤੌਰ 'ਤੇ ਚਾਲੂ ਨਹੀਂ ਕੀਤੀ ਗਈ।

## ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ 14 ਨੂੰ

**ਕਪੂਰਥਲਾ (ਮਨਜੀਤ ਮਾਨ)**-ਮਰੀਕਾ ਦੀ ਸਮਾਜ ਸੇਵੀ ਸੰਸਥਾ ਯੁਨਾਇਟਡ ਸਿੱਖ ਮਿਸ਼ਨ ਦੇ ਸਹਿਯੋਗ ਨਾਲ ਪਿੰਡ ਸਿੱਧਵਾਂ ਦੋਨਾਂ ਜ਼ਿਲ੍ਹਾ ਕਪੂਰਥਲਾ ਵਿਖੇ ਬਲਵਿੰਦਰ ਸਿੰਘ ਸਿੱਧੂ, ਬਹਾਦਰ ਸਿੰਘ ਸਿੱਧੂ ਤੇ ਪਰਵਾਰ ਵੱਲੋਂ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ 14 ਨਵੰਬਰ ਨੂੰ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਜਾ ਰਿਹਾ ਹੈ। ਪ੍ਰੈੱਸ ਨੂੰ ਇਹ ਜਾਣਕਾਰੀ ਉੱਘੇ ਸਮਾਜ ਸੇਵਕ ਭਾਈ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆ ਨੇ ਦਿੰਦੇ ਹੋਏ ਦੱਸਿਆ ਕਿ ਇਸ ਮੌਕੇ ਅਰੋੜਾ ਹਸਪਤਾਲ ਜਲੰਧਰ ਅੱਖਾਂ ਦੇ ਮਾਹਿਰ ਡਾਕਟਰ ਅਮਨਦੀਪ ਸਿੰਘ ਅਰੋੜਾ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕਰਨਗੇ। ਅਪ੍ਰੇਸ਼ਨ ਕਰਵਾਉਣ ਵਾਲੇ ਮਰੀਜ਼ਾਂ ਨੂੰ ਲੈ ਕੇ ਜਾਣ ਤੇ ਆਉਣ ਦਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਬੰਧ ਕੀਤਾ ਗਿਆ।

## ਸ੍ਰੀ ਗੁਰੂ ਨਾਨਕ ਦੇਵ ਦਾ ਪ੍ਰਕਾਸ਼ ਪੁਰਬ ਮਨਾਇਆ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਸਰਕਾਰੀ ਪ੍ਰਾਇਮਰੀ ਸਕੂਲ ਬਹਿਰਾਮ ਸਰਿਸ਼ਤਾ ਵਿਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸਵੇਰ ਦੀ ਸਭਾ ਵਿੱਚ ਮਨਾਇਆ ਗਿਆ ਜਿਸ ਵਿੱਚ ਸਕੂਲ ਦੇ ਅਧਿਆਪਕ ਰਮਨਦੀਪ ਸਿੰਘ ਵਾਰਿਸ ਵਲੋਂ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਦੀਆਂ ਸਿੱਖਿਆਵਾਂ ਤੇ ਜੀਵਨ ਸਬੰਧੀ ਜਾਣਕਾਰੀ ਦਿੱਤੀ ਅਤੇ ਮੁੱਖ ਅਧਿਆਪਕਾ ਇੰਦਰਪਾਲ ਕੌਰ ਨੇ ਸਭ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ। ਸਵੇਰ ਦੀ ਸਭਾ ਖਤਮ ਹੋਣ ਤੇ ਸਟਾਫ ਵਲੋਂ ਬੱਚਿਆਂ ਨੂੰ ਚਾਹ, ਮਠਿਆਈ ਆਦਿ ਵੀ ਦਿੱਤੀ ਗਈ। ਇਸ ਮੌਕੇ ਸਕੂਲ ਦੀਆਂ ਅਧਿਆਪਕਾਂਵਾਂ ਜਸਵਿੰਦਰ ਕੌਰ ਅਤੇ ਅੰਮ੍ਰਿਤਪਾਲ ਕੌਰ ਵੀ ਹਾਜ਼ਰ ਸਨ।

## ਡੇਰਾ ਬੱਸੀ 'ਚ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਏ



**ਡੇਰਾਬਸੀ (ਵਿਨੈ ਕੁਮਾਰ ਜੈਨ)**

ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡੇਰਾਬਸੀ ਖੇਤਰ ਦੇ ਗੁਰਦੁਆਰਾ ਸਾਹਿਬ ਗੁਰੂ ਅੰਗਦ ਦੇਵ ਜੀ ਅਨਾਜ ਮੰਡੀ ਡੇਰਾਬੱਸੀ ਤੋਂ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿਚ ਨਗਰ ਕੀਰਤਨ ਸਜਾਇਆ ਗਿਆ ਜੋ ਸ਼ਹਿਰ ਦੇ ਵੱਖ ਵੱਖ ਨਗਰਾਂ ਤੇ ਬਾਜ਼ਾਰਾਂ 'ਚੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਪੁੱਜਾ। ਨਗਰ ਕੀਰਤਨ ਦਾ ਸੰਗਤਾਂ ਵਲੋਂ ਥਾਂ-ਥਾਂ ਭਰਵਾ ਸੁਆਗਤ ਕੀਤਾ ਗਿਆ। ਇਸ ਮੌਕੇ ਡੇਰਾਬੱਸੀ ਹਲਕੇ ਦੇ ਵਿਧਾਇਕ ਸਰਦਾਰ ਕੁਲਜੀਤ ਸਿੰਘ ਰੰਧਾਵਾ ਦੇ ਪੁੱਤਰ ਗੁਰਸਹਿਜ ਸਿੰਘ ਰੰਧਾਵਾ ਨੇ ਪਾਰਟੀ ਦੀ ਸਮੁੱਚੀ ਟੀਮ ਨਾਲ ਨਗਰ ਕੀਰਤਨ ਵਿੱਚ ਨਤਮਸਤਕ ਹੋ ਕੇ ਸਮੂਹ ਸੰਗਤਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਗੁਰਸਹਿਜ ਰੰਧਾਵਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਮੁੱਚੀ ਮਨੁੱਖਤਾ ਨੂੰ ਜੀਵਨ ਜਿਉਣ ਦਾ ਮਾਰਗ ਦਿਖਾਇਆ ਹੈ। ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰਿਆਂ ਨੇ ਕੀਤੀ। ਉਨ੍ਹਾਂ ਦੇ ਪਿੱਛੇ ਉਚੇਚੇ ਤੌਰ 'ਤੇ ਗੱਡੀ ਦੀ ਬਣਾਈ ਗਈ ਸ਼ੀਸ਼ੇ ਦੀ ਆਲੀਸ਼ਾਨ ਪਾਲਕੀ ਸਾਹਿਬ ਜੀ ਵਿਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਬਿਰਾਜਮਾਨ ਕਰਵਾਏ ਗਏ ਸਨ। ਇਸ ਪਾਲਕੀ ਸਾਹਿਬ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਫੁੱਲਾਂ ਨਾਲ ਸਜਾਇਆ ਗਿਆ ਸੀ। ਪਾਲਕੀ ਸਾਹਿਬ ਦੇ ਪਿੱਛੇ ਰਾਗੀ ਸਿੰਘਾਂ ਅਤੇ ਸੰਗਤ ਵੱਲੋਂ ਗੁਰਬਾਣੀ ਦੇ ਮਨੋਹਰ ਕੀਰਤਨ ਦਾ ਗਾਇਨ ਕੀਤਾ ਜਾ ਰਿਹਾ ਸੀ। ਇਸ ਮੌਕੇ ਖੇਤਰ ਦੀਆਂ ਹਜ਼ਾਰਾਂ ਦੀ ਗਿਣਤੀ 'ਚ ਸੰਗਤ ਨੇ ਹਿੱਸਾ ਲਿਆ। ਫ਼ੌਜੀ ਬੈਂਡ, ਸਕੂਲੀ ਬੱਚਿਆਂ ਨੇ ਨਗਰ ਕੀਰਤਨ ਦੀ ਸ਼ੋਭਾ ਵਧਾਈ।

## ਪੀ ਐੱਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਦੀ ਚੋਣ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**

ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਸਰਬ ਸੰਮਤੀ ਨਾਲ ਹੋਈ ਚੋਣ ਵਿੱਚ ਜਸਵਿੰਦਰ ਸਿੰਘ ਏ ਆਰ ਨੂੰ ਸਬ ਡਵੀਜ਼ਨਲ ਪ੍ਰਧਾਨ ਚੁਣਿਆ ਗਿਆ । ਸਬ ਡਵੀਜ਼ਨਲ ਸਕੱਤਰ ਅਵਤਾਰ ਸਿੰਘ ਨੇ ਦੱਸਿਆ ਕਿ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਚੋਣ ਹਰਜਿੰਦਰ ਸਿੰਘ ਅਕਬਰਪੁਰ ਸਰਕਲ ਪ੍ਰਧਾਨ, ਰਜਿੰਦਰ ਸਿੰਘ ਡਵੀਜ਼ਨ ਪ੍ਰਧਾਨ, ਕਮਲਜੀਤ ਸਿੰਘ ਡਵੀਜ਼ਨ ਸਕੱਤਰ ਅਤੇ ਹਰਮਿੰਦਰ ਸਿੰਘ ਜੇ ਈ ਦੀ ਪ੍ਰਧਾਨਗੀ ਹੇਠ ਸਰਬਸੰਮਤੀ ਨਾਲ ਕੀਤੀ ਗਈ। ਇਸ ਮੌਕੇ ਤੇ ਫੈਡਰੇਸ਼ਨ ਆਗੂਆਂ ਵੱਲੋਂ ਹਾਜ਼ਰ ਮੁਲਾਜ਼ਮਾਂ ਨਾਲ ਪੁਰਾਣੇ ਕੰਮਾਂ ਦਾ ਲੇਖਾ ਜੋਖਾ ਕੀਤਾ ਗਿਆ ਤੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ ਬੀਤੇ ਸਮੇਂ ਦੌਰਾਨ ਕੀਤੇ ਗਏ ਸੰਘਰਸ਼ ਤੇ ਆਉਣ ਵਾਲੇ ਸਮੇਂ ਦੌਰਾਨ ਕੀਤੇ ਜਾਣ ਵਾਲੇ ਸੰਘਰਸ਼ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸਬ ਡਵੀਜ਼ਨਲ ਸਕੱਤਰ ਅਵਤਾਰ ਸਿੰਘ ਨੇ ਦੱਸਿਆ ਕਿ ਨਵੀਂ ਟੀਮ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਸ ਦੌਰਾਨ ਜਸਵਿੰਦਰ ਸਿੰਘ ਏ ਆਰ ਨੂੰ ਸਬ ਡਵੀਜ਼ਨਲ ਪ੍ਰਧਾਨ , ਅਵਤਾਰ ਸਿੰਘ ਖਾਲਸਾ (ਕਲਰਕ) ਨੂੰ ਸਕੱਤਰ, ਬਲਵਿੰਦਰ ਸਿੰਘ ਕਲਰਕ ਨੂੰ ਸੀਨੀਅਰ ਮੀਤ ਪ੍ਰਧਾਨ,ਨਿਰਮਲ ਸਿੰਘ ਅਤੇ ਮਹੇਸ਼ਵਰ ਉਪਧਿਆਏ ਲਾਈਨਮੈਨ ਨੂੰ ਮੀਤ ਪ੍ਰਧਾਨ, ਗੁਰਮੁੱਖ ਸਿੰਘ ਲਾਈਨਮੈਨ ਨੂੰ ਮੀਤ ਸਕੱਤਰ, ਚੰਦਰਸ਼ੇਖਰ ਨੂੰ ਖਜਾਨਚੀ, ਜਗਤਾਰ ਸਿੰਘ ਨੂੰ ਸਲਾਹਕਾਰ ,ਬਲਵਿੰਦਰ ਕੌਰ ਨੂੰ ਆਡੀਟਰ ਅਤੇ ਬਹਾਦਰ ਸਿੰਘ ਨੂੰ ਸਰਪ੍ਰਸਤ ਚੁਣਿਆ ਗਿਆ। ਇਸ ਮੌਕੇ ਰਜਿੰਦਰ ਸਿੰਘ ਰਾਜੂ, ਪਰਮਜੀਤ ਸਿੰਘ ਜੇ ਈ, ਰੋਹਿਤ ਕੁਮਾਰ, ਸ਼ਿੰਗਾਰਾ ਸਿੰਘ ਅਤੇ ਇੰਦਰਪਾਲ ਸਿੰਘ ਪਾਲੀ ਆਦਿ ਹਾਜ਼ਰ ਸਨ।

## 'ਆਪ' ਤਰਨ ਤਾਰਨ ਉਪ ਚੋਣ ਵੱਡੇ ਫਰਕ ਨਾਲ ਜਿੱਤੇਗੀ: ਪਾਬਲਾ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਆਮ ਆਦਮੀ ਪਾਰਟੀ ਦੇ ਜਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਪਾਬਲਾ ਨੇ ਗੱਲਬਾਤ ਕਰਦਿਆਂ ਕਿਹਾ ਕਿ 'ਆਪ' ਤਰਨਤਾਰਨ ਉਪ ਚੋਣ ਵੱਡੇ ਫਰਕ ਨਾਲ ਜਿੱਤ ਪ੍ਰਾਪਤ ਕਰੇਗੀ । ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਦੇ ਭੋਲੇ ਭਾਲੇ ਲੋਕਾਂ ਨਾਲ ਸਿਰਫ਼ ਵਾਅਦੇ ਹੀ ਕੀਤੇ ਸੀ, ਜਦੋਂ ਕਿ





ਆਮ ਆਦਮੀ ਪਾਰਟੀ ਨੇ ਜ਼ਮੀਨੀ ਪੱਧਰ 'ਤੇ ਵਿਕਾਸ ਕਰਵਾ ਕੇ ਲੋਕਾਂ ਦੇ ਦਿਲ ਜਿੱਤੇ ਹਨ ।ਪੰਜਾਬ ਵਿੱਚ ਸਿਹਤ, ਸਿੱਖਿਆ, ਬਿਜਲੀ ਅਤੇ ਖੇਤੀਬਾੜੀ ਖੇਤਰਾਂ ਵਿੱਚ ਕੀਤੇ ਗਏ ਬਦਲਾਅ ਦਾ ਲੋਕਾਂ ਦੇ ਜੀਵਨ 'ਤੇ ਸਿੱਧਾ ਅਸਰ ਪਿਆ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਭਗਵੰਤ ਮਾਨ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਲੋਕਾਂ ਦੇ ਸੁਪਨਿਆਂ ਨੂੰ ਪੂਰਾ ਕੀਤਾ ਹੈ, ਉਸ ਨਾਲ ਲੋਕਾਂ ਦਾ ਵਿਸ਼ਵਾਸ ਹੋਰ ਵੀ ਮਜ਼ਬੂਤ ਹੋ ਚੁੱਕਾ ਹੈ। ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਜਨਤਾ ਵਿੱਚ ਇੱਕ ਹਰਮਨ ਪਿਆਰੇ ਨੇਤਾ ਹਨ ਅਤੇ ਤਰਨਤਾਰਨ ਤੋਂ ਤਿੰਨ ਵਾਰ ਵਿਧਾਇਕ ਰਹਿ ਚੁੱਕੇ ਹਨ। ਉਨ੍ਹਾਂ ਦਾ ਸਾਫ਼-ਸੁਥਰਾ ਕਿਰਦਾਰ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਉਨ੍ਹਾਂ ਨੂੰ ਇਲਾਕੇ ਦੇ ਲੋਕਾਂ ਵਿੱਚ ਵਿਸ਼ੇਸ਼ ਮਾਨਤਾ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਹਰਮੀਤ ਸਿੰਘ ਸੰਧੂ ਦੀ ਜਿੱਤ ਤਰਨਤਾਰਨ ਖੇਤਰ ਦੇ ਵਿਕਾਸ ਨੂੰ ਤੇਜ਼ ਕਰੇਗੀ ।

## ਸੀ ਪੀ ਆਈ ਦੀ ਤਹਿਸੀਲ ਕਮੇਟੀ ਦਾ ਅਜਲਾਸ 15 ਨੂੰ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਭਾਰਤੀ ਕਮਿਊਨਿਸਟ ਪਾਰਟੀ ਦੀ ਤਹਿਸੀਲ ਕਮੇਟੀ ਰੋਪੜ ਦੀ ਮੀਟਿੰਗ ਕਾਮਰੇਡ ਨਰਿੰਦਰ ਸਿੰਘ ਓਬਰਾਏ ਦੀ ਪ੍ਰਧਾਨਗੀ ਹੇਠ ਪਾਰਟੀ ਦਫਤਰ ਰੋਪੜ ਵਿਖੇ ਹੋਈ ਜਿਸ ਵਿੱਚ ਕਾਮਰੇਡ ਦਵਿੰਦਰ ਕੁਮਾਰ ਨੰਗਲੀ ਜ਼ਿਲ੍ਹਾ ਸਕੱਤਰ ਅਤੇ ਕਾਮਰੇਡ ਗੁਰਨਾਮ ਸਿੰਘ ਔਲਖ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਵਿੱਚ ਜ਼ਿਲਾ ਇਜਲਾਸ ਤੋਂ ਪਹਿਲਾਂ ਤਹਿਸੀਲ ਕਮੇਟੀ ਰੋਪੜ ਦਾ ਇਜਲਾਸ ਅਤੇ ਬਰਾਂਚ ਦੀਆਂ ਮੀਟਿੰਗਾਂ ਅਤੇ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਫੈਸਲਾ ਕੀਤਾ ਗਿਆ ਕਿ ਸੀ ਪੀ ਆਈ ਤਹਿਸੀਲ ਕਮੇਟੀ ਰੋਪੜ ਦਾ ਇਜਲਾਸ 15 ਨਵੰਬਰ ਨੂੰ ਕੀਤਾ ਜਾਏਗਾ ਅਤੇ ਇਸ ਤੋਂ ਪਹਿਲਾਂ ਤਹਿਸੀਲ ਦੀਆਂ ਬ੍ਰਾਂਚਾਂ ਦੀਆਂ ਮੀਟਿੰਗਾਂ ਅਤੇ ਚੋਣਾਂ ਮੁਕੰਮਲ ਕੀਤੀਆਂ ਜਾਣਗੀਆਂ। ਮੀਟਿੰਗ ਵਿੱਚ ਦਵਿੰਦਰ ਕੁਮਾਰ ਨੰਗਲੀ, ਗੁਰਨਾਮ ਸਿੰਘ ਔਲਖ, ਕਾਕਾ ਰਾਮ, ਬਲਦੇਵ ਸਿੰਘ ਪੱਥਰਮਾਜਰਾ, ਸੁਖਵੀਰ ਸਿੰਘ ਮਾਹਲਾਂ, ਨਰਿੰਦਰ ਸਿੰਘ ਸੈਣੀ , ਰਜਨੀ ਦੇਵੀ ਆਦਿ ਨੇ ਆਪਣੇ ਵਿਚਾਰ ਪੇਸ਼ ਕੀਤੇ। ਕਾਮਰੇਡ ਦਵਿੰਦਰ ਕੁਮਾਰ ਨੰਗਲੀ ਨੇ ਜ਼ਿਲ੍ਹੇ ਦੀਆਂ ਸਮੱਸਿਆਵਾਂ ਅਤੇ ਸੂਬੇ ਸਿਆਸੀ ਹਾਲਤਾਂ ਤੇ ਚਾਨਣਾ ਪਾਇਆ। ਬਕਾਇਦਾ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਭੰਗ ਕਰਨ ਦੀ ਸਖ਼ਤ ਨੁਕਤਾਚੀਨੀ ਕੀਤੀ ਅਤੇ ਮੰਗ ਕੀਤੀ ਕਿ ਸਰਕਾਰ ਇਹ ਫੈਸਲਾ ਫੌਰੀ ਤੌਰ ਤੇ ਵਾਪਿਸ ਲਏ ਕਿਉਂਕਿ ਕੇਂਦਰ ਸਰਕਾਰ ਇਸ ਯੂਨੀਵਰਸਿਟੀ ਤੇ ਕਬਜਾ ਕਰਕੇ ਇਸਦਾ ਭੰਗਵਾਂਕਰਨ ਕਰਨਾ ਚਾਹੁੰਦੀ ਹੈ ।

## ਟੂਰਨਾਮੈਂਟ 'ਚ ਮੇਹਰ ਚੰਦ ਪੋਲੀਟੈਕਨਿਕ ਕਾਲਜ ਨੇ ਚੌਥੀ ਵਾਰ ਸੋਨੇ ਦਾ ਤਮਗਾ ਜਿੱਤਿਆ

**ਜਲੰਧਰ (ਸ਼ੈਲੀ ਐਲਬਰਟ)**

ਸੂਬਾ ਪੱਧਰੀ ਟੂਰਨਾਮੈਂਟ 29 ਅਕਤੂਬਰ ਤੋਂ 31 ਅਕਤੂਬਰ ਤੱਕ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪੰਜਾਬ ਰਾਜ ਦੇ ਵੱਖ-ਵੱਖ ਪੋਲਿਟੈਕਨਿਕ ਕਾਲਜਾਂ ਨੇ ਭਾਗ ਲਿਆ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਅਗਵਾਈ ਹੇਠ ਮੇਹਰ ਚੰਦ ਪੋਲਿਟੈਕਨਿਕ ਕਾਲਜ ਨੇ ਇਸ ਟੂਰਨਾਮੈਂਟ ਵਿੱਚ ਚਾਰ ਖੇਡਾਂ ਵਿੱਚ ਭਾਗ ਲਿਆ। ਬੈਡਮਿੰਟਨ ਖੇਡ ਵਿੱਚ ਕਾਲਜ ਨੇ ਚੌਥੀ ਵਾਰ ਲਗਾਤਾਰ ਸੋਨੇ ਦਾ ਤਮਗਾ ਜਿੱਤ ਕੇ ਇਤਿਹਾਸ ਰਚਿਆ। ਇਸ ਖੇਡ ਦੇ ਮੈਂਟਰ ਅੰਕੁਸ਼ ਸ਼ਰਮਾ ਅਤੇ ਸਾਹਿਲ ਸੈਣੀ ਸਨ। ਟੀਮ ਮੈਂਟਰਾਂ ਨੇ ਦੱਸਿਆ ਕਿ ਲਗਾਤਾਰ ਚੌਥੀ ਵਾਰ ਸੋਨਾ ਜਿੱਤਣਾ ਬਹੁਤ ਹੀ ਚੁਣੌਤੀਪੂਰਨ ਸੀ। ਆਟੋਮੋਬਾਈਲ ਬ੍ਰਾਂਚ ਦੇ ਵਿਦਿਆਰਥੀ ਅਭਿਸ਼ੇਕ ਭੰਡਾਰੀ ਨੂੰ ਸਰਵੋਤਮ ਖਿਡਾਰੀ ਐਲਾਨ ਕੀਤਾ ਗਿਆ।ਕ੍ਰਿਕਟ ਖੇਡ ਵਿੱਚ ਵੀ ਕਾਲਜ ਨੇ ਬਹੁਤ ਹੀ ਰੋਮਾਂਚਕ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ।



## ਏ ਜੀ ਆਈ ਇਨਫਰਾ ਵੱਲੋਂ ਪ੍ਰਭਾਤ ਫੇਰੀ ਦਾ ਆਯੋਜਨ

**ਜਲੰਧਰ (ਰਾਜੇਸ਼ ਥਾਪਾ)**-ਜਲੰਧਰ ਹਾਈਟਸ 1, 2, 3, ਸਮਾਰਟ ਹੋਮਜ਼, ਮੈਕਸਿਮਾ ਅਤੇ ਅਰਬਾਨਾ ਦੇ ਹਜ਼ਾਰਾਂ ਨਿਵਾਸੀਆਂ ਨੇ ਪਵਿੱਤਰ ਸਮਾਗਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਪ੍ਰਭਾਤ ਫੇਰੀ 66-ਫੁੱਟ ਰੋਡ 'ਤੇ ਜਲੰਧਰ ਹਾਈਟਸ 1 ਵਿਖੇ ਗੁਰਦੁਆਰਾ ਸਾਹਿਬ ਤੋਂ ਸ਼ਬਦ ਕੀਰਤਨ ਅਤੇ 'ਸਤਿਨਾਮ ਵਾਹਿਗੁਰੂ ਜੀ' ਦੇ ਨਿਰੰਤਰ ਜਾਪ ਨਾਲ ਸ਼ੁਰੂ ਹੋਈ, ਜਿਸ ਨਾਲ ਇੱਕ ਡੂੰਘਾ ਭਗਤੀ ਵਾਲਾ ਮਾਹੌਲ ਬਣਿਆ। ਫਿਰ ਪ੍ਰਭਾਤ ਫੇਰੀ ਜਲੰਧਰ ਹਾਈਟਸ 2 ਪਹੁੰਚੀ, ਜਿੱਥੇ ਇਸ ਦਾ ਸਵਾਗਤ ਸਰਦਾਰ ਸੁਖਦੇਵ ਸਿੰਘ (ਐੱਮ ਡੀ, ਏ ਜੀ ਆਈ ਇੰਫਰਾ ਲਿਮਟਿਡ), ਸਲਵਿੰਦਰਜੀਤ ਕੌਰ, ਵਰਿੰਦਰ ਸਿੰਘ ਅਤੇ ਅਭਿਜੀਤ ਸਿੰਘ ਦੇ ਨਾਲ ਨਿਵਾਸੀਆਂ ਨੇ ਕੀਤਾ, ਜੋ ਪਵਿੱਤਰ ਮਾਰਚ ਵਿੱਚ ਸੰਗਤ ਵਿੱਚ ਸ਼ਾਮਲ ਹੋਏ। ਹਜ਼ਾਰਾਂ ਘਰਾਂ ਦੇ ਵਸਨੀਕਾਂ ਨੇ ਫੁੱਲਾਂ ਦੀ ਵਰਖਾ ਕੀਤੀ, ਪ੍ਰਸ਼ਾਦ ਚੜ੍ਹਾਇਆ ਅਤੇ ਲੰਗਰ ਲਾਏ ।ਪ੍ਰਭਾਤ ਫੇਰੀ ਏਜੀਆਈ ਇੰਫਰਾ ਲਿਮਟਿਡ ਦੇ ਕਾਰਪੋਰੇਟ ਦਫ਼ਤਰ ਵਿਖੇ ਸਮਾਪਤ ਹੋਈ, ਜਿੱਥੇ ਸੁਖਮਨੀ ਸਾਹਿਬ ਦਾ ਪਾਠ, ਗੁਰਬਾਣੀ ਕੀਰਤਨ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਕੰਪਲੈਕਸ ਵਿੱਚ ਗੁਰੂ ਕਾ ਲੰਗਰ ਵੀ ਲਗਾਇਆ ਗਿਆ, ਜਿੱਥੇ ਸੈਂਕੜੇ ਸ਼ਰਧਾਲੂਆਂ ਨੇ ਪਵਿੱਤਰ ਭੋਜਨ ਵਿੱਚ ਹਿੱਸਾ ਲਿਆ।



## ਅੱਖਾਂ ਦਾ ਫਰੀ ਮੈਡੀਕਲ ਕੈਂਪ ਲਗਾਇਆ

**ਅਲਾਵਲਪੁਰ, (ਮਦਨ ਬੰਗੜ)**- ਪ੍ਰਸਿੱਧ ਸਮਾਜ ਸੇਵੀ ਸੰਸਥਾ ਯੂਨਾਈਟਡ ਸਿੱਖ ਮਿਸ਼ਨ ਅਮਰੀਕਾ ਵੱਲੋਂ ਵੱਖ ਵੱਖ ਸਮੇਂ ਫਰੀ ਮੈਡੀਕਲ ਕੈਂਪ ਲਗਾਏ ਜਾਂਦੇ ਹਨ । ਇਸ ਸਾਲ ਵੀ ਪੰਜਾਬ ਦੇ ਵੱਖ ਵੱਖ ਇਲਾਕਿਆਂ ਵਿਚ ਸੰਸਥਾ ਦੇ ਫਾਉਂਡਰ ਅਤੇ ਚੇਅਰਮੈਂਨ ਰਛਪਾਲ ਸਿੰਘ ਢੀਂਡਸਾ ਦੀ ਅਗਵਾਈ ਹੇਠ ਚਲਾਈ ਜਾਂਦੀ ਅੱਖਾਂ ਦੇ ਮੁਫ਼ਤ ਅਪਰੇਸ਼ਨ ਕੈਂਪਾਂ ਦੀ ਲੜੀ ਅਧੀਨ ਤਰਲੋਚਨ ਸਿੰਘ ਰੰਗੀ ਅਮਰੀਕਾ ਦੇ ਵਿਸ਼ੇਸ਼ ਸਹਿਯੋਗ ਨਾਲ ਮਾਤਾ ਪਾਲ ਕੌਰ ਅਤੇ ਮਾਤਾ ਸਵਰਨ ਕੌਰ ਮੈਮੋਰੀਅਲ ਖਾਲਸਾ ਹੈਲਥ ਸੈਂਟਰ ਬਿਆਸ ਪਿੰਡ ਵਿਖੇ ਅੱਖਾਂ ਦਾ ਮੁਫ਼ਤ ਅਪਰੇਸ਼ਨ ਅਤੇ ਚੈੱਕਅਪ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਮਾਹਰ ਡਾਕਟਰਾਂ ਦੀ ਟੀਮ ਵੱਲੋਂ 359 ਦੇ ਕਰੀਬ ਮਰੀਜਾਂ ਦੀ ਜਾਂਚ ਕੀਤੀ ਗਈ ਜਿਨਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਉੱਥੇ 52 ਦੇ ਕਰੀਬ ਮਰੀਜਾਂ ਦੇ ਅਪਰੇਸ਼ਨ ਅਲਟਰਾ ਮਾਡਰਨ ਫੀਕੋ ਵਿਧੀ ਰਾਹੀਂ ਕਰਕੇ ਮੁਫ਼ਤ ਲੈਂਸ ਪਾਏ ਗਏ।



## ਖ਼ੂਨਦਾਨ ਕੈਂਪ ਲਗਾਇਆ

**ਮੁਹਾਲੀ, (ਗੁਰਜੀਤ ਬਿੱਲਾ)**-ਡੇਂਗੂ ਕਾਰਨ ਹਸਪਤਾਲਾਂ ਵਿੱਚ ਖ਼ੂਨ ਦੀ ਕਮੀ ਨੂੰ ਪੂਰਾ ਕਰਨ ਲਈ, ਐੱਲ ਬੀ ਐੱਮ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਦੇ ਐਮਡੀ ਤਰਸੇਮ ਕੁਮਾਰ ਅਤੇ ਰਾਮਪਵਨ ਕੁਮਾਰ ਨੇ ਸਵਰਗੀ ਮਾਤਾ ਬਿਮਲਾ ਦੇਵੀ ਦੀ 18ਵੀਂ ਬਰਸੀ ਮਨਾਉਣ ਲਈ, ਸੈਕਟਰ 75, ਮੋਹਾਲੀ ਦੇ ਇੰਡਸਟਰੀਅਲ ਏਰੀਆ ਸਥਿਤ ਆਪਣੇ ਦਫਤਰ ਵਿਖੇ ਖ਼ੂਨਦਾਨ ਕੈਂਪ ਲਗਾਇਆ। ਇਹ ਖ਼ੂਨਦਾਨ ਕੈਂਪ ਵਿਸ਼ਵਾਸ ਫਾਊਂਡੇਸ਼ਨ, ਪੰਚਕੂਲਾ ਅਤੇ ਇੰਡੀਅਨ ਰੈੱਡ ਕਰਾਸ ਸੋਸਾਇਟੀ, ਜ਼ਿਲ੍ਹਾ ਸ਼ਾਖਾ, ਮੋਹਾਲੀ ਦੇ ਸਹਿਯੋਗ ਨਾਲ ਲਗਾਇਆ ਗਿਆ ਸੀ। ਬਲੱਡ ਬੈਂਕ, ਜੀਐਮਸੀਐਚ, ਸੈਕਟਰ 32, ਚੰਡੀਗੜ੍ਹ ਦੀ ਟੀਮ ਨੇ ਡਾ. ਵਿਸ਼ਵਜੀਤ ਦੀ ਨਿਗਰਾਨੀ ਹੇਠ 40 ਯੂਨਿਟ ਖ਼ੂਨ ਇਕੱਠਾ ਕੀਤਾ।ਇਸ ਮੌਕੇ ਬੋਲਦਿਆਂ ਤਰਸੇਮ ਕੁਮਾਰ ਅਤੇ ਰਾਮਪਵਨ ਕੁਮਾਰ ਨੇ ਕਿਹਾ ਕਿ ਇਹ ਪਹਿਲ ਬਿਮਲਾ ਦੇਵੀ ਦੇ ਸਮਾਜ ਸੇਵਾ ਦੇ ਆਦਰਸ਼ਾਂ ਤੋਂ ਪ੍ਰੇਰਿਤ ਹੈ ਅਤੇ ਉਨ੍ਹਾਂ ਦੀ ਯਾਦ ਵਿੱਚ ਹਰ ਸਾਲ ਇਸ ਤਰ੍ਹਾਂ ਦੇ ਸਮਾਗਮ ਆਯੋਜਿਤ ਕੀਤੇ ਜਾਣਗੇ।ਵਿਸ਼ਵਾਸ ਫਾਊਂਡੇਸ਼ਨ ਨੇ ਸਾਰੇ ਖ਼ੂਨਦਾਨੀਆਂ ਨੂੰ ਧੰਨਵਾਦ ਵਜੋਂ ਤੋਹਫ਼ੇ ਭੇਟ ਕੀਤੇ। ਇਸ ਮੌਕੇ ਵਿਸ਼ਵਾਸ ਫਾਊਂਡੇਸ਼ਨ ਦੇ ਸ਼ਿਸ਼ੂਪਾਲ ਪਠਾਨੀਆ ਅਤੇ ਪਵਨ ਕੁਮਾਰ ਮੌਜੂਦ ਸਨ।



## ਭਾਰਤੀ ਗਿਆਨ ਪਰੰਪਰਾ ਵਿਸ਼ੇ 'ਤੇ ਵਰਕਸ਼ਾਪ



**ਫਗਵਾੜਾ (ਡਾ ਰਮਨ)**

ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਕਾਲਜ ਦੇ ਲਿਟਰੇਰੀ ਕਲੱਬ ਦੁਆਰਾ ਕੌਂਸਲ ਫਾਰ ਟੀਚਰ ਐਜੂਕੇਸ਼ਨ ਫਾਊਂਡੇਸ਼ਨ (ਸੀ ਟੀ ਈ ਐਫ) ਪੰਜਾਬ ਅਤੇ ਚੰਡੀਗੜ੍ਹ ਚੈਪਟਰ ਦੇ ਸਹਿਯੋਗ ਨਾਲ 'ਭਾਰਤੀ ਗਿਆਨ ਪਰੰਪਰਾ' ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕ ਸਿੱਖਿਆਰਥੀਆਂ ਨੂੰ ਭਾਰਤ ਦੀਆਂ ਰਵਾਇਤੀ ਗਿਆਨ ਪ੍ਰਣਾਲੀਆਂ ਅਤੇ ਅਜੋਕੇ ਸਮੇਂ ਵਿੱਚ ਉਹਨਾਂ ਦੀ ਸਾਰਥਿਕਤਾ ਤੋਂ ਜਾਣੂ ਕਰਾਉਣਾ ਸੀ। ਇਸ ਵਰਕਸ਼ਾਪ ਦੇ ਰਿਸੋਰਸ ਪਰਸਨ ਡਾ. ਸ਼ਕੁੰਤਲਾ ਨਾਗਪਾਲ, ਪ੍ਰੋਫੈਸਰ ਅਤੇ ਸਾਬਕਾ ਮੁਖੀ, ਡਿਪਾਰਟਮੈਂਟ ਆਫ ਟੀਚਰ ਐਜੂਕੇਸ਼ਨ ਐਂਡ ਐਕਸਟੈਂਸ਼ਨ, ਐੱਨ ਸੀ ਈ ਆਰ ਟੀ, ਨਵੀ ਦਿੱਲੀ, ਨੇ ਭਾਰਤ ਦੇ ਆਪਣੇ ਸਵਦੇਸ਼ੀ ਸਿੱਖਿਅਕ ਦਰਸ਼ਨ ਬਾਰੇ ਚਾਨਣਾ ਪਾਇਆ। ਇਸ ਮੌਕੇ ਦੇ ਮੁੱਖ ਮਹਿਮਾਨ ਵਜੋਂ ਪ੍ਰੇਮਪਾਲ ਪੱਬੀ, ਸਾਬਕਾ ਪ੍ਰਿੰਸੀਪਲ, ਰਾਮਗੜ੍ਹੀਆ ਸੀਨੀਅਰ ਸੈਕੰਡਰੀ ਸਕੂਲ, ਮੌਜੂਦਾ ਸਮੇਂ ਵਿੱਚ ਕਾਨੂੰਨੀ ਸਲਾਹਕਾਰ, ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਫਗਵਾੜਾ ਅਤੇ ਕਾਲਜ ਦੇ ਅਲੂਮਨੀ ਐਸੋਸੀਏਸ਼ਨ ਦੇ ਮੈਂਬਰ ਨੇ ਸ਼ਿਰਕਤ ਕੀਤੀ। ਉਹਨਾਂ ਨੇ ਕਾਲਜ ਦੀ ਇਸ ਬਹੁਮੁੱਲੀ ਵਰਕਸ਼ਾਪ ਦਾ ਆਯੋਜਨ ਕਰਨ ਲਈ ਸ਼ਲਾਘਾ ਕੀਤੀ । ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਆਏ ਹੋਏ ਮੁੱਖ ਮਹਿਮਾਨ ਅਤੇ ਰਿਸੋਰਸ ਪਰਸਨ ਦਾ ਨਿੱਘਾ ਸੁਆਗਤ ਕੀਤਾ ਅਤੇ ਭਾਰਤੀ ਗਿਆਨ ਪਰੰਪਰਾ ਨੂੰ ਅਧਿਆਪਕ ਸਿੱਖਿਆ ਦੇ ਇੱਕ ਅਨਿੱਖੜਵੇਂ ਅੰਗ ਵਜੋਂ ਸੰਭਾਲਣ ਦੀ ਮਹੱਤਤਾ 'ਤੇ ਜ਼ੋਰ ਪਾਇਆ।

## ਨਸ਼ਿਆਂ ਖ਼ਿਲਾਫ਼ ਸੈਮੀਨਾਰ



**ਮੋਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਐਸ ਏ ਐਸ ਨਗਰ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ਼ ਅਤੇ ਟ੍ਰੈਫਿਕ ਜਾਗਰੂਕਤਾ ਮੁਹਿੰਮ ਤਹਿਤ ਕੇਂਦਰੀ ਵਿਦਿਆਲਿਆ, ਸੈਕਟਰ 80, ਮੋਹਾਲੀ ਵਿੱਚ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਹ ਸੈਮੀਨਾਰ ਸੀਨੀਅਰ ਕਪਤਾਨ ਪੁਲਸ ਹਰਮਨਦੀਪ ਸਿੰਘ ਹਾਂਸ ਅਤੇ ਕਪਤਾਨ ਪੁਲਿਸ (ਟ੍ਰੈਫਿਕ) ਨਵਨੀਤ ਸਿੰਘ ਮਾਹਲ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਹੇਠ ਉਪ ਕਪਤਾਨ ਪੁਲਿਸ (ਟ੍ਰੈਫਿਕ) ਕਰਨੈਲ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ।ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਖੇਡਾਂ ਵੱਲ ਰੁਝਾਨ ਵਧਾਉਣ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਉਹਨਾਂ ਨੂੰ ਸਲਾਹ ਦਿੱਤੀ ਗਈ ਕਿ ਵਹੀਕਲ ਚਲਾਉਂਦੇ ਸਮੇਂ ਮੋਬਾਈਲ ਫੋਨ ਦੀ ਵਰਤੋਂ ਨਾ ਕਰਨ, ਸਹੀ ਲਾਈਨ ਵਿੱਚ ਡਰਾਈਵਿੰਗ ਕਰਨ ਅਤੇ ਲੇਨ ਬਦਲਣ ਸਮੇਂ ਇੰਡਿਕੇਟਰ ਦੀ ਵਰਤੋਂ ਕਰਨ।

## ਸਰਕਾਰ ਦੀਆਂ ਏਡਿਡ ਸਕੂਲ ਮਾਰੂ ਨੀਤੀਆਂ ਵਿਰੁੱਧ ਕੀਤਾ ਜਾਵੇਗਾ ਜੇਲ੍ਹ ਭਰੋ ਅੰਦੋਲਨ : ਮੋਨਿਕਾ ਸ਼ਰਮਾ

**ਫਗਵਾੜਾ (ਡਾ. ਰਮਨ)**-ਕਪੂਰਥਲਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਦੀ ਇੱਕ ਜ਼ਰੂਰੀ ਮੀਟਿੰਗ ਰਾਮਗੜ੍ਹੀਆ ਗਰਲਜ ਸੀ ਸੈ ਸਕੂਲ, ਪੁਰਾਣਾ ਡਾਕਖਾਨਾ ਰੋਡ ਫਗਵਾੜਾ ਵਿਖੇ ਜ਼ਿਲ੍ਹਾ ਪ੍ਰਧਾਨ ਮੋਨਿਕਾ ਸ਼ਰਮਾ ਦੀ ਅਗਵਾਈ ਵਿਚ ਆਯੋਜਿਤ ਕੀਤੀ ਗਈ ਜਿਸ ਵਿੱਚ ਮੌਜੂਦ ਸਕੂਲ ਮੈਨੇਜਮੈਂਟਾਂ, ਸਮਾਜ ਸੇਵੀ ਸੰਸਥਾਵਾਂ ਤੇ ਸਮੂਹ ਕਰਮਚਾਰੀਆਂ ਨੇ ਇੱਕ ਸੁਰ ਵਿੱਚ ਸਰਕਾਰ ਦੀ ਏਡਿਡ ਸਕੂਲਾਂ ਪ੍ਰਤੀ ਮਾਰੂ ਨੀਤੀ ਦਾ ਵਿਰੋਧ ਕੀਤਾ ਨਾਲ ਹੀ ਐਲਾਨ ਕੀਤਾ ਕਿ ਕਪੂਰਥਲਾ ਜਿਲ੍ਹੇ ਦੇ ਸਾਰੇ ਏਡਿਡ ਸਕੂਲ ਕਰਮਚਾਰੀ, ਸੂਬੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ, ਹੋਰ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਨਾਲ ਰਲ਼ ਕੇ 7 ਨਵੰਬਰ ਨੂੰ ਤਰਨ ਤਾਰਨ ਸਾਹਿਬ ਦੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਸਾਹਮਣੇ ਗ੍ਰਿਫ਼ਤਾਰੀਆਂ ਦੇਣਗੇ ਕਿਉਂਕਿ ਤਰਨਤਾਰਨ ਸਾਹਿਬ ਵਿਖੇ ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ, ਪੰਜਾਬ ਏਡਿਡ ਸਕੂਲ ਪੈਨਸ਼ਨਰ ਐਸੋਸੀਏਸ਼ਨ ਅਤੇ ਏਡਿਡ ਸਕੂਲ ਮੈਨੇਜਮੈਂਟ ਐਸੋਸੀਏਸ਼ਨ ਪੰਜਾਬ ਦੀ ਇੱਕ ਵਿਸ਼ੇਸ਼ ਮੀਟਿੰਗ ਤਰਨਤਾਰਨ ਵਿਖੇ ਕੀਤੀ ਗਈ ਸੀ, ਇਸ ਹੰਗਾਮੀ ਮੀਟਿੰਗ ਵਿੱਚ ਤਿੰਨੋ ਜਥੇਬੰਦੀਆਂ ਨੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਸੀ ਕਿ ਅਗਰ ਸਰਕਾਰ ਵੱਲੋਂ 6 ਨਵੰਬਰ ਤੱਕ ਪੰਜਾਬ ਦੇ ਸਮੁੱਚੇ ਏਡਡ ਸਕੂਲਾਂ ਦੀ ਅਪ੍ਰੈਲ ਤੋਂ ਦਸੰਬਰ 2025 ਤੱਕ ਦੀ ਤਨਖਾਹ ਗਰਾਂਟ ਜਾਰੀ ਨਾ ਕੀਤੀ ਤਾਂ 7 ਨਵੰਬਰ ਨੂੰ ਤਿੰਨੋ ਜਥੇਬੰਦੀਆਂ ਤਰਨ ਤਾਰਨ ਦੇ ਬਾਜ਼ਾਰਾਂ ਵਿੱਚ ਭਾਰੀ ਰੋਸ ਮੁਜ਼ਾਹਰੇ ਕਰਨ ਤੋਂ ਬਾਅਦ ਡੀ. ਸੀ ਦਫਤਰ ਤਰਨਤਾਰਨ ਵਿਖੇ ਆਪਣੀਆਂ 1700 ਵਰਕਿੰਗ ਅਤੇ 6000 ਸੇਵਾ ਮੁਕਤ ਅਧਿਆਪਕ ਤੇ ਹੋਰ ਕਰਮਚਾਰੀ ਆਪਣੀਆਂ ਗ੍ਰਿਫਤਾਰੀਆਂ ਦੇਣਗੇ ਤੇ ਜੇਲ ਭਰੋ ਅੰਦੋਲਨ ਦਾ ਆਗਾਜ਼ ਕਰ ਦੇਣਗੇ। ਇਸ ਦੇ ਨਾਲ ਨਾਲ ਇਹ ਵੀ ਐਲਾਨ ਕੀਤਾ ਗਿਆ ਕਿ ਅਗਰ ਸਰਕਾਰ ਗ੍ਰਿਫਤਾਰੀਆਂ ਨਹੀਂ ਕਰਦੀ ਤਾਂ 8 ਅਤੇ 9 ਨਵੰਬਰ ਨੂੰ ਤਰਨ ਤਾਰਨ ਸਾਹਿਬ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਕਸਬਿਆਂ ਅਤੇ ਪਿੰਡਾਂ ਵਿੱਚ ਭਾਰੀ ਰੋਸ ਮੁਜਾਹਰੇ ਕਰਕੇ ਲੋਕਾਂ ਨੂੰ ਦੱਸਿਆ ਜਾਵੇਗਾ ਕਿ ਇੱਕ ਲੱਖ 76 ਹਜ਼ਾਰ ਬੱਚਿਆਂ ਨੂੰ ਪੜਾਉਣ ਵਾਲੇ ਏਡਡ ਸਕੂਲਾਂ ਦੇ ਅਧਿਆਪਕ ਪਿਛਲੇ ਅੱਠ ਮਹੀਨਿਆਂ ਤੋਂ ਬਿਨਾਂ ਤਨਖਾਹਾਂ ਤੋਂ ਗੁਜ਼ਾਰਾ ਕਰ ਰਹੇ।





## ਸ਼ਹੀਦੀ ਸ਼ਤਾਬਦੀ ਮੌਕੇ ਸ਼ਰਧਾਲੂਆਂ ਦੀ ਸਹੂਲਤ ਲਈ ਹੋਣਗੇ ਪੁਖਤਾ ਪ੍ਰਬੰਧ-ਪੂਜਾ ਸਿਆਲ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪੂਜਾ ਸਿਆਲ ਗਰੇਵਾਲ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਅਨੰਦਪੁਰ ਸਾਹਿਬ ਨੇ ਕਿਹਾ ਹੈ ਕਿ ਨੌਵੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਮੌਕੇ ਸ਼ਰਧਾਲੂਆਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਸਮਾਗਮਾਂ ਦੌਰਾਨ ਆਪਣੀ ਡਿਊਟੀ ਸੇਵਾਂ ਦੀ ਭਾਵਨਾਂ ਨਾਲ ਕੀਤੀ ਜਾਵੇ। ਬੀਤੇ ਦਿਨ ਇਸ ਸਬੰਧ ਵਿੱਚ ਉਪ ਮੰਡਲ ਦਫਤਰ ਦੇ ਮੀਟਿੰਗ ਹਾਲ ਵਿੱਚ ਰੱਖੀ ਇੱਕ ਵਿਸੇਸ਼ ਮੀਟਿੰਗ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਦੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ ਦੀਆਂ ਸੰਭਾਵਨਾਵਾਂ ਨੂੰ ਧਿਆਨ ਵਿਚ ਰੱਖਦੇ ਹੋਏ ਸਾਰੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਜਿਲ੍ਹੇ ਦੇ ਲਗਭਗ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਚੱਲ ਰਹੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਕੰਮਾਂ ਵਿਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ 15 ਨਵੰਬਰ ਤੱਕ ਸਾਰੀਆ ਤਿਆਰੀਆਂ ਪੂਰੀਆਂ ਕਰਨ ਦਾ ਟੀਚਾ ਮਿਥਿਆ ਹੈ ਅਤੇ ਪ੍ਰਸਾਸ਼ਨ ਨੂੰ ਪੂਰੀ ਆਸ ਹੈ ਕਿ ਨਿਸ਼ਚਿਤ ਮਿਤੀ ਤੋ ਪਹਿਲਾ ਸਾਰੇ ਵਿਭਾਗ ਆਪਣੇ ਕੰਮ ਮੁਕੰਮਲ ਕਰ ਲੈਣਗੇ। ਉਨ੍ਹਾਂ ਨੇ ਖਾਸ ਤੌਰ ਤੇ ਰਿਹਾਇਸ਼ ਦੇ ਪ੍ਰਬੰਧਾਂ ਦਾ ਜਾਇਜਾ ਲਿਆ।

## ਖ਼ਾਲਸਾ ਕਾਲਜ ਨੇ ਖੇਤਰੀ ਯੁਵਕ ਮੇਲੇ 'ਚ ਜਿੱਤੀ ਓਵਰਆਲ ਟਰਾਫੀ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**-ਦੋਆਬਾ ਗਰੁੱਪ ਆਫ ਕਾਲਜਿਜ਼ ਘਟੌਰ, ਖਰੜ ਵਿਖੇ ਹੋਏ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਰੋਪੜ-ਫ਼ਤਹਿਗੜ੍ਹ ਸਾਹਿਬ ਖੇਤਰੀ ਯੁਵਕ ਮੇਲੇ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਆਨੰਦਪੁਰ ਸਾਹਿਬ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ 65 ਕਾਲਜਾਂ ਨੂੰ ਪਛਾੜਦੇ ਹੋਏ ਓਵਰਆਲ ਟਰਾਫੀ ਤੇ ਕਬਜ਼ਾ ਕਰਕੇ ਇਤਿਹਾਸਕ ਜਿੱਤ ਦਰਜ ਕੀਤੀ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਾਲਜ ਦੇ ਇਸ ਸ਼ਾਨਦਾਰ ਪ੍ਰਦਰਸ਼ਨ 'ਤੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਸਿੱਖ ਵਿਦਿਅਕ ਅਦਾਰੇ ਹਮੇਸ਼ਾ ਵਿਦਿਆਰਥੀਆਂ ਵਿੱਚ ਗੁਰਮਤਿ ਗਿਆਨ, ਨੈਤਿਕਤਾ, ਖੇਡਾਂ ਦੇ ਖੇਤਰ ਅਤੇ ਕਲਾ ਪ੍ਰਤੀ ਰੁਝਾਨ ਪੈਦਾ ਕਰਨ ਵਿੱਚ ਮੋਹਰੀ ਰਹੇ ਹਨ। ਸਾਬਕਾ ਸਿੱਖਿਆ ਮੰਤਰੀ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਖਾਲਸਾ ਕਾਲਜ ਦੀ ਇਹ ਵੱਡੀ ਜਿੱਤ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ। ਡੀਨ ਕਲਚਰਲ ਪ੍ਰੋ. ਜੇ.ਪੀ. ਸਿੰਘ ਨੇ ਨਤੀਜੇ ਸਾਂਝੇ ਕਰਦੇ ਹੋਏ ਦੱਸਿਆ ਕਿ ਖਾਲਸਾ ਕਾਲਜ ਨੇ ਖੇਤਰੀ ਯੁਵਕ ਮੇਲੇ ਵਿੱਚ ਸਾਰੇ ਕਾਲਜਾਂ ਨੂੰ ਪਛਾੜਦੇ ਹੋਏ ਓਵਰਆਲ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਤੇ ਇਸ ਤੋਂ ਇਲਾਵਾ ਕਾਲਜ ਨੇ ਓਵਰਆਲ ਮਿਊਜ਼ਿਕ, ਲਿਟਰੇਰੀ, ਡਾਂਸ ਅਤੇ ਹੈਰਿਟੇਜ ਆਈਟਮਾਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਕਾਲਜ ਨੇ ਭੰਗੜਾ, ਗਰੁੱਪ ਸ਼ਬਦ, ਗ਼ਜ਼ਲ, ਇੰਡਿਅਨ ਗਰੁੱਪ ਸਾਂਗ, ਕਲਚਰਲ ਕੁਇਜ਼, ਕਰੋਸ਼ੀਆ, ਪੱਖੀ ਬਣਾਉਣਾ, ਪਰਾਂਦਾ ਬਣਾਉਣਾ, ਟੋਕਰਾ, ਸ਼ਿੱਕੂ, ਪੀੜ੍ਹੀ, ਇੰਨੂ ਤੇ ਖਿਦੋ ਬਣਾਉਣਾ, ਵੈਸਟਰਨ ਸੋਲੋ ਸਾਂਗ, ਲੋਕ ਗੀਤ, ਫੋਕ ਇੰਸਟ੍ਰੂਮੈਂਟ, ਡਿਬੇਟ, ਗਿੱਧਾ, ਕਲਾਸੀਕਲ ਡਾਂਸ, ਨਾਨ ਪ੍ਰਕਸ਼ਨ, ਕਲੀ ਤੇ ਵਾਰ ਗਾਇਨ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਇਸ ਦੇ ਨਾਲ ਹੀ ਕਾਲਜ ਦੇ ਵਿਦਿਆਰਥੀਆਂ ਨੇ ਸਾਹਿਤਕ ਗੀਤ , ਜਰਨਲ ਕੁਇਜ਼, ਨਾਲਾ ਬਣਾਉਣਾ, ਰੱਸਾ ਵੱਟਣਾ, ਝੂਮਰ, ਵੈਸਟਰਨ ਗਰੁੱਪ ਸਾਂਗ, ਲਘੂ ਫ਼ਿਲਮ, ਮੁਹਾਵਰੇਦਾਰ ਵਾਰਤਾਲਾਪ, ਫੋਟੋਗ੍ਰਾਫੀ, ਮਿਮਿਕਰੀ, ਫੋਕ ਆਰਕੇਸਟਰਾ, ਰਿਵਾਇਤੀ ਲੋਕ ਗੀਤ, ਪ੍ਰਕਸ਼ਨ, ਕਵੀਸ਼ਰੀ ਵਿਚ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਕਾਲਜ ਵੱਲੋ ਮਾਈਮ, ਸਕਿਟ, ਕਲਾਸੀਕਲ ਵੋਕਲ, ਕਢਾਈ, ਮਿੱਟੀ ਦੇ ਖਿਡੌਣੇ, ਲੁੱਡੀ (ਲੜਕੀਆਂ), ਵੈਸਟਰਨ ਇੰਸਟ੍ਰੂਮੈਂਟ, ਇੰਸਟਾਲੇਸ਼ਨ, ਨਾਟਕ, ਡਕਲਾਮੇਸ਼ਨ, ਕਵਿਤਾ, ਰਿਵਾਇਤੀ ਪਹਿਰਾਵਾ ਆਦਿ ਆਈਟਮਾਂ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਗਿਆ । ਦੋਆਬਾ ਕਾਲਜ ਵਿਖੇ ਖੇਤਰੀ ਯੁਵਕ ਮੇਲੇ ਦੇ ਆਖਰੀ ਦਿਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈਕਿਸ਼ਨ ਸਿੰਘ ਰੋੜੀ ਵੱਲੋਂ ਜੇਤੂ ਟਰਾਫੀਆਂ ਦੇ ਕੇ ਕਾਲਜ ਨੂੰ ਨਿਵਾਜਿਆ ਗਿਆ।

## ਹਰਿਆਣਾ ਕੈਬਨਿਟ ਵੱਲੋਂ ਸਿੱਖ ਵਿਰੋਧੀ ਦੰਗਾ ਪੀੜਤਾਂ ਦੇ ਪਰਵਾਰਾਂ ਲਈ ਰੁਜ਼ਗਾਰ-ਸਹਾਇਤਾ ਨੂੰ ਮਨਜ਼ੂਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਇੱਥੇ ਹੋਈ ਹਰਿਆਣਾ ਕੈਬਨਿਟ ਦੀ ਮੀਟਿੰਗ ਵਿੱਚ ਰਾਜ ਵਿੱਚ 1984 ਦੇ ਸਿੱਖ ਵਿਰੋਧੀ ਦੰਗਿਆਂ ਵਿੱਚ ਮਾਰੇ ਗਏ ਹਰਿਆਣਾ ਦੇ ਪਰਵਾਰਾਂ ਚਾਹੇ ਉਨ੍ਹਾਂ ਦੀ ਮੌਤ ਹਰਿਆਣਾ ਰਾਜ ਵਿੱਚ ਹੋਈ ਹੋਵੇ ਜਾਂ ਇਸ ਤੋਂ ਬਾਹਰ ਹੋਈ ਹੋਵੇ, ਅਜਿਹੇ ਪਰਵਾਰਾਂ ਦੇ ਇੱਕ ਮੌਜੂਦਾ ਮੈਂਬਰ ਨੂੰ ਅਨੁਕੰਪਾਂ ਆਧਾਰ 'ਤੇ ਰੁਜ਼ਗਾਰ ਦੇਣ ਲਈ ਕੰਟ੍ਰੈਕਟ ਆਧਾਰ 'ਤੇ ਨਿਯੁਕਤੀ ਦੇਣ ਦੀ ਨੀਤੀ, 2022 ਵਿੱਚ ਸੋਧ ਨੂੰ ਮੰਜ਼ੂਰੀ ਦੇ ਦਿੱਤੀ ਹੈ।ਇਹ ਫੈਸਲਾ ਮੁੱਖ ਮੰਤਰੀ ਵੱਲੋਂ 25 ਅਗਸਤ 2025 ਨੂੰ ਹਰਿਆਣਾ ਵਿਧਾਨ ਸਭਾ ਵਿੱਚ ਕੀਤੇ ਗਏ ਐਲਾਨ ਨੂੰ ਲਾਗੂ ਕਰਦਾ ਹੈ, ਜੋ ਪੀੜਤ ਪਰਿਵਾਰਾਂ ਦੀ ਭਲਾਈ ਅਤੇ ਮੁੜ ਵਸੇਬਾ ਦੇ ਪ੍ਰਤੀ ਰਾਜ ਸਰਕਾਰ ਦੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ।ਇਸ ਸੋਧ ਤਹਿਤ, ਨੀਤੀ ਵਿੱਚ ਇੱਕ ਨਵਾਂ ਕਲੋਜ਼ ਜੋੜਿਆ ਗਿਆ ਹੈ, ਜਿਸ ਦੇ ਤਹਿਤ ਦੰਗਾਂ ਪੀੜਤਾਂ ਦੇ ਸਰਵਸੰਮਤੀ ਨਾਲ ਚੌਣ ਕੀਤੇ ਗਏ ਮੌਜੂਦਾ ਪਰਿਵਾਰ ਦੇ ਇੱਕ ਮੈਂਬਰ ਨੂੰ ਹਰਿਆਣਾ ਕੌਸ਼ਲ ਰੁਜ਼ਗਾਰ ਨਿਗਮ (ਐਚਕੇਆਰਐਨ) ਰਾਹੀਂ ਲੇਵਲ-੧, ਲੇਵਲ-੧੧ ਅਤੇ ਲੇਵਲ- ੧੧੧ ਕੈਟੇਗਰੀ ਵਿੱਚ ਉਪਯੁਕਤ ਨੌਕਰੀ ਲਈ ਵਿਚਾਰ ਕੀਤਾ ਜਾਵੇਗਾ, ਜੋ ਐਚਕੇਆਰਐਨ ਵੱਲੋਂ ਨਿਰਧਾਰਿਤ ਵਿਦਿਅਕ ਯੋਗਤਾ ਅਤੇ ਯੋਗਤਾ ਮਾਣਦੰਡਾਂ 'ਤੇ ਨਿਰਭਰ ਕਰੇਗਾ।ਜੇਕਰ ਕਿਸੇ ਵਿਭਾਗ ਵਿੱਚ ਸਾਰੇ ਅਹੁਦੇ ਭਰੇ ਹੋਏ ਹਨ, ਤਾਂ ਐੱਚ ਕੇ ਆਰ ਐੱਨ ਯੋਗ ਵਿਅਕਤੀ ਨੂੰ ਰੁਜ਼ਗਾਰ ਯਕੀਨੀ ਕਰਨ ਲਈ ਕਿਸੇ ਹੋਰ ਵਿਭਾਗ ਵਿੱਚ ਜਾਂ ਆਪਣੇ ਹੀ ਸੰਸਥਾਨ ਵਿੱਚ ਏਡਜਸਟ ਕਰੇਗਾ।

## ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਨਗਰ ਕੀਰਤਨ ਸਜਾਇਆ



**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)**

ਪਹਿਲੀ ਪਾਤਸ਼ਾਹੀ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ 556 ਸਾਲਾਂ ਪ੍ਰਕਾਸ਼ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 5 ਨਵੰਬਰ ਦਿਨ ਬੁੱਧਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਪ੍ਰਬੰਧਕ ਕਮੇਟੀ ਗੁਰਦੁਆਰਾ ਸ਼ਹੀਦ ਬਾਬਾ ਮਹਿਤਾਬ ਸਿੰਘ ਜੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਆਧੀ ਜ਼ਿਲ੍ਹਾ ਜਲੰਧਰ ਵਿਖੇ ਮਨਾਇਆ ਜਾ ਰਿਹਾ ਹੈ। ਕਮੇਟੀ ਦੇ ਪ੍ਰਧਾਨ ਪਰਮਜੀਤ ਸਿੰਘ ਨੇ ਦੱਸਿਆ ਕਿ ਪ੍ਰਭਾਤ ਫੇਰੀਆਂ ਦੀ ਅਰੰਭਤਾ ਅੰਮ੍ਰਿਤ ਵੇਲੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆ ਕੀਤੀ ਗਈ। ਪ੍ਰਭਾਤ ਫੇਰੀ ਵਿਚ ਵੱਖ ਵੱਖ ਪੜਾਵਾਂ ਤੇ ਸ਼ਰਧਾਲੂਆਂ ਨੇ ਚਾਹ, ਪਕੋੜਿਆਂ ਅਤੇ ਮਠਿਆਈ ਦੇ ਲੰਗਰ ਲਗਵਾਏ। 3 ਨਵੰਬਰ ਨੂੰ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਤੇ 4 ਨਵੰਬਰ ਦਿਨ ਮੰਗਲਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ ਅਤੇ 5 ਨਵੰਬਰ ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ ਕਵੀਸ਼ਰ, ਪ੍ਰਚਾਰਕ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।ਇਸ ਮੌਕੇ ਤੇ ਮੁੱਖ ਸੇਵਾਦਾਰ ਭਾਈ ਜਗਤਾਰ ਸਿੰਘ ਯੂਕੇ ਸੈਕਟਰੀ ਜੋਗਿੰਦਰ ਸਿੰਘ ਪਦਮ, ਬਲਵੀਰ ਸਿੰਘ ਨਾਹਲ, ਸੁਖਵਿੰਦਰ ਸਿੰਘ, ਅਵਤਾਰ ਸਿੰਘ, ਸੁਰਿੰਦਰ ਸਿੰਘ, ਬਲਜੀਤ ਸਿੰਘ, ਗ੍ਰੰਥੀ ਭਾਈ ਰਣਜੀਤ ਸਿੰਘ, ਗ੍ਰੰਥੀ ਭਾਈ ਗੁਰਮੀਤ ਸਿੰਘ, ਰੇਸ਼ਮ ਸਿੰਘ ਪੰਚ, ਆਦਿ ਹੋਰ ਬਹੁਤ ਸਾਰੇ ਸੇਵਾਦਾਰ ਹਾਜ਼ਰ ਸਨ ।

## ਵਿਕਾਸ ਪਰਿਯੋਜਨਾਵਾਂ ਲਈ ਸਰਕਾਰ ਨੂੰ ਜ਼ਮੀਨ ਦੇਣ ਦੀ ਨੀਤੀ 'ਚ ਸੋਧ ਦੇ ਪ੍ਰਸਤਾਵ ਨੂੰ ਮਨਜ਼ੂਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਇੱਥੇ ਹੋਈ ਹਰਿਆਣਾ ਕੈਬਨਿਟ ਦੀ ਮੀਟਿੰਗ ਵਿੱਚ ਵਿਕਾਸ ਪਰਿਯੋਜਨਾਵਾਂ ਤਹਿਤ ਵਿਭਾਗਾਂ, ਸਰਕਾਰੀ ਅਦਾਰਿਆਂ, ਬੋਰਡਾਂ, ਨਿਗਮਾਂ ਅਤੇ ਸਰਕਾਰੀ ਕੰਪਨੀਆਂ ਨੂੰ ਸਵੇਛਾ ਨਾਲ ਦਿੱਤੀ ਜਾਣ ਵਾਲੀ ਜ਼ਮੀਨ ਦੀ ਖਰੀਦ ਸਬੰਧੀ ਨੀਤੀ, 2025 ਵਿੱਚ ਸੋਧ ਦੇ ਪ੍ਰਸਤਾਵ ਨੂੰ ਮੰਜੂਰੀ ਦਿੱਤੀ ਗਈ।ਸੋਧ ਤਹਿਤ ਉਕਤ ਨੀਤੀ ਦੇ ਪੈਰਾ 4 ਦੇ ਉੱਪ-ਪੈਰਾ 4.1 ਵਿੱਚ ਮੰਜੂਰ ਸਹਿਮਤੀ/ਪ੍ਰਸਤਾਵ ਨਾਲ ਸਬੰਧਿਤ ਇੱਕ ਨਵਾਂ ਪ੍ਰਾਵਧਾਨ ਜੋੜਿਆ ਗਿਆ ਹੈ। ਇਸ ਪ੍ਰਾਵਧਾਨ ਅਨੁਸਾਰ, ਜੇਕਰ ਕੋਈ ਭੂ-ਮਾਲਿਕ ਖੁਦ ਜਾਂ ਕਿਸੇ ਏਗਰੀਗੇਟਰ ਰਾਹੀਂ ਈ-ਭੂਮੀ ਪੋਰਟਲ 'ਤੇ ਆਪਣੀ ਸਹਿਮਤੀ ਅਪਲੋਡ ਕਰਦਾ ਹੈ ਅਤੇ ਉਹ ਉੱਪ ਪੈਰਾ 5(ਜਜ) ਅਤੇ (ਜਜਜ)/6 (ਜਜ) ਅਤੇ (ਜਜਜ) ਵਿੱਚ ਵਰਨਣ ਸਾਰੀ ਸ਼ਰਤਾਂ ਨੂੰ ਪੂਰਾ ਕਰਦਾ ਹੈ , ਤਾਂ ਅਜਿਹੀ ਸਹਿਮਤੀ ਨੂੰ ਵੈਧ ਮੰਨਿਆ ਜਾਵੇਗਾ।

ਪਹਿਲਾਂ ਵਿੱਚ, ਮੌਜੂਦਾ ਪ੍ਰਾਵਧਾਨਾਂ ਦੇ ਤਹਿਤ ਭੂ-ਮਾਲਿਕ (ਖੁਦ ਅਤੇ ਏਗਰੀਨੇਟਰ ਰਾਹੀਂ) ਈ-ਭੂਮੀ ਪੋਰਟਲ 'ਤੇ ਆਪਣੀ ਭੂਮੀ ਦਾ ਪ੍ਰਸਤਾਵ ਸਿਰਫ ਸਬੰਧਿਤ ਜਿਲ੍ਹਾ ਦੇ ਕਲੈਕਟਰ ਦਰ ਤੋਂ ਵੱਧ ਤੋਂ ਵੱਧ ਤਿੰਨ ਗੁਣਾ ਦਰ ਤੱਕ ਹੀ ਦੇ ਸਕਦਾ ਸੀ, ਜੋ ਭਾਰਤੀ ਸਟਾਂਪ ਐਕਟ, 1899 ਤਹਿਤ ਨਿਰਧਾਰਿਤ ਹੁੰਦੀ ਹੇ।

# ਮੋਹਾਲੀ ਪੁਲਸ ਨੇ ਅੰਨ੍ਹੇ ਕਤਲ ਦੀ ਗੁੱਥੀ ਸੁਲਝਾਈ, ਦੋ ਗ੍ਰਿਫ਼ਤਾਰ, ਇੱਕ ਫ਼ਰਾਰ



**ਮੋਹਾਲੀ, (ਗੁਰਜੀਤ ਬਿੱਲਾ)**

ਜ਼ਿਲ੍ਹਾ ਪੁਲਸ ਨੇ ਕੁਝ ਦਿਨ ਪਹਿਲਾਂ ਗੁੰਮ ਹੋਏ ਵਿਅਕਤੀ ਅਨਿਲ ਕੁਮਾਰ ਦੇ ਕਤਲ ਦੇ ਦੋਸ਼ ਵਿੱਚ ਤਿੰਨ ਵਿਅਕਤੀਆਂ ਖਿਲਾਫ ਪਰਚਾ ਦਰਜ ਕਰਕੇ ਉਹਨਾਂ ਵਿੱਚੋਂ ਦੋ ਨੂੰ ਗਿਰਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਐੱਸ ਪੀ ਸਿਟੀ ਦਿਲਪ੍ਰੀਤ ਸਿੰਘ ਤੇ ਉਪ ਕਪਤਾਨ ਪੁਲਿਸ ਸਿਟੀ 2 ਹਰਸਿਮਰਨ ਸਿੰਘ ਬਲ ਨੇ ਦੱਸਿਆ ਕਿ 29 ਅਕਤੂਬਰ ਨੂੰ ਮੋਹਾਲੀ ਦੇ ਫੇਸ ਅੱਠ ਥਾਣਾ ਵਿਖੇ ਦਰਜ ਮੁਕਦਮਾ ਨੰਬਰ 110 ਅਧੀਨ ਧਾਰਾ 127 (4), 3 (5) ਅਤੇ ਵਾਧਾ ਜੁਰਮ 140 (3), 103 (1) ਭਾਰਤੀ ਨਿਆਂ ਸੰਘਤਾ ਤਹਿਤ ਗੁਮਸ਼ੁਦਾ ਅਨਿਲ ਕੁਮਾਰ ਵਾਸੀ ਮਾਨਸਾ ਹਾਲ ਵਾਸੀ ਕੁੰਭੜਾ ਦੀ ਤਲਾਸ਼ ਲਈ ਐੱਸ ਐੱਚ ਓ ਸਤਨਾਮ ਸਿੰਘ ਦੀ ਅਗਵਾਈ ਹੇਠ ਇਕ ਟੀਮ ਬਣਾਈ ਗਈ ਸੀ। ਤਫਤੀਸ਼ ਦੌਰਾਨ ਪਤਾ ਲੱਗਾ ਕਿ ਅਨਿਲ ਕੁਮਾਰ ਨੂੰ ਨਾਮਲੂਮ ਵਿਅਕਤੀਆਂ ਵੱਲੋਂ ਮੌਤ ਦੇ ਘਾਟ ਉਤਾਰ ਕੇ ਉਸ ਦੀ ਲਾਸ਼ ਨੂੰ ਕਿਧਰੇ ਖਪਾ ਦਿੱਤਾ ਗਿਆ ਹੈ। ਨਤੀਜੇ ਵਜੋਂ 3 ਨਵੰਬਰ ਨੂੰ ਉਕਤ ਮੁਕਦਮੇ ਵਿੱਚ ਜੁਰਮ ਵਿੱਚ ਵਾਧਾ ਕਰਕੇ ਦੋ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਦੀ ਨਿਸ਼ਾਨਦੇਹੀ ਤੇ ਸੈਕਟਰ 53 ਚੰਡੀਗੜ੍ਹ ਦੇ ਜੰਗਲਾਂ ਵਿੱਚੋਂ ਮ੍ਰਿਤਕ ਅਨਿਲ ਕੁਮਾਰ ਦੀ ਲਾਸ਼ ਬਰਾਮਦ ਕੀਤੀ ਗਈ। ਕਤਲ ਲਈ ਵਰਤਿਆ ਗਿਆ ਹਥਿਆਰ ਅਤੇ ਮ੍ਰਿਤਕ ਦਾ ਮੋਟਰਸਾਈਕਲ ਬਰਾਮਦ ਕਰਨਾ ਬਾਕੀ ਹੈ।ਦੋਸ਼ੀਆਂ ਵਿੱਚੋਂ ਛੋਟੇ ਲਾਲ ਉਰਫ ਨੀਰਜ ਪੁੱਤਰ ਪਰਸ਼ੂ ਰਾਮ ਵਾਸੀ ਪਿੰਡ ਕਜਹੇੜੀ ਚੰਡੀਗੜ੍ਹ ਅਤੇ ਬਾਦਲ ਪੁੱਤਰ ਰਾਮ ਦੁਲਾਰ ਪਿੰਡ ਕਜਹੇੜੀ ਚੰਡੀਗੜ੍ਹ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਜਦਕਿ ਸਾਹਿਲ ਕਾਬੜੀਆ ਪੁੱਤਰ ਸੰਤੋਖ ਗੌਤਮ ਵਾਸੀ ਪਿੰਡ ਕਜਹੇੜੀ ਚੰਡੀਗੜ ਦੀ ਗ੍ਰਿਫ਼ਤਾਰੀ ਬਾਕੀ ਹੈ।ਉਨ੍ਹਾਂ ਦੱਸਿਆ ਕਿ ਕਤਲ ਦੀ ਵਜ੍ਹਾ ਰੰਜਸ਼ ਇਹ ਹੈ ਕਿ ਪਿੰਡ ਕਜਹੇੜੀ ਵਿੱਚ ਰਹਿੰਦੀ ਲੜਕੀ ਦਾ ਛੋਟੇ ਲਾਲ ਮੂੰਹ ਬੋਲਿਆ ਭਰਾ ਬਣਿਆ ਹੋਇਆ ਸੀ, ਮ੍ਰਿਤਕ ਅਨਿਲ ਕੁਮਾਰ ਨੇ ਕਰੀਬ ਇੱਕ ਮਹੀਨੇ ਪਹਿਲਾਂ ਉਸ ਲੜਕੀ ਦੀ ਕੁੱਟਮਾਰ ਕੀਤੀ ਸੀ।ਉਹਨਾਂ ਦੱਸਿਆ ਕਿ ਦੋਵਾਂ ਗ੍ਰਿਫਤਾਰ ਦੋਸ਼ੀਆਂ ਦਾ ਪੁਲਸ ਰਿਮਾਂਡ ਲਿਆ ਗਿਆ ਹੈ ਅਤੇ ਪੁੱਛ ਗਿੱਛ ਦੌਰਾਨ ਜੇਕਰ ਫ਼ਰਾਰ ਦੋਸ਼ੀ ਤੋਂ ਇਲਾਵਾ ਕਿਸੇ ਹੋਰ ਦੀ ਸ਼ਮੂਲੀਅਤ ਵੀ ਸਾਹਮਣੇ ਆਉਂਦੀ ਹੈ ਤਾਂ ਉਸ ਖ਼ਿਲਾਫ਼ ਵੀ ਕਰਵਾਈ ਕੀਤੀ ਜਾਵੇਗੀ।

# ਪੰਜਾਬ 'ਵਰਸਿਟੀ ਦੇ ਪੁਰਾਣੇ ਸੈਨੇਟ ਪ੍ਰਬੰਧ ਨੂੰ ਬਹਾਲ ਕਰਕੇ ਤੁਰੰਤ ਚੋਣਾਂ ਕਰਵਾਈਆਂ ਜਾਣ : ਭੁਗਲਾਣਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਦੀ ਮਹਾਨ ਵਿਦਿਅਕ ਵਿਰਾਸਤ ਨੂੰ ਸਾਂਭੀ ਬੈਠੀ 142 ਸਾਲ ਪੁਰਾਣੀ ਪੰਜਾਬ ਯੂਨੀਵਰਸਿਟੀ ਤੋਂ ਪੰਜਾਬ ਦਾ ਦਾਅਵਾ ਖਤਮ ਕਰਨ ਲਈ ਬਹੁਤ ਹੀ ਘਿਨਾਉਣਾ ਵਾਰ ਕੀਤਾ ਹੈ, ਜਿਸ ਨੂੰ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਇਹਨਾਂ ਗੱਲਾਂ ਦਾ ਪ੍ਰਗਟਾਵਾ ਬਲਵੀਰ ਸਿੰਘ ਭੁਗਲਾਣਾ ਪ੍ਰਧਾਨ ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਨੇ ਇਕ ਲਿਖਤੀ ਬਿਆਨ ਵਿੱਚ ਕਿਹਾ ਕਿ ਇਸ ਯੂਨੀਵਰਸਿਟੀ ਨੂੰ ਆਪਣੇ ਕਬਜੇ ਵਿੱਚ ਲੈਣ ਲਈ ਕੇਂਦਰ ਸਰਕਾਰ ਨੇ ਉਹੀ ਦਿਨ ਚੁਣਿਆ ਹੈ, ਜਦੋਂ ਇਕ ਨਵੰਬਰ 1966 ਨੂੰ ਪੰਜਾਬੀ ਸੂਬਾ ਬਣਾਕੇ ਸਾਥੋਂ ਬਹੁਤ ਸਾਰੇ ਪੰਜਾਬੀ ਬੋਲਦੇ ਇਲਾਕੇ ਖੋਹ ਲਏ ਗਏ ਸਨ। ਭੁਗਲਾਣਾ ਨੇ ਬਿਆਨ ਵਿੱਚ ਅੱਗੇ ਕਿਹਾ ਕਿ ਵਿਦਿਆਰਥੀ ਅਤੇ ਅਧਿਆਪਕ ਜਥੇਬੰਦੀਆਂ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੀਆਂ ਸਨ ਕਿ ਸੈਨੇਟ ਦੀਆਂ ਚੋਣਾਂ ਕਰਵਾ ਕੇ ਉਹਨਾਂ ਨੂੰ ਵਿਦਿਅਕ ਪ੍ਰਬੰਧਨ ਵਿੱਚ ਸ਼ਾਮਲ ਕੀਤਾ ਜਾਵੇ ਪਰ ਸਰਕਾਰ ਨੇ 90 ਮੈਂਬਰਾਂ ਵਾਲੀ ਸੈਨੇਟ ਨੂੰ 31 ਮੈਂਬਰਾਂ ਤੱਕ ਸੀਮਤ ਕਰ ਦਿੱਤਾ ਜਿਸ ਵਿਚੋਂ ਸਿਰਫ ਅਠਾਰਾਂ ਮੈਂਬਰਾਂ ਦੀ ਹੀ ਚੋਣ ਹੋਵੇਗੀ। ਪਹਿਲਾਂ ਪੰਜਾਬ ਦੇ ਕਾਲਜਾਂ ਤੋਂ ਚੁਣੇ ਹੋਏ ਸੰਤਾਲੀ ਮੈਂਬਰ ਪ੍ਰਬੰਧਨ ਦੇ ਗਲਤ ਫੈਸਲਿਆਂ ਖਿਲਾਫ ਇਕ ਮਜਬੂਤ ਆਵਾਜ਼ ਸਨ, ਪਰ ਹੁਣ ਸਰਕਾਰ ਦੀ ਧੱਕੇਸ਼ਾਹੀ ਨੂੰ ਕੋਈ ਚੁਣੌਤੀ ਦੇਣ ਵਾਲਾ ਨਹੀਂ ਹੋਵੇਗਾ। ਇਸ ਲਈ ਜਿੰਨੀ ਛੇਤੀ ਹੋ ਸਕੇ ਪੁਰਾਣਾ ਪ੍ਰਬੰਧ ਬਹਾਲ ਕਰਕੇ ਸੈਨੇਟ ਅਤੇ ਸਿੰਡੀਕੇਟ ਦੀਆਂ ਚੋਣਾਂ ਕਰਵਾਈਆਂ ਜਾਣ।



# 1999 ਤੋਂ ਬਾਅਦ ਪਹਿਲੀ ਵਾਰ ਵਾਟਰ ਟ੍ਰੀਟਮੈਂਟ ਪਲਾਂਟ ਅੰਦਰ ਪਈ ਨਵੀਂ ਪਾਇਪ ਲਾਈਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-1999 ਤੋਂ ਬਾਅਦ ਪਹਿਲੀ ਵਾਰ ਵਾਟਰ ਟ੍ਰੀਟਮੈਂਟ ਪਲਾਂਟ ਅੰਦਰ ਪਾਣੀ ਦੀ ਸਪਲਾਈ ਵਾਲੀ ਨਵੀ ਪਾਈਪਲਾਈਨ ਪਾਈ ਗਈ ਹੈ। ਜਿਸ ਕਾਰਨ 2 ਦਿਨ ਮੁਰੰਮਤ ਕਾਰਨ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਬੰਦ ਰਹੀ ਤੇ ਹੁਣ ਸਪਲਾਈ ਪਹਿਲਾਂ ਵਾਂਗ ਚਲਾ ਦਿੱਤੀ ਗਈ ਹੈ।ਕਾਰਜਕਾਰੀ ਇੰਜੀਨਿਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਸ.ਹਰਜੀਤਪਾਲ ਸਿੰਘ ਨੇ ਦੱਸਿਆ ਕਿ 1999 ਤੋਂ ਬਾਅਦ ਪਹਿਲੀ ਪਲਾਂਟ ਅੰਦਰ ਸਪਲਾਈ ਵਾਲੀ ਨਵੀ ਪਾਈਪਲਾਈਨ ਪਾਈ ਗਈ ਹੈ, ਜੇਕਰ ਸਮਾਂ ਰਹਿੰਦਿਆਂ ਇਸ ਪਾਈਪ ਲਾਈਨ ਨਾ ਬਦਲੀ ਜਾਂਦੀ ਤਾਂ ਘੱਟ ਤੋਂ ਘੱਟ 15 ਦਿਨ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਬੰਦ ਰੱਖਣੀ ਪੈਣੀ ਸੀ। ਉਨਾਂ ਕਿਹਾ ਕਿ ਪਾਈਪ ਜਿਆਦਾ ਪੁਰਾਣੇ ਹੋਣ ਕਾਰਨ ਕਈ ਥਾਵਾਂ ਤੋਂ ਖਰਾਬ ਹੋ ਚੁੱਕੇ ਸਨ, ਜੇਕਰ ਇਨਾਂ ਦੀ ਸਮੇਂ ਸਿਰ ਬਦਲੀ ਨਾ ਕੀਤੀ ਜਾਂਦੀ ਤਾਂ ਵੱਡਾ ਨੁਕਸਾਨ ਹੋ ਸਕਦਾ ਸੀ ਤੇ ਲੋਕਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਸੀ। ਉਨਾਂ ਕਿਹਾ ਕਿ ਪਿਛਲੇ 2 ਦਿਨਾਂ ਤੋਂ ਲਗਾਤਾਰ ਵਿਭਾਗ ਦੇ ਸਾਰੇ ਅਧਿਕਾਰੀਆਂ ਵੱਲੋਂ ਦਿਨ ਰਾਤ ਇੱਕ ਕਰਕੇ ਮੁਰੰਮਤ ਦਾ ਕੰਮ ਕੀਤਾ ਗਿਆ ਜੋ ਕਿ ਹੁਣ ਪੂਰਾ ਹੋ ਚੁੱਕਾ ਹੈ।ਇਸ ਮੌਕੇ ਵਿਕਰਮਜੀਤ ਸਿੰਘ ਜੇ.ਈ, ਹਰਜਿੰਦਰ ਸਿੰਘ ਜੇ.ਈ, ਠੇਕੇਦਾਰ ਮਠਾਰੂ, ਜਗਤਾਰ ਸਿੰਘ ਫੋਰਮੈਨ, ਜਸਵਿੰਦਰ ਸਿੰਘ ਬੇਲਾ, ਜਸਵਿੰਦਰ ਬੱਢਲ, ਮਨਜੀਤ ਸਿੰਘ,ਗੁਰਨਾਮ ਸਿੰਘ, ਰੇਸ਼ਮ ਤੇ ਹੋਰ ਸਟਾਫ ਮੌਜੂਦ ਸਨ।

# ਪੱਕਾ ਮੋਰਚਾ ਲਾਈ ਬੈਠੇ ਅਧਿਆਪਕਾਂ ਦਾ ਜਬਰੀ ਟੈਂਟ ਪੁੱਟਣਾ ਅਤਿ ਨਿੰਦਣਯੋਗ : ਜੀ ਟੀ ਯੂ

**ਜਲੰਧਰ (ਰਾਜੇਸ਼ ਥਾਪਾ)**

ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਸਹਾਇਕ ਪ੍ਰੈਸ ਗਣੇਸ਼ ਭਗਤ , ਸੂਬਾਈ ਆਗੂ ਰਛਪਾਲ ਸਿੰਘ ਵੜੈਚ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਦੇਸ਼ ਵਿੱਚ ਹਰ ਵਿਅਕਤੀ ਆਪਣੇ ਅਧਿਕਾਰਾਂ ਲਈ ਸੰਘਰਸ਼ ਕਰਕੇ ਆਪਣੇ ਅਧਿਕਾਰ ਮੰਗ ਸਕਦਾ ਹੈ। ਪਰ ਬੜੀ ਹੈਰਾਨੀ ਦੀ ਗੱਲ ਸਕੂਲ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਕੰਪਿਊਟਰ ਅਧਿਆਪਕ ਜੋ ਪਿਛਲੇ ਲੰਬੇ ਸਮੇਂ ਤੋਂ ਆਪਣੀਆ ਜਾਇਜ਼ ਮੰਗਾਂ ਲਈ ਆਪਣੀਆਂ ਸੇਵਾਵਾਂ ਤੇ ਸੀ.ਐਸ.ਆਰ.ਰੂਲ ਲਾਗੂ ਕਰਾਉਣ ਲਈ ਸੰਘਰਸ਼ ਦੇ ਮੈਦਾਨ ਵਿੱਚ ਹਨ।ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਇਨ੍ਹਾਂ ਦੀਆਂ ਸੇਵਾਵਾਂ ਨੂੰ ਸਥਾਈ ਤੌਰ ਤੇ ਪੱਕੇ ਕਰਨ ਦਾ ਵਾਅਦਾ ਕੀਤਾ ਸੀ। ਲਗਭਗ ਪੌਣੇ ਤਿੰਨ ਸਾਲ ਬੀਤਣ ਤੋਂ ਬਾਅਦ ਵੀ ਇਨ੍ਹਾਂ ਕੰਪਿਊਟਰ ਅਧਿਆਪਕਾਂ ਦੀ ਸਾਰ ਨਹੀਂ ਲਈ। ਇਹ ਲੰਮੇ ਸਮੇਂ ਤੋਂ ਆਪਣੇ ਜਾਇਜ਼ ਹੱਕਾਂ ਲਈ ਸੰਘਰਸ਼ ਕਰ ਰਹੇ ਹਨ। ਆਪਣੀਆਂ ਮੰਗੀਆਂ ਹੋਈਆਂ ਮੰਗਾਂ ਲਾਗੂ ਕਰਾਉਣ ਲਈ ਇਹ ਕੰਪਿਊਟਰ ਅਧਿਆਪਕ ਪਿਛਲੇ ਕੁਝ ਦਿਨਾਂ ਤੋਂ ਤਰਨਤਾਰਨ ਵਿਖੇ ਪੱਕਾ ਧਰਨਾ ਲਗਾ ਕੇ ਬੈਠੇ ਸਨ ਪਰ ਇਨਾਂ ਅਧਿਆਪਕਾਂ ਦੀਆਂ ਮੰਗਾਂ ਤਾਂ ਕੀ ਮੰਨਣੀਆਂ ਸਨ ਸਗੋਂ ਇਹਨਾਂ ਅਧਿਆਪਕਾਂ ਦਾ ਪੁਲਸ ਵੱਲੋਂ ਜਬਰੀ ਟੈਂਟ ਪੁੱਟ ਕੇ ਇਹਨਾਂ ਅਧਿਆਪਕਾਂ ਨੂੰ ਖਦੇੜ ਦਿੱਤਾ ਗਿਆ ਹੈ ਤੇ ਅਣਮਨੁੱਖੀ ਤਸ਼ੱਦਦ ਕੀਤਾ ਗਿਆ ਹੈ। ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਇਸ ਤਸ਼ੱਦਦ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਇਹਨਾਂ ਅਧਿਆਪਕਾਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ।



# ਸਕੂਲ 'ਚ 60 ਲੱਖ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਪ੍ਰੋਜੈਕਟ ਦਾ ਸ਼ੁਭ ਆਰੰਭ



**ਗੁਰਾਇਆ (ਬਿੰਦਰ ਸੁੰਮਨ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਸਲਾ ਵਿਖੇ 60 ਲੱਖ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਪਰੋਜੈਕਟ ਦਾ ਸ਼ੁਭ ਆਰੰਭ ਵਿਧਾਨ ਸਭਾ ਹਲਕਾ ਫਿਲੌਰ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਵਲੋਂ ਕੀਤਾ ਗਿਆ, ਸਕੂਲ ਪਹੁੰਚਣ ਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਦਾ ਸਟਾਫ ਅਤੇ ਵਿਦਿਆਰਥੀਆਂ ਵਲੋਂ ਬੁੱਕੇ ਦੇ ਕੇ ਸਵਾਗਤ ਕੀਤਾ ਗਿਆ । ਇਸ ਮੌਕੇ ਬੋਲਦਿਆ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵਿਦਿਆ ਦੇ ਖੇਤਰ ਨੂੰ ਉਪਰ ਚੁੱਕਣ ਲਈ ਉਪਰਾਲੇ ਕਰ ਰਹੀ ਹੈ, ਉਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਵੈ ਇੱਛਕ ਰੁਜਗਾਰ ਦੇਣ ਦੇ ਮੌਕੇ ਵੀ ਪ੍ਰਦਾਨ ਕਰ ਰਹੀ ਹੈ। ਇਸ ਮੌਕੇ ਡਾ ਗੁਰਿੰਦਰਜੀਤ ਕੌਰ ਜਿਲਾ ਸਿਖਿਆ ਅਫਸਰ ਨੇ ਕਿਹਾ ਕਿ ਜਿਲਾ ਜਲੰਧਰ ਵਿੱਚ ਇਹੋ ਜਿਹੇ ਪੰਜ ਪਰੋਜੈਕਟ ਖੋਲੇ ਜਾ ਰਹੇ ਹਨ ਤਾਂ ਜੋ ਵਿਦਿਆਰਥੀਆਂ ਨੂੰ ਰੁਜਗਾਰ ਦਿੱਤਾ ਜਾ ਸਕੇ। ਇਸ ਮੌਕੇ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# 19000 ਕਿਲੋਮੀਟਰ ਸੜਕਾਂ ਬਣਾਉਣ ਲਈ ਸਰਕਾਰ ਕੋਈ ਕਸਰ ਨਹੀਂ ਛੱਡੇਗੀ : ਰਾਜ ਕੁਮਾਰ

**ਬਲਾਚੌਰ (ਜਸਵਿੰਦਰ ਬੈਂਸ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਕੋਈ ਵੀ ਸੜਕ ਕੱਚੀ ਨਹੀਂ ਰਹਿਣ ਦਿੱਤੀ ਜਾਵੇਗੀ। ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਗੁੱਜਰ ਵੈਲਫੇਅਰ ਬੋਰਡ ਦੇ ਚੇਅਰਮੈਨ ਬ੍ਰਿਗੇਡੀਅਰ ਰਾਜ ਕੁਮਾਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪੰਜਾਬ ਦੇ ਲੋਕਾਂ ਨਾਲ ਇਹ ਵਾਅਦਾ ਕੀਤਾ ਸੀ ਕਿ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਦੀਆਂ ਸੜਕਾਂ ਜੋ ਪਿਛਲੀਆਂ ਸਰਕਾਰਾਂ ਨੇ ਨਹੀ ਬਣਾਈਆਂ ਸਨ ਜਾਂ ਅੱਧ ਵਿਚਕਾਰ ਹੀ ਛੱਡ ਦਿੱਤੀਆਂ ਸਨ। ਉਹਨਾਂ ਨੂੰ ਵੀ ਨਵੇ ਸਿਰਿਉਂ ਬਣਾਉਣਾ ਸ਼ੁਰੂ ਕਰ ਦਿੱਤਾ ਹੈ । ਪੰਜਾਬ ਸਰਕਾਰ ਨੇ ਪੰਜਾਬ ਵਿੱਚ ਵੱਡੇ ਪੱਧਰ ਤੇ ਉਚ ਕੋਟੀ ਦੀਆਂ ਸੜਕਾਂ ਬਣਾਉਣ ਦਾ ਮਿਸ਼ਨ ਵਿਚ ਲਿਆਉਣ ਦੀ ਸ਼ੁਰੂਆਤ ਕਰ ਦਿੱਤੀ ਹੈ। ਕਵਾਲਿਟੀ ਯਕੀਨਨ ਕਰਨ ਲਈ ਪੰਜ ਸਾਲ ਦੀ ਮੈਟੀਨੈਸ ਠੇਕੇਦਾਰ ਦੀ ਜ਼ਿੰਮੇਵਾਰੀ ਹੋਵੇਗੀ। ਪੰਜਾਬ ਦੇ ਪਿੰਡਾਂ ਵਿਚ 19000 ਕਿਲੋਮੀਟਰ ਦੂਰ ਤੱਕ ਸੜਕਾਂ ਬਣਾਉਣ ਲਈ ਪੰਜਾਬ ਸਰਕਾਰ ਕੋਈ ਕਸਰ ਨਹੀਂ ਛੱਡੇਗੀ ਤਾਂ ਜੋ ਲੋਕਾਂ ਦਾ ਆਣਾ ਜਾਣਾ ਸੁਖਾਲਾ ਹੋ ਸਕੇ।

# ਲੋੜਵੰਦ ਵਿਦਿਆਰਥੀਆਂ ਨੂੰ ਦਿੱਤੇ ਵਿੱਤੀ ਸਹਾਇਤਾ ਦੇ ਚੈੱਕ



**ਬਲਾਚੌਰ (ਜਸਵਿੰਦਰ ਬੈਂਸ)**

ਡਾ. ਐੱਸ ਪੀ ਸਿੰਘ ਉਬਰਾਏ ਵੱਲੋਂ ਲੋਕ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਆਰਥਿਕ ਤੌਰ ਤੇ ਕਮਜ਼ੋਰ ,ਪੜ੍ਹਾਈ ਵਿੱਚ ਹੁਸ਼ਿਆਰ ਵਿਦਿਆਰਥੀਆਂ ਨੂੰ ਪੜਾਈ ਜਾਰੀ ਰੱਖਣ ਲਈ ਬਹੁਤ ਹੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ ਤਾਂ ਜੋ ਇਹ ਵਿਦਿਆਰਥੀ ਆਪਣਾ ਪੜ ਦਾ ਸੁਪਨਾ ਪੂਰਾ ਕਰ ਸਕਣ। ਇਸ ਲੜੀ ਤਹਿਤ ਰੋਪੜ ਵਿਖੇ ਬਹੁਤ ਹੀ ਲੋੜਵੰਦ ਵਿਦਿਆਰਥੀਆਂ ਨੂੰ ਪੜ੍ਹਾਈ ਜਾਰੀ ਰੱਖਣ ਲਈ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬਤ ਦਾ ਭਲਾ ਚੈਰੀਟੇਬਲ ਟਰਸਟ ਦੇ ਰਹੀਨੁਮਾਈ ਹੇਠ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ ਗਏ ਜਿਸ ਵਿੱਚ ਬੇਲਾ ਕਾਲਜ ਦੇ 75 ਵਿਦਿਆਰਥੀਆਂ ਨੂੰ ਅਤੇ ਸਰਕਾਰੀ ਕਾਲਜ ਰੋਪੜ ਦੇ 50 ਵਿਦਿਆਰਥੀਆਂ ਨੂੰ ਅੱਗੇ ਪੜ੍ਹਾਈ ਕਰਨ ਲਈ ਸਹਾਇਤਾ ਰਾਸ਼ੀ ਦੇ ਚੈੱਕ ਹਰ ਮਹੀਨੇ ਦਿੱਤੇ ਜਾਂਦੇ ਹਨ। ਇਹਨਾਂ ਵਿੱਚੋਂ ਰਾਜਵੀਰ ਸਿੰਘ ਪੁੱਤਰ ਗੁਰਪਾਲ ਸਿੰਘ ਸਰਕਾਰੀ ਕਾਲਜ ਰੋਪੜ ਨੂੰ 6 ਹਜ਼ਾਰ ਦਾ ਚੈੱਕ, ਸਿਮਰਤ ਪ੍ਰੀਤ ਸਿੰਘ ਪੁੱਤਰ ਜਗਤਾਰ ਸਿੰਘ ਸਰਕਾਰੀ ਕਾਲਜ ਰੋਪੜ ਨੂੰ 6 ਹਜ਼ਾਰ ਦਾ ਚੈੱਕ, ਹਰਮਨਜੋਤ ਕੌਰ ਪੁੱਤਰੀ ਬਲਵੀਰ ਸਿੰਘ ਸਰਕਾਰੀ ਕਾਲਜ ਰੋਪੜ ਨੂੰ 4 ਹਜ਼ਾਰ ਦਾ ਚੈੱਕ, ਯਸ਼ਮੀਨ ਪੁੱਤਰੀ ਪਰਮਜੀਤ ਸੈਨੀ ਸ਼ਿਵਾਲਿਕ ਕਾਲਜ ਆਫ ਫਾਰਮੇਸੀ ਨੰਗਲ ਨੂੰ 8 ਹਜ਼ਾਰ ਦਾ ਚੈੱਕ, ਕਮਲਪ੍ਰੀਤ ਕੌਰ ਪੁੱਤਰੀ ਮੱਘਰ ਸਿੰਘ ਸਰਕਾਰੀ ਕਾਲਜ ਰੋਪੜ ਨੂੰ 7 ਹਜ਼ਾਰ ਦਾ ਚੈੱਕ, ਗੁਰ ਸਿਮਰਨ ਸਿੰਘ ਪੁੱਤਰ ਬਲਜਿੰਦਰ ਸਿੰਘ ਦੁਆਬਾ ਗਰੁੱਪ ਆਫ ਕਾਲਜ ਰੋਪੜ ਨੂੰ 9 ਹਜ਼ਾਰ ਦਾ ਚੈੱਕ, ਗਗਨਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਸਰਕਾਰੀ ਕਾਲਜ ਰੋਪੜ ਨੂੰ 6 ਹਜ਼ਾਰ ਦਾ ਚੈੱਕ ਦਿੱਤੇ ਗਏ। ਜ਼ਿਲਾ ਪ੍ਰਧਾਨ ਜੇ ਕੇ ਜੱਗੀ ਜੀ ਨੇ ਦੱਸਿਆ ਕਿ ਇਹ ਵਿਦਿਆਰਥੀ ਪੜ੍ਹਾਈ ਵਿੱਚ ਹੁਸ਼ਿਆਰ ਹਨ ਪੜ੍ਹਾਈ ਜਾਰੀ ਰੱਖਣਾ ਚਾਹੁੰਦੇ ਹਨ ਪਰ ਘਰ ਦੇ ਹਾਲਾਤ ਇਸਦੀ ਇਜਾਜ਼ਤ ਨਹੀਂ ਦੇ ਰਹੇ ਸਨ ਤਾਂ ਇਸ ਵਿਦਿਆਰਥੀਆਂ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਇਕਾਈ ਰੋਪੜ ਟੀਮ ਰਾਹੀਂ ਆਰਥਿਕ ਮਦਦ ਦੀ ਬੇਨਤੀ ਕੀਤੀ ਗਈ, ਡਾਕਟਰ ਉਬਰਾਏ ਵੱਲੋਂ ਤੁਰੰਤ ਰਾਸ਼ੀ ਭੇਜੀ ਗਈ ।ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਹਨਾਂ ਵਿਦਿਆਰਥੀਆਂ ਨੂੰ ਹਰ ਮਹੀਨੇ ਹੀ ਪੜ੍ਹਾਈ ਜਾਰੀ ਰੱਖਣ ਲਈ ਆਰਥਿਕ ਮਦਦ ਦਿੱਤੀ ਜਾਂਦੀ ਹੈ। ਜ਼ਿਲ੍ਹਾ ਪ੍ਰਧਾਨ ਜੇ ਕੇ ਜੱਗੀ ਨੇ ਸਾਰਿਆਂ ਨੂੰ ਗੁਰੂ ਪੂਰਬ ਦੀ ਲੱਖ ਲੱਖ ਵਧਾਈ ਦਿੱਤੀ।

# ਮੁਫਤ ਅੱਖਾਂ ਦੀ ਜਾਂਚ ਤੇ ਓਪਰੇਸ਼ਨ ਕੈਂਪ ਭਲਕੇ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ )**-ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 7 ਨਵੰਬਰ ਨੂੰ ਪਿੰਡ ਚੱਬੇਵਾਲ ਵਿੱਚ ਲੱਗਣ ਵਾਲੇ ਮੁਫ਼ਤ ਅੱਖਾਂ ਦੀ ਜਾਂਚ ਅਤੇ ਓਪਰੇਸ਼ਨ ਕੈਂਪ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਹ ਕੈਂਪ ਰੋਟਰੀ ਕਲੱਬ ਵਾਰਵਿਕ ਇੰਗਲੈਂਡ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਕਲੱਬ ਦੇ ਪਾਸਟ ਪ੍ਰੈਜ਼ੀਡੈਂਟ ਰੋਟੇਰੀਅਨ ਬਿਲ ਜਸਪਾਲ, ਰੋਟੇਰੀਅਨ ਗੁਰਨੰਦਨ ਸਿੰਘ ਅਤੇ ਸੁਰਿੰਦਰਪਾਲ ਸਿੰਘ ਸੰਧੂ ਇਸ ਨੇਕ ਕਾਰਜ ਵਿੱਚ ਮੁੱਖ ਸਹਿਯੋਗੀ ਹੋਣਗੇ।ਮੀਟਿੰਗ ਦੀ ਅਗਵਾਈ ਪ੍ਰੈਜ਼ੀਡੈਂਟ ਰੋਟੇਰੀਅਨ ਅਵਤਾਰ ਸਿੰਘ ਨੇ ਕੀਤੀ, ਜਦਕਿ ਜਸਵੰਤ ਸਿੰਘ ਭੋਗਲ ਨੇ ਦੱਸਿਆ ਕਿ ਕੈਂਪ ਵਿੱਚ ਅੱਖਾਂ ਦੀ ਜਾਂਚ, ਦਵਾਈਆਂ ਦਾ ਵੰਡ, ਐਨਕਾਂ ਅਤੇ ਭੋਜਨ ਦੀ ਸਹੂਲਤ ਪੂਰੀ ਤਰ੍ਹਾਂ ਮੁਫ਼ਤ ਉਪਲਬਧ ਕਰਵਾਈ ਜਾਵੇਗੀ। ਲੋੜਵੰਦ ਮਰੀਜ਼ਾਂ ਦੇ ਮੁਫ਼ਤ ਓਪਰੇਸ਼ਨ ਪੰਜਾਬ ਦੇ ਵੱਖ-ਵੱਖ ਪ੍ਰਸਿੱਧ ਹਸਪਤਾਲਾਂ ਵਿੱਚ ਕਰਵਾਏ ਜਾਣਗੇ। ਇਸ ਲਈ ਮਰੀਜ਼ਾਂ ਨੂੰ ਹਸਪਤਾਲ ਤੱਕ ਲੈ ਜਾਣ ਤੇ ਵਾਪਸ ਘਰ ਪਹੁੰਚਾਉਣ ਦੀ ਵਿਵਸਥਾ ਵੀ ਰੋਟਰੀ ਕਲੱਬ ਵਾਰਵਿਕ ਇੰਗਲੈਂਡ ਵੱਲੋਂ ਕੀਤੀ ਜਾਵੇਗੀ।

ਮੀਟਿੰਗ ਵਿੱਚ ਸੈਕਟਰੀ ਇੰਦਰਪਾਲ ਸਿੰਘ ਸਚਦੇਵਾ, ਰੋਟੇਰੀਅਨ ਸੰਜੀਵ ਸ਼ਰਮਾ, ਬਿੰਦਰ ਸਿੰਘ, ਜਸਵੰਤ ਸਿੰਘ ਭੋਗਲ, ਵਿਕਰਮ ਸ਼ਰਮਾ, ਰਜਨੀਸ਼ ਗੁਲਿਆਨੀ, ਕੁਲਜੀਤ ਸਿੰਘ, ਪਰਵੀਨ ਪੱਬੀ, ਰਾਕੇਸ਼ ਕਪੂਰ, ਜਿਤੇਂਦਰ ਕੁਮਾਰ, ਮਨੋਜ ਓਹਰੀ, ਡੀ. ਪੀ. ਕਥੂਰਿਆ, ਰੋਹਿਤ ਚੋਪੜਾ, ਜਗਮੀਤ ਸਿੰਘ ਸੇਠੀ ਅਤੇ ਜਤਿੰਦਰ ਦੁੱਗਲ ਸਮੇਤ ਕਈ ਮੈਂਬਰ ਹਾਜ਼ਰ ਸਨ।

# ਲਾਈਟ ਐਂਡ ਸਾਊਂਡ ਸ਼ੋਅ 11 ਨੂੰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ 11 ਨਵੰਬਰ ਦੀ ਸ਼ਾਮ ਨੂੰ ਮੋਹਾਲੀ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਜਾਵੇਗਾ। ਸਮਾਗਮ ਦੀਆਂ ਤਿਆਰੀਆਂ ਲਈ ਵੱਖ-ਵੱਖ ਅਧਿਕਾਰੀਆਂ ਦੀ ਸੱਦੀ ਇੱਕ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਇਹ ਸਮਾਗਮ ਸੈਕਟਰ 88, ਮੋਹਾਲੀ ਵਿਖੇ ਸਥਿਤ ਸਰਸ ਮੇਲਾ ਗਰਾਉਂਡ ਵਿਖੇ ਉਲੀਕਿਆ ਗਿਆ ਹੈ। ਸਮਾਗਮ ਦੀ ਸ਼ੁਰੂਆਤ ਸ਼ਾਮ 5: 30 ਵਜੇ ਹੋਵੇਗੀ ਜਿਸ ਦੌਰਾਨ ਢਾਡੀ ਜਥੇ ਵੱਲੋਂ ਬੀਰ-ਰਸੀ ਵਾਰਾਂ ਦਾ ਗਾਇਨ ਕਰਨ ਤੋਂ ਬਾਅਦ ਗੁਰੂ ਤੇਗ ਬਹਾਦਰ ਜੀ ਦੀ ਅਦੁਤੀ ਸ਼ਹਾਦਤ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਦਾ ਆਯੋਜਨ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲਾਈਟ ਐਂਡ ਸਾਊਂਡ ਸ਼ੋਅ ਵਾਸਤੇ ਕੋਈ ਟਿਕਟ ਜਾਂ ਪਾਸ ਨਹੀਂ ਰੱਖਿਆ ਗਿਆ ਹੈ, ਬਲਕਿ ਸਮੂਹ ਸੰਗਤਾਂ ਨੂੰ ਇਸ ਵਾਸਤੇ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਲਾਈਟ ਐਂਡ ਸਾਊਂਡ ਸ਼ੋਅ ਦੌਰਾਨ ਆਉਣ ਵਾਲੀਆਂ ਸੰਗਤਾਂ ਦੇ ਬੈਠਣ ਅਤੇ ਵਾਹਨਾਂ ਦੀ ਪਾਰਕਿੰਗ ਲਈ ਸੁਚੱਜੇ ਇੰਤਜ਼ਾਮ ਕੀਤੇ ਜਾਣਗੇ।

ਉਨ੍ਹਾਂ ਅੱਗੇ ਦੱਸਿਆ ਕਿ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ, ਸਕੂਲ ਸਿੱਖਿਆ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗਾਂ ਦੇ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਲੋਕ ਸਭਾ ਦੇ ਮੈਂਬਰ ਮਲਵਿੰਦਰ ਸਿੰਘ ਕੰਗ ਵੀ ਇਹਨਾਂ ਸਮਾਗਮਾਂ ਦੌਰਾਨ ਸੰਗਤਾਂ ਦੇ ਦਰਸ਼ਨ ਕਰਨ ਲਈ ਉਚੇਚੇ ਤੌਰ 'ਤੇ ਪੁੱਜਣਗੇ।

# ਸ੍ਰੀ ਮਦ ਭਾਗਵਤ ਕ੍ਰਿਸ਼ਨ ਕਥਾ ਤੇ ਸ੍ਰੀ ਖਾਟੂ ਸ਼ਾਮ ਮੂਰਤੀ ਸਥਾਪਨਾ ਦੇ ਸੱਦਾ ਪੱਤਰ ਰਿਲੀਜ਼



**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**

ਬ੍ਰਹਮਲੀਨ ਮਹੰਤ ਸ੍ਰੀ ਸ਼ੇਰ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਪ੍ਰੇਮਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਗਣਪਤੀ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਪ੍ਰਯਾਗਨਾਨੰਦ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਅਤੇ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਮਹਾਰਾਜ ਦੇ ਆਸ਼ੀਰਵਾਦ ਨਾਲ ਤੇ ਉਹਨਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਾਚੀਨ ਸ਼ਿਵ ਮੰਦਿਰ ਵਿੱਚ ਸ਼੍ਰੀ ਮਧ ਭਾਗਵਤ ਸ਼੍ਰੀ ਕ੍ਰਿਸ਼ਨ ਕਥਾ ਦੇ ਤੇ ਸ਼੍ਰੀ ਖਾਟੂ ਸ਼ਾਮ ਮੂਰਤੀ ਸਥਾਪਨਾ ਦੇ ਸੱਦਾ ਪੱਤਰ ਰਿਲੀਜ਼ ਕੀਤੇ ਗਏ। ਇਸ ਮੌਕੇ 11 ਨਵੰਬਰ ਦਿਨ ਮੰਗਲਵਾਰ ਨੂੰ ਕਲਸ਼ ਯਾਤਰਾ, ਸ਼ੋਭਾ ਯਾਤਰਾ ਤੇ ਸ੍ਰੀ ਖਾਟੂ ਸ਼ਾਮ ਦੀ ਮੂਰਤੀ ਸਥਾਪਨਾ ਸੈਲਾਨੀ ਮਾਤਾ ਮੰਦਿਰ ਲੋਹੀਆਂ ਖਾਸ ਵਿੱਚ ਕੀਤੀ ਜਾਵੇਗੀ।ਇਸ ਦੇ ਨਾਲ ਹੀ ਸ੍ਰੀ ਮਧ ਭਗਵਤ ਸ਼੍ਰੀ ਕ੍ਰਿਸ਼ਨ ਕਥਾ ਮਿਤੀ 01 ਨਵੰਬਰ ਤੋਂ 17 ਨਵੰਬਰ ਰਾਤ 07:00 ਤੋਂ 10:00 ਵਜੇ ਤੱਕ ਕੀਤੀ ਜਾ ਰਹੀ ਹੈ। ਅਤੇ ਰੋਜ਼ਾਨਾ ਕਥਾ ਉਪਰੰਤ ਲੰਗਰ ਪ੍ਰਸ਼ਾਦ ਵਰਤੇਗਾ।ਇਸ ਸਮਾਗਮ ਦਾ ਸਿੱਧਾ ਪ੍ਰਸਾਰਣ ਕੰਥੇਰੀਆਧਾਮ ਸੂਰਤ ਯੂਟੀਊਬ ਚੈਨਲ ਤੇ ਕੀਤਾ ਜਾਵੇਗਾ।

# ਕਾਮਰੇਡ ਐੱਚ ਐੱਲ ਪਰਵਾਨਾ ਦੇ ਜਨਮ ਦਿਹਾੜੇ ਮੌਕੇ ਖ਼ੂਨਦਾਨ ਕੈਂਪ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**

ਸਵ: ਕਾਮਰੇਡ ਐੱਚ ਐੱਲ ਪਰਵਾਨਾ ਦੇ ਜਨਮ ਦਿਨ ਸਬੰਧੀ ਪਿੰਡ ਬੱਡਲਾ ਦੇ ਜਿੰਮ 'ਚ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਵਲੋਂ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰੋਸ਼ਨ ਲਾਲ ਤੇ ਪ੍ਰਬੰਧਕਾਂ ਨੇ ਦੱਸਿਆ ਕਿ ਪਿੰਡ ਬੱਡਲਾ ਵਿਖੇ ਕਾਮਰੇਡ ਐਚ ਐਲ ਪਰਵਾਨਾ ਦੀ ਯਾਦ ਵਿੱਚ ਖੂਨਦਾਨ ਕੈਂਪ ਲਗਾਇਆ ਗਿਆ। ਖੂਨਦਾਨ ਕੈਂਪ ਦਾ ਉਦਘਾਟਨ ਸਰਪੰਚ ਕਮਲੇਸ਼ ਰਾਣੀ ਵਲੋ ਕੀਤਾ ਗਿਆ। ਇਸ ਕੈਂਪ ਵਿੱਚ ਨੋਜਵਾਨਾ ਨੇ ਵੱਧ ਚੜ ਕੇ ਹਿੱਸਾ ਲਿਆ। ਇਸ ਮੌਕੇ 62 ਵਿਅਕਤੀਆਂ ਨੇ ਖ਼ੂਨਦਾਨ ਕੀਤਾ। ਇਸ ਮੌਕੇ ਸਰਪੰਚ ਕਮਲੇਸ਼ ਰਾਣੀ , ਡਾ ਰੋਸ਼ਨ ਬੱਡਲਾ , 19251 ਯੂਨੀਅਨ ਤੋ ਜਸਵਿੰਦਰ ਸਿੰਘ ਸਾਹਨੀ, ਆਰ ਕੇ ਮਹਿਤਾ,ਬੱਬੂ ,ਪੰਚ ਗਣੇਸ਼ ਗਿੰਨੀ, ਪੰਚ ਬਲਜਿੰਦਰ ਸਿੰਘ , ਪੰਚ ਦਲਵਿੰਦਰ ਸਿੰਘ , ਪੰਚ ਰਣਜੀਤ ਸਿੰਘ , ਪੰਚ ਜਸਦੀਪ ਸਿੰਘ , ਰਜਿੰਦਰ ਸਿੰਘ , ਰਿੰਕੂ , ਡਾ :ਗੋਰਵ ਬੱਡਲਾ, ਮਨਜੋਤ , ਮਨੀਸ਼ ਕੁਮਾਰ ,ਦੀਸ਼ਾਤ ਆਦਿ ਹਾਜ਼ਰ ਸਨ।



# ਕਾਂਗਰਸ ਦੀ ਮਜ਼ਬੂਤੀ ਲਈ ਨੌਜਵਾਨਾਂ ਨੂੰ ਕਰਾਂਗੇ ਲਾਮਬੰਦ : ਸਾਬੀ

**ਗੁਰਾਇਆ (ਬਿੰਦਰ ਸੁੰਮਨ)**

ਯੂਥ ਕਾਂਗਰਸ ਪੰਜਾਬ ਦੇ ਇੰਚਾਰਜ ਤੇ ਯੂਥ ਕਾਂਗਰਸ ਦੇ ਕੌਮੀ ਜਨਰਲ ਸਕੱਤਰ ਡਾ: ਸਮਰੂਤੀ ਰੰਜਨ ਲੈਂਕਾ ਕਾਂਗਰਸ ਭਵਨ ਜਲੰਧਰ ਪੁੱਜੇ, ਜਿਨ੍ਹਾਂ ਦਾ ਜਲੰਧਰ ਪਹੁੰਚਣ ਤੇ ਯੂਥ ਕਾਂਗਰਸ ਹਲਕਾ ਫਿਲੌਰ ਦੇ ਪ੍ਰਧਾਨ ਸੁਖਜੀਤ ਸਿੰਘ ਸਾਬੀ ਅਤੇ ਯੂਥ ਕਾਂਗਰਸ ਪੰਜਾਬ ਦੇ ਹੋਰ ਅਹੁਦੇਦਾਰਾ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਡਾ: ਸਮਰੂਤੀ ਰੰਜਨ ਲੈਂਕਾ ਨੇ ਯੂਥ ਕਾਂਗਰਸ ਦੇ ਵੱਖ-ਵੱਖ ਅਹੁਦੇਦਾਰਾਂ ਨਾਲ ਮੀਟਿੰਗ ਕਰਕੇ ਜ਼ਿਲਾ ਜਲੰਧਰ ਅੰਦਰ ਯੂਥ ਕਾਂਗਰਸ ਨੂੰ ਹੋਰ ਮਜ਼ਬੂਤ ਕਰਨ ਦੀ ਗੱਲ ਆਖੀ। ਉਨ੍ਹਾਂ ਕੇਂਦਰ ਦੀ ਭਾਜਪਾ ਸਰਕਾਰ ਤੇ ਵਾਰ ਕਰਦਿਆ ਕਿਹਾ ਕਿ ਦੇਸ਼ ਅੰਦਰ ਮੋਦੀ ਸਰਕਾਰ ਜਿਥੇ ਸੰਵਿਧਾਨ ਦੀਆ ਧੱਜੀਆ ਉਡਾਉਂਦੀ ਰਹੀ ਹੈ, ਉਥੇ ਹੀ ਕਾਂਗਰਸ ਦੇਸ਼ ਹਿੱਤ ਵਿੱਚ ਹਮੇਸ਼ਾ ਹੀ ਸੰਵਿਧਾਨ ਦੇ ਦਾਇਰੇ 'ਚ ਰਹਿ ਕੇ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਬਣਾਉਣ ਲਈ ਕੰਮ ਕਰਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਸੂਬੇ ਅੰਦਰ ਕਾਂਗਰਸ ਪਾਰਟੀ ਨੂੰ ਮਜ਼ਬੂਤ ਕੀਤਾ ਜਾਵੇ ਤਾਂ ਜੋ 2027 ਦੀਆ ਚੋਣਾਂ 'ਚ ਕਾਂਗਰਸ ਪਾਰਟੀ ਦੀ ਜਿੱਤ ਯਕੀਨੀ ਹੋਵੇ । ਇਸ ਮੌਕੇ ਯੂਥ ਕਾਂਗਰਸ ਹਲਕਾ ਫਿਲੌਰ ਦੇ ਪ੍ਰਧਾਨ ਸੁਖਜੀਤ ਸਿੰਘ ਸਾਬੀ ਨੇ ਡਾ: ਸਮਰੂਤੀ ਰੰਜਨ ਲੈਂਕਾ ਨੂੰ ਵਿਸ਼ਵਾਸ਼ ਦਵਾਇਆ ਕਿ ਉਹ ਹਲਕਾ ਫਿਲੌਰ ਅੰਦਰ ਪਾਰਟੀ ਦੀ ਮਜ਼ਬੂਤੀ ਲਈ ਨੌਜਵਾਨਾਂ ਨੂੰ ਨਾਲ ਲੈ ਕੇ ਡੱਟ ਕੇ ਕੰਮ ਕਰਨਗੇ। ਇਸ ਮੌਕੇ ਜਨਰਲ ਸੈਕਟਰੀ ਯੂਥ ਕਾਂਗਰਸ ਪੰਜਾਬ ਦੀਪਕ ਖੋਸਲਾ, ਪ੍ਰਧਾਨ ਯੂਥ ਕਾਂਗਰਸ ਜ਼ਿਲਾ ਜਲੰਧਰ ਦਿਹਾਤੀ ਲਖਵੀਰ ਸਿੰਘ ਕੋਟਲੀ, ਪ੍ਰਧਾਨ ਯੂਥ ਕਾਂਗਰਸ ਜ਼ਿਲਾ ਜਲੰਧਰ ਸ਼ਹਿਰੀ ਲੱਕੀ ਸੰਧੂ, ਨਰੇਸ਼ ਸੂਰਜਾ, ਗੁਰਮਿੰਦਰ ਸਿੰਘ, ਸੰਨੀ ਸੂਰਜਾ, ਕਰਨ ਢੇਸੀ ਤੋ ਇਲਾਵਾ ਵੱਡੀ ਗਿਣਤੀ 'ਚ ਯੂਥ ਕਾਂਗਰਸ ਦੇ ਅਹੁਦੇਦਾਰ ਅਤੇ ਵਰਕਰ ਮੌਜੂਦ ਸਨ।



# ਸੀ ਟੀ ਗਰੁੱਪ ਦੇ ਵਿਦਿਆਰਥੀਆਂ ਨੇ ਮੈਰਿਟ 'ਚ ਸਥਾਨ ਪ੍ਰਾਪਤ ਕੀਤਾ



**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਗਰੁੱਪ ਆਫ ਇੰਸਟੀਟਿਊਸ਼ਨਸ, ਨੌਰਥ ਕੈਂਪਸ (ਮਕਸੂਦਾਂ) ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਆਪਣੀ ਕਾਬਲੀਅਤ ਅਤੇ ਮਿਹਨਤ ਨਾਲ ਸੰਸਥਾ ਦਾ ਨਾਂਅ ਰੋਸ਼ਨ ਕੀਤਾ ਹੈ। ਆਈ ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੀ ਮੈਰਿਟ ਲਿਸਟ 2025 'ਚ ਸਿਖਰਲੀ ਪੁਜ਼ੀਸ਼ਨ ਹਾਸਲ ਕਰਕੇ, ਉਹਨਾਂ ਨੇ ਸਾਬਤ ਕੀਤਾ ਹੈ ਕਿ ਗੁਣਵੱਤਾ ਵਾਲੀ ਸਿੱਖਿਆ, ਅਨੁਸ਼ਾਸਨ ਅਤੇ ਪੂਰਨ ਵਿਕਾਸ ਹੀ ਅਸਲ ਕਾਮਯਾਬੀ ਦੀ ਕੁੰਜੀ ਹੈ।ਗੁਰਸਿਮਰਨ ਕੌਰ ਪੁੱਤਰੀ ਸ੍ਰੀ ਚਰਨਜੀਤ ਸਿੰਘ ਨੇ ਬੀ ਐੱਸ ਸੀ (ਮਲਟੀਮੀਡੀਆ) 'ਚ 9.41 ਸੀ ਜੀ ਪੀ ਏ ਨਾਲ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਬਾਅਦ ਅੰਕੁਰ ਪੁੱਤਰ ਅਜੀਤ ਸਿੰਘ ਨੇ 9.0 ਸੀ ਜੀ ਪੀ ਏ ਨਾਲ ਛੇਵਾਂ ਸਥਾਨ, ਅਤੇ ਰੂਹੀ ਸਾਹਨੀ ਪੁੱਤਰੀ ਸੰਜੀਵ ਸਾਹਨੀ ਨੇ 8.59 ਸੀ ਜੀ ਪੀ ਏ ਨਾਲ ਦਸਵਾਂ ਸਥਾਨ ਪ੍ਰਾਪਤ ਕੀਤਾ।ਬੀ ਐੱਚ ਐੱਮ ਸੀ ਟੀ (4 ਸਾਲ) ਵਿੱਚ ਸ਼ਵੇਤਾ ਕੁਮਾਰੀ ਪੁੱਤਰੀ ਸੁਭਾਸ਼ ਚੰਦਰ ਨੇ 9.03 ਸੀ ਜੀ ਪੀ ਏ ਨਾਲ ਦੂਜਾ ਸਥਾਨ ਹਾਸਲ ਕਰ ਕੈਂਪਸ ਦੀ ਮਾਨ-ਮਰਿਆਦਾ ਵਧਾਈ। ਬੀ.ਟੈਕ (ਸੀਐਸਈ) ਵਿੱਚ ਪ੍ਰਿਯੰਕਾ ਸ਼ਰਮਾ ਪੁੱਤਰੀ ਸ੍ਰੀ ਰਾਜ ਕੁਮਾਰ ਸ਼ਰਮਾ ਨੇ 9.33 ਸੀ ਜੀ ਪੀ ਏ ਨਾਲ ਨੌਵਾਂ ਸਥਾਨ ਹਾਸਲ ਕੀਤਾ।

# ਜਾਤੀ ਸੂਚਕ ਸ਼ਬਦ ਕਹਿਣ 'ਤੇ ਰਾਜਾ ਵੜਿੰਗ ਦਾ ਫੂਕਿਆ ਪੁਤਲਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਸਾਬਕਾ ਗ੍ਰਹਿ ਮੰਤਰੀ ਅਤੇ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਰਹਿ ਚੁੱਕੇ ਸਵਰਗੀ ਬੂਟਾ ਸਿੰਘ ਸਬੰਧੀ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਤਰਨ ਤਾਰਨ ਚੋਣ ਪ੍ਰਚਾਰ ਦੌਰਾਨ ਕਹੇ ਗਏ ਜਾਤੀ ਸੂਚਕ ਸ਼ਬਦਾਂ ਦੇ ਰੋਸ ਵਜੋਂ ਭਾਜਪਾ ਪੰਜਾਬ ਕਾਰਜਕਾਰਨੀ ਮੈਂਬਰ ਅਤੇ ਭਾਵਾਧਸ ਦੇ ਰਾਸ਼ਟਰੀ ਸੰਚਾਲਕ ਸੁਰਿੰਦਰ ਜਾਜਾ ਦੀ ਅਗਵਾਈ ਵਿੱਚ ਸੈਂਕੜੇ ਭਾਜਪਾ ਵਰਕਰਾਂ ਨੇ ਜਾਜਾ ਬਾਈਪਾਸ ਚੌਕ ਵਿਖੇ ਰਾਜਾ ਵੜਿੰਗ ਦਾ ਪੁਤਲਾ ਫੂਕ ਪ੍ਰਦਰਸ਼ਨ ਕੀਤਾ।ਇਸ ਮੌਕੇ ਤੇ ਹਾਜ਼ਰ ਭਾਜਪਾ ਓ.ਬੀ.ਸੀ ਮੋਰਚਾ ਜ਼ਿਲ੍ਹਾ ਪ੍ਰਧਾਨ ਬੋਬੀ ਰਾਜਪੁਰ, ਵੀਨੂੰ ਪੰਡਿਤ, ਬਲਵੀਰ ਸਿੰਘ ਸੋਢੀ, ਸੁਨੀਲ ਜਾਜਾ, ਪੁਰਸ਼ੋਤਮ ਜਾਜਾ, ਅਸ਼ੋਕ ਫੌਜੀ, ਸੁਰਜੀਤ ਸਿੰਘ ਰਾਜਾ, ਰਮਣ ਸਾਭੀ, ਜਸਵੀਰ ਸਿੰਘ ਛੋਟੂ, ਸ਼ਿੰਗਾਰਾ, ਹਰਜਿੰਦਰ, ਗਗਨ ਬਘਿਆੜੀ, ਬਲਵਿੰਦਰ ਸਿੰਘ ਜੌੜਾ, ਜਸਵੰਤ ਢਡਿਆਲਾ, ਵਿਨੋਦ ਕੁਮਾਰ, ਪਾਲਾ ਢਡਿਆਲਾ, ਗੋਗੋ ਮਸੀਤੀਂ, ਚਿੰਟੂ ਮੰਡੀ ਅਤੇ ਹੋਰ ਭਾਜਪਾ ਵਰਕਰਾਂ ਨੇ ਰਾਜਾ ਵੜਿੰਗ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਕਦੇ ਵੀ ਦਲਿਤ ਸਮਾਜ ਨੂੰ ਉੱਚਾ ਚੁੱਕਣ ਦੇ ਯਤਨ ਨਹੀਂ ਕੀਤੇ ਅਤੇ ਨਾ ਹੀ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਕੋਈ ਨੀਤੀ ਤੈਅ ਕੀਤੀ। ਉਨ੍ਹਾਂ ਪੰਜਾਬ ਐਸ.ਸੀ ਕਮਿਸ਼ਨ ਦੇ ਚੇਅਰਮੈਨ ਅਤੇ ਰਾਸ਼ਟਰੀ ਐਸ.ਸੀ ਕਮਿਸ਼ਨ ਦੇ ਚੇਅਰਮੈਨ ਤੋਂ ਪਰਜੋਰ ਮੰਗ ਕੀਤੀ ਕਿ ਰਾਜਾ ਵੜਿੰਗ ਖਿਲਾਫ ਐਸ ਸੀ ਐਕਟ ਤਹਿਤ ਪਰਚਾ ਦਰਜ ਕੀਤਾ ਜਾਵੇ।



# ਹਲਕਾ ਗੜ੍ਹਸ਼ੰਕਰ ਤੋੜਨ ਦੀ ਕੋਸ਼ਿਸ਼ ਨੂੰ ਕਾਮਯਾਬ ਨਹੀਂ ਹੋਣ ਦੇਵਾਂਗੇ : ਬਾਰ ਐਸੋਸੀਏਸ਼ਨ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਹਲਕਾ ਗੜ੍ਹਸ਼ੰਕਰ ਨੂੰ ਨਵੇ ਬਣਨ ਜਾ ਰਹੇ ਸ੍ਰੀ ਅਨੰਦਪੁਰ ਸਾਹਿਬ ਜ਼ਿਲ੍ਹੇ ਨਾਲ ਜੋੜਨ ਦੀ ਕੋਸ਼ਿਸ਼ ਨੂੰ ਕਾਮਯਾਬ ਨਹੀ ਹੋਣ ਦਿੱਤਾ ਜਾਵੇਗਾ । ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬਾਰ ਐਸੋਏਸ਼ਨ ਗੜਸ਼ੰਕਰ ਵੱਲੋਂ ਸਥਾਨਕ ਕੋਰਟ ਕੰਪਲੈਕਸ ਦੇ ਸਾਹਮਣੇ ਰੋਸ ਪ੍ਰਦਰਸ਼ਨ ਕਰਦਿਆਂ ਕੀਤਾ ਗਿਆ। ਇਸ ਸਬੰਧੀ ਬਾਰ ਐਸੋਸੀਏਸ਼ਨ ਦੇ ਮੈਬਰਾ ਨੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਅਤੇ ਨਾਅਰੇਬਾਜ਼ੀ ਕਰਦਿਆਂ ਸਰਕਾਰ ਦਾ ਪੁਤਲਾ ਵੀ ਫੂਕਿਆ। ਉਹਨਾਂ ਕਿਹਾ ਕਿ ਗੜਸ਼ੰਕਰ ਨੂੰ ਸ੍ਰੀ ਅਨੰਦਪੁਰ ਸਾਹਿਬ ਨਾਲ ਨਾ ਜੋੜਿਆ ਜਾਵੇ।

ਬਾਰ ਐਸੋਸੀਏਸ਼ਨ ਤੋ ਐਡਵੋਕੇਟ ਪੰਕਜ ਕ੍ਰਿਪਾਲ ਨੇ ਕਿਹਾ ਕਿ ਹਲਕਾ ਗੜਸ਼ੰਕਰ ਨੂੰ ਸ੍ਰੀ ਆਨੰਦਪੁਰ ਸਾਹਿਬ ਨਾਲ ਜੋੜਨਾ ਇੱਥੋਂ ਦੇ ਲੋਕਾਂ ਨਾਲ ਬੇਇਨਸਾਫੀ ਹੋਵੇਗੀ ਅਤੇ ਲੋਕਾ ਦੀ ਖੱਜਲ ਖੁਆਰੀ ਤੋਂ ਬਿਨਾਂ ਹੋਰ ਕੁਝ ਨਹੀਂ ਹੋਵੇਗਾ। ਇਸ ਮੌਕੇ ਐਸੋਸੀਏਸ਼ਨ ਦੇ ਸਮੂਹ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਡਾ. ਅਮਰੀਕ ਸਿੰਘ ਨੇ ਸੰਭਾਲਿਆ ਕੇਨ ਕਮਿਸ਼ਨਰ ਪੰਜਾਬ ਦਾ ਅਹੁਦਾ



**ਮੋਹਾਲੀ , (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਦੇ ਆਦੇਸ਼ਾਂ ਤੋਂ ਬਾਅਦ ਡਾ. ਅਮਰੀਕ ਸਿੰਘ ਵੱਲੋਂ ਕੇਨ ਕਮਿਸ਼ਨਰ ਪੰਜਾਬ ਦਾ ਮੋਹਾਲੀ ਦੇ ਖੇਤੀ ਭਵਨ ਵਿਖੇ ਅਹੁਦਾ ਸੰਭਾਲ ਲਿਆ ਗਿਆ। ਇਸ ਤੋਂ ਪਹਿਲਾਂ ਉਹ ਕਰੀਬ ਇਕ ਸਾਲ ਤੋਂ ਗੁਰਦਾਸਪੁਰ ਜ਼ਿਲ੍ਹੇ ਅੰਦਰ ਮੁੱਖ ਖੇਤੀਬਾੜੀ ਅਫਸਰ ਦੀਆਂ ਸੇਵਾਵਾਂ ਨਿਭਾ ਰਹੇ ਸਨ। ਦੱਸਣਯੋਗ ਹੈ ਕਿ ਡਾ. ਅਮਰੀਕ ਸਿੰਘ ਜ਼ਿਲ੍ਹਾ ਗੁਰਦਾਸਪੁਰ ਵਿੱਚ ਬਤੌਰ ਖੇਤੀਬਾੜੀ ਵਿਕਾਸ ਅਫਸਰ, ਖੇਤੀਬਾੜੀ ਅਫਸਰ, ਜ਼ਿਲ੍ਹਾ ਸਿਖਲਾਈ ਅਫਸਰ, ਮੁੱਖ ਖੇਤੀਬਾੜੀ ਅਫ਼ਸਰ ਅਤੇ ਪਠਾਨਕੋਟ ਅਤੇ ਫ਼ਰੀਦਕੋਟ ਜ਼ਿਲ੍ਹੇ ਵਿੱਚ ਮੁੱਖ ਖੇਤੀਬਾੜੀ ਅਫਸਰ ਸਮੇਤ ਹੋਰ ਅਨੇਕਾਂ ਅਹਿਮ ਅਹੁੱਦਿਆਂ 'ਤੇ ਸੇਵਾਵਾਂ ਨਿਭਾ ਚੁੱਕੇ ਹਨ।

# ਫੁੱਟਬਾਲ ਤੇ ਖੇਡ ਲੀਗ (ਦੂਜੇ ਪੜਾਅ) ਦੇ ਮੁਕਾਬਲੇ ਕਰਵਾਏ

**ਗੁਰਾਇਆ (ਬਿੰਦਰ ਸੁੰਮਨ)**

ਪਿਛਲੇ ਦਿਨੀਂ ਵਾਈ ਐਫ ਸੀ ਰੁੜਕਾ ਕਲਾਂ ਵੱਲੋਂ 13ਵੀ ਐਜੂਕੇਸ਼ਨਲ ਫੁੱਟਬਾਲ ਲੀਗ ਦਾ ਸ਼ਾਨਦਾਰ ਆਗਾਜ਼ ਵਾਈ ਐਫ ਸੀ ਦੇ ਖੇਡ ਸਟੇਡੀਅਮ ਰੁੜਕਾ ਕਲਾਂ ਵਿਖੇ ਕੀਤਾ ਗਿਆ ਸੀ।ਜਿਸ ਤਹਿਤ ਕਲੱਬ ਦੇ ਪ੍ਰਧਾਨ ਗੁਰਮੰਗਲ ਦਾਸ ਸੋਨੀ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਸੀ ਕਿ ਇਸ ਲੀਗ ਵਿੱਚ 5 ਹਜ਼ਾਰ ਦੇ ਕਰੀਬ ਵੱਖ-ਵੱਖ ਸੈਟਰਾਂ ਤੋਂ ਉਮਰ ਵਰਗ 8,10,12,14,16,18 ਅਤੇ ਸੀਨੀਅਰ ਵਰਗ ਦੇ ਖਿਡਾਰੀ ਭਾਗ ਲੈ ਰਹੇ ਹਨ। ਫੁੱਟਬਾਲ ਦੇ ਨਾਲ-ਨਾਲ ਇਸ ਲੀਗ ਵਿੱਚ ਕਬੱਡੀ, ਰੈਸਲਿੰਗ ,ਕ੍ਰਿਕਟ,ਐਥਲੈਟੀਕਸ ਤੇ ਬੈਡਮਿੰਟਨ ਖੇਡਾਂ ਦੇ ਵੀ ਮੁਕਾਬਲੇ ਕਰਵਾਏ ਜਾਣਗੇ। ਇਸ ਵਿੱਚ ਬੱਚਿਆਂ ਦੀ ਹੌਂਸਲਾ ਅਫਜਾਈ ਲਈ ਹਰੇਕ ਮੈਚ ਅਤੇ ਟੀਮ ਵਿੱਚੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਪੈਸ਼ਲ ਸਨਮਾਨਿਤ ਕੀਤਾ ਜਾਵੇਗਾ। ਲੀਗ ਵਿੱਚ ਬੱਚਿਆਂ ਦੇ ਮੈਚਾ ਤੋਂ ਇਲਾਵਾ ਇਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਖਾਸ ਤੌਰ ਤੇ ਡਿਜਾਇਨ ਸਪੋਰਟਸ ਫਾਰ ਡਿਵਲਮੈਂਟ ਦੇ ਸੈਸ਼ਨ ਵੀ ਲਗਾਏ ਜਾਂਦੇ ਹਨ, ਜਿਸ ਵਿੱਚ ਬੱਚਿਆਂ ਨੂੰ ਵੱਖ-ਵੱਖ ਵਿਸ਼ਿਆਂ ਜਿਵੇਂ ਕਿ ਸਾਫ-ਸਫਾਈ,ਪ੍ਰਸਨੈਲਿਟੀ ਡਿਵਲਪਮੈਂਟ ,ਆਪਸੀ ਗੱਲਬਾਤ,ਲੀਡਰਸ਼ਿਪ ਆਦਿ ਤੇ ਗੱਲਬਾਤ ਕੀਤੀ ਜਾਂਦੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਦੱਸਿਆ ਕਿ ਇਸ ਤਿੰਨ ਮਹੀਨੇ ਚੱਲਣ ਵਾਲੀ ਲੀਗ ਵਿੱਚ ਹਿੱਸਾ ਲੈਣ ਵਾਲੇ ਹਰੇਕ ਬੱਚੇ,ਕੋਚ,ਵਲੰਟੀਅਰਾ ਲਈ ਖੇਡ ਕਿੱਟਾ, ਖਾਣ-ਪੀਣ,ਅਤੇ ਆਉਣ-ਜਾਣ ਦਾ ਪ੍ਰਬੰਧ ਵਾਈ ਐਫ ਸੀ ਰੁੜਕਾ ਕਲਾ ਵੱਲੋਂ ਕੀਤਾ ਜਾਦਾ ਹੈ। ਦੂਜੇ ਪੜਾਅ ਦੇ ਮੁਕਾਬਲੇ ਵਿੱਚ ਲੜਕਿਆਂ ਅਤੇ ਲੜਕੀਆਂ ਦੇ ਫੁੱਟਬਾਲ ਮੈਚ ਕਰਵਾਏ ਗਏ,ਜਿਸ ਵਿੱਚ ਉਮਰ ਵਰਗ 14 ਸਾਲ ਲੜਕਿਆਂ ਵਿੱਚ ਚੱਕ ਮੁਗਲਾਨੀ ਤੇ ਨਕੋਦਰ 3-1,ਚੱਕ ਮੁਗਲਾਨੀ ਤੇ ਬਾਠ ਕਲਾ 3-0,ਬਾਠ ਕਲਾ ਤੇ ਜਮਸ਼ੇਰ ਖਾਸ 3-0,ਨਕੋਦਰ ਤੇ ਜਮਸ਼ੇਰ ਖਾਸ 3-0 ,ਅਤੇ ਉਮਰ ਵਰਗ-16 ਦੇ ਮੁਕਾਬਲਿਆ ਵਿੱਚ ਚੱਕ ਮੁਗਲਾਨੀ ਤੇ ਨਕੋਦਰ 0-0,ਚੱਕ ਮੁਗਲਾਨੀ ਤੇ ਬਾਠ ਕਲਾ 1-1,ਜਮੇਸ਼ਰ ਖਾਸ ਤੇ ਬਾਠ ਕਲਾ 1-0,ਜਮਸ਼ੇਰ ਖਾਸ ਤੇ ਨਕੋਦਰ 0-0 ਨਾਲ ਹਰਾਇਆ ਗਿਆ,ਇਸ ਦੇ ਨਾਲ ਹੀ ਉਮਰ ਵਰਗ-18 ਲੜਕਿਆ ਦੇ ਵੀ ਫੱਟਬਾਲ ਮੁਕਾਬਲੇ ਕਰਵਾਏ ਗਏ,ਜਿਸ ਵਿੱਚ ਬਾਠ ਕਲਾ ਨੇ ਜਮਸ਼ੇਰ ਖਾਸ ਨੂੰ 3-0 ਨਾਲ ਹਰਾਇਆ ਅਤੇ ਮੈਚ ਆਪਣੇ ਨਾਂਅ ਕੀਤਾ।



# ਮਨਸੂਰਪੁਰ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



**ਫਿਲੌਰ, (ਨਿਰਮਲ)**- ਨਜ਼ਦੀਕੀ ਪਿੰਡ ਮਨਸੂਰਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂਦੁਆਰਾ ਸਿੰਘ ਸਭਾ ਵਿਖੇ ਗੁਰੂਦਵਾਰਾ ਪ੍ਰਬੰਧਕ ਕਮੇਟੀ, ਐੱਨ ਆਰ ਆਈ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਗੁਰੂ ਘਰ ਦੇ ਗ੍ਰੰਥੀ ਭਾਈ ਪਰਮਜੀਤ ਸਿੰਘ ਪ੍ਰੇਮੀ ਵੱਲੋਂ ਅਰਦਾਸ ਉਪਰੰਤ ਕੀਤੀ ਗਈ। ਨਗਰ ਕੀਰਤਨ ਦੌਰਾਨ ਰਾਗੀ ਅਤੇ ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਦੇ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸੰਗਤਾਂ ਨੂੰ ਵੱਖ ਵੱਖ ਥਾਵਾਂ ਤੇ ਲੰਗਰ ਵਰਤਾਇਆ ਗਿਆ। ਇਸ ਮੌਕੇ ਅਮਰੀਕ ਸਿੰਘ ਨੰਬਰਦਾਰ, ਨਰਿੰਦਰ ਸਿੰਘ, ਬਲਦੇਵ ਸਿੰਘ, ਕੁਲਦੀਪ ਸਿੰਘ, ਦਲਜੀਤ ਸਿੰਘ, ਦੌਰਾ ਸਿੰਘ, ਮੱਖਣ ਸਿੰਘ, ਰਾਜਾ, ਜੋਗਾ ਸਿੰਘ, ਪਰਮਜੀਤ ਸਿੰਘ, ਜਸਵਿੰਦਰ ਸਿੰਘ, ਅਵਤਾਰ ਸਿੰਘ, ਹਰਜਿੰਦਰ ਸਿੰਘ, ਉਂਕਾਰ ਸਿੰਘ, ਜਸਕੀਰਤ ਸਿੰਘ, ਕਮਲਜੀਤ ਸਿੰਘ ਅਤੇ ਹੋਰ ਹਾਜ਼ਰ ਸਨ।

# ਪ੍ਰਕਾਸ਼ ਦਿਹਾੜੇ ਸੰਬੰਧੀ ਵੱਖ-ਵੱਖ ਪਿੰਡਾਂ 'ਚ ਨਗਰ ਕੀਰਤਨ ਸਜਾਇਆ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਸ੍ਰੀ ਗੁਰੂ ਨਾਨਕ ਦੇਵ ਜੀ ਦੇ 556 ਪ੍ਰਕਾਸ਼ ਉਤਸਵ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੱਤੀ ਅਮੀ ਪੁਰ ਹਰਸੀ ਪਿੰਡ ਵਿਖੇ ਸ਼ਰਧਾ ਸਤਿਕਾਰ ਤੇ ਖਾਲਸਾਈ ਸ਼ਾਨੋ ਸ਼ੌਕਤ ਨਾਲ ਸਜਾਇਆ ਗਿਆ । ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਕੀਤੀ ਗਈ। ਇਸ ਮੌਕੇ ਰਾਗੀ, ਢਾਡੀ ਸਿੰਘਾਂ ਤੇ ਸਮੂਹ ਸੰਗਤਾਂ ਵੱਲੋਂ ਪਵਿੱਤਰ ਸ਼ਬਦ ਗੁਰੂਆਂ ਅਤੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਹੋਏ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮਹਿਮਾ ਦਾ ਗੁਣਗਾਣ ਕੀਤਾ ਜਾ ਰਿਹਾ ਸੀ। ਮਹਾਨ ਨਗਰ ਕੀਰਤਨ ਦਾ ਜਿੱਥੇ ਪਿੰਡ ਦੇ ਵੱਖ-ਵੱਖ ਚੌਂਕਾਂ ਅਤੇ ਪੜਾਵਾਂ ਵਿੱਚ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਦੇ ਹੋਏ ਸਵਾਗਤ ਕੀਤਾ ਗਿਆ ਉੱਥੇ ਹੀ ਸੇਵਾਦਾਰਾ ਵੱਲੋਂ ਚਾਹ ਪਕੌੜੇ ਫਲ ਫਰੂਟ ਅਤੇ ਮਿਠਾਈਆਂ ਦੇ ਲੰਗਰ ਲਗਾ ਕੇ ਆਪਣੀ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ ਗਿਆ। ਵਿਸ਼ਾਲ ਨਗਰ ਕੀਰਤਨ ਸਮੁੱਚੇ ਪਿੰਡ ਦੀ ਪਰਿਕਰਮਾ ਕਰਨ ਉਪਰੰਤ ਸੰਪੰਨ ਹੋਇਆ। ਇਸ ਮੌਕੇ ਪ੍ਰਧਾਨ ਦਰਸ਼ਨ ਸਿੰਘ, ਮਦਨ ਸਿੰਘ, ਗੁਰਮਿੰਦਰ ਸਿੰਘ, ਗੁਰਜੀਤ ਸਿੰਘ, ਸ਼ਰਨਜੀਤ ਸਿੰਘ, ਰਵਿੰਦਰਜੀਤ ਸਿੰਘ, ਪ੍ਰਦੀਪ ਪਾਲ ਸਿੰਘ, ਗੁਰਪ੍ਰੀਤ ਸਿੰਘ, ਸੁਖਪ੍ਰੀਤ ਸਿੰਘ, ਕੇਸ਼ਵ ਸਿੰਘ ਸੈਣੀ,ਇੰਦਰਜੀਤ ਸਿੰਘ, ਹਰਵਿੰਦਰ ਸਿੰਘ, ਸੇਵਕ ਸਿੰਘ, ਹਰਜੀਤ ਸਿੰਘ, ਮਾਸਟਰ ਗੁਰਦੀਪ ਸਿੰਘ, ਸਰਪੰਚ ਰਸ਼ਪਾਲ ਸਿੰਘ ਵੀ ਹਾਜ਼ਰ ਸਨ। ਇਸ ਤੋਂ ਇਲਾਵਾ ਪਿੰਡ ਗਹੋਤ ਰਾਜਪੁਰ ਦੀਆਂ ਸੰਗਤਾਂ ਵੱਲੋਂ ਵੀ ਪ੍ਰਕਾਸ਼ ਉਤਸਵ ਨੂੰ ਮੁੱਖ ਰੱਖਦੇ ਹੋਏ ਮਹਾਨ ਨਗਰ ਕੀਰਤਨ ਆਯੋਜਿਤ ਕੀਤੇ ਗਏ। ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਸਜਾਏ ਗਏ ਮਹਾਨ ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਦੇ ਹੋਏ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਇਹ ਮਹਾਨ ਨਗਰ ਕੀਰਤਨ ਗੁਰਦੁਆਰਾ ਸਾਹਿਬ ਗਹੋਤ ਤੋਂ ਆਰੰਭ ਹੋ ਕੇ ਪਿੰਡ ਰਾਜਪੁਰ ਸ਼ਾਲਾਪੁਰ ਤੇ ਹੋਰਨਾ ਪੜਾਵਾਂ ਉਪਰੰਤ ਗੁਰਦੁਆਰਾ ਸਾਹਿਬ ਪਹੁੰਚ ਕੇ ਸੰਪਨ ਹੋਇਆ। ਇਸ ਮੌਕੇ ਮੁੱਖ ਸੇਵਾਦਾਰ ਸਤਨਾਮ ਸਿੰਘ , ਪਿਦਰਪਾਲ ਸਿੰਘ ,ਸ਼ਿਵਚਰਨ ਸਿੰਘ, ਸਤਿੰਦਰ ਸਿੰਘ, ਮਹਿੰਦਰ ਸਿੰਘ, ਬਲਜੀਤ ਸਿੰਘ ,ਭਜਨ ਸਿੰਘ, ਸਰਪੰਚ ਹਰਪ੍ਰੀਤ ਕੌਰ, ਨੰਬਰਦਾਰ ਅਪਿੰਦਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



## ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਜਗਰਾਉਂ (ਅਮਿਤ ਖੰਨਾ)**- ਮਾਲਵੇ ਦੀ ਪ੍ਰਸਿੱਧ ਸੰਸਥਾ ਸਪ੍ਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸ਼ਬਦ ਨਾਲ ਕੀਤੀ ਗਈ।ਇਸ ਮੌਕੇ ਸਕੂਲ ਦੇ ਅਧਿਆਪਕ ਬਲਜੀਤ ਸਿੰਘ ਨੇ ਗੁਰੂ ਜੀ ਦੇ ਜੀਵਨ ਤੇ ਉਨ੍ਹਾਂ ਦੇ ਉਪਦੇਸ਼ਾਂ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਅਤੇ ਉਨ੍ਹਾਂ ਦੇ ਫਲਸਫੇ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਵਿਦਿਆਰਥਣਾਂ ਦਿਲਪ੍ਰੀਤ ਕੌਰ, ਵੰਸ਼ਿਕਾ, ਗੁਰਲੀਨ ਕੌਰ, ਤਨਵੀਰ ਕੌਰ ਅਤੇ ਅਵਿਕਾ ਨੇ ਸ਼ਬਦ ਸਭ ਤੋਂ ਵੱਡਾ ਸਤਿਗੁਰ ਨਾਨਕ ਬੜੀ ਭਾਵਨਾ ਨਾਲ ਪੇਸ਼ ਕੀਤਾ।ਸਮਰੀਤ ਕੌਰ, ਖੁਸ਼ਪ੍ਰੀਤ ਕੌਰ, ਖੁਸ਼ਦੀਪ ਕੌਰ, ਜਸਲੀਨ ਅਤੇ ਗੁਰਸੀਰਤ ਨੇ ਸ਼ਬਦ ਸਤਿਗੁਰ ਨਾਨਕ ਪਰਗਟਿਆ ਗਾ ਕੇ ਸਮਾਗਮ ਨੂੰ ਰੂਹਾਨੀ ਮਾਹੌਲ ਨਾਲ ਭਰ ਦਿੱਤਾ।ਆਰਵ ਖੰਨਾ ਨੇ ਗੁਰੂ ਜੀ ਦੇ ਉਪਦੇਸ਼ਾਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਮੌਕੇ ਮਨਸਹਿਜ, ਨਵਰਾਜ ਅਤੇ ਯੁਵਰਾਜ ਨੇ ਸੁਰੀਲਾ ਗੀਤ ਪੇਸ਼ ਕੀਤਾ।ਇਸਰੀਤ, ਅਨੁਰੀਤ ਅਤੇ ਜਪਨੂਰ ਕੌਰ ਨੇ ਸਬਦ ਗਾ ਕੇ ਸਭ ਦਾ ਮਨ ਮੋਹ ਲਿਆ।ਸਮਾਗਮ ਦੌਰਾਨ ਵਿਦਿਆਰਥੀਆਂ ਨੇ ਗੁਰੂ ਜੀ ਦੇ ਉਪਦੇਸ਼ਾਂ ਸਚਾਈ, ਨਿਮਰਤਾ ਅਤੇ ਸੇਵਾ ਦੇ ਸੁਨੇਹੇ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਵਾਅਦਾ ਕੀਤਾ।ਮੰਚ ਸੰਚਾਲਨਾ ਵਿਦਿਆਰਥੀ ਖੁਸ਼ਪ੍ਰੀਤ ਕੌਰ ਅਤੇ ਤਨਵੀਰ ਕੌਰ ਵੱਲੋਂ ਕੀਤੀ ਗਈ।ਸਮਾਗਮ ਦੇ ਅੰਤ 'ਤੇ ਪ੍ਰਿੰਸੀਪਲ ਮਿਸਿਜ਼ ਗੀਨਾ ਜੈਦਿਕਾ ਅਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾਂ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਇਸ ਸਮੇਂ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰੈਜ਼ੀਡੈਂਟ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਅਤੇ ਹਰਜੀਤ ਸਿੰਘ ਸਿੱਧੂ ਯੂ ਐਸ ਏ ਹਾਜ਼ਰ ਸਨ।



## ਪਿਤਾ ਨੂੰ ਕਤਲ ਕਰਨ ਦੇ ਦੋਸ਼ ਹੇਠ ਪੁੱਤ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪਟਿਆਲਾ ਜ਼ਿਲ੍ਹੇ ਦੇ ਪਿੰਡ ਧਨੇਠਾ ਨੇੜਿਉਂ ਨਹਿਰ ਚੋਂ ਮ੍ਰਿਤਕ ਹਾਲਤ 'ਚ ਮਿਲੇ ਜਲ ਅਤੇ ਸੈਨੀਟੇਸ਼ਨ ਵਿਭਾਗ ਦੇ ਮੁਲਾਜ਼ਮ ਸੁਖਜਿੰਦਰ ਸਿੰਘ ਦੇ ਮਾਮਲੇ 'ਚ ਥਾਣਾ ਮੂਲੇਪੁਰ ਦੀ ਪੁਲਸ ਵੱਲੋਂ ਮ੍ਰਿਤਕ ਦੇ ਪੁੱਤਰ ਅਤੇ ਉਸ ਦੇ ਨਾਮਾਲੂਮ ਸਾਥੀਆਂ ਵਿਰੁੱਧ ਕਤਲ ਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪਲਸ ਦੇ ਸੂਤਰਾਂ ਤੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮ੍ਰਿਤਕ ਦੀ ਧੀ ਜਸਵਿੰਦਰ ਕੌਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਖੰਨਾ ਵਿਖੇ ਆਪਣੇ ਸਹੁਰੇ ਪਰਵਾਰ ਨਾਲ ਰਹਿੰਦੀ ਹੈ ਜਦ ਕਿ ਉਸ ਦੇ ਪਿਤਾ ਸੁਖਜਿੰਦਰ ਸਿੰਘ ਜੋ ਕਿ ਜਲ ਅਤੇ ਸੈਨੀਟੇਸ਼ਨ ਵਿਭਾਗ ਦੇ ਮੁਲਾਜ਼ਮ ਹਨ ਉਸ ਦੇ ਵੱਡੇ ਭਰਾ ਰਵਿੰਦਰ ਸਿੰਘ ਦੇ ਨਾਲ ਆਪਣੇ ਘਰ ਪਿੰਡ ਚਨਾਰਥਲ ਕਲਾਂ ਵਿਖੇ ਰਹਿੰਦੇ ਹਨ। ਉਸ ਦਾ ਵੱਡਾ ਭਰਾ ਰਵਿੰਦਰ ਸਿੰਘ ਕੋਈ ਕੰਮਕਾਰ ਨਹੀਂ ਕਰਦਾ ਸੀ ਜਿਸ ਕਾਰਨ ਕਰੀਬ ਦੋ ਮਹੀਨੇ ਪਹਿਲਾਂ ਘਰ ਵਿਚ ਪਤੀ ਅਤੇ ਸਹੁਰੇ ਨਾਲ ਹੋਈ ਮਾਮੂਲੀ ਤਕਰਾਰ ਉਪਰੰਤ ਰਵਿੰਦਰ ਸਿੰਘ ਦੀ ਪਤਨੀ ਅਨੂ ਰਾਣੀ ਨਾਰਾਜ਼ ਹੋ ਕੇ ਆਪਣੇ ਪੇਕੇ ਘਰ ਚਲੀ ਗਈ।ਜਿਸ ਸਬੰਧੀ ਰਵਿੰਦਰ ਸਿੰਘ ਨੂੰ ਸ਼ੱਕ ਸੀ ਕਿ ਉਸ ਦੇ ਪਿਤਾ ਸੁਖਜਿੰਦਰ ਸਿੰਘ ਚਰਿੱਤਰਹੀਣ ਹਨ ਤਾਂ ਹੀ ਉਸ ਦੀ ਪਤਨੀ ਆਪਣੇ ਸਹੁਰੇ ਘਰ ਨਹੀਂ ਰਹਿੰਦੀ।ਜਸਵਿੰਦਰ ਕੌਰ ਨੇ ਪੁਲਸ ਨੂੰ ਦੱਸਿਆ ਕਿ ਬੀਤੀ 27 ਅਕਤੂਬਰ ਤੋਂ ਉਸ ਦੇ ਪਿਤਾ ਲਾਪਤਾ ਚੱਲੇ ਆ ਰਹੇ ਸਨ ਜਿਨ੍ਹਾਂ ਦੀ ਲਾਸ਼ ਗੋਤਾਖੋਰਾਂ ਨੂੰ ਪਟਿਆਲਾ ਜ਼ਿਲ੍ਹੇ ਦੇ ਪਿੰਡ ਧਨੇਠਾ ਨਜ਼ਦੀਕ ਭਾਖੜਾ ਨਹਿਰ 'ਚ ਤੈਰਦੀ ਮਿਲੀ ਜਿਸ ਦੇ ਮੂੰਹ ਅਤੇ ਸਿਰ 'ਤੇ ਤੇਜ਼ਧਾਰ ਹਥਿਆਰਾਂ ਦੇ ਨਿਸ਼ਾਨ ਸਨ। ਜਸਵਿੰਦਰ ਕੌਰ ਨੇ ਦੋਸ਼ ਲਗਾਏ ਕਿ ਉਸ ਦੇ ਪਿਤਾ ਉਸ ਦੇ ਭਰਾ ਰਵਿੰਦਰ ਸਿੰਘ ਨੂੰ ਟੋਕਦੇ ਰਹਿੰਦੇ ਸਨ ਕਿ ਉਹ ਸ਼ਾਦੀਸ਼ੁਦਾ ਹੈ ਤੇ ਇੱਕ ਬੱਚੇ ਦਾ ਪਿਤਾ ਹੈ, ਇਸ ਲਈ ਉਹ ਮੁੰਡਿਆਂ ਨਾਲ ਵਿਹਲਾ ਘੁੰਮਣ ਦੀ ਬਜਾਏ ਘਰ ਦੀ ਜ਼ਿੰਮੇਵਾਰੀ ਸਮਝੇ ਤੇ ਕੋਈ ਕੰਮਕਾਰ ਕਰੇ। ਪਰ ਉਸ ਦਾ ਭਰਾ ਰਵਿੰਦਰ ਸਿੰਘ ਆਪਣੇ ਪਿਤਾ ਦੀਆਂ ਗੱਲਾਂ ਦਾ ਬੁਰਾ ਮਨਾਉਂਦਾ ਸੀ ਜਿਸ ਨੇ ਆਪਣੇ ਨਾਮਲੂਮ ਸਾਥੀਆਂ ਨਾਲ ਮਿਲ ਕੇ ਪਹਿਲਾਂ ਆਪਣੇ ਪਿਤਾ 'ਤੇ ਤੇਜ਼ਧਾਰ ਹਥਿਆਰਾਂ ਨਾਲ ਵਾਰ ਕੀਤੇ ਤੇ ਫਿਰ ਇਸ ਕਤਲ ਦੀ ਵਾਰਦਾਤ 'ਤੇ ਪਰਦਾ ਪਾਉਣ ਲਈ ਉਹਨਾਂ ਨੂੰ ਭਾਖੜਾ ਨਹਿਰ ਵਿੱਚ ਸੁੱਟ ਦਿੱਤਾ। ਜਸਵਿੰਦਰ ਕੌਰ ਦੇ ਬਿਆਨਾਂ 'ਤੇ ਰਵਿੰਦਰ ਸਿੰਘ ਵਾਸੀ ਪਿੰਡ ਚਨਾਰਥਲ ਕਲਾਂ ਅਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੂਲੇਪੁਰ ਦੇ ਐਸ.ਐਚ.ਓ. ਗੁਰਮੀਤ ਕੁਮਾਰ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਮਾਤਾ ਗੁਜਰੀ ਕਾਲਜ 'ਚ ਮਨਾਇਆ ਅੰਤਰਰਾਸ਼ਟਰੀ ਜਲਵਾਯੂ ਪਰਿਵਰਤਨ ਵਿਰੋਧੀ ਦਿਵਸ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਮਾਤਾ ਗੁਜਰੀ ਕਾਲਜ ਦੇ ਬਾਟਨੀ ਅਤੇ ਵਾਤਾਵਰਣ ਵਿਗਿਆਨ ਵਿਭਾਗ ਵੱਲੋਂ ਅੰਤਰਰਾਸ਼ਟਰੀ ਜਲਵਾਯੂ ਪਰਿਵਰਤਨ ਵਿਰੋਧੀ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ ਜਿਸ ਦੌਰਾਨ ਵਿਦਿਆਰਥੀਆਂ ਦੀਆਂ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਜਿਵੇਂ ਰੰਗੋਲੀ ਬਣਾਉਣ, ਪਾਵਰ ਪੁਆਇੰਟ ਪੇਸ਼ਕਾਰੀ, ਪੋਸਟਰ ਬਣਾਉਣ ਅਤੇ ਪੇਪਰ ਪੜ੍ਹਨ ਆਦਿ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਗਲੋਬਲ ਵਾਰਮਿੰਗ ਅਤੇ ਜਲਵਾਯੂ ਪਰਿਵਰਤਨ ਦੇ ਵੱਧ ਰਹੇ ਖ਼ਤਰੇ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਵਿੱਚ ਵਾਤਾਵਰਣ ਚੇਤਨਾ ਨੂੰ ਉਤਸ਼ਾਹਿਤ ਕਰਨਾ ਸੀ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਨੇ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਾਤਾਵਰਣ ਸੁਰੱਖਿਆ ਹਰ ਨਾਗਰਿਕ ਦਾ ਨੈਤਿਕ ਫਰਜ਼ ਹੈ, ਇਸ ਲਈ ਵਾਤਾਵਰਨ ਨੂੰ ਬਚਾਉਣ ਲਈ ਹਰ ਕਿਸੇ ਨੂੰ ਆਪਣੇ ਪੱਧਰ 'ਤੇ ਕੋਸ਼ਿਸ਼ ਕਰਨੀ ਚਾਹੀਦੀ ਹੈ ਅਤੇ ਲੋਕਾਂ ਵਿੱਚ ਜਲਵਾਯੂ ਪਰਿਵਰਤਨ, ਵਾਤਾਵਰਣ ਪ੍ਰਦੂਸ਼ਣ, ਗ੍ਰੀਨ ਹਾਊਸ ਪ੍ਰਭਾਵ, ਗਲੋਬਲ ਵਾਰਮਿੰਗ ਆਦਿ ਸਮੱਸਿਆਵਾਂ ਬਾਰੇ ਜਾਗਰੂਕਤਾ ਪੈਦਾ ਕਰਨੀ ਚਾਹੀਦੀ ਹੈ। ਇਸ ਮੌਕੇ ਬਾਟਨੀ ਅਤੇ ਵਾਤਾਵਰਣ ਵਿਭਾਗ ਦੇ ਮੁਖੀ ਡਾ. ਲਵਨੀਤ ਕੌਰ ਨੇ ਵੀ ਵਿਚਾਰ ਰੱਖੇ। ਇਸ ਮੌਕੇ ਆਯੋਜਿਤ ਗਤੀਵਿਧੀਆਂ ਦਾ ਮੁਲਾਂਕਣ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਦੇ ਇਕ ਪੈਨਲ ਨੇ ਕੀਤਾ ਜਿਸ ਵਿਚ ਗਣਿਤ ਵਿਭਾਗ ਦੇ ਮੁਖੀ ਪ੍ਰੋ. ਨਮਿਤਾ ਬੇਰੀ, ਡਾ. ਸ਼ਾਮ ਬਾਂਸਲ, ਪ੍ਰੋ. ਪੂਨਮ ਚਾਵਲਾ, ਡਾ. ਰਾਜਿੰਦਰ ਪਾਲ, ਪ੍ਰੋ. ਸ਼ਿਵਦੀਪ ਕੌਰ, ਫੂਡ ਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਅਜੈ ਸਿੰਘ, ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਸੰਤੋਸ਼ ਕੁਮਾਰ, ਅਰਥਸ਼ਾਸਤਰ ਵਿਭਾਗ ਦੇ ਡਾ. ਹਰਸਿਮਰਨ ਸਿੰਘ, ਰਾਜਨੀਤੀ ਵਿਗਿਆਨ ਵਿਭਾਗ ਦੇ ਡਾ. ਸ਼ਵੇਤਾ ਸਹਿਗਲ ਅਤੇ ਪਬਲਿਕ ਐਡਮਿਨਿਸਟ੍ਰੇਸ਼ਨ ਵਿਭਾਗ ਦੇ ਡਾ. ਗੁਰਮੀਤ ਸਿੰਘ ਸ਼ਾਮਲ ਸਨ। । ਇਸ ਮੌਕੇ ਡਾ. ਵਿਜੇ ਸਿੰਘ, ਪ੍ਰੋ. ਅਨਮੋਲ ਕੌਰ, ਡਾ. ਹਰਲੀਨ ਕੌਰ ਅਤੇ ਡਾ. ਪ੍ਰਦੀਪ ਕੁਮਾਰ ਆਦਿ ਹਾਜ਼ਰ ਸਨ।



## ਐੱਸ ਸੀ ਭਾਈਚਾਰੇ 'ਤੇ ਤਸ਼ੱਦਦ ਦੀਆਂ ਘਟਨਾਵਾਂ ਵਧਣ ਲਈ ਪੁਲਸ ਪ੍ਰਸ਼ਾਸਨ ਜ਼ਿੰਮੇਵਾਰ : ਦਰਸ਼ਨ ਕਾਂਗੜਾ

**ਸੰਗਰੂਰ (ਪ੍ਰਵੀਨ ਸਿੰਘ)**- ਦੇਸ਼ ਦੀ ਨਾਮਵਰ ਤੇ ਸਰਗਰਮ ਸਮਾਜਿਕ ਜੱਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਨੇ ਐਸ ਸੀ/ਐਸ ਟੀ ਐਕਟ ਨੂੰ ਸਹੀ ਢੰਗ ਨਾਲ ਲਾਗੂ ਨਾ ਕਰਨ ਨੂੰ ਲੈ ਕੇ ਪੰਜਾਬ ਪੁਲਸ 'ਤੇ ਵੱਡੇ ਦੋਸ਼ ਲਗਾਏ ਹਨ। ਉਨ੍ਹਾਂ ਆਪਣੀ ਰਿਹਾਇਸ਼ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੇਸ਼ੱਕ ਸਾਡੇ ਦੇਸ਼ ਨੂੰ ਆਜ਼ਾਦ ਹੋਇਆਂ 77 ਸਾਲ ਹੋ ਗਏ ਹਨ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਵੱਲੋਂ ਲਿਖੇ ਸੰਵਿਧਾਨ ਅੰਦਰ ਵੀ ਦਲਿਤ ਭਾਈਚਾਰੇ ਨੂੰ ਬਰਾਬਰਤਾ ਦੇ ਅਧਿਕਾਰ ਦਿੱਤੇ ਗਏ ਹਨ ਪ੍ਰੰਤੂ ਅੱਜ ਵੀ ਦੇਸ਼ ਅੰਦਰ ਦਲਿਤਾਂ ਨੂੰ ਗੁਲਾਮਾਂ ਵਾਂਗ ਹੀ ਜ਼ਿੰਦਗੀ ਜਿਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਜਿਸ ਦਾ ਮੁੱਖ ਕਾਰਨ ਪੁਲਸ ਪ੍ਰਸ਼ਾਸਨ ਦੀ ਐਸ ਸੀ/ਐਸ ਟੀ ਐਕਟ ਨੂੰ ਲੈ ਕੇ ਵਰਤੀ ਜਾ ਰਹੀ ਢਿੱਲੀ ਕਾਰਗੁਜ਼ਾਰੀ ਹੈ। ਉਨ੍ਹਾਂ ਕਿਹਾ ਕਿ ਦਲਿਤਾਂ ਤੇ ਵੱਡੇ ਪੱਧਰ 'ਤੇ ਹੋ ਰਹੀਆਂ ਤਸ਼ੱਦਦ ਦੀਆਂ ਘਟਨਾਵਾਂ ਰੋਕਣ ਲਈ ਸੁਪਰੀਮ ਕੋਰਟ ਵੱਲੋਂ ਐਸ ਸੀ/ਐਸ ਟੀ ਐਕਟ ਨੂੰ ਮਜ਼ਬੂਤ ਕਰਦਿਆਂ ਸੈਕਸ਼ਨ 18 ਏ ਨੂੰ ਬਹਾਲ ਕੀਤਾ ਗਿਆ ਹੈ। ਜਿਸ ਵਿੱਚ ਕਿਸੇ ਵੀ ਐਸ ਸੀ ਵਰਗ ਨਾਲ ਸਬੰਧਤ ਵਿਅਕਤੀ ਵੱਲੋਂ ਪੁਲਸ ਕੋਲ ਲਿਖਤੀ ਸ਼ਿਕਾਇਤ ਆਉਣ ਤੇ ਤੁਰੰਤ ਪਰਚਾ ਦਰਜ ਕਰਕੇ ਉਸ ਦੀ ਤੁਰੰਤ ਹੀ ਗ੍ਰਿਫਤਾਰੀ ਬਣਦੀ ਹੈ। ਜਿਸ ਵਿੱਚ ਕਿਸੇ ਵੀ ਜਾਂਚ ਅਤੇ ਕਿਸੇ ਵੀ ਅਧਿਕਾਰੀ ਤੋਂ ਪ੍ਰਵਾਨਗੀ ਲੈਣ ਦੀ ਕੋਈ ਜ਼ਰੂਰਤ ਨਹੀਂ। ਪਰੰਤੂ ਪੰਜਾਬ ਪੁਲਸ ਖ਼ਾਸ ਕਰਕੇ ਜ਼ਿਲ੍ਹਾ ਮਾਲੇਰਕੋਟਲਾ ਦੀ ਪੁਲਸ ਵੱਲੋਂ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਵੀ ਟਿੱਚ ਸਮਝਿਆ ਜਾ ਰਿਹਾ ਹੈ। ਕਾਂਗੜਾ ਨੇ ਇਹ ਵੀ ਕਿਹਾ ਕਿ ਜੇਕਰ ਕੋਈ ਵੀ ਅਧਿਕਾਰੀ ਐਸ ਸੀ ਵਰਗ ਨਾਲ ਸਬੰਧਤ ਵਿਅਕਤੀ ਵੱਲੋਂ ਦਿੱਤੀ ਸ਼ਿਕਾਇਤ ਦਾ 15 ਦਿਨਾਂ ਦੇ ਅੰਦਰ-ਅੰਦਰ ਨਿਪਟਾਰਾ ਨਹੀਂ ਕਰਦਾ ਤਾਂ ਉਹ ਅਧਿਕਾਰੀ ਵੀ ਐਸ ਸੀ/ਐਸ ਟੀ ਐਕਟ ਦੇ ਘੇਰੇ ਵਿੱਚ ਆਉਂਦਾ ਹੈ। ਜਿਸ ਸਬੰਧੀ ਐਸ ਸੀ ਕਮਿਸ਼ਨ ਵੱਲੋਂ ਵੀ ਅਨੇਕਾਂ ਅਧਿਕਾਰੀਆਂ ਖ਼ਿਲਾਫ਼ ਵੱਡੀਆਂ ਕਾਰਵਾਈਆਂ ਕਰਵਾਈਆਂ ਗਈਆਂ ਹਨ। ਕਾਂਗੜਾ ਨੇ ਕਿਹਾ ਕਿ ਜ਼ਿਲ੍ਹਾ ਮਾਲੇਰਕੋਟਲਾ ਦੇ ਪੁਲਸ ਥਾਣਾ ਸਿਟੀ 2 ਵਿਚ ਵੀ ਐਸ ਸੀ ਵਰਗ ਨਾਲ ਸਬੰਧਤ ਵਿਅਕਤੀ ਵੱਲੋਂ ਕਰੀਬ 46 ਦਿਨ ਪਹਿਲਾਂ ਆਪਣੇ ਨਾਲ ਹੋਏ ਝਗੜੇ ਅਤੇ ਜਾਤੀਸੂਚਕ ਸ਼ਬਦ ਬੋਲਣ ਸਬੰਧੀ ਇੱਕ ਲਿਖਤੀ ਸ਼ਿਕਾਇਤ ਦਰਜ ਕਰਵਾਈ ਸੀ ਪਰੰਤੂ ਪੁਲਸ ਵੱਲੋਂ ਜਾਤੀਸੂਚਕ ਸ਼ਬਦ ਬੋਲਣ ਵਾਲੇ ਵਿਅਕਤੀ ਖਿਲਾਫ ਕਾਰਵਾਈ ਕਰਨ ਦੀ ਜਗ੍ਹਾ ਪੀੜਤ ਵਿਅਕਤੀ ਨੂੰ ਹੀ ਵਾਰ-ਵਾਰ ਥਾਣੇ ਬੁਲਾ ਕੇ ਜ਼ਲੀਲ ਕੀਤਾ ਜਾ ਰਿਹਾ ਹੈ। ਇਸ ਮੌਕੇ ਦਰਸ਼ਨ ਕਾਂਗੜਾ ਨਾਲ ਹੋਰ ਵੀ ਆਗੂ ਹਾਜ਼ਰ ਸਨ।



## ਸ਼ਿਆਮ ਬਾਬਾ ਦਾ ਜਨਮ ਉਤਸਵ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸ਼੍ਰੀ ਬਾਲਾ ਖਾਟੂ ਸ਼ਿਆਮ ਮੰਦਰ ਵਿਖੇ ਸ਼ਿਆਮ ਬਾਬਾ ਦਾ ਜਨਮ ਉਤਸਵ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸ਼੍ਰੀ ਬਾਲਾ ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼ਿਆਮ ਬਾਬਾ ਦਾ ਸ਼ਿੰਗਾਰ ਕਲਕੱਤਾ ਦੇ ਫੁੱਲਾਂ ਨਾਲ ਕੀਤਾ ਗਿਆ। ਉਨ੍ਹਾਂ ਨੇ ਦੱਸਿਆ ਕਿ ਸ਼ਿਆਮ ਬਾਬਾ ਦੇ ਸ਼ਿੰਗਾਰ ਦੇ ਨਾਲ-ਨਾਲ ਭੋਲੇ ਬਾਬਾ ਦਾ ਸ਼ਿੰਗਾਰ ਅਤੇ ਮੰਦਰ ਦੀ ਸਜਾਵਟ ਵੀ ਦੇਖਣ ਯੋਗ ਸੀ। ਸ਼ਿਆਮ ਬਾਬਾ ਦੇ ਸ਼ਿੰਗਾਰ ਦੀ ਸੇਵਾ ਕਿਸੇ ਸ਼ਰਧਾਲੂ ਵੱਲੋਂ ਗੁਪਤ ਰੂਪ ਵਿੱਚ ਕੀਤੀ ਗਈ ਅਤੇ ਭੋਲੇ ਬਾਬਾ ਦੇ ਸ਼ਿੰਗਾਰ ਦੀ ਸੇਵਾ ਅੰਕਿਤ ਬਾਂਸਲ (ਸ਼ਿੰਬੂ) ਵੱਲੋਂ ਕੀਤੀ ਗਈ। ਭਗਤਾਂ ਲਈ ਮੰਦਰ ਦੇ ਕਪਾਟ ਸਾਰਾ ਦਿਨ ਖੁੱਲ੍ਹੇ ਰਹੇ ਅਤੇ ਸਾਰਾ ਦਿਨ ਸ਼ਿਆਮ ਬਾਬਾ ਦੇ ਦਰਸ਼ਨਾਂ ਲਈ ਸ਼ਰਧਾਲੂ ਆਉਂਦੇ ਰਹੇ। ਝੰਡਾ ਲਹਿਰਾਉਣ ਦੀ ਰਸਮ ਮਨੁਜ ਸਚਦੇਵਾ ਦਿੱਲੀ ਵੱਲੋਂ ਨਿਭਾਈ ਗਈ। ਪੰਚ ਮੇਵੇ ਦੀ ਸੇਵਾ ਵਿੱਕੀ ਸਿੰਗਲਾ ਛਾਜਲੀ ਵਾਲਿਆਂ ਨੇ ਪਰਿਵਾਰ ਸਮੇਤ ਕੀਤੀ। ਛੱਪਨ ਭੋਗ ਦੀ ਸੇਵਾ ਸੰਜੀਵ ਕੁਮਾਰ ਕੰਟਰੈਕਟਰ ਵੱਲੋਂ ਕੀਤੀ ਗਈ। ਇਸ ਮੌਕੇ ਪੁਨੀਤ ਗਰਗ, ਅਵੀਸ਼ ਮੋਦੀ, ਪ੍ਰਵੇਸ਼ ਅਗਰਵਾਲ, ਕੇਸ਼ਵ ਗੁਪਤਾ, ਵਰੁਣ ਕਾਂਸਲ, ਸ਼ੀਤਲ ਮਿੱਤਲ, ਸੋਨੂੰ ਨਾਗਰਾ, ਹੈਪੀ ਗਰਗ, ਰਾਜੀਵ ਜੈਨ, ਸੁਭਾਸ਼ ਬਾਂਸਲ, ਅਜੈ ਗੁਪਤਾ, ਦੇਵਰਾਜ ਸਿੰਗਲਾ, ਅਜੀਤ ਕੁਮਾਰ, ਅਸ਼ਵਨੀ ਕੁਮਾਰ, ਮਾਧਵ, ਨਰਾਇਣ ਸ਼ਰਮਾ, ਚਕਸ਼ੂ, ਕਮਲ ਗੋਇਲ, ਨਰਿੰਦਰ ਗਰਗ, ਲੱਕੀ, ਸੰਜੇ, ਪਰਮਾਨੰਦ ਆਦਿ ਹਾਜ਼ਰ ਸਨ।



## 85 ਫੀਸਦੀ ਝੋਨੇ ਦੀ ਹੋਈ ਚੁਕਾਈ : ਬਰਸਟ

**ਸਮਾਣਾ (ਇਕਬਾਲ ਸਿੰਘ ਬੱਲ)**- ਪੰਜਾਬ ਰਾਜ ਦੀਆਂ ਸਮੂਹ ਮੰਡੀਆਂ ਵਿੱਚ ਝੋਨੇ ਦੀ ਆਮਦ, ਖਰੀਦ ਅਤੇ ਲਿਫਟਿੰਗ ਦੇ ਕਾਰਜ ਸੁਚੱਜੇ ਤਰੀਕੇ ਨਾਲ ਚੱਲ ਰਹੇ ਹਨ। ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਸਮੇਤ ਕਿਸੇ ਨੂੰ ਵੀ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾ ਰਹੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਸੂਬੇ ਦੀਆਂ ਮੰਡੀਆਂ ਵਿੱਚ ਝੋਨੇ ਦੇ ਚੱਲ ਰਹੇ ਖਰੀਦ ਕਾਰਜਾਂ ਦਾ ਜਾਇਜ਼ਾ ਲੈਣ ਉਪਰੰਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਲਿਫਟਿੰਗ ਤੇਜ਼ੀ ਨਾਲ ਹੋ ਰਹੀ ਹੈ। ਖਰੀਦੀ ਗਈ ਫਸਲ ਦੀ ਲਗਭਗ 85 ਫੀਸਦੀ ਲਿਫਟਿੰਗ ਹੋ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ 2 ਨਵੰਬਰ ਤੱਕ 127.23 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ ਅਤੇ 124.49 ਲੱਖ ਮੀਟ੍ਰਿਕ ਟਨ ਦੀ ਖਰੀਦ ਹੋ ਚੁੱਕੀ ਹੈ, ਜਿਸ ਵਿੱਚੋਂ ਸਰਕਾਰੀ ਏਜੰਸੀਆਂ ਵੱਲੋਂ 124.27 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ।

## ਅਕਤੂਬਰ 'ਚ ਟਿਕਟ ਚੈਕਿੰਗ ਰਾਹੀਂ 2.82 ਕਰੋੜ ਦਾ ਮਾਲੀਆ ਕਮਾਇਆ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)** - ਫ਼ਿਰੋਜ਼ਪੁਰ ਮੰਡਲ ਦੇ ਟਿਕਟ ਚੈਕਿੰਗ ਅਮਲੇ ਵੱਲੋਂ ਰੇਲ ਗੱਡੀਆਂ ਵਿਚ ਬਿਨ੍ਹਾ ਟਿਕਟ ਜਾਂ ਅਧਿਕਾਰ ਯਾਤਰਾ ਕਰ ਰਹੇ ਯਾਤਰੀਆਂ ਦੇ ਰੁਝਾਨ ਨੂੰ ਰੋਕਣ ਲਈ ਨਿਰੰਤਰ ਟਿਕਟ ਚੈਕਿੰਗ ਕੀਤੀ ਜਾ ਰਹੀ ਹੈ। ਮੰਡਲ ਦੇ ਟਿਕਟ ਚੈਕਿੰਗ ਸਟਾਫ਼ ਅਤੇ ਮੁੱਖ ਟਿਕਟ ਇੰਸਪੈਕਟਰਾਂ ਦੁਆਰਾ ਅਕਤੂਬਰ 2025 ਦੌਰਾਨ ਰੇਲ ਗੱਡੀਆਂ ਵਿਚ ਟਿਕਟ ਚੈਕਿੰਗ ਦੇ ਸਮੇਂ ਕੁੱਲ 41,387 ਯਾਤਰੀ ਬਿਨ੍ਹਾਂ ਟਿਕਟ ਜਾਂ ਅਨਿਯਮਿਤ ਯਾਤਰਾ ਕਰਦੇ ਹੋਏ ਪਾਏ ਗਏ। ਉਨ੍ਹਾਂ ਤੋਂ ਜੁਰਮਾਨੇ ਵਜੋਂ ਲਗਭਗ 2.82 ਕਰੋੜ ਦਾ ਮਾਲੀਆ ਵਸੂਲ ਕੀਤਾ ਗਿਆ। ਇਹ ਮਾਲੀਆ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 39 ਪ੍ਰਤੀਸ਼ਤ ਜ਼ਿਆਦਾ ਹੈ। ਇਹ ਮਾਲੀਆ ਮੁੱਖ ਦਫ਼ਤਰ ਨਵੀਂ ਦਿੱਲੀ ਦੁਆਰਾ ਦਿੱਤੇ ਗਏ ਨਿਰਧਾਰਤ ਟੀਚੇ ਤੋਂ ਵੀ 11 ਪ੍ਰਤੀਸ਼ਤ ਵੱਧ ਹੈ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਦੱਸਿਆ ਕਿ ਫ਼ਿਰੋਜ਼ਪੁਰ ਮੰਡਲ ਵਿਚ ਟਿਕਟ ਚੈਕਿੰਗ ਮੁਹਿੰਮਾਂ ਜਾਰੀ ਰਹਿਣਗੀਆਂ। ਸੀਨੀਅਰ ਮੰਡਲ ਵਣਜ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਇਹ ਪ੍ਰਾਪਤੀ ਮੰਡਲ ਦੇ ਟਿਕਟ ਚੈਕਿੰਗ ਸਟਾਫ਼ ਦੀ ਸਰਗਰਮੀ, ਸਮਰਪਣ ਅਤੇ ਲਗਾਤਾਰ ਯਤਨਾਂ ਦਾ ਨਤੀਜਾ ਹੈ।



## ਉਸਾਰੀ ਕਿਰਤੀਆਂ ਨਾਲ ਧੱਕਾ ਬਰਦਾਸ਼ਤ ਨਹੀਂ : ਆਗੂ



**ਜਲਾਲਾਬਾਦ (ਬਲਿਵੰਦਰ ਸਿੰਘ, ਰਣਬੀਰ ਕੌਰ ਢਾਬਾਂ)**- ਲਾਭਪਾਤਰੀ ਉਸਾਰੀ ਕਿਰਤੀਆਂ ਦੇ ਪਿਛਲੇ ਕਈ ਸਾਲਾਂ ਤੋਂ ਲਿੰਬਤ ਪਏ ਵਜ਼ੀਫਿਆਂ ਨੂੰ ਜਾਰੀ ਕਰਨ ਦੀ ਬਜਾਏ,ਹਰ ਰੋਜ਼ ਨਵੇਂ ਇਤਰਾਜ਼ ਲਗਾਏ ਜਾ ਰਹੇ ਹਨ। ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਹ ਸ਼ਬਦਾਂ ਪ੍ਰਗਟਾਵਾ ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਅਤੇ ਸਰਬ ਭਾਰਤ ਨੌਜਵਾਨ ਸਭਾ ਦੇ ਜਲ੍ਹਾ ਮੀਤ ਪ੍ਰਧਾਨ ਡਾਕਟਰ ਬਲਵਿੰਦਰ ਘੁਬਾਇਆ ਨੇ ਪਿੰਡ ਚੱਕ ਖੀਵਾ ਅਤੇ ਪਿੰਡ ਢਾਣੀ ਬਚਨ ਸਿੰਘ ਉਰਫ ਚੱਕ ਖੀਵਾ ਵਿਖੇ ਉਸਾਰੀ ਕਿਰਤੀ ਲਾਭਪਾਤਰੀਆਂ ਅਤੇ ਨੌਜਵਾਨਾਂ ਦੀ ਮੀਟਿੰਗ ਨੂੰ ਸੰਬੋਧਨ ਕਰਨ ਸਮੇਂ ਕੀਤਾ। ਹੋਰਾਂ ਤੋਂ ਇਲਾਵਾ ਸੁਰਜੀਤ ਸਿੰਘ,ਬਲਿਵੰਦਰ ਸਿੰਘ ਬਿਸ਼ੰਬਰ ਸਿੰਘ ਰਿੰਕੂ ਸਿੰਘ,ਭੋਲਾ ਸਿੰਘ ਅਤੇ ਸੁਨੀਲ ਸਿੰਘ ਢਾਣੀ ਤੇ ਬਚਨ ਸਿੰਘ ਨੇ ਵੀ ਸੰਬੋਧਨ ਕੀਤਾ।

## ਡੀ ਸੀ ਵੱਲੋਂ ਜ਼ਿਲ੍ਹੇ 'ਚ ਡੇਂਗੂ ਰੋਕਥਾਮ ਲਈ ਸਮੀਖਿਆ ਮੀਟਿੰਗ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪਟਿਆਲਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹੇ ਵਿਚ ਡੇਂਗੂ ਦੀ ਵਧ ਰਹੀ ਬਿਮਾਰੀ ਨੂੰ ਧਿਆਨ ਵਿਚ ਰੱਖਦੇ ਹੋਏ ਸਮੂਹ ਸਬ-ਡਿਵੀਜ਼ਨਲ ਮੈਜਿਸਟ੍ਰੇਟ (ਐਸ. ਡੀ. ਐਮ.), ਸਿਵਲ ਸਰਜਨ, ਐਸ. ਐਮ. ਓਜ਼ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਰਾਹੀਂ ਇਕ ਵਿਸ਼ੇਸ਼ ਸਮੀਖਿਆ ਬੈਠਕ ਕੀਤੀ ਗਈ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸ਼ਹਿਰੀ ਅਤੇ ਪਿੰਡਾਂ ਵਾਲੇ ਖੇਤਰਾਂ ਵਿੱਚ ਡੇਂਗੂ ਦੀ ਸਥਿਤੀ ਅਤੇ ਕੀਤੇ ਗਏ ਉਪਾਇਆ ਦੀ ਵਿਸਤ੍ਰਿਤ ਜਾਣਕਾਰੀ ਲਈ। ਜਿਲਾ ਐਪੀਡੀਮੋਲੋਜਿਸਟ ਨੇ ਪਿਛਲੇ ਹਫਤੇ ਦੌਰਾਨ ਰੀਪੋਰਟ ਹੋਏ ਡੇਂਗੂ ਕੇਸ ਅਤੇ ਜਿਹੜੇ ਇਲਾਕਿਆਂ ਵਿੱਚ ਕਲਸਟ੍ਰਿੰਗ ਮਿਲੀ ਹੈ ਓਹਨਾ ਦੀ ਜਾਣਕਾਰੀ ਦਿੱਤੀ।ਡਿਪਟੀ ਕਮਿਸ਼ਨਰ ਨੇ ਸਪਸ਼ਟ ਹੁਕਮ ਦਿੱਤੇ ਕਿ ਡੇਂਗੂ 'ਤੇ ਕਾਬੂ ਪਾਉਣ ਲਈ ਸਿਰਫ਼ ਫੌਗਿੰਗ ਤੱਕ ਹੀ ਸੀਮਿਤ ਨਾ ਰਿਹਾ ਜਾਵੇ, ਬਲ ਕਿ ਲਾਰਵਾ ਦੇ ਵਧਣ 'ਤੇ ਰੋਕ ਲਗਾਉਣ ਲਈ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਘਰ-ਘਰ ਜਾ ਕੇ ਇੰਸਪੈਕਸ਼ਨ ਕੀਤੀ ਜਾਵੇ, ਜਿੱਥੇ ਵੀ ਪਾਣੀ ਇਕੱਠਾ ਹੋ ਸਕਦਾ ਹੈ ਜਿਵੇਂ ਕਿ ਕੂਲਰ, ਗਮਲੇ, ਟਾਇਰ, ਟੈਂਕ ਆਦਿ, ਉਥੇ ਲਾਰਵਾ ਦੀ ਜਾਂਚ ਕੀਤੀ ਜਾਵੇ ਤੇ ਤੁਰੰਤ ਨਾਸ਼ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਨੂੰ ਆਦੇਸ਼ ਦਿੱਤੇ ਕਿ ਹਰ ਪਿੰਡ ਵਿੱਚ ਮੌਜੂਦ ਹੌਟਸਪਾਟ ਇਲਾਕਿਆਂ ਦੀ ਪਹਿਚਾਣ ਕਰਕੇ ਉਥੇ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜਿੱਥੇ ਵੀ ਕੇਸ ਆ ਰਹੇ ਹਨ, ਉਥੇ ਦੁਬਾਰਾ ਚੈਕਿੰਗ ਕੀਤੀ ਜਾਵੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਲਗਾਤਾਰ ਨਿਗਰਾਨੀ ਕਰਦੀਆਂ ਰਹਿਣ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਪੰਚਾਂ ਅਤੇ ਪੰਚਾਇਤਾਂ ਨੂੰ ਵੀ ਡੇਂਗੂ ਰੋਕਥਾਮ ਮੁਹਿੰਮ ਵਿੱਚ ਸ਼ਾਮਲ ਕੀਤਾ ਜਾਵੇ ਤਾਂ ਜੋ ਸਥਾਨਕ ਪੱਧਰ 'ਤੇ ਲੋਕ ਜਾਗਰੂਕ ਹੋਣ ਅਤੇ ਸਫਾਈ ਪ੍ਰਤੀ ਜ਼ਿੰਮੇਵਾਰੀ ਨਿਭਾਉਣ। ਅੰਤ ਵਿੱਚ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਛੱਤਾਂ ਅਤੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦੇਣ ਅਤੇ ਖਾਸ ਤੌਰ 'ਤੇ ਫਰਿੱਜ ਦੇ ਪਿੱਛੇ ਟਰੇ ਵਿੱਚੋਂ ਪਾਣੀ ਰੋਜ਼ ਦੇਣ।



## ਆਕਸਫੋਰਡ ਪਬਲਿਕ ਸਕੂਲ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਪ੍ਰਕਾਸ਼ ਪੁਰਬ

**ਚੀਮਾ (ਰਵਿੰਦਰ ਚੀਮਾ)**- ਇਲਾਕੇ ਦੀ ਨਾਮਵਰ ਸੰਸਥਾ ਦੀ ਆਕਸਫੋਰਡ ਪਬਲਿਕ ਸਕੂਲ ਚੀਮਾ ਵਿਖੇ ਸਿੱਖ ਧਰਮ ਦੇ ਸੰਸਥਾਪਕ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਹੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਅਧਿਆਪਕਾਂ ਵੱਲੋਂ ਜਪੁਜੀ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਵਿਦਿਆਰਥੀਆਂ ਵੱਲੋਂ ਰਸਭਿੰਨੀ ਬਾਣੀ ਦਾ ਕੀਰਤਨ ਅਤੇ ਸ਼ਬਦ ਗਾਇਨ ਕੀਤਾ ਗਿਆ। ਸਮੂਹ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਗੁਰੂ ਜੀ ਦੁਆਰਾ ਉਚਾਰਨ ਮੂਲ ਮੰਤਰ ਦਾ ਜਾਪ ਕੀਤਾ ਗਿਆ। ਪਾਠ ਉਪਰੰਤ ਸਰਬਤ ਦੀ ਭਲੇ ਦੀ ਅਰਦਾਸ ਕੀਤੀ ਗਈ । ਸਕੂਲ ਦੀਆਂ ਲੜਕੀਆਂ ਵਿਚ ਲੰਬੇ ਕੇਸ ਦੀ ਪ੍ਰਤੀਯੋਗਤਾ ਕਾਰਵਾਈ ਗਈ ਅਤੇ ਸਕੂਲ ਦੇ ਲੜਕਿਆਂ ਵਿਚ ਦਸਤਾਰ ਬੰਨ੍ਹਣ ਦੀ ਪ੍ਰਤੀਯੋਗਤਾ ਕਾਰਵਾਈ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਕੁਮਾਰ ਨੇ ਪ੍ਰਕਾਸ਼ ਪੁਰਬ ਨਾਲ ਸੰਬੰਧਤ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਸਾਨੂੰ ਗੁਰੂ ਨਾਨਕ ਦੇਵ ਜੀ ਦੁਆਰਾ ਦਿੱਤੀਆਂ ਸਿੱਖਿਆਵਾਂ ਨਾਮ ਜਪੋ, ਕਿਰਤ ਕਰੋ, ਵੰਡ ਕੇ ਛਕੋ ਅਤੇ ਨਿਰਸਵਾਰਥ ਸੇਵਾ, ਮਨੁੱਖਤਾ ਪ੍ਰਤੀ ਪਿਆਰ ਦੀ ਭਾਵਨਾ ਨੂੰ ਆਪਣੇ ਜੀਵਨ ਵਿੱਚ ਦ੍ਰਿੜ੍ਹ ਇਰਾਦੇ ਨਾਲ ਅਪਣਾਉਣ ਦਾ ਸੰਕਲਪ ਕਰਨਾ ਚਾਹੀਦਾ ਹੈ ।ਇਸ ਮੌਕੇ ਸਕੂਲ ਸੰਸਥਾ ਦੇ ਚੇਅਰਮੈਨ ਚਮਕੌਰ ਸਿੰਘ, ਮੈਨੇਜਿੰਗ ਡਾਇਰੈਕਟਰ ਗੁਰਧਿਆਨ ਸਿੰਘ ਚਹਿਲ ਅਤੇ ਸ੍ਰੀ ਭੀਮ ਸੇਨ ਨੇ ਗੁਰਬਾਣੀ ਦਾ ਸਰਵਣ ਕੀਤਾ।



## ਨਸ਼ੇ ਦੇ ਟੀਕਿਆਂ ਦੇ ਮਾਮਲੇ 'ਚ 10-10 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਇੱਥੋਂ ਦੀ ਇੱਕ ਅਦਾਲਤ ਵੱਲੋਂ ਨਸ਼ੇ ਦੇ ਟੀਕਿਆਂ ਦੀ ਬਰਾਮਦਗੀ ਦੇ ਇੱਕ ਮਾਮਲੇ 'ਚ ਨਾਮਜ਼ਦ ਤਿੰਨ ਵਿਅਕਤੀਆਂ ਨੂੰ ਕੈਦ ਅਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮਿਤੀ 9/10/2020 ਨੂੰ ਥਾਣਾ ਮੂਲੇਪੁਰ ਵਿਖੇ ਦਰਜ ਕੀਤੇ ਗਏ ਮੁਕੱਦਮੇ 'ਚ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਦੇ ਹੋਏ ਪੁਲਸ ਨੇ ਦਾਅਵਾ ਕੀਤਾ ਸੀ ਕਿ ਐਂਟੀ ਨਾਰਕੋਟਿਕ ਸੈਲ ਫ਼ਤਹਿਗੜ੍ਹ ਸਾਹਿਬ ਦੀ ਇੱਕ ਟੀਮ ਵੱਲੋਂ ਮਿਲੀ ਸੂਚਨਾ ਦੇ ਅਧਾਰ ਤੇ ਰਾਜਪੁਰਾ-ਸਰਹਿੰਦ ਜੀਟੀ ਰੋਡ ਤੇ ਪਿੰਡ ਰਿਓਣਾ ਭੋਲਾ ਨਜ਼ਦੀਕ ਕੀਤੀ ਗਈ ਨਾਕਾਬੰਦੀ ਦੌਰਾਨ ਇੱਕ ਸਪਲੈਂਡਰ ਮੋਟਰਸਾਈਕਲ ਅਤੇ ਇੱਕ ਜੂਪੀਟਰ ਸਕੂਟਰ ਤੇ ਸਵਾਰ ਹੋ ਕੇ ਆ ਰਹੇ ਸੁਖਵਿੰਦਰ ਸਿੰਘ ਉਰਫ ਸੁੱਖਾ, ਸ਼ੇਰ ਸਿੰਘ ਉਰਫ ਲਾਡੀ, ਹਰਜੀਤ ਸਿੰਘ ਅਤੇ ਸੁਖਜਿੰਦਰ ਸਿੰਘ ਵਾਸੀਆਨ ਸਰਹਿੰਦ ਨੂੰ ਕਾਬੂ ਕੀਤਾ ਗਿਆ।ਜਿਸ ਉਪਰੰਤ ਡੀ.ਐਸ.ਪੀ. ਮਨਜੀਤ ਸਿੰਘ ਦੀ ਹਾਜ਼ਰੀ ਵਿੱਚ ਲਈ ਗਈ ਤਲਾਸ਼ੀ ਦੌਰਾਨ ਉਕਤ ਵਿਅਕਤੀਆਂ ਦੇ ਕਬਜ਼ੇ ਵਿੱਚੋਂ ਭਾਰੀ ਮਾਤਰਾ 'ਚ ਬਿਉਪਰੋਨੋਰਫਿਨ ਟੀਕੇ ਬਰਾਮਦ ਹੋਏ। ਮਾਮਲੇ ਦੀ ਸੁਣਵਾਈ ਦੇ ਚਲਦਿਆਂ ਸੁਖਜਿੰਦਰ ਸਿੰਘ ਦੀ ਮੌਤ ਹੋ ਗਈ। ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਅੱਜ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਸੁਖਵਿੰਦਰ ਸਿੰਘ ਉਰਫ ਸੁੱਖਾ, ਸ਼ੇਰ ਸਿੰਘ ਉਰਫ ਲਾਡੀ ਅਤੇ ਹਰਜੀਤ ਸਿੰਘ ਨੂੰ ਮਾਮਲੇ ਵਿੱਚ ਅ/ਧ 22 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 10-10 ਸਾਲ ਕੈਦ ਬਾਮੁਸ਼ੱਕਤ ਅਤੇ 1-1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

## ਰੂਪ ਵਾਟਿਕਾ ਸਕੂਲ 'ਚ ਗੁਰਪੁਰਬ ਦਿਹਾੜਾ ਸ਼ਰਧਾ ਨਾਲ ਮਨਾਇਆ

**ਜਗਰਾਉਂ (ਅਮਿਤ ਖੰਨਾ)**- ਰੂਪ ਵਾਟੀਕਾ ਸਕੂਲ, ਜਗਰਾਉਂ ਵਿੱਚ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਵੱਡੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ 'ਇਕ ਓਂਕਾਰ' ਦੇ ਉਚਾਰਣ ਅਤੇ ਅਰਦਾਸ ਨਾਲ ਹੋਈ। ਬੱਚਿਆਂ ਨੇ ਸੁੰਦਰ ਸ਼ਬਦ ਗਾਏ, ਜਿਨ੍ਹਾਂ ਨਾਲ ਸਾਰਾ ਸਕੂਲ ਗੁਰਬਾਣੀ ਦੇ ਸੁਰਾਂ ਨਾਲ ਗੂੰਜ ਉਠਿਆ। ਅਧਿਆਪਕਾਂ ਨੇ ਵੀ ਸ਼ਬਦ ਗਾਣ ਦਾ ਉਚਾਰਨ ਕੀਤਾ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕਾ ਸ਼੍ਰੀਮਤੀ ਵਿੰਮੀ ਠਾਕੁਰ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਦਇਆ, ਪਿਆਰ ,ਸੱਚ, ਸੇਵਾ ਅਤੇ ਸਮਾਨਤਾ ਦਾ ਰਸਤਾ ਦਿਖਾਇਆ ਹੈ। ਸਾਨੂੰ ਚਾਹੀਦਾ ਹੈ ਕਿ ਅਸੀਂ ਉਹਨਾਂ ਦੇ ਉਪਦੇਸ਼ਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਮਲ 'ਚ ਲਿਆਈਏ ।



## ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

**ਧੂਰੀ (ਮਨੋਹਰ ਸਿੰਘ ਸੱਗੂ)** ਗੁਰਦੁਆਰਾ ਸਿੰਘ ਸਭਾ ਧੂਰੀ ਦੀ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਨਗਰ ਕੀਰਤਨ ਰੇਲਵੇ ਸਟੇਸ਼ਨ ਨੇੜੇ ਸਥਿਤ ਗੁਰਦੁਆਰਾ ਸਿੰਘ ਸਭਾ ਤੋਂ ਆਰੰਭ ਹੋ ਕੇ ਸਦਰ ਬਾਜਾਰ , ਲੋਹਾ ਬਾਜਾਰ , ਪੁਰਾਣੀ ਦਾਣਾ ਮੰਡੀ ਸਹਿਤ ਸ਼ਹਿਰ ਦੇ ਵੱਖ ਵੱਖ ਇਲਾਕਿਆਂ ਚੋਂ ਹੁੰਦਾ ਹੋਇਆ ਵਾਪਸ ਗੁਰੂ ਘਰ ਪੁੱਜ ਕੇ ਸਮਾਪਤ ਹੋਇਆ। ਰਸਤੇ ਵਿੱਚ ਥਾਂ ਥਾਂ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ।



## ਧੂੰਏਂ ਤੇ ਮਾੜੀ ਹਵਾ ਦੇ ਪੱਧਰ ਦੇ ਬੁਰੇ ਪ੍ਰਭਾਵਾਂ ਤੋਂ ਬਚਾਅ ਲਈ ਐਡਵਾਈਜ਼ਰੀ

**ਪਟਿਆਲਾ (ਥਿੰਦ ਰਾਜਿੰਦਰ)**- ਜਿਲ੍ਹੇ ਵਿੱਚ ਪਿਛਲੇ ਕੁੱਝ ਦਿਨਾਂ ਤੋਂ ਫੈਲ ਰਹੇ ਧੂੰਏ ਕਾਰਣ ਹੋਣ ਵਾਲੀਆਂ ਸਿਹਤ ਸਮੱਸਿਆਵਾਂ ਤੋਂ ਬਚਾਅ ਲਈ ਐਡਵਾਈਜ਼ਰੀ ਜਾਰੀ ਕਰਦਿਆਂ ਮੈਡੀਕਲ ਸੁਪਰਡੈਂਟ ਕਮ ਸਿਵਲ ਸਰਜਨ ਪਟਿਆਲਾ ਡਾ.ਸੰਜੇ ਕਾਮਰਾ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਹਵਾ ਕੁਆਲਟੀ ਇੰਡੈਕਸ ਖਰਾਬ ਹੋਣ ਕਾਰਣ ਬੱਚਿਆਂ ਤੇ ਬਜੁਰਗਾਂ ਵਿੱਚ ਖਾਸ ਤੌਰ 'ਤੇ ਜੋ ਪਹਿਲਾ ਹੀ ਸਾਹ ਦੇ ਰੋਗੀ ਹਨ, ਉਹਨਾਂ ਵਿੱਚ ਇਹਨਾਂ ਰੋਗਾਂ ਦੇ ਲੱਛਣਾਂ ਦੀ ਗੰਭੀਰਤਾ ਦੀ ਸਥਿਤੀ ਵਿੱਚ ਵਾਧਾ ਦੇਖਣ ਨੂੰ ਮਿਲ ਰਿਹਾ ਹੈ ਅਤੇ ਹਸਪਤਾਲ ਵਿੱਚ ਇਹਨਾਂ ਮਰੀਜਾਂ ਦੀ ਆਮਦ ਵਧੀ ਹੈ। ਰਾਜਿੰਦਰਾ ਹਸਪਤਾਲ ਵਿਖੇ ਸਾਹ ਦੇ ਰੋਗੀਆਂ ਦੀ ਐਮਰਜੈਂਸੀ ਸੇਵਾਵਾਂ ਦੀ ਨਿਗਰਾਨੀ ਰੱਖੀ ਜਾ ਰਹੀ ਹੈ। ਉਹਨਾਂ ਕਿਹਾ ਕਿ ਆਮ ਤੌਰ 'ਤੇ ਹਵਾ ਵਿੱਚ ਪ੍ਰਦੂਸ਼ਣ ਕਾਰਣ ਅੱਖਾਂ ਵਿੱਚ ਜਲਨ, ਸਾਹ ਦੀ ਤਕਲੀਫ, ਥਕੇਵਾਂ ਅਤੇ ਚਿੜਚੜਾਪਨ ਦੇ ਲੱਛਣ ਸਾਹਮਣੇ ਆ ਰਹੇ ਹਨ।ਜਿਲ੍ਹਾ ਐਪੀਡੇਮੋਲੋਜਿਸਟ ਕਮ ਨੋਡਲ ਅਫਸਰ ਨੈਸ਼ਨਲ ਪ੍ਰੋਗਰਾਮ ਫਾਰ ਕਲਾਈਮੇਟ ਚੇਂਜ ਐਂਡ ਹਿਊਮਨ ਹੈਲਥ ਡਾ. ਸੁਮੀਤ ਸਿੰਘ ਨੇ ਧੂੰਏ ਦੇ ਬੁਰੇ ਪ੍ਰਭਾਵਾਂ ਤੋਂ ਬਚਾਅ ਲਈ ਜਾਣਕਾਰੀ ਦਿੰਦੇ ਦੱਸਿਆਂ ਕਿ ਹਵਾ ਦੀ ਗੁਣਵੱਤਤਾ ਦੇ ਮਾੜੇ ਪੱਧਰ ਨੂੰ ਦੇਖਦੇ ਹੋਏ ਖੁੱਲੇ ਵਿੱਚ ਸੈਰ, ਸਾਇਕਲਿੰਗ ਅਤੇ ਦੌੜ ਤੋਂ ਗੁਰੇਜ ਕੀਤਾ ਜਾਵੇ। ਬਾਹਰ ਨਿਕਲਣ ਸਮੇਂ ਮੂੰਹ 'ਤੇ ਮਾਸਕ ਲਗਾਇਆ ਜਾਵੇ, ਕੱਚੀ ਥਾਂ ਅਤੇ ਧੂੜ ਨੂੰ ਉੱਡਣ ਤੋਂ ਬਚਾਉਣ ਲਈ ਪਾਣੀ ਦਾ ਛਿੜਕਾਅ ਕੀਤਾ ਜਾਵੇ। ਸਾਹ ਅਤੇ ਦਮੇ ਦੇ ਰੋਗੀ ਆਪਣੀਆਂ ਦਵਾਈਆਂ ਅਤੇ ਇਨਹੇਲਰ ਜਰੂਰ ਨਾਲ ਰੱਖਣ। ਟਰੈਫਿਕ ਦੀ ਸੱਮਸਿਆ ਨੂੰ ਘਟਾਉਣ ਲਈ ਵੱਡੀਆਂ ਗੱਡੀਆਂ ਅਤੇ ਬੇਲੋੜੀ ਆਵਾਜਾਈ ਘਟਾਈ ਜਾਵੇ । ਪਾਰਕਾਂ ਆਦਿ ਥਾਵਾਂ ਤੇ ਇਕੱਠੇ ਹੋਏ ਘਾਹ ਤੇ ਪੱਤੇ ਆਦਿ ਨੂੰ ਜਲਾਉਣ ਦੀ ਬਜਾਏ ਦਬਾਇਆ ਜਾਵੇ।

## ਤਰਕਸ਼ੀਲ ਸੁਸਾਇਟੀ ਨੇ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਦਾ ਨਤੀਜਾ ਐਲਾਨਿਆ

**ਬਰਨਾਲਾ**- ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ ਵਿਕਸਤ ਕਰਨ ਦੇ ਮਕਸਦ ਨੂੰ ਲੈ ਕੇ ਪੰਜਾਬ ਦੇ ਵੱਡੀ ਗਿਣਤੀ ਸਕੂਲਾਂ ਵਿੱਚ 5-6 ਅਕਤੂਬਰ ਅਤੇ 27 ਅਕਤੂਬਰ ਨੂੰ ਦੋ ਪੜਾਵਾਂ ਵਿੱਚ ਕਰਵਾਈ ਗਈ ਮਹਾਨ ਗ਼ਦਰੀ ਗੁਲਾਬ ਕੌਰ ਦੀ ਵਿਛੋੜੇ ਦੀ ਸ਼ਤਾਬਦੀ ਨੂੰ ਸਮਰਪਿਤ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਦੇ ਨਤੀਜੇ ਦਾ ਅੱਜ ਐਲਾਨ ਕਰ ਦਿੱਤਾ ਗਿਆ। ਇਹ ਨਤੀਜਾ tarksheel.co.in ਉਤੇ ਵੇਖਿਆ ਜਾ ਸਕਦਾ ਹੈ।ਇਸ ਸੰਬੰਧੀ ਸੁਸਾਇਟੀ ਦੇ ਮੁੱਖ ਦਫਤਰ ਤਰਕਸ਼ੀਲ ਭਵਨ ਬਰਨਾਲਾ ਤੋਂ ਜਾਣਕਾਰੀ ਦਿੰਦਿਆਂ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿਭਾਗ ਦੇ ਮੁਖੀ ਗੁਰਪ੍ਰੀਤ ਸ਼ਹਿਣਾ ਅਤੇ ਸੂਬਾਈ ਮੀਡੀਆ ਮੁਖੀ ਸੁਮੀਤ ਅੰਮ੍ਰਿਤਸਰ ਨੇ ਦੱਸਿਆ ਕਿ ਮਿਡਲ ਅਤੇ ਸੈਕੰਡਰੀ ਦੇ ਦੋ ਗਰੁੱਪਾਂ ਵਿੱਚ ਹੋਈ ਇਸ ਪ੍ਰੀਖਿਆ ਵਿੱਚ ਪੂਰੇ ਪੰਜਾਬ 'ਚੋਂ ਛੇਵੀਂ ਜਮਾਤ 'ਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲਿਆਂ ਵਿੱਚ ਕਰਨਵੀਰ ਸਿੰਘ ਰੋਲ ਨੰਬਰ (151437023 ), ਸੱਤਵੀਂ ਜਮਾਤ ਚੋਂ ਸਿਦਕਪ੍ਰੀਤ ਕੌਰ (151392039), ਅੱਠਵੀਂ ਜਮਾਤ ਚੋਂ ਸ਼ੁਭਰੀਤ ਕੌਰ (151392066), ਨੌਵੀਂ ਜਮਾਤ ਚੋਂ ਗੁਰਸ਼ਾਂਨ ਕੌਰ (250473008) ਅਤੇ ਜੀਵਨ ਜੋਤ (250264008) ਸਾਂਝੇ ਤੌਰ 'ਤੇ, ਦਸਵੀਂ ਜਮਾਤ ਚੋਂ ਮਨਪ੍ਰੀਤ ਕੌਰ (251281001), ਗਿਆਰ੍ਹਵੀਂ ਜਮਾਤ ਚੋਂ ਜੈਸਮੀਨ ਕੌਰ (251303012) ਅਤੇ ਸੁਹਾਨੀ (251336034) ਸਾਂਝੇ ਤੌਰ 'ਤੇ, ਬਾਰ੍ਹਵੀਂ ਜਮਾਤ ਚੋਂ ਹਰਦੀਪ ਕੌਰ (250573012) ਅਤੇ ਤੇਰਵੀਂ ਜਮਾਤ ਚੋਂ ਸ਼ਿਵਾਨੀ (251197004) ਅਤੇ ਸੰਜਨਾ (251128004) ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ।ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਹਰ ਜਮਾਤ 'ਚੋਂ ਮੈਰਿਟ ਵਿੱਚ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਦਸੰਬਰ ਵਿੱਚ ਸੂਬਾਈ ਪੱਧਰ ਤੇ ਤਰਕਸ਼ੀਲ ਭਵਨ ਬਰਨਾਲੇ ਵਿਖੇ ਹੋਣ ਵਾਲੇ ਵਿਸ਼ੇਸ਼ ਸਨਮਾਨ ਸਮਾਗਮ ਵਿੱਚ ਨਕਦ ਇਨਾਮ, ਤਰਕਸ਼ੀਲ ਕਿਤਾਬਾਂ, ਯਾਦਗਾਰੀ ਚਿੰਨ੍ਹ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸੇ ਤਰ੍ਹਾਂ ਜ਼ੋਨ ਅਤੇ ਇਕਾਈ ਪੱਧਰ 'ਤੇ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਥਾਨਕ ਪੱਧਰ 'ਤੇ ਸਮਾਗਮ ਵਿੱਚ ਤਰਕਸ਼ੀਲ ਕਿਤਾਬਾਂ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਜਾਵੇਗਾ।ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਇਹ ਪਰਖ ਪ੍ਰੀਖਿਆ ਪੰਜਾਬ ਦੇ ਵੱਖ ਵੱਖ ਸਰਕਾਰੀ ਅਤੇ ਨਿੱਜੀ ਸਕੂਲਾਂ ਵਿੱਚ ਸਥਾਪਤ 552 ਪ੍ਰੀਖਿਆ ਕੇਂਦਰਾਂ ਵਿੱਚ ਕਰਵਾਈ ਗਈ ਸੀ । ਇਸ ਪ੍ਰੀਖਿਆ ਦੀ ਸਮੁੱਚੀ ਪ੍ਰਕਿਰਿਆ ਅਤੇ ਨਤੀਜਾ ਤਿਆਰ ਕਰਨ ਵਿੱਚ ਜ਼ੋਨ ਆਗੂ ਗਗਨ ਰਾਮਪੁਰਾ ਨੇ ਵਿਸ਼ੇਸ਼ ਭੂਮਿਕਾ ਨਿਭਾਈ।ਤਰਕਸ਼ੀਲ ਆਗੂਆਂ ਨੇ ਪ੍ਰੀਖਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਸਾਰੇ ਸਕੂਲ ਮੁਖੀਆਂ, ਪ੍ਰਬੰਧਕ ਕਮੇਟੀਆਂ, ਪ੍ਰਿੰਸੀਪਲਾਂ, ਅਧਿਆਪਕਾਂ, ਮਾਪਿਆਂ ਦੇ ਇਲਾਵਾ ਪੰਜਾਬ ਦੇ ਸਮੂਹ ਜ਼ੋਨ ਤੇ ਇਕਾਈ ਮੁਖੀਆਂ ਅਤੇ ਵਿਸ਼ੇਸ਼ ਕਰਕੇ ਵਿਦਿਆਰਥੀਆਂ ਦਾ ਵੀ ਧੰਨਵਾਦ ਕੀਤਾ ਹੈ।



## ਸਿਵਲ ਸਰਜਨ ਵੱਲੋਂ ਹਵਾ ਪ੍ਰਦੂਸ਼ਣ ਬਾਰੇ ਐਡਵਾਈਜ਼ਰੀ

**ਸੁਨਾਮ (ਅਸ਼ੋਕ ਬਾਂਸਲ,ਹਾਕਮ ਭੱਟੀ)**- ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਹਵਾ ਪ੍ਰਦੂਸ਼ਣ ਬਾਰੇ ਐਡਵਾਈਜ਼ਰੀ ਜਾਰੀ ਕਰਦਿਆਂ ਕਿਹਾ ਕਿ ਮੌਸਮ ਦੇ ਬਦਲਣ ਕਾਰਨ ਅਤੇ ਪ੍ਰਦੂਸ਼ਣ ਵਧਣ ਕਾਰਨ ਹਵਾ ਦੀ ਗੁਣਵੱਤਾ ਵਿਗੜਨੀ ਸ਼ੁਰੂ ਹੋ ਜਾਂਦੀ ਹੈ, ਜਿਸ ਕਾਰਨ ਸਾਹ, ਦਮਾ, ਨਜਲਾ, ਜ਼ੁਕਾਮ, ਖੰਘ ਅਤੇ ਛਾਤੀ ਰੋਗ ਦੇ ਮਰੀਜ਼ ਵੱਧਣੇ ਸ਼ੁਰੂ ਹੋ ਜਾਂਦੇ ਹਨ। ਉਨ੍ਹਾਂ ਲੋਕਾਂ ਨੂੰ ਪ੍ਰਦੂਸ਼ਣ ਤੋਂ ਬਚਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਕਾਰਨ ਵਾਤਾਵਰਣ ਅਤੇ ਮਨੁੱਖੀ ਸਿਹਤ ਉਪਰ ਬਹੁਤ ਬੁਰਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਖਾਸ ਕਰ ਕੇ ਬੱਚੇ, ਗਰਭਵਤੀ ਔਰਤਾਂ, ਬਜ਼ੁਰਗ ਅਤੇ ਲੰਬੇ ਸਮੇਂ ਤੋਂ ਸਾਹ ਦੀਆਂ ਬੀਮਾਰੀਆਂ ਤੋਂ ਪੀੜਤ ਲੋਕਾਂ ਲਈ ਇਹ ਕਾਫ਼ੀ ਹਾਨੀਕਾਰਨ ਹੈ । ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਸਾਹ ਲੈਣ 'ਚ ਮੁਸ਼ਕਿਲ, ਖੰਘ, ਛਾਤੀ 'ਚ ਬੇ-ਆਰਾਮੀ ਜਾਂ ਦਰਦ ਹੁੰਦਾ ਹੈ, ਚੱਕਰ ਆਉਣਾ, ਅੱਖਾਂ 'ਚ ਜਲਣ (ਲਾਲ ਜਾਂ ਪਾਣੀ) ਤਾਂ ਤੁਰੰਤ ਨਜ਼ਦੀਕੀ ਡਾਕਟਰ ਨਾਲ ਸਲਾਹ ਕਰਨੀ ਚਾਹੀਦੀ ਹੈ।



## ਮਾਡਰਨ ਕਾਲਜ ਬੀਰ ਕਲਾਂ 'ਚ ਰੈਡ ਰਿਬਨ ਕਲੱਬਾਂ ਦੇ ਮੁਕਾਬਲੇ ਕਰਵਾਏ

**ਚੀਮਾ ਮੰਡੀ (ਰਵਿੰਦਰ ਚੀਮਾ)**- ਸਹਾਇਕ ਡਾਇਰੈਕਟਰ ਗਰੁੱਪ ਸੇਵਾਵਾਂ ਵਿਭਾਗ ਸੰਗਰੂਰ ਅਰੁਣ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਰੈਡ ਰਿਬਨ ਕਲੱਬਾਂ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਮਾਡਰਨ ਗਰੁੱਪ ਆਫ ਕਾਲਜਿਜ਼ ਬੀਰ ਕਲਾਂ ਦੇ ਚੇਅਰਮੈਨ ਡਾਕਟਰ ਅਰਵਿੰਦਰ ਬੰਸਲ ਅਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਸਹਾਇਕ ਡਾਇਰੈਕਟਰ ਅਰੁਣ ਕੁਮਾਰ ਅਤੇ ਸੁਰਿੰਦਰ ਭਰੂਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਮਾਡਰਨ ਗਰੁੱਪ ਆਫ ਕਾਲਜ ਦੇ ਵਿਹੜੇ ਵਿੱਚ ਆਜੋਜਿਤ ਇਹਨਾਂ ਮੁਕਾਬਲਿਆਂ ਵਿੱਚ ਪੋਸਟਰ ਮੇਕਿੰਗ ਸਲੋਗਨ ਰੰਗੋਲੀ ਤੇ ਲੇਖ ਰਚਨਾ ਮੁਕਾਬਲੇ ਕਰਵਾਏ ਗਏ । ਵਿਦਿਆਰਥੀਆਂ ਵੱਲੋਂ ਏਡਜ਼ ਤੇ ਨਸ਼ਿਆਂ ਵਿਰੁੱਧ ਵਿਸ਼ਿਆਂ ਦੀ ਪੇਸ਼ਕਾਰੀ ਕੀਤੀ ਗਈ। ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਦਾ ਆਯੋਜਨ ਵੀ ਕੀਤਾ ਗਿਆ ਅਤੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਏਡਜ਼, ਨਸ਼ਿਆਂ ਵਿਰੁੱਧ ਤੇ ਖੂਨਦਾਨ ਕਰਨ ਸਬੰਧੀ ਜਾਗਰੂਕ ਕਰਨ ਦੇ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਲਈ ਸੇਧ ਪ੍ਰਦਾਨ ਕਰਦੀਆਂ ਹਨ। ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਕਿਹਾ ਕਿ ਰੈਡ ਰਿਬਨ ਕਲੱਬ ਵਿਦਿਆਰਥੀ ਨੂੰ ਸਮਾਜਿਕ ਕੁਰੀਤੀਆਂ ਵਿਰੁੱਧ ਜਾਗਰੂਕ ਕਰਨ ਲਈ ਪਲੇਟਫਾਰਮ ਪ੍ਰਦਾਨ ਕਰਦਾ ਹੈ। ਇਸ ਮੌਕੇ ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਦੀ ਵੰਡ ਕੀਤੀ ਗਈ।



## ਐਕਸੀਲੇਟਰ ਲੱਗਣ ਨਾਲ ਸੰਗਤਾਂ ਨੂੰ ਮਿਲੇਗੀ ਵੱਡੀ ਰਾਹਤ : ਨਿਗਮ ਕਮਿਸ਼ਨਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**— ਨਗਰ ਨਿਗਮ ਵੱਲੋਂ ਸ਼ਹਿਰ ਵਿੱਚ ਲੋਕਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਕਰਵਾਏ ਜਾ ਰਹੇ ਕੰਮਾਂ ਦੀ ਲੜੀ ਵਿੱਚ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਵੱਲੋਂ ਇੱਕ ਹੋਰ ਅਹਿਮ ਕਦਮ ਚੁੱਕਿਆ ਗਿਆ ਹੈ। ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਵਿਖੇ ਨਗਰ ਨਿਗਮ ਦੀ ਦੇਖਭਾਲ ਹੇਠ ਲੱਗੇ ਨਵੇਂ ਐਕਸੀਲੇਟਰ ਦੇ ਚਾਲੂ ਹੋਣ ਨਾਲ ਹੁਣ ਸੰਗਤਾਂ ਨੂੰ ਕਾਫ਼ੀ ਸੁਵਿਧਾ ਮਿਲੇਗੀ। ਇਸ ਮੌਕੇ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨੇ ਦੱਸਿਆ ਕਿ ਇਹ ਕਦਮ ਖਾਸ ਤੌਰ 'ਤੇ ਬਜ਼ੁਰਗਾਂ, ਬੱਚਿਆਂ ਅਤੇ ਸਰੀਰਿਕ ਤੌਰ 'ਤੇ ਅਸ਼ਕਤ ਭਾਈਚਾਰੇ ਲਈ ਬਹੁਤ ਹੀ ਲਾਭਦਾਇਕ ਸਾਬਤ ਹੋਵੇਗਾ।ਕਮਿਸ਼ਨਰ ਨੇ ਕਿਹਾ ਕਿ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਹਰ ਰੋਜ਼ ਹਜ਼ਾਰਾਂ ਸੰਗਤਾਂ ਦੀ ਆਵਾਜਾਈ ਵਾਲਾ ਧਾਰਮਿਕ ਕੇਂਦਰ ਹੈ, ਜਿਸ ਕਾਰਨ ਇੱਥੇ ਸੁਵਿਧਾਵਾਂ ਦਾ ਉੱਚ ਪੱਧਰ 'ਤੇ ਹੋਣਾ ਬਹੁਤ ਜ਼ਰੂਰੀ ਹੈ। ਐਕਸੀਲੇਟਰ ਦੀ ਸੁਵਿਧਾ ਨਾਲ ਹੁਣ ਸੀੜ੍ਹੀਆਂ ਚੜ੍ਹਨ ਵਿਚ ਮੁਸ਼ਕਿਲ ਮਹਿਸੂਸ ਕਰਨ ਵਾਲੀ ਸੰਗਤ ਆਸਾਨੀ ਨਾਲ ਉਪਰਲੀ ਮੰਜ਼ਲ ਤੱਕ ਪਹੁੰਚ ਸਕੇਗੀ। ਉਨ੍ਹਾਂ ਨੇ ਕਿਹਾ ਕਿ ਨਗਰ ਨਿਗਮ ਦਾ ਖਾਸ ਉਦੇਸ਼ ਹੈ ਕਿ ਧਾਰਮਿਕ ਅਤੇ ਜਨਤਕ ਥਾਵਾਂ 'ਤੇ ਜਨਤਾ ਨੂੰ ਵੱਧ ਤੋਂ ਵੱਧ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾਣ। ਇਸ ਮੌਕੇ ਨਿਗਮ ਕਮਿਸ਼ਨਰ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿਸ਼ੇਸ਼ ਸਹਿਯੋਗ ਲਈ ਧੰਨਵਾਦ ਕੀਤਾ।



## ਸੜਕ ਹਾਦਸੇ 'ਚ ਜ਼ਖ਼ਮੀ ਹੋਏ ਦੀ ਇਲਾਜ ਦੌਰਾਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪਰਸੋਂ ਸ਼ਾਮ ਫ਼ਤਹਿਗੜ੍ਹ ਸਾਹਿਬ ਵਿਖੇ ਵਾਪਰੇ ਇੱਕ ਸੜਕ ਹਾਦਸੇ ਵਿੱਚ ਜ਼ਖ਼ਮੀ ਹੋਏ ਇੱਕ 48 ਸਾਲਾ ਵਿਅਕਤੀ ਦੀ ਇਲਾਜ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮਾਨਵ ਸੂਦ ਵਾਸੀ ਪਟੇਲ ਨਗਰ ਸਰਹਿੰਦ ਮੰਡੀ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ 1 ਨਵੰਬਰ ਨੂੰ ਸ਼ਾਮ ਕਰੀਬ 7.30 ਵਜੇ ਉਹ ਤੇ ਉਸ ਦੇ ਪਿਤਾ ਮੁਕੇਸ਼ ਕੁਮਾਰ (48) ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਜੋਤੀ ਸਰੂਪ ਚੌਂਕ ਵਿਖੇ ਖੜ੍ਹੇ ਸਨ। ਇਸ ਦੌਰਾਨ ਬੜੀ ਲਾਪਰਵਾਹੀ ਅਤੇ ਤੇਜ਼ ਰਫਤਾਰ ਨਾਲ ਮੋਟਰਸਾਈਕਲ ਲਈ ਆ ਰਹੇ ਇੱਕ ਨਾਮਲੂਮ ਵਿਅਕਤੀ ਨੇ ਮੋਟਰਾਈਕਲ ਲਿਆ ਕੇ ਸਿੱਧਾ ਉਸ ਦੇ ਪਿਤਾ ਵਿੱਚ ਮਾਰਿਆ। ਜਿਸ ਕਾਰਨ ਉਸ ਦੇ ਪਿਤਾ ਮੁਕੇਸ਼ ਕੁਮਾਰ ਜ਼ਖ਼ਮੀ ਹੋ ਗਏ ਜਿਹਨਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਲਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਹਨਾਂ ਦੀ ਹਾਲਤ ਗੰਭੀਰ ਦੇਖਦੇ ਹੋਏ ਉਹਨਾਂ ਨੂੰ ਚੰਡੀਗੜ੍ਹ ਦੇ ਸੈਕਟਰ 32 ਹਸਪਤਾਲ ਰੈਫਰ ਕਰ ਦਿੱਤਾ ਜਿੱਥੇ ਇਲਾਜ ਦੌਰਾਨ ਉਸ ਦੇ ਪਿਤਾ ਮੁਕੇਸ਼ ਕੁਮਾਰ ਦੀ ਮੌਤ ਹੋ ਗਈ। ਮੋਟਰਸਾਈਕਲ ਦੇ ਨਾਮਾਲੂਮ ਡਰਾਈਵਰ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਧਾਮੀ ਤੇ ਹੋਰਨਾਂ ਦੀ ਚੋਣ ਦਾ ਸਵਾਗਤ ਤੇ ਵਧਾਈਆਂ

**ਪਟਿਆਲਾ (ਰਾਜਿੰਦਰ ਥਿੰਦ)**- ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪੰਜਵੀਂ ਵਾਰ ਪ੍ਰਧਾਨ ਚੁਣ ਲਏ ਗਏ ਹਨ ਅਤੇ ਇਸ ਨਵੀਂ ਚੁਣੀ ਐਗਜੈਕਟਿਵ ਟੀਮ ਵਿੱਚ ਪਟਿਆਲਾ ਨੂੰ ਇੱਕ ਵਾਰ ਫਿਰ ਨੁਮਾਇੰਦਗੀ ਮਿਲੀ ਹੈ, ਜਿਸ ਵਿੱਚ ਜਥੇਦਾਰ ਸਰਜੀਤ ਸਿੰਘ ਗੜ੍ਹੀ ਨੂੰ ਅੰਤਰਿੰਗ ਕਮੇਟੀ ਮੈਂਬਰ ਚੁਣਿਆ ਗਿਆ। ਨਵੀਂ ਚੁਣੀ ਐਗਜੈਕਟਿਵ ਵਿੱਚ ਬਤੌਰ ਪ੍ਰਧਾਨ ਐਡਵੋਕੇਟ ਧਾਮੀ ਅਤੇ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੀ ਮੁੜ ਨਿਯੁਕਤੀ ਹੋਣ ਤੋਂ ਬਾਅਦ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਬੀਬੀ ਹਰਦੀਪ ਕੌਰ ਖੋਖ ਤੇ ਜਥੇਦਾਰ ਬਲਤੇਜ ਸਿੰਘ ਖੋਖ ਨੇ ਵਧਾਈ ਦਿੱਤੀ ਹੈ । ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਨੇ ਚੰਗੀ ਸੂਝ ਬੂਝ ਦੇ ਨਾਲ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਬਤੌਰ ਪ੍ਰਧਾਨ ਚੁਣਿਆ ਹੈ। ਨਵੀਂ ਚੁਣੀ ਕਾਰਜਕਾਰਨੀ ਟੀਮ ਨੂੰ ਵਧਾਈ ਦੇਣ ਵਾਲਿਆਂ ਵਿੱਚ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਕਥਾਵਾਚਕ ਪ੍ਰਿਤਪਾਲ ਸਿੰਘ, ਮੈਨੇਜਰ ਭਾਗ ਸਿੰਘ ਰਾਜਪੁਰਾ, ਮੀਤ ਮੈਨੇਜਰ ਮਨਦੀਪ ਸਿੰਘ ਭਲਵਾਨ, ਜਸਵਿੰਦਰ ਸਿੰਘ, ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ ਗੁਰਦੁਆਰਾ ਬਾਬਾ ਅਜਾਪਾਲ ਘੋੜਿਆਂ ਵਾਲਾ ਨਾਭਾ, ਮੈਨੇਜਰ ਮਨਜੀਤ ਸਿੰਘ ਕੌਲੀ ਬਹਾਦਰਗੜ੍ਹ ਮੈਨੇਜਰ ਧਨਵੰਤ ਸਿੰਘ ਗੁਰਦੁਆਰਾ ਕਰਹਾਲੀ ਸਾਹਿਬ ਤੋਂ ਇਲਾਵਾ ਸੁਰਿੰਦਰ ਸਿੰਘ ਘੁਮਾਣਾ, ਬਲਵਿੰਦਰ ਸਿੰਘ ਨੇਪਰਾ, ਕੁਲਵਿੰਦਰ ਸਿੰਘ ਅਤੇ ਪ੍ਰਬੰਧਕੀ ਅਧਿਕਾਰੀਆਂ ਤੇ ਸਟਾਫ ਮੈਂਬਰ ਸ਼ਾਮਿਲ ਹਨ।



6-Nov Page 11-Majha-25.qxd 11/5/2025 10:35 PM Page 1



# ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਨੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਉਲੀਕੀ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪਿੰਡ ਗੁਰੂਵਾਲੀ ਵਿਖੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਅਤੇ ਖੇਤ ਮਜ਼ਦੂਰ ਸਭਾ ਵਲੋਂ ਸਾਂਝੀ ਮੀਟਿੰਗ ਕਾ: ਗੁਰਦੀਪ ਸਿੰਘ ਗੁਰੂਵਾਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਨੂੰ ਨਰੇਗਾ ਜ਼ਿਲਾ ਅੰਮ੍ਰਿਤਸਰ ਦੇ ਸੰਚਾਲਕ ਬਲਕਾਰ ਸਿੰਘ ਦੁਧਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਖੇਤ ਮਜ਼ਦੂਰਾਂ ਨਾਲ ਅਤੇ ਨਰੇਗਾ ਮਜ਼ਦੂਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਜਦੋਂ ਨਰੇਗਾ ਦਾ ਕੰਮ ਸਾਰੇ ਦੇਸ਼ ਦੇ ਦੂਜੇ ਸੂਬਿਆਂ ਵਿੱਚ ਨਿਰਵਿਘਨ ਚੱਲ ਰਿਹਾ ਹੈ, ਤਾਂ ਪੰਜਾਬ ਰਕਾਰ ਨੇ ਬਿਨਾਂ ਕਿਸੇ ਨੋਟੀਫੀਕੇਸ਼ਨ ਦੇ ਨਰੇਗਾ ਦਾ ਕੰਮ ਬੰਦ ਕੀਤਾ ਹੋਇਆ ਹੈ।ਉਨ੍ਹਾਂ ਕਿਹਾ ਕਿ ਨਰੇਗਾ ਮਜ਼ਦੂਰਾਂ ਨੇ ਕੰਮ ਕਰਨ ਵਾਸਤੇ ਬਲਾਕ ਅਟਾਰੀ ਦੇ ਏਪੀਓ ਨੂੰ ਅਰਜ਼ੀਆਂ ਦਿੱਤੀਆਂ ਸਨ ਪਰ ਕੰਮ ਦੀ ਮੰਗ ਕਰਨ ਵਾਲੇ ਮਜ਼ਦੂਰਾਂ ਨੂੰ ਪੰਜ ਦਿਨਾਂ ਦਾ ਕੰਮ ਦੇ ਕੇ ਕੰਮ ਬੰਦ ਕਰ ਦਿੱਤਾ ਗਿਆ ਹੈ।ਇਸ ਸਬੰਧੀ ਜਦੋਂ ਜ਼ਿਲੇ ਦੇ ਸਬੰਧਤ ਅਫਸਰਾਂ ਨੂੰ ਕੰਮ ਬੰਦ ਕਰਨ ਬਾਰੇ ਪੁੱਛਿਆ ਗਿਆ ਤਾਂ ਉਹਨਾਂ ਦਾ ਸਪੱਸ਼ਟ ਕਹਿਣਾ ਸੀ ਕਿ ਇਲਾਕੇ ਦਾ ਐੱਮ. ਐੱਲ. ਏ. ਸਾਡੇ ਮੁਲਾਜ਼ਮਾਂ ਨੂੰ ਕੰਮ ਬੰਦ ਕਰਨ ਬਾਰੇ ਕਹਿੰਦਾ ਹੈ।ਪਿੰਡ ਦੇ ਨਰੇਗਾ ਅਤੇ ਖੇਤ ਮਜ਼ਦੂਰ ਔਰਤਾਂ ਅਤੇ ਆਦਮੀਆਂ ਨੇ ਉਨ੍ਹਾਂ ਨੂੰ ਦੱਸਿਆ ਕਿ ਅਸੀਂ ਪਿੰਡ ਦਾ ਸਰਪੰਚ ਚੰਗਾ ਸਮਝ ਕੇ ਚੁਣਿਆ ਸੀ ਪਰ ਜਿਵੇਂ ਸਰਕਾਰ ਪਹਿਲਾਂ ਵਾਲੀਆਂ ਪਾਰਟੀਆਂ ਨਾਲੋਂ ਵੀ ਮਾੜੀ ਨਿਕਲੀ ਹੈ ਉਵੇਂ ਹੀ ਸਾਡੇ ਗੁਰੂਵਾਲੀ ਪਿੰਡ ਦਾ ਸਰਪੰਚ ਵੀ ਮਜ਼ਦੂਰਾਂ ਨੂੰ ਰੋਟੀ ਖਾਂਦਾ ਵੇਖ ਕੇ ਖੁਸ਼ ਨਹੀਂ ਹੁੰਦਾ।ਕੁਝ ਮਜ਼ਦੂਰਾਂ ਨੇ ਇਹ ਵੀ ਦੱਸਿਆ ਕਿ ਸਾਡੇ ਕਈ ਨਰੇਗਾ ਵਾਲਿਆਂ ਦੇ ਕੀਤੇ ਕੰਮ ਦੇ ਪੈਸੇ ਨਹੀਂ ਦਿੱਤੇ ਗਏ।ਸ੍ਰੀ ਦੁਧਾਲਾ ਨੇ ਕਿਹਾ ਕਿ ਜੇ ਨਰੇਗਾ ਮਜ਼ਦੂਰਾਂ ਦੇ ਮਸਲੇ ਹੱਲ ਨਾ ਕੀਤੇ ਗਏ ਤਾਂ ਡੀਸੀ ਦਫਤਰ ਸਾਹਮਣੇ ਜਿੰਨੀ ਦੇਰ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਲਾਗਾਤਾਰ ਪ੍ਰਦਰਸ਼ਨ ਕੀਤਾ ਜਾਵੇਗਾ। ਮੀਟਿੰਗ ਵਿੱਚ ਅਵਤਾਰ ਸਿੰਘ, ਭੁਪਿੰਦਰ ਸਿੰਘ, ਰਾਜੂ ਸਿੰਘ ਜਗੀਰ ਸਿੰਘ, ਪਰਮਜੀਤ ਕੌਰ, ਹਰਜਿੰਦਰ ਕੌਰ, ਕੁਲਵੰਤ ਸਿੰਘ, ਗੁਰਮੀਤ ਕੌਰ ਅਤੇ ਗੁਰਪ੍ਰੀਤ ਕੌਰ ਨੇ ਵੀ ਆਪਣੇ ਮਸਲਿਆਂ ਬਾਰੇ ਵਿਚਾਰ ਰੱਖੇ। ਹੋਰਨਾ ਤੋਂ ਇਲਾਵਾ ਇਸ ਸਮੇਂ ਸੁਖਵੰਤ ਕੌਰ, ਬਚਨ ਕੌਰ, ਚਰਨ ਕੌਰ ਆਦਿ ਵੀ ਹਾਜ਼ਰ ਸਨ। ਮੀਟਿੰਗ ਦੇ ਅਖੀਰ ਵਿੱਚ ਕਾ: ਗੁਰਦੀਪ ਸਿੰਘ ਗੁਰੂਵਾਲੀ ਨੇ ਕਾਮਰੇਡ ਸੋਹਣ ਸਿੰਘ ਜੋਸ਼ ਦੇ ਜਨਮ ਦਿਨ ਤੇ ਵੱਧ ਤੋਂ ਵੱਧ ਲੋਕਾਂ ਨੂੰ 12 ਨਵੰਬਰ ਨੂੰ ਚੇਤਨਪੁਰਾ ਵਿਖੇ ਪਹੁੰਚਣ ਦੀ ਅਪੀਲ ਵੀ ਕੀਤੀ।

# ਜੁਗਾੜੂ ਵਾਹਨ ਬਿਨਾਂ ਮਨਜ਼ੂਰੀ ਕਰਦੇ ਨੇ ਢੋਆ-ਢੁਆਈ; ਸੰਬੰਧਿਤ ਮਹਿਕਮਾ ਸੁੱਤਾ ਕੁੰਭਕਰਨੀ ਨੀਂਦ



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਸਰਕਾਰ ਦੇ ਟਰੈਫਿਕ ਵਿਭਾਗ ਦੀ ਅਣਗਹਿਲੀ ਕਾਰਨ ਨਜਾਇਜ਼ ਚੱਲ ਰਹੇ ਜੁਗਾੜੂ ਵਾਹਨ ਅਤੇ ਈ ਰਿਕਸ਼ੇ ਦੁਆਰਾ ਮਾਲ ਦੀ ਨਜਾਇਜ਼ ਢੋਆ ਢੁਆਈ ਕਾਰਨ ਚਾਰ ਪਹੀਆ ਵਾਹਨ ਚਾਲਕਾਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਚਾਰ ਪਹੀਆ ਵਾਹਨ ਚਾਲਕਾਂ ਨੇ ਦੱਸਿਆ ਕਿ ਅਸੀਂ ਲੱਖਾਂ ਰੁਪਏ ਖਰਚ ਕਰਕੇ ਬੈਂਕਾਂ ਤੋਂ ਕਰਜ਼ਾ ਲੈ ਕੇ ਅਜਿਹੇ ਵਾਹਨ ਖਰੀਦੇ ਹਨ ਅਤੇ ਇਨ੍ਹਾਂ ਦੀ ਰਜਿਸਟਰੇਸ਼ਨ, ਇੰਸ਼ੋਰੈਂਸ ਕਰਵਾਉਣ ਆਦਿ 'ਤੇ ਸਰਕਾਰ ਨੂੰ ਹਜ਼ਾਰਾਂ ਰੁਪਏ ਦਾ ਸਲਾਨਾ ਭੁਗਤਾਨ ਟੈਕਸ ਰਾਹੀਂ ਕਰਦੇ ਹਾਂ ਜਦਕਿ ਇਹ ਜੁਗਾੜੂ ਵਾਹਨ ਪੁਰਾਣੇ ਮੋਟਰਸਾਈਕਲ ਨੂੰ ਖਰੀਦ ਕੇ ਇਨ੍ਹਾਂ ਦੇ ਪਿੱਛੇ ਲੱਕੜੀ ਦਾ ਟਾਇਰਾਂ ਵਾਲਾ ਰੇਹੜਾ ਬਣਾ ਕੇ ਭਾਰ ਢੋਣ ਅਤੇ ਸਵਾਰੀਆਂ ਆਦਿ ਦੀ ਢੋਆ ਢੁਆਈ ਦਾ ਕੰਮ ਕਰ ਰਹੇ ਹਨ।

ਜੁਗਾੜੂ ਵਾਹਨ ਸਰਕਾਰ ਨੂੰ ਬਦਲੇ ਵਿਚ ਕੋਈ ਟੈਕਸ ਆਦਿ ਨਹੀਂ ਭਰਦੇ ਅਤੇ ਨਜਾਇਜ਼ ਤੌਰ ਤੇ ਇਨ੍ਹਾਂ ਜੁਗਾੜੂ ਵਾਹਨਾਂ ਤੇ ਸੀਮੈਂਟ, ਸਰੀਆ ਲੱਕੜੀ ਦੇ ਬਾਲੇ ਆਦਿ ਦੀ ਢੋਣ ਤੋਂ ਇਲਾਵਾ ਪਿੰਡਾਂ, ਸ਼ਹਿਰਾਂ ਆਦਿ ਵਿਚ ਸਬਜ਼ੀ, ਫਲ, ਫਰੂਟ, ਕੱਪੜੇ ਆਦਿ ਵੇਚਣ ਦਾ ਕੰਮ ਵੀ ਕੀਤਾ ਜਾ ਰਿਹਾ ਹੈ। ਇਨ੍ਹਾਂ ਤੋਂ ਇਲਾਵਾ ਈ ਰਿਕਸ਼ਾ ਵਾਲੇ ਵੀ ਇਨ੍ਹਾਂ ਤੋਂ ਘੱਟ ਨਹੀਂ ਉਹ ਵੀ ਨਜਾਇਜ਼ ਤੌਰ 'ਤੇ ਈ ਰਿਕਸ਼ਾ ਦੁਆਰਾ ਮਾਲ ਦੀ ਢੋਆ ਢੁਆਈ ਕਰਦੇ ਵੇਖੇ ਜਾ ਸਕਦੇ ਹਨ। ਚਾਰ ਪਹੀਆ ਵਾਹਨ ਚਾਲਕਾਂ ਨੇ ਦੱਸਿਆ ਕਿ ਜੁਗਾੜੂ ਵਾਹਨਾਂ ਨੂੰ ਫੜ ਕੇ ਬੰਦ ਕਰਨਾ ਚਾਹੀਦਾ ਹੈ ਕਿਉਂ ਜੋ ਇਨ੍ਹਾਂ ਨਜਾਇਜ਼ ਚੱਲ ਰਹੇ ਵਾਹਨਾਂ ਕਾਰਨ ਉਨ੍ਹਾਂ ਦਾ ਕਾਫੀ ਨੁਕਸਾਨ ਹੋ ਰਿਹਾ ਹੈ। ਚਾਰ ਪਹੀਆ ਵਾਨ ਚਾਲਕਾਂ ਦੀ ਆਰਟੀਓ ਗੁਰਦਾਸਪੁਰ ਅਤੇ ਟਰੈਫਿਕ ਵਿਭਾਗ ਪਾਸੋਂ ਮੰਗ ਹੈ ਕਿ ਅਜਿਹੇ ਜੁਗਾੜੂ ਵਾਹਨ ਅਤੇ ਈ-ਰਿਕਸ਼ਾ ਚਾਲਕਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।

# ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਵੱਖ-ਵੱਖ ਥਾਈਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ



**ਮਜੀਠਾ:** ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿਚ ਮਜੀਠਾ ਵਿਖੇ ਪ੍ਰਬੰਧਕ ਕਮੇਟੀ ਗੁਰਦੁਆਰਾ ਮਾਈਆਂ, ਸਿੱਖ ਸੇਵਕ ਜਥਾ, ਡੇਰਾ ਬਾਬਾ ਭਾਈ ਸਾਲ੍ਹੋ ਜੀ, ਧੰਨ ਧੰਨ ਬਾਬਾ ਦੀਪ ਸਿੰਘ ਜੀ ਨਿਸ਼ਕਾਮ ਸੇਵਾ ਸੁਸਾਇਟੀ, ਸ਼ਹਿਰ ਦੀਆਂ ਸਮੂਹ ਧਾਰਮਿਕ ਸਭਾ ਸੁਸਾਇਟੀਆਂ ਵੱਲੋ ਸੰਗਤਾਂ ਦੇ ਸਹਿਯੋਗ ਨਾਲ ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਅਵਤਾਰ ਪੁਰਬ ਦੇ ਸੰਬੰਧ ਵਿੱਚ ਪਿੰਡ ਬਖਤਪੁਰ ਦੇ ਗੁਰਦੁਆਰਾ ਸਾਹਿਬ ਦੀ ਲੋਕਲ ਪ੍ਰਬੰਧ ਕਮੇਟੀ ਦੇ ਵੱਲੋਂ ਸਮੂਹ ਪਿੰਡ ਵਾਸੀ ਸੰਗਤ ਦੇ ਸਹਿਯੋਗ ਦੇ ਨਾਲ ਨਗਰ ਕੀਰਤਨ ਸਜਾਇਆ ਗਿਆ, ਫੁੱਲਾਂ ਨਾਲ ਸਜਾਈ ਪਾਲਕੀ ਸਾਹਿਬ ਦੇ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਾਜ਼ਰੀ ਵਿੱਚ ਸਜਾਏ ਗਏ। ਇਸ ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ, ਇਹ ਨਗਰ ਕੀਰਤਨ ਸਵੇਰੇ 10 ਵਜੇ ਸ਼ੁਰੂ ਹੋ ਕੇ ਨਜ਼ਦੀਕੀ ਪਿੰਡ ਸਹਾਇਪੁਰ ਵਿਖੇ ਪੁੱਜਾ, ਜਿੱਥੋਂ ਦੇ ਗੁਰਦੁਆਰਾ ਸਾਹਿਬ ਦੀ ਲੋਕਲ ਪ੍ਰਬੰਧਕ ਕਮੇਟੀ ਵੱਲੋਂ ਪੰਜ ਪਿਆਰਿਆਂ ਅਤੇ ਪ੍ਰਬੰਧਕਾਂ ਨੂੰ ਗੁਰੂ ਮਹਾਰਾਜ ਦੀ ਬਖਸ਼ਿਸ਼ ਸਿਰੋਪੇ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ, ਪਿੰਡ ਸਹਾਇਪੁਰ ਦੀ ਪਰਿਕਰਮਾ ਕਰਦਾ ਹੋਇਆ ਇਹ ਨਗਰ ਕੀਰਤਨ ਗੁਰਦੁਆਰਾ ਲਹਿੰਦੀ ਪੱਤੀ ਅਤੇ ਚੜ੍ਹਦੀ ਪੱਤੀ ਪਿੰਡ ਬਖਤਪੁਰ ਤੋਂ ਹੁੰਦਾ ਹੋਇਆ ਸ਼ੁਰੂਆਤੀ ਸਥਾਨ 'ਤੇ ਆ ਕੇ ਸਮਾਪਤ ਹੋਇਆ।



**ਕਲਾਨੌਰ (ਮਨਦੀਪ ਕੋਹਲੀ)**-ਪਹਿਲੀ ਪਾਤਸ਼ਾਹੀ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ ਕਲਾਨੌਰ ਇਲਾਕੇ ਦੀ ਸਿੱਖਿਆ ਦੇ ਖੇਤਰ ਵਿੱਚ ਸਿਰਮੌਰ ਸੰਸਥਾ ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਵਿੱਚ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਕਾਹਲੋਂ ਦੇ ਦਿਸ਼ਾ ਨਿਰਦੇਸ਼ ਹੇਠ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਕਾਹਲੋਂ ਦੀ ਹਾਜ਼ਰੀ ਵਿੱਚ ਸਕੂਲ ਦੇ ਨਰਸਰੀ ਤੋਂ ਪੰਜਵੀਂ ਕਲਾਸ ਦੇ ਬੱਚਿਆਂ ਵੱਲੋਂ ਬੜੇ ਹੀ ਸੋਹਣੇ ਤਰੀਕੇ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਭਾਵਸ਼ਾਲੀ ਧਾਰਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਬੱਚਿਆਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਿਤ ਸ਼ਬਦ, ਕੀਰਤਨ, ਗੁਰਬਾਣੀ, ਵਾਰਾਂ ਅਤੇ ਕੋਰੀਓ ਗ੍ਰਾਫੀ ਦੇ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਬੜੇ ਸੋਹਣੇ ਤਰੀਕੇ ਨਾਲ ਮਨਾਇਆ ਗਿਆ।



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਕਈ ਦਿਨਾਂ ਤੋਂ ਅੰਮ੍ਰਿਤ ਵੇਲੇ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਸਨ।ਗੁਰਦੁਆਰਾ ਯਾਦਗਾਰ ਸਹੀਦਾਂ, ਨਬੀਪੁਰ ਵੱਲੋਂ ਨਗਰ ਕੀਰਤਨ ਸਜਾਇਆ ਗਿਆ, ਜਿਸ ਦੀ ਅਗਵਾਈ ਸਰਦਾਰ ਨਰਿੰਦਰ ਸਿੰਘ, ਪ੍ਰਧਾਨ ਗੁਰਦੁਆਰਾ ਯਾਦਗਾਰ ਸਹੀਦਾਂ ਨਬੀਪੁਰ ਨੇ ਕੀਤੀ।

ਨਗਰ ਕੀਰਤਨ ਗੁਰਦੁਆਰਾ ਸਾਹਿਬ ਨਬੀਪੁਰ ਤੋਂ ਆਰੰਭ ਹੋ ਕੇ ਹਰਦੋਛਨੀ ਰੋਡ ਰਾਹੀਂ ਹਯਾਤਨਗਰ, ਸਿੱਧਵਾਂ ਜਮੀਰਾਂ, ਬੱਬਰੀ, ਜੀਵਨਵਾਲ-ਬੱਬਰੀ ਗੁਰਦੁਆਰਾ ਸਾਹਿਬ, ਬੱਬਰੀ ਬਾਈਪਾਸ ਅਤੇ ਕਲਾਨੌਰ ਰੋਡ ਰਾਹੀਂ ਹੁੰਦਾਂ ਹੋਇਆ ਵਾਪਸ ਗੁਰਦੁਆਰਾ ਸਾਹਿਬ ਨਬੀਪੁਰ ਵਿਖੇ ਸਮਾਪਤ ਹੋਇਆ।ਰਸਤੇ ਵਿੱਚ ਵੱਖ-ਵੱਖ ਪਿੰਡਾਂ ਦੇ ਗੁਰਦੁਆਰਾ ਸਾਹਿਬਾਂ ਅਤੇ ਸੰਗਤਾਂ ਵੱਲੋਂ ਨਗਰ ਕੀਰਤਨ ਦੀ ਸੰਗਤ ਲਈ ਚਾਹ-ਪਕੌੜੇ, ਦੁੱਧ ਅਤੇ ਹੋਰ ਪਦਾਰਥਾਂ ਦੇ ਲੰਗਰਾਂ ਨਾਲ ਸੇਵਾ ਕੀਤੀ ਗਈ।



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਗੁਰਪੁਰਬ (ਪ੍ਰਕਾਸ਼ ਪੁਰਬ) ਬਹੁਤ ਹੀ ਸ਼ਰਧਾ ਪੂਰਵਕ ਤੇ ਧੂਮ ਧਾਮ ਨਾਲ ਮਨਾਇਆ ਗਿਆ ਹੈ। ਸਭ ਤੋਂ ਪਹਿਲਾਂ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਕੂਲ ਵਿੱਚ ਚੱਲ ਰਹੇ ਸਹਿਜ ਪਾਠ ਦਾ ਭੋਗ ਪਾਇਆ ਗਿਆ।ਭੋਗ ਉਪਰੰਤ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਰਾਹੀਂ ਸਭ ਨੂੰ ਨਿਹਾਲ ਕੀਤਾ ਤੇ ਹੋਰ ਸਟੇਜੀ ਗਤੀਵਿਧੀਆਂ ਜਿਵੇਂ ਕਵੀਸ਼ਰੀ, ਕਵਿਤਾ ਅਤੇ ਭਾਸ਼ਣ ਆਦਿ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮਹਿਮਾ ਦਾ ਜਸ ਗਾਇਨ ਕੀਤਾ ਗਿਆ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੋਦ ਦਾ ਆਨੰਦ ਮਾਣ ਰਹੇ ਇਸ ਸਕੂਲ ਦੇ ਵਿਦਿਆਰਥੀਆਂ ਅਧਿਆਪਕਾਂ ਅਤੇ ਕਰਮਚਾਰੀਆਂ ਨੇ ਇਸ ਦਿਨ ਨੂੰ ਯਾਦਗਰੀ ਬਣਾਉਣ ਲਈ ਹਰ ਪ੍ਰਕਾਰ ਦਾ ਯੋਗਦਾਨ ਦਿੱਤਾ।



**ਬਟਾਲਾ (ਡਾ. ਮਲਵਿੰਦਰ ਸਿੰਘ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਪ੍ਰਕਾਸ਼ ਪੁਰਬ ਗੁਰਦੁਆਰਾ ਸਿੰਘ ਸਭਾ ਕਾਹਨੂੰਵਾਨ ਰੋਡ ਸ਼ਾਸਤੀ ਨਗਰ ਬਟਾਲਾ ਵਿਖੇ ਬੜੀ ਸ਼ਰਧਾ ਤੇ ਉਲਾਸ ਨਾਲ ਮਨਾਇਆ ਗਿਆ।ਪ੍ਰਬੰਧਕ ਕਮੇਟੀ ਪ੍ਰਧਾਨ ਸੁਲੱਖਣ ਸਿੰਘ, ਮੀਤ ਪ੍ਰਧਾਨ ਹਰਪਾਲ ਸਿੰਘ, ਜਨਰਲ ਸਕੱਤਰ ਬਾਵਾ ਸਿੰਘ ਪ੍ਰੀਤਮ ਸਿੰਘ ਜਨਰਲ ਸਕੱਤਰ, ਸਵਿੰਦਰ ਪਾਲ ਸਿੰਘ ਕੈਸ਼ੀਅਰ ਅਤੇ ਹੋਰ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ ਮਨਾਇਆ ਗਿਆ।ਰੱਖੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਰਾਗੀ ਜਥੇ ਵੱਲੋਂ ਕੀਰਤਨ ਕੀਤਾ ਗਿਆ ਅਤੇ ਸੰਗਤਾਂ ਨੂੰ ਨਿਹਾਲ ਕੀਤਾ।ਭਾਈ ਰਣਜੀਤ ਸਿੰਘ ਵੱਲੋਂ ਗੁਰੂ ਜੀ ਦੇ ਜੀਵਨ ਫਲਸਫੇ ਬਾਰੇ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ।ਆਈਆਂ ਸੰਗਤਾਂ ਵਿੱਚੋਂ ਕੁਝ ਸ਼ਖਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ।



**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸੰਬੰਧਿਤ ਪਿੰਡ ਮਾਨ ਸੈਂਡਵਾਲ ਵਿਖੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਜਿਸਦੀ ਸ਼ੁਰੂਆਤ ਪਿੰਡ ਦੇ ਗੁਰਦੁਆਰਾ ਸਾਹਿਬ ਤੋਂ ਹੋਈ। ਇਸ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਪਿੰਡ ਦੀ ਸਮੂਹ ਸੰਗਤ ਵੱਲੋਂ ਗੁਰੂ ਮਹਾਰਾਜ ਦੀ ਉਸਤਤਿ ਕਰਦੇ ਹੋਏ ਇਸ ਨਗਰ ਕੀਰਤਨ ਦੀ ਆਰੰਭਤਾ ਕੀਤੀ ਗਈ।

ਪੜਾਅ ਦਰ ਪੜਾਅ ਪਿੰਡ ਦੇ ਵੱਖੋ-ਵੱਖਰੇ ਗਲੀ ਮੁਹੱਲਿਆ ਵਿੱਚ ਗੁਜ਼ਰਦੇ ਵਿਸ਼ਾਲ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਬੜੀ ਸ਼ਰਧਾ ਸਤਿਕਾਰ ਨਾਲ ਸਵਾਗਤ ਕੀਤਾ ਕੀਤਾ ਗਿਆ।ਇਸ ਦੌਰਾਨ ਸੰਗਤਾਂ ਨੂੰ ਵੱਖੋ ਵੱਖਰੇ ਪੜਾਵਾਂ ਤੇ ਵੰਨ ਸੁਵੰਨੇ ਲੰਗਰ ਪਕਵਾਨ ਛਕਾਏ ਗਏ।ਇਸ ਦੌਰਾਨ ਗ੍ਰੰਥੀ ਬਾਬਾ ਬਲਦੇਵ ਤੇ ਭਾਈ ਤਰਲੋਕ ਸਿੰਘ ਅਤੇ ਡਾਕਟਰ ਕੰਵਲਜੀਤ ਸਿੰਘ ਦੇ ਕਵੀਸ਼ਰੀ ਜਥੇ ਵੱਲੋਂ ਸ਼ਬਦ ਗੁਰਬਾਣੀ ਤੇ ਇਤਿਹਾਸ ਰਾਹੀਂ ਸੰਗਤ ਨੂੰ ਗੁਰੂ ਇਤਿਹਾਸ ਤੋਂ ਜਾਣੂ ਕਰਵਾਇਆ।

# ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਪੂਰਨਮਾਸ਼ੀ ਦਾ ਦਿਹਾੜਾ ਉਤਸ਼ਾਹਪੂਰਵਕ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਪੁੰਨਿਆ ਦੇ ਦਿਹਾੜੇ ਮੌਕੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਦੇਸ਼-ਵਿਦੇਸ਼ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੀ ਚੱਲ ਰਹੀ ਲੜੀ ਦੇ ਭੋਗ ਪਾਏ ਗਏ, ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਵੱਲੋਂ ਸੰਗਤਾਂ ਸਮੇਤ ਬਾਬਾ ਸ੍ਰੀਚੰਦ ਜੀ ਦਾ ਆਰਤਾ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਭਾਈ ਸਮ ਸਿੰਘ ਜੰਡੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀ ਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਮਾਰਗ ਤੇ ਚੱਲਦਿਆਂ ਕਿਰਤ ਕਰੋ ਨਾਮ ਜਪੋ ਤੇ ਵੰਡ ਛਕੋ ਦਾ ਉਪਦੇਸ਼ ਗ੍ਰਹਿਣ ਕਰਦਿਆਂ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ।ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਅਤੇ ਜਲੇਬੀਆਂ ਵੀ ਵਰਤਾਈਆਂ ਗਈਆਂ।

# ਹੜ੍ਹ ਪੀੜਤਾਂ ਦੀ ਸਹਾਇਤਾ ਲਈ ਡੀ. ਸੀ. ਨੂੰ ਮੰਗ ਪੱਤਰ ਸੌਂਪਿਆ



ਛੇਹਰਟਾ (ਮਨੋਜ ਕੁਮਾਰ)-ਸੰਯੁਕਤ ਕਿਸਾਨ ਮੋਰਚੇ ਵੱਲੋਂ ਡਿਪਟੀ ਕਮਿਸ਼ਨਰ ਨੂੰ ਦਫ਼ਤਰ ਦੇ ਬਾਹਰ ਰੈਲੀ ਕਰਕੇ ਮੰਗ ਪੱਤਰ ਦਿੰਦੇ ਹੋਏ ਮੰਗ ਕੀਤੀ ਗਈ ਕਿ ਹੜ੍ਹ ਪੀੜਤਾਂ ਦੀ ਸਹਾਇਤਾ ਕਰਨ ਵਿਚ ਸਰਕਾਰ ਤੇ ਅਫਸਰਸ਼ਾਹੀ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ। ਇਸ ਲਈ ਇਨ੍ਹਾਂ ਵਿਰੁੱਧ ਅਪਰਾਧਿਕ ਲਾਪਰਵਾਹੀ ਦਾ ਕੇਸ ਦਰਜ ਕਰੋ। ਪੂਰੇ ਤਰ੍ਹਾਂ ਨੁਕਸਾਨੇ ਘਰਾਂ ਨੂੰ ਪੰਜਾਬ ਵਿਚ ਇਕ ਤੋਂ ਦੋ ਲੱਖ ਰੁਪਏ ਦੀ ਮਾਮੂਲੀ ਰਕਮ ਮਿਲਣੀ ਹੈ, ਜਦੋਂ ਕਿ ਹਿਮਾਚਲ ਵਿਚ 7 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ। ਪ੍ਰਧਾਨ ਮੰਤਰੀ ਫ਼ਸਲ ਯੋਜਨਾ ਨੂੰ ਰੱਦ ਕਰੋ ਤੇ ਐੱਸਆਈਸੀ ਵਰਗਾ ਜਨਤਕ ਖੇਤਰ ਸੰਸਥਾ ਸਥਾਪਿਤ ਕਰੋ। ਪਰਾਲੀ ਸਾੜਨ ਤੋਂ ਰੋਕਣ ਲਈ ਰਾਜ ਸਰਕਾਰ ਦੀ ਜ਼ਿੰਮੇਦਾਰੀ ਹੈ। ਮੰਗ ਪੱਤਰ ਦੇਣ ਵਾਲੇ ਸਾਥੀਆਂ ਵਿਚ ਲਖਬੀਰ ਸਿੰਘ ਨਿਜ਼ਾਮਪੁਰਾ, ਭੁਪਿੰਦਰ ਸਿੰਘ, ਬਲਵਿੰਦਰ ਸਿੰਘ ਦੁਧਾਲਾ, ਸੁੱਚਾ ਸਿੰਘ ਅਜਨਾਲਾ, ਸਵਿੰਦਰ ਸਿੰਘ ਮੀਰਾਂਕੋਟ, ਰਣਜੀਤ ਬੱਲ, ਧਨਵੰਤ ਸਿੰਘ ਖਤਰਾਏ ਕਲਾਂ, ਕਾਬਲ ਸਿੰਘ ਛੀਨਾ, ਜਤਿੰਦਰ ਸਿੰਘ ਛੀਨਾ, ਸ਼ਮਸ਼ੇਰ ਸਿੰਘ ਹੇਰ, ਮੰਗਲ ਸਿੰਘ, ਦਵਿੰਦਰ ਵਰਪਾਲ, ਸੁਖਬੀਰ ਸਿੰਘ, ਡਾਕਟਰ ਪਰਵਿੰਦਰ ਸਿੰਘ, ਸੁਖਦੇਵ ਸਿੰਘ ਮਾਹਵਾ, ਹਰਭਜਨ ਸਿੰਘ ਟਰਪਈ, ਸੁਖਰਾਮ ਸਿੰਘ ਲੁਹਾਰਕਾ ਅਤੇ ਹਰਜੀਤ ਸਿੰਘ ਝੀਤਾ ਆਦਿ ਆਗੂ ਹਾਜ਼ਰ ਸਨ। ਡੀ.ਸੀ ਦੇ ਦਫ਼ਤਰ ਵਿਚ ਹਾਜ਼ਰ ਨਾ ਹੋਣ ਕਰਕੇ ਜ਼ਿਲ੍ਹਾ ਮਾਲ ਅਫਸਰ ਨੇ ਮੰਗ ਪੱਤਰ ਪ੍ਰਾਪਤ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਜ਼ਿਲ੍ਹਾ ਪੱਧਰ ਦੀਆਂ ਮੰਗਾਂ ਦਾ ਨਿਪਟਾਰਾ ਜ਼ਿਲ੍ਹਾ ਪੱਧਰ 'ਤੇ ਹੀ ਕੀਤਾ ਜਾਏਗਾ। ਬਾਕੀ ਮੰਗਾਂ ਦੇ ਨਿਪਟਾਰਾ ਲਈ ਸਿਫਾਰਿਸ਼ ਪੱਤਰ ਸਰਕਾਰ ਨੂੰ ਭੇਜਿਆ ਜਾਏਗਾ।

# ਸੇਂਟ ਸੋਲਜਰ ਸਕੂਲ 'ਚ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਪ੍ਰਕਾਸ਼ ਦਿਹਾੜਾ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਪਹਿਲੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਬੱਚਿਆਂ ਵੱਲੋਂ ਕੀਰਤਨ ਰੂਪ ਵਿੱਚ ਸ੍ਰੀ ਚੌਪਈ ਸਾਹਿਬ ਦੇ ਪਾਠ ਅਤੇ ਰਸ ਭਿੰਨਾ ਸ਼ਬਦ ਕੀਰਤਨ ਗਾਇਨ ਕੀਤਾ। ਸਾਰੇ ਬੱਚਿਆਂ ਅਤੇ ਸਟਾਫ ਨੇ ਰਲ ਕਰਕੇ ਕੀਰਤਨ ਰੂਪ ਵਿਚ ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਦ ਜਗ ਚਾਨਣ ਹੋਆ ਦਾ ਜਾਪ ਕਰਦਿਆਂ ਅਤੇ ਗੁਰੂ ਨਾਨਕ ਦੇਵ ਜੀ ਦੀ ਉਸਤਤ ਕਰਦਿਆਂ ਗੁਰੂ ਸਾਹਿਬਾਂ ਦੇ ਚਰਨਾਂ ਵਿੱਚ ਆਪਣੀ ਹਾਜ਼ਰੀ ਲਗਵਾਈ। ਉਪਰੰਤ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਵੱਧ ਚੜ੍ਹ ਕੇ ਹਿੱਸਾ ਲਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਨੇ ਸਾਰਿਆਂ ਨੂੰ ਗੁਰੂ ਨਾਨਕ ਸਾਹਿਬ ਜੀ ਦੇ ਫਲਸਫੇ ਅਤੇ ਸਿਧਾਂਤਾਂ ਦੇ ਚੱਲਣ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਬਾਰੇ ਸਭ ਨੂੰ ਜਾਣੂ ਕਰਵਾਇਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਅਮਰਪ੍ਰੀਤ ਕੌਰ ਨੇ ਬੱਚਿਆਂ ਨੂੰ ਗੁਰੂ ਨਾਨਕ ਸਾਹਿਬ ਜੀ ਦੇ ਕਿਰਤ ਕਰੋ ਨਾਮ ਜਪੋ ਅਤੇ ਵੰਡ ਛਕੋ ਦੇ ਸਿਧਾਂਤ ਤੇ ਚੱਲਣ ਲਈ ਕਿਹਾ ਅਤੇ ਗੁਰਬਾਣੀ ਦੇ ਲੜ ਲੱਗਣ ਦੀ ਪ੍ਰੇਰਨਾ ਦਿੱਤੀ। ਇਸ ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ ਸ਼ਿਲਪਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਰੋਆਇਲ ਕੈਂਬ੍ਰਿਜ ਸਕੂਲ ਬਿਆਸ ਵਿਖੇ ਮਨਾਇਆ ਪ੍ਰਕਾਸ਼ ਪੁਰਬ



ਬਿਆਸ (ਪਰਮਜੀਤ ਸਿੰਘ ਰੱਖੜਾ)-ਰੋਆਇਲ ਕੈਂਬ੍ਰਿਜ ਸਕੂਲ ਬਿਆਸ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਭਾਵਪੂਰਤ ਕਵਿਤਾਵਾਂ ਅਤੇ ਭਾਸ਼ਣ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦੱਸੇ ਗਏ ਮਾਰਗ, ਉਪਦੇਸ਼ਾਂ ਅਤੇ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਿਦਿਆਰਥੀਆਂ ਵਲੋਂ ਸ੍ਰੀ ਜਪੁਜੀ ਸਾਹਿਬ ਦੇ ਪਾਠ ਉਪਰੰਤ ਸ਼ਬਦ ਕੀਰਤਨ ਦਾ ਗਾਇਨ ਕੀਤਾ ਗਿਆ।ਸਮਾਗਮ ਦੀ ਸਮਾਪਤੀ ਮੌਕੇ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੂੰ ਅਤੁੱਟ ਲੰਗਰ ਵਰਤਾਇਆ ਗਿਆ।

# ਅੱਜ ਬਿਜਲੀ ਸਪਲਾਈ ਬੰਦ ਰਹੇਗੀ

**ਬਿਆਸ, (ਪਰਮਜੀਤ ਸਿੰਘ ਰੱਖੜਾ)**-ਐਕਸੀਅਨ ਰਾਜ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 66 ਕੇ ਵੀ ਲਾਈਨ ਬੁਟਾਰੀ ਤੋਂ ਬਿਆਸ ਦੇ ਸੈਕੰਡ ਸਰਕਟ ਦੇ ਪੈਂਡਿੰਗ ਪਏ ਕੰਮ ਨੂੰ ਮੁਕੰਮਲ ਕਰਨ ਲਈ 6 ਨਵੰਬਰ ਦਿਨ ਵੀਰਵਾਰ ਨੂੰ ਟੀ. ਐੱਲ. ਐੱਸ. ਸੀ. ਟੀਮ ਜਲੰਧਰ ਡਵੀਜ਼ਨ ਟੀਮ ਵੱਲੋਂ ਸ਼ੈੱਡ ਡਾਊਨ ਲਈ ਗਈ ਹੈ।

ਇਸ ਸਮੇਂ ਦੌਰਾਨ 66 ਕੇ ਵੀ ਗਰਿਡ ਬਿਆਸ, 66 ਕੇ ਵੀ ਗਰਿਡ ਬੁਤਾਲਾ, 66 ਕੇ ਵੀ ਗਰਿਡ ਸਠਿਆਲਾ, 66 ਕੇ ਵੀ ਗਰਿੱਡ ਰਾਣਾ ਸ਼ੂਗਰ ਮਿੱਲ ਅਤੇ ਹੋਰ ਸਾਰੇ 11 ਕੇ ਵੀ ਫੀਡਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬੰਦ ਰਹਿਣਗੇ ।

# ਪੀਟੀਆਈ ਸੁਖਜੀਤ ਕੌਰ ਦੀ ਇੰਟਰਨੈਸ਼ਨਲ ਟੂਰਨਾਮੈਂਟ ਲਈ ਚੋਣ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿੱਚ ਬਤੌਰ ਫਿਜ਼ੀਕਲ ਟ੍ਰੇਨਿੰਗ ਇੰਸਟਰਕਟਰ ਦੇ ਤੌਰ 'ਤੇ ਤਾਇਨਾਤ ਕਰਮਚਾਰੀ ਸੁਖਜੀਤ ਕੌਰ ਕੌਮਾਂਤਰੀ ਟੂਰਨਾਮੈਂਟ ਵਿੱਚ ਭਾਗ ਲੈਣ ਲਈ ਚੁਣੇ ਗਏ ਹਨ।ਜ਼ਿਕਰਯੋਗ ਹੈ ਕਿ ਸੁਖਜੀਤ ਕੌਰ ਨੈਸ਼ਨਲ ਮੈਡਲਿਸਟ ਅਤੇ ਇੰਟਰਵਰਸਿਟੀ ਗੋਲਡ ਮੈਡਲਿਸਟ ਹਨ।ਉਹ ਕੌਮੀ ਰੈਫ਼ਰੀ ਅਤੇ ਕੁਰਾਸ਼ ਦੇ ਸਕੱਤਰ ਵਜੋਂ ਸੇਵਾਵਾਂ ਦੇ ਰਹੇ ਹਨ।ਸੁਖਜੀਤ ਕੌਰ ਇਸ ਸਮੇਂ 23ਵੀਆਂ ਏਸ਼ੀਆ ਮਾਸਟਰਜ਼ ਅਥਲੈਟਿਕਸ ਚੈਂਪੀਅਨਸ਼ਿਪ ਜੋ ਕਿ ਚੇਨਈ ਤਾਮਿਲਨਾਡੂ ਵਿੱਚ 9 ਨਵੰਬਰ ਤੱਕ ਚੱਲ ਰਹੀਆਂ ਹਨ, ਵਿੱਚ ਹਿੱਸਾ ਲੈਣਗੇ।ਸਕੂਲ ਦੇ ਸਮੂਹ ਸਟਾਫ ਅਤੇ ਸਕੂਲ ਪ੍ਰਿੰਸੀਪਲ ਰਵਿੰਦਰ ਕੌਰ ਆਹਲੂਵਾਲੀਆ ਸਟੇਟ ਐਵਾਰਡੀ ਨੇ ਇਸ ਮੌਕੇ ਸੁਖਜੀਤ ਕੌਰ ਚਾਹਲ ਨੂੰ ਮੁਬਾਰਕਬਾਦ ਦਿੱਤੀ ਅਤੇ ਸ਼ੁੱਭ ਇਛਾਵਾਂ ਵੀ ਦਿੱਤੀਆਂ।

# ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਨੇ ਅੰਡਰ-14 ਟਰਾਇਲਜ਼ ਕਰਵਾਏ



ਪਠਾਨਕੋਟ (ਦਵਿੰਦਰ ਸਿੰਘ)-ਪਠਾਨਕੋਟ ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਅੰਡਰ-14 ਬਾਲਕ ਵਰਗ ਦੇ ਚੋਣ ਟਰਾਇਲਜ਼ ਦਾ ਸਫਲ ਆਯੋਜਨ ਕੁੰਠੇਰ ਕ੍ਰਿਕਟ ਗਰਾਊਂਡ ਵਿੱਚ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹੇ ਭਰ ਤੋਂ ਆਏ 90 ਤੋਂ ਵੱਧ ਨੌਜਵਾਨ ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਹ ਟਰਾਇਲਜ਼ ਪੂਰੀ ਪਾਰਦਰਸ਼ਤਾ ਅਤੇ ਨਿਰਧਾਰਤ ਪ੍ਰਕਿਰਿਆ ਦੇ ਤਹਿਤ ਕਰਵਾਏ ਗਏ, ਜਿਸ ਵਿੱਚ ਓਪਨ ਸੈਸ਼ਨ, ਦਸਤਾਵੇਜ਼ਾਂ ਦੀ ਜਾਂਚ ਅਤੇ ਕੌਸ਼ਲ ਅਧਾਰਤ ਮੁਲਾਂਕਣ ਜਿਹੀਆਂ ਪ੍ਰਕਿਰਿਆਵਾਂ ਦੀ ਪਾਲਣਾ ਕੀਤੀ ਗਈ।ਖਿਡਾਰੀਆਂ ਨਾਲ ਆਏ ਮਾਪਿਆਂ ਦਾ ਵੀ ਪਠਾਨਕੋਟ ਕ੍ਰਿਕਟ ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ, ਜਿਸ ਨਾਲ ਪੂਰੇ ਸਮਾਗਮ ਦਾ ਮਾਹੌਲ ਜੋਸ਼ ਨਾਲ ਭਰਪੂਰ ਰਿਹਾ।ਟਰਾਇਲਜ਼ ਦਾ ਸੰਚਾਲਨ ਮੁੱਖ ਕੋਚ ਇੰਦਰਜੀਤ ਸਿੰਘ ਜੋ ਰਣਜੀ ਟਰਾਫੀ ਟੀਮ ਦੇ ਸਾਬਕਾ ਕਪਤਾਨ ਅਤੇ ਬੀਸੀਸੀਆਈ ਮੈਚ ਰੈਫਰੀ ਰਹਿ ਚੁੱਕੇ ਹਨ, ਦੀ ਦੇਖਰੇਖ ਹੇਠ ਕੀਤਾ ਗਿਆ। ਉਨ੍ਹਾਂ ਦੇ ਨਾਲ ਚਾਰ ਅਨੁਭਵੀ ਚੋਣਕਰਤਾਵਾਂ ਦੀ ਟੀਮ ਨੇ ਖਿਡਾਰੀਆਂ ਦੇ ਪ੍ਰਦਰਸ਼ਨ ਦਾ ਮੁਲਾਂਕਣ ਕ੍ਰਿਕਟ ਕੌਸ਼ਲ, ਫਿਟਨੈੱਸ ਅਤੇ ਅਨੁਸ਼ਾਸਨ ਵਰਗੇ ਵੱਖ-ਵੱਖ ਪੱਖਾਂ ਤੇ ਕੀਤਾ।ਇਸ ਮੌਕੇ ਪਠਾਨਕੋਟ ਕ੍ਰਿਕਟ ਐਸੋਸੀਏਸ਼ਨ ਦੇ ਸਕੱਤਰ ਸੰਨੀ ਮਹਾਜਨ ਨੇ ਕਿਹਾ ਕਿ ਇਹ ਵੇਖ ਕੇ ਬਹੁਤ ਖੁਸ਼ੀ ਹੁੰਦੀ ਹੈ ਕਿ ਸਾਡੇ ਜ਼ਿਲ੍ਹੇ ਦੇ ਨੌਜਵਾਨ ਕ੍ਰਿਕਟਰਾਂ ਵਿੱਚ ਇੰਨਾ ਜੋਸ਼ ਅਤੇ ਸਮਰਪਣ ਹੈ।ਐਸੋਸੀਏਸ਼ਨ ਦਾ ਉਦੇਸ਼ ਸਥਾਨਕ ਪ੍ਰਤਿਭਾਵਾਂ ਦੀ ਪਹਿਚਾਣ ਕਰਨਾ ਅਤੇ ਉਨ੍ਹਾਂ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਲਈ ਸਭ ਤੋਂ ਵਧੀਆ ਮੰਚ ਪ੍ਰਦਾਨ ਕਰਨਾ ਹੈ। ਟਰਾਇਲਜ਼ 'ਚ ਚੁਣੇ ਗਏ ਖਿਡਾਰੀਆਂ ਨੂੰ ਆਉਣ ਵਾਲੀਆਂ ਜ਼ਿਲ੍ਹਾ ਅਤੇ ਰਾਜ ਪੱਧਰੀ ਮੁਕਾਬਲਿਆਂ ਦੀ ਤਿਆਰੀ ਲਈ ਵਿਸ਼ੇਸ਼ ਪ੍ਰਸ਼ਿਕਸ਼ਣ ਅਤੇ ਮੁਲਾਂਕਣ ਸੈਸ਼ਨਾਂ ਵਿੱਚੋਂ ਲੰਘਾਇਆ ਜਾਵੇਗਾ।

# ਹੈੱਡਟੀਚਰ ਰਣਜੀਤ ਸਿੰਘ ਨੇ ਤਰੱਕੀ ਉਪਰੰਤ ਆਪਣਾ ਕਾਰਜਭਾਰ ਸੰਭਾਲਿਆ



ਵੇਰਕਾ (ਰਾਣਾ)-ਜ਼ਿਲਾ ਸਿੱਖਿਆ ਦਫ਼ਤਰ (ਐਲੀ:) ਅੰਮ੍ਰਿਤਸਰ ਵੱਲੋਂ ਈਟੀਟੀ ਟੀਚਰ ਤੋਂ ਬਤੌਰ ਹੈੱਡਟੀਚਰ ਦੀਆਂ ਕੀਤੀਆਂ ਗਈਆਂ ਪੱਦਉਨਤੀਆਂ ਦੌਰਾਨ ਸਰਕਾਰੀ ਐਲੀ: ਸੈਂਟਰ ਸਕੂਲ ਜੇਠੂਵਾਲ ਤੋਂ ਬਤੌਰ ਹੈੱਡਟੀਚਰ ਪੱਦਉਨਤ ਹੋਏ ਰਣਜੀਤ ਸਿੰਘ ਰਾਣਾ ਨੇ ਸ: ਐ: ਸਕੂਲ ਝੰਡੇਰ, ਬਲਾਕ ਮਜੀਠਾ-2 ਦਾ ਕਾਰਜਭਾਰ ਸੰਭਾਲਿਆ।

ਇਸ ਮੌਕੇ ਵੱਖ-ਵੱਖ ਜਥੇਬੰਦਕ ਆਗੂਆਂ ਨੇ ਰਣਜੀਤ ਸਿੰਘ ਨੂੰ ਆਪਣਾ ਅਹੁਦਾ ਸੰਭਾਲਣ 'ਤੇ ਢੇਰ ਸਾਰੀਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ ਜਿਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ, ਸੂਬਾਈ ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ (ਖੁਸ਼ੀਪੁਰ), ਸਕੱਤਰ ਮਨਜੀਤ ਸਿੰਘ ਸੋਹੀਆ ਖੁਰਦ, ਮੀਤ ਸਕੱਤਰ ਬਚਿੱਤਰ ਸਿੰਘ ਬਟਾਲਾ, ਕੁਨਾਲ ਭੱਲਾ ਬਲਾਕ ਅੰਮ੍ਰਿਤਸਰ-4, ਗੁਰਪ੍ਰੀਤ ਸਿੰਘ ਥਿੰਦ, ਐੱਚ. ਟੀ. ਰਾਜਵਿੰਦਰ ਸਿੰਘ, ਜਗਦੀਸ਼ ਸਿੰਘ ਮਜੀਠਾ, ਹਰਚਰਨ ਸਿੰਘ ਸ਼ਾਹ, ਹੈੱਡਟੀਚਰ ਮਨਮੋਹਨ ਸਿੰਘ ਓਠੀਆਂ, ਕੁਲਦੀਪ ਸਿੰਘ ਜੇਠੂਵਾਲ, ਬਚਿੱਤਰ ਸਿੰਘ ਜਹਾਂਗੀਰ, ਸੁਖਵਿੰਦਰ ਸਿੰਘ ਵੇਰਕਾ, ਅਵਤਾਰ ਸਿੰਘ ਸੀ. ਐੱਚ. ਟੀ., ਬਲਕਾਰ ਸਿੰਘ, ਸੁਖਸਿਮਰਤ ਸਿੰਘ, ਸਿਮਰਨਜੀਤ ਸਿੰਘ, ਕੁਲਦੀਪ ਕੌਰ, ਜਗਰੂਪ, ਰਾਬੀਆ ਆਦਿ ਵੀ ਹਾਜ਼ਰ ਸਨ।

# ਪੰਜਾਬ 'ਵਰਸਿਟੀ ਬਾਰੇ ਨੋਟੀਫਿਕੇਸ਼ਨ ਤੁਰੰਤ ਰੱਦ ਕੀਤਾ ਜਾਵੇ : ਖੱਬੀਆਂ ਪਾਰਟੀਆਂ



ਛੇਹਰਟਾ (ਮਨੋਜ ਕੁਮਾਰ)-ਪੰਜਾਬ ਦੀਆ ਖੱਬੀਆਂ ਪਾਰਟੀਆਂ ਸੀਪੀਆਈ (ਐੱਮ), ਸੀਪੀਆਈ, ਸੀਪੀਆਈ (ਐੱਮਐੱਲ) ਲਿਬਰੇਸ਼ਨ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਤੇ ਸਿੰਡੀਕੇਟ ਨੂੰ ਭੰਗ ਕਰਨ ਦਾ ਗੰਭੀਰ ਨੋਟਿਸ ਲੈਂਦਿਆਂ ਕੇਂਦਰ ਸਰਕਾਰ ਤੋਂ ਇਹ ਫ਼ੈਸਲਾ ਵਾਪਸ ਲੈਣ ਦੀ ਮੰਗ ਕੀਤੀ ਹੈ। ਇਸ ਦੇ ਵਿਰੋਧ ਵਿਚ ਡੀ. ਸੀ. ਦਫ਼ਤਰ ਅੰਮ੍ਰਿਤਸਰ ਸਾਹਮਣੇ ਰੈਲੀ ਕਰਕੇ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਰੈਲੀ ਦੀ ਅਗਵਾਈ ਕਾਮਰੇਡ ਚਰਨਜੀਤ ਮਜੀਠਾ ਜ਼ਿਲ੍ਹਾ ਸਕੱਤਰ ਸੀਪੀਆਈ(ਐੱਮ), ਕਾਮਰੇਡ ਸ਼ਮਸ਼ੇਰ ਸਿੰਘ ਹੇਰ ਜ਼ਿਲ੍ਹਾ ਕਮੇਟੀ ਮੈਂਬਰ ਸੀਪੀਆਈ (ਐੱਮਐੱਲ) ਲਿਬਰੇਸ਼ਨ ਤੇ ਲਖਬੀਰ ਸਿੰਘ ਨਿਜ਼ਾਮਪੁਰ ਨੇ ਕੀਤੀ। ਇਸ ਮੌਕੇ ਬੁਲਾਰਿਆਂ ਨੇ ਕੇਂਦਰੀ ਸਰਕਾਰ ਵੱਲੋਂ ਯੂਨੀਵਰਸਿਟੀ ਬਾਰੇ ਜਾਰੀ ਨੋਟੀਫਿਕੇਸ਼ਨ ਤੁਰੰਤ ਰੱਦ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਪਹਿਲਾਂ ਪੰਜਾਬ ਦੇ ਡੈਮਾਂ 'ਤੇ ਕਬਜ਼ਾ ਕੀਤਾ ਤੇ ਹੁਣ ਯੂਨੀਵਰਸਿਟੀ 'ਤੇ ਕਬਜ਼ਾ ਕਰਨ ਦਾ ਨਵਾਂ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਖੱਬੀਆਂ ਪਾਰਟੀਆਂ ਇਸ ਧੱਕੇ ਨੂੰ ਸਹਿਣ ਨਹੀਂ ਕਰਨਗੀਆਂ। ਇਸ ਮੌਕੇ ਕਾਮਰੇਡ ਸੁੱਚਾ ਸਿੰਘ ਅਜਨਾਲਾ, ਮੰਗਲ ਸਿੰਘ, ਬਲਵਿੰਦਰ ਸਿੰਘ ਦੁਧਾਲਾ ਵੀ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਜੇਕਰ ਨੋਟੀਫਿਕੇਸ਼ਨ ਰੱਦ ਨਾ ਕੀਤਾ ਗਿਆ ਤਾਂ ਕੇਂਦਰ ਸਰਕਾਰ ਵਿਰੁੱਧ ਸੰਘਰਸ਼ ਕੀਤਾ ਜਾਵੇਗਾ। ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਨੋਟੀਫਿਕੇਸ਼ਨ ਨੂੰ ਤੁਰੰਤ ਵਾਪਸ ਕਰਵਾਉਣ ਲਈ ਸਾਰੀਆਂ ਖੱਬੀਆਂ ਪਾਰਟੀਆਂ ਦੀ ਮੀਟਿੰਗ ਸੱਦ ਕੇ ਸੰਘਰਸ਼ ਕੀਤਾ ਜਾਵੇ।

# ਟਰੈਫ਼ਿਕ ਇੰਚਾਰਜ ਸਤਨਾਮ ਸਿੰਘ ਨੂੰ ਸਦਮਾ, ਪਿਤਾ ਦਾ ਦਿਹਾਂਤ





ਗੁਰਦਾਸਪੁਰ, (ਜਨਕ ਮਹਾਜਨ)-ਟਰੈਫ਼ਿਕ ਇੰਚਾਰਜ ਗੁਰਦਾਸਪੁਰ ਸਤਨਾਮ ਸਿੰਘ ਨੂੰ ਉਸ ਸਮੇਂ ਗ਼ਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਪਿਤਾ ਕੁਲਦੀਪ ਸਿੰਘ ਸਾਬਕਾ ਸਰਪੰਚ ਪਿੰਡ ਜੀਵਨ ਚੱਕ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿਚ ਜਾ ਬਿਰਾਜੇ। ਸ. ਕੁਲਦੀਪ ਸਿੰਘ 86 ਵਰ੍ਹਿਆਂ ਦੇ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ।

ਸਤਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਦਾ ਬੀਤੇ ਦਿਨੀਂ ਸੰਖੇਪ ਜਿਹੀ ਬਿਮਾਰੀ ਕਾਰਨ ਦਿਹਾਂਤ ਹੋ ਗਿਆ। ਉਨ੍ਹਾਂ ਦਾ ਇਕ ਸਪੁੱਤਰ ਡਿਪਟੀ ਜੇਲ੍ਹ ਸੁਪਰਡੈਂਟ ਵਜੋਂ ਅਤੇ ਇਕ ਪੁੱਤਰ ਬਿਜਲੀ ਵਿਭਾਗ ਵਿੱਚੋਂ ਰਿਟਾਇਰ ਹੋ ਚੁੱਕਾ ਹੈ। ਉਨ੍ਹਾਂ ਦੇ ਪਰਿਵਾਰ ਨਾਲ ਹਲਕਾ ਵਿਧਾਇਕਾ ਮੈਡਮ ਅਰੁਣਾ ਚੌਧਰੀ, ਸੀਨੀਅਰ ਕਾਂਗਰਸੀ ਆਗੂ ਅਸ਼ੋਕ ਚੌਧਰੀ, ਹਲਕਾ ਇੰਚਾਰਜ ਆਮ ਆਦਮੀ ਪਾਰਟੀ ਰਮਨ ਬਹਿਲ ਤੋਂ ਇਲਾਵਾ ਵੱਖ-ਵੱਖ ਰਾਜਨੀਤਕ, ਸਮਾਜਿਕ ਅਤੇ ਧਾਰਮਿਕ ਸ਼ਖ਼ਸੀਆਂ ਨੇ ਦੁੱਖ ਸਾਂਝਾ ਕੀਤਾ। ਉਨ੍ਹਾਂ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜ਼ਲੀ ਸਮਾਗਮ 13 ਨਵੰਬਰ ਦਿਨ ਵੀਰਵਾਰ ਨੂੰ ਉਨ੍ਹਾਂ ਦੇ ਜੱਦੀ ਪਿੰਡ ਜੀਵਨਚੱਕ ਵਿਖੇ ਹੋਵੇਗਾ।



ਨਮਕ ਮੰਡੀ ਮੰਡੀ ਵਿਚ ਕਰਵਾਏ ਗਏ ਜਾਗਰਣ ਦੌਰਾਨ ਮਾਂ ਦਾ ਗੁਣਗਾਨ ਕਰਦੇ ਹੋਏ ਭਜਨ ਗਾਇਕ ਨਵਲ ਵਰਮਾ ਤੇ ਕ੍ਰਿਸ਼ਨ ਨਈਅਰ। ਨਾਲ ਹਨ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ, ਸਮਾਜ ਸੇਵਕ ਆਸ਼ੀਸ਼ ਖੇਮਕਾ, ਮੁਕੇਸ਼ ਕੁਮਾਰ, ਰਾਜਿੰਦਰ ਅਰੋੜਾ, ਕਪੀਸ਼ ਖੇਮਕਾ, ਸਿਧਾਂਤ ਅਤੇ ਹੋਰ। (ਫੋਟੋ ਤੇ ਵੇਰਵਾ: ਮਨੋਜ ਕੁਮਾਰ, ਛੇਹਰਟਾ)

# ਯੂਰੋਲਿਫਟ ਸਿਸਟਮ ਰਾਹੀਂ ਪ੍ਰੋਸਟੇਟ ਗ੍ਰੰਥੀ ਦੇ ਵਾਧੇ ਦਾ ਸਫਲ ਇਲਾਜ

ਲੁਧਿਆਣਾ, : ਆਰ. ਜੀ. ਹਸਪਤਾਲ ਲੁਧਿਆਣਾ ਨੇ ਇੱਕ ਵੱਡੀ ਮੈਡੀਕਲ ਪ੍ਰਾਪਤੀ ਹਾਸਲ ਕਰਦੇ ਹੋਏ ਸ਼ਹਿਰ 'ਚ ਪਹਿਲੀ ਵਾਰ 'ਯੂਰੋਲਿਫਟ' ਪ੍ਰਕਿਰਿਆ ਸਫਲਤਾਪੂਰਵਕ ਪੂਰੀ ਕੀਤੀ ਹੈ।ਇਹ ਆਧੁਨਿਕ ਤੇ ਘੱਟ ਤਕਲੀਫਦੇਹ ਤਕਨੀਕ ਉਨ੍ਹਾਂ ਮਰੀਜ਼ਾਂ ਲਈ ਵਰਦਾਨ ਸਾਬਤ ਹੋ ਰਹੀ ਹੈ ਜੋ ਬਿਨਾਈਨ ਪ੍ਰੋਸਟੈਟਿਕ ਹਾਇਪਰਪਲੇਸੀਆ ਯਾਨੀ ਪ੍ਰੋਸਟੇਟ ਗ੍ਰੰਥੀ ਦੇ ਵਧਣ ਦੀ ਸਮੱਸਿਆ ਨਾਲ ਪੀੜਤ ਹਨ। ਇਹ ਸਮੱਸਿਆ 50 ਸਾਲ ਤੋਂ ਉਪਰ ਦੇ ਲਗਭਗ ਅੱਧੇ ਪੁਰਸ਼ਾਂ ਵਿੱਚ ਪਾਈ ਜਾਂਦੀ ਹੈ।ਇਹ ਨਵੀਂ ਤਕਨੀਕ ਪੁਰਾਣੀਆਂ ਸਰਜਰੀਆਂ ਨਾਲੋਂ ਕਾਫ਼ੀ ਸੁਰੱਖਿਅਤ ਹੈ, ਤੇਜ਼ ਰਿਕਵਰੀ ਪ੍ਰਦਾਨ ਕਰਦੀ ਹੈ ਅਤੇ ਬਿਲਕੁਲ ਦਰਦ ਰਹਿਤ ਹੈ।ਸਭ ਤੋਂ ਵੱਡੀ ਗੱਲ ਇਹ ਹੈ ਕਿ ਇਸ ਨਾਲ ਮਰੀਜ਼ ਦੇ ਯੌਨ ਸਿਹਤ 'ਤੇ ਕੋਈ ਅਸਰ ਨਹੀਂ ਪੈਂਦਾ, ਜਿਸ ਕਰਕੇ ਇਹ ਬਜ਼ੁਰਗ ਜਾਂ ਦਿਲ ਦੇ ਮਰੀਜ਼ਾਂ ਲਈ ਖ਼ਾਸ ਤੌਰ 'ਤੇ ਲਾਭਦਾਇਕ ਹੈ।

# ਸ਼ਹੀਦੀ ਨਗਰ ਕੀਰਤਨ ਸ੍ਰੀ ਗੋਇੰਦਵਾਲ ਸਾਹਿਬ ਤੋਂ ਤਰਨ ਤਾਰਨ ਲਈ ਰਵਾਨਾ



ਸ੍ਰੀ ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਗੋਇੰਦਵਾਲ ਸਾਹਿਬ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਲਈ ਰਵਾਨਾ ਹੋਇਆ।ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਮੈਂਬਰ ਬਲਵਿੰਦਰ ਸਿੰਘ ਵੇਈਂ ਪੂਈਂ, ਅਮਰਜੀਤ ਸਿੰਘ ਬੰਡਾਲਾ,ਅਮਰਜੀਤ ਸਿੰਘ ਭਲਾਈਪੁਰ,ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਪ੍ਰੀਤਪਾਲ ਸਿੰਘ, ਇੰਚਾਰਜ ਬਲਜੀਤ ਸਿੰਘ, ਚੀਫ ਜਗਦੀਸ਼ ਸਿੰਘ ਬੁੱਟਰ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਦੇ ਮੈਨੇਜਰ ਗੁਰਾ ਸਿੰਘ, ਵਧੀਕ ਮੈਨੇਜਰ ਸਰਬਜੀਤ ਸਿੰਘ ਮੁੰਡਾਪਿੰਡ, ਨਿਰਮਲ ਸਿੰਘ ਕਾਹਲਵਾਂ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

# ਪੰਜਾਬ ਨੂੰ ਨਸ਼ੇ ਦੀ ਦਲਦਲ 'ਚ ਧੱਕਣ ਲਈ ਅਕਾਲੀ ਦਲ ਅਤੇ ਕਾਂਗਰਸ ਜ਼ਿੰਮੇਵਾਰ: ਹਰਮੀਤ ਸੰਧੂ



**ਤਰਨਤਾਰਨ, (ਪ੍ਰਿਤਪਾਲ ਸਿੰਘ)**-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਤਰਨਤਾਰਨ ਤੋਂ ਜ਼ਿਮਨੀ ਚੋਣ ਲਈ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਸ਼੍ਰੋਮਣੀ ਅਕਾਲੀ ਦਲ-ਭਾਜਪਾ ਅਤੇ ਕਾਂਗਰਸ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਪੰਜਾਬ ਵਿੱਚ ਡਰੱਗ ਸੰਕਟ ਲਈ ਅਸਲ ਦੋਸ਼ੀ ਇਹ ਤਿੰਨੇ ਪਾਰਟੀਆਂ ਹਨ।ਸੰਧੂ ਨੇ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਸਾਲਾਂ ਤੱਕ ਡਰੱਗ ਮਾਫੀਆ ਨੂੰ ਸਰਪ੍ਰਸਤੀ ਦਿੱਤੀ ਅਤੇ ਆਪਣੇ ਨਿੱਜੀ ਰਾਜਨੀਤਿਕ ਲਾਭ ਲਈ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਤਬਾਹ ਕਰ ਦਿੱਤਾ।ਇਨ੍ਹਾਂ ਨੇ ਵਾਰੀ-ਵਾਰੀ ਪੰਜਾਬ ਵਿੱਚ ਰਾਜ ਕੀਤਾ ਅਤੇ ਨਸ਼ਾ ਤਸਕਰਾਂ ਨਾਲ ਹੱਥ ਮਿਲਾਇਆ।ਉਨ੍ਹਾਂ ਦੀ ਰਾਜਨੀਤੀ ਸਾਡੇ ਨੌਜਵਾਨਾਂ ਦੇ ਦਰਦ ਅਤੇ ਨਸ਼ੇ ਨਾਲ ਤਬਾਹ ਹੋਏ ਹਜ਼ਾਰਾਂ ਪਰਿਵਾਰਾਂ ਦੇ ਹੰਝੂਆਂ 'ਤੇ ਪ੍ਰਫੁੱਲਤ ਹੋਈ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਉਨ੍ਹਾਂ ਲੋਕਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ ਜਿਨ੍ਹਾਂ ਨੇ ਪਿੰਡਾਂ ਨੂੰ ਗੁਆਚੇ ਸੁਪਨਿਆਂ ਦੇ ਕਬਰਸਤਾਨ ਵਿੱਚ ਬਦਲ ਦਿੱਤਾ।ਸੰਧੂ ਨੇ ਕਿਹਾ ਕਿ ਨਸ਼ਿਆਂ ਦੇ ਨੈੱਟਵਰਕ ਨੂੰ ਤੋੜਨ ਦੀ ਬਜਾਏ, ਉਹ ਇਸਦੇ ਰੱਖਿਅਕ ਬਣ ਗਏ।ਮੰਤਰੀਆਂ ਤੋਂ ਲੈ ਕੇ ਵਿਧਾਇਕ ਤੱਕ, ਉਨ੍ਹਾਂ ਦੀਆਂ ਸਰਕਾਰਾਂ ਵਿੱਚ ਹਰ ਕੋਈ ਇਸ ਗਠਜੋੜ ਦਾ ਹਿੱਸਾ ਸੀ। ਸੰਧੂ ਨੇ ਤਰਨਤਾਰਨ ਦੇ ਲੋਕਾਂ ਨੂੰ ਆਉਣ ਵਾਲੀ ਜ਼ਿਮਨੀ ਚੋਣ ਵਿੱਚ ਆਪ ਦਾ ਸਮਰਥਨ ਕਰਨ ਅਤੇ ਨਸ਼ਾ ਮੁਕਤ ਪੰਜਾਬ ਲਈ ਮੁੱਖ ਮੰਤਰੀ ਮਾਨ ਦੇ ਮਿਸ਼ਨ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।

# ਟੌਂਗ ਨੇ ਛੱਜਲਵੱਡੀ ਅਤੇ ਤਿੰਮੋਵਾਲ 'ਚ ਖੇਡ ਮੈਦਾਨਾਂ ਦੇ ਨੀਂਹ ਪੱਥਰ ਰੱਖੇ



ਬਿਆਸ (ਪਰਮਜੀਤ ਸਿੰਘ ਰੱਖੜਾ)-ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਹਲਕੇ ਦੇ ਪਿੰਡ ਛੱਜਲਵੱਡੀ ਅਤੇ ਤਿੰਮੋਵਾਲ ਵਿਖੇ ਕਰੀਬ 83 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਮੈਦਾਨਾਂ ਦੇ ਨੀਂਹ ਪੱਥਰ ਰਖਵਾਏ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜੋ ਪਿੰਡ ਪਿੰਡ ਆਧੁਨਿਕ ਸਹੂਲਤਾਂ ਵਾਲੇ ਖੇਡ ਮੈਦਾਨ ਬਣਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਇਹ ਖੇਡ ਮੈਦਾਨ ਉਸ ਪ੍ਰੋਜੈਕਟ ਦਾ ਹਿੱਸਾ ਹਨ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਮੈਦਾਨਾਂ ਨੂੰ ਚੇਨ ਲਿੰਕ ਫੈਂਸਿੰਗ ਨਾਲ ਚਾਰਦੀਵਾਰੀ ਕੀਤੀ ਜਾਵੇਗੀ।ਬੱਚਿਆਂ ਲਈ ਬਾਥਰੂਮ, ਗਰਾਊਂਡ ਨੂੰ ਪਾਣੀ ਲਗਾਉਣ ਲਈ ਸਬਮਰਸੀਬਲ ਮੋਟਰਾਂ, ਹਾਈ ਮਾਸਕ ਲਾਈਟਾਂ ਅਤੇ ਘਾਹ ਨੂੰ ਪਾਣੀ ਦੇਣ ਲਈ ਸਪਰਿੰਕਲ ਸਿਸਟਮ ਵੀ ਲਗਾਏ ਜਾਣਗੇ।ਕੁਝ ਹੀ ਮਹੀਨਿਆਂ ਵਿੱਚ ਇਹ ਖੇਡ ਮੈਦਾਨ ਨੌਜਵਾਨਾਂ ਨੂੰ ਸਮਰਪਿਤ ਕਰ ਦਿੱਤੇ ਜਾਣਗੇ।ਇਸ ਮੌਕੇ ਸੂਬੇਦਾਰ ਜਗੀਰ ਸਿੰਘ, ਮਾਤਾ ਗਿਆਨ ਕੌਰ, ਬੀਬੀ ਗਗਨਦੀਪ ਕੌਰ, ਅਮਰਜੀਤ ਕੌਰ ਗਿੱਲ, ਰਣਜੀਤ ਕੌਰ, ਸਰਪੰਚ ਬਿਆਸ ਸੁਰਿੰਦਰਪਾਲ ਸਿੰਘ ਲੱਡੂ, ਅਜੀਤ ਸਿੰਘ, ਸੂਬੇਦਾਰ ਇੰਦਰਬੀਰ ਸਿੰਘ, ਪਤਵਿੰਦਰ ਸਿੰਘ, ਸੂਬੇਦਾਰ ਅਜੀਤ ਸਿੰਘ, ਸਰਪੰਚ ਕੁਲਬੀਰ ਸਿੰਘ, ਸਰਪੰਚ ਰਣਧੀਰ ਸਿੰਘ, ਸਰਪੰਚ ਸੁਖਦੇਵ ਸਿੰਘ, ਬਲਵਿੰਦਰ ਸਿੰਘ, ਮੈਂਬਰ ਸੁਖਚੈਨ ਸਿੰਘ ਅਤੇ ਪਾਰਟੀ ਦੇ ਹੋਰ ਆਗੂ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਅੱਡਾ ਸਰਾਂ ਵਿਸ਼ੇਸ਼ ਸਪਲੀਮੈਂਟ


























ਦਰਬਾਰ ਪੀਰ ਮਲੰਗ ਸ਼ਾਹ ਖਾਕੀ
ਨੂਰਪੁਰ ਨਡਾਲੀ (ਭੁੰਗਾ)












## ਸਮੂਹ ਇਲਾਕਾ ਇਲਾਕਾ ਨਿਵਾਸੀਆਂ, ਦੇਸ਼ ਵਿਦੇਸ਼ ਵਿੱਚ ਵਸਦੀਆਂ ਸੰਗਤਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ

